ਸੋਮਵਾਰ, 30 ਮਾਰਚ, 2026

17 ਚੇਤ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 74

ਅੰਕ/NO. : 298

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 30 MARCH, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV



ਮਿਨੇਸੋਟਾ ਦੇ ਮਿਨਿਆਪੋਲਿਸ ਵਿੱਚ ਦੋ ਲੱਖ ਤੋਂ ਵੱਧ ਲੋਕਾਂ ਦੀ ਰੈਲੀ।

## 40 ਲੱਖ ਅਮਰੀਕੀਆਂ ਵੱਲੋਂ ਟਰੰਪ ਖਿਲਾਫ ਪ੍ਰਦਰਸ਼ਨ

**ਵਾਸ਼ਿੰਗਟਨ** : ਰਾਸ਼ਟਰਪਤੀ ਡੋਨਾਲਡ ਟਰੰਪ ਦੇ ਖਿਲਾਫ ਅਮਰੀਕਾ ਦੇ 50 ਰਾਜਾਂ ਵਿੱਚ 3300 ਤੋਂ ਵੱਧ ਥਾਵਾਂ 'ਤੇ 80 ਲੱਖ ਲੋਕਾਂ ਨੇ 'ਨੋ ਕਿੰਗਜ਼ ਰੈਲੀ' ਵਿੱਚ ਹਿੱਸਾ ਲਿਆ। ਜਥੇਬੰਦਕਾਂ ਨੇ ਦੱਸਿਆ ਕਿ ਅਕਤੂਬਰ ਵਿੱਚ ਅਜਿਹੇ ਪ੍ਰਦਰਸ਼ਨਾਂ ਵਿੱਚ ਸ਼ਾਮਲ ਲੋਕਾਂ ਨਾਲੋਂ ਇਸ ਵਾਰ ਕਰੀਬ 10 ਲੱਖ ਲੋਕ ਵੱਧ ਸ਼ਾਮਲ ਹੋਏ। ਲੋਕ ਈਰਾਨ ਨਾਲ ਵਧਦੇ ਤਨਾਅ, ਸਖਤ ਇਮੀਗ੍ਰੇਸ਼ਨ ਕਾਰਵਾਈ ਤੇ ਵਧਦੀ ਮਹਿੰਗਾਈ ਤੋਂ ਤੰਗ ਆ ਚੁੱਕੇ ਹਨ। ਲੋਕਾਂ ਨੇ ਟਰੰਪ ਤੇ ਉਪ ਰਾਸ਼ਟਰਪਤੀ ਜੇ ਡੀ ਵਾਂਸ ਖਿਲਾਫ ਨਾਅਰਿਆਂ ਵਾਲੇ ਪੋਸਟਰਾਂ ਨਾਲ ਪ੍ਰਦਰਸ਼ਨ ਕਰਦਿਆਂ ਉਨ੍ਹਾਂ ਨੂੰ ਹਟਾਉਣ ਦੀ ਮੰਗ ਕੀਤੀ। ਟਰੰਪ ਖਿਲਾਫ ਹੁਣ ਤੱਕ ਕੌਮੀ ਪੱਧਰ 'ਤੇ ਤਿੰਨ 'ਨੋ ਕਿੰਗਜ਼' ਪ੍ਰਦਰਸ਼ਨ ਹੋ ਚੁੱਕੇ ਹਨ। ਪਹਿਲਾ ਜੂਨ 2025 ਵਿੱਚ ਹੋਇਆ ਸੀ। ਅਮਰੀਕਾ ਹੀ ਨਹੀਂ, ਪੈਰਿਸ, ਲੰਡਨ ਤੇ ਲਿਸਬਨ ਵਰਗੇ ਪੱਛਮੀ ਸ਼ਹਿਰਾਂ ਵਿੱਚ ਵੀ ਟਰੰਪ ਖਿਲਾਫ ਪ੍ਰਦਰਸ਼ਨ ਹੋਏ ਹਨ। ਟਰੰਪ ਪ੍ਰਸ਼ਾਸਨ ਨੇ ਕਿਹਾ ਹੈ ਕਿ ਇਨ੍ਹਾਂ ਪ੍ਰਦਰਸ਼ਨਾਂ ਨਾਲ ਕੋਈ ਫਰਕ ਨਹੀਂ ਪੈਂਦਾ।



## 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਪਹਿਲੀ ਤੋਂ ਲਾਗੂ ਕਰਨ ਨੂੰ ਪ੍ਰਵਾਨਗੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਅੱਜ ਪੰਜਾਬ ਭਰ ਵਿੱਚ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਨੂੰ ਮਨਜ਼ੂਰੀ ਦੇ ਕੇ ਇਸ ਯੋਜਨਾ ਨੂੰ ਸ਼ੁਰੂ ਕਰਨ ਲਈ ਰਾਹ ਪੱਧਰਾ ਕਰ ਦਿੱਤਾ ਹੈ।ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ ਹਰੇਕ ਮਹੀਨੇ 1500 ਰੁਪਏ ਅਤੇ ਬਾਕੀ ਸਾਰੀਆਂ ਔਰਤਾਂ ਨੂੰ 1000 ਰੁਪਏ ਸਨਮਾਨ ਰਾਸ਼ੀ ਮਿਲੇਗੀ।ਇਸ ਯੋਜਨਾ ਨਾਲ ਪੰਜਾਬ ਦੀਆਂ 97 ਫੀਸਦ ਤੋਂ ਵੱਧ ਔਰਤਾਂ ਨੂੰ ਲਾਭ ਹੋਵੇਗਾ। ਇਹ ਫੈਸਲਾ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਕਿਹਾ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸੂਬਾ ਭਰ ਵਿੱਚ ਸ਼ੁਰੂ ਕੀਤੀ ਜਾਵੇਗੀ। ਇਸ ਯੋਜਨਾ ਤਹਿਤ ਅਨੁਸੂਚਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਅਤੇ ਬਾਕੀ ਸਾਰੀਆਂ ਔਰਤਾਂ ਨੂੰ 1000 ਰੁਪਏ ਮਹੀਨਾਵਾਰ ਸਨਮਾਨ ਰਾਸ਼ੀ ਦਿੱਤੀ ਜਾਵੇਗੀ। ਇਹ ਯੋਜਨਾ ਔਰਤਾਂ ਨੂੰ ਸੁਤੰਤਰ ਅਤੇ ਸਸ਼ਕਤ ਬਣਾ ਕੇ ਉਨ੍ਹਾਂ ਦੀ ਪ੍ਰਗਤੀ ਵਿੱਚ ਅਹਿਮ ਯੋਗਦਾਨ ਪਾਵੇਗੀ। ਇਹ ਸਕੀਮ ਔਰਤਾਂ ਨੂੰ ਵਿੱਤੀ ਪੱਖੋਂ ਮਜ਼ਬੂਤ ਕਰੇਗੀ, ਜਿਸ ਨਾਲ ਉਹ ਬੱਚਤ ਅਤੇ ਨਿਵੇਸ਼ ਕਰ ਸਕਣਗੀਆਂ ਅਤੇ ਇਹ ਔਰਤਾਂ ਨੂੰ ਉਨ੍ਹਾਂ ਦੀਆਂ ਘਰ-ਪਰਿਵਾਰ ਲਈ ਲੋੜੀਂਦੀਆਂ ਇੱਛਾਵਾਂ ਨੂੰ ਪੂਰਾ ਕਰਨ ਦੇ ਸਮਰੱਥ ਬਣਾਏਗੀ।

ਉਨ੍ਹਾਂ ਅੱਗੇ ਕਿਹਾ, ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਸਮਾਜਿਕ ਭਲਾਈ ਅਤੇ ਮਨੁੱਖੀ ਵਿਕਾਸ ਦੇ ਖੇਤਰ ਵਿੱਚ ਬੇਮਿਸਾਲ ਪ੍ਰਗਤੀ ਕੀਤੀ ਗਈ ਹੈ; ਹਾਲਾਂਕਿ, ਸੂਬੇ ਭਰ ਵਿੱਚ ਵੱਡੀ ਗਿਣਤੀ ਔਰਤਾਂ, ਖਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਔਰਤਾਂ, ਨੂੰ ਵਿੱਤੀ ਸੁਰੱਖਿਆ ਦੀ ਘਾਟ ਦਾ ਸਾਹਮਣਾ ਕਰਨਾ ਪੈਂਦਾ ਹੈ।ਪਰਿਵਾਰਕ ਭਲਾਈ ਵਿੱਚ ਸੁਧਾਰ ਕਰਨ, ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਅਤੇ ਸਮਾਜਿਕ ਅਤੇ ਆਰਥਿਕ ਫੈਸਲਾ ਲੈਣ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਵਧਾਉਣ ਲਈ ਔਰਤਾਂ ਨੂੰ ਵਿੱਤੀ ਪੱਖੋਂ ਮਜ਼ਬੂਤ ਕਰਨਾ ਬੇਹੱਦ ਜ਼ਰੂਰੀ ਹੈ।

ਇਸ ਪਹਿਲਕਦਮੀ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਅੱਗੇ ਕਿਹਾ, ਇਸ ਯੋਜਨਾ ਨਾਲ 97 ਫੀਸਦ ਤੋਂ ਵੱਧ ਔਰਤਾਂ ਨੂੰ ਲਾਭ ਮਿਲਣ ਦੀ ਸੰਭਾਵਨਾ ਹੈ, ਜੋ ਇਸ ਨੂੰ ਦੇਸ਼ ਦੀ ਸਭ ਤੋਂ ਮਹਿਲਾ ਪੱਖੀ ਸਮਾਜਿਕ ਸੁਰੱਖਿਆ ਪਹਿਲਕਦਮੀਆਂ ਵਿੱਚ ਸ਼ੁਮਾਰ ਕਰਦਾ ਹੈ। ਇਹ ਯੋਜਨਾ ਸੂਬਾ ਭਰ ਵਿੱਚ ਔਰਤਾਂ ਨੂੰ ਸਿੱਧੀ ਆਰਥਿਕ ਇਮਦਾਦ ਯਕੀਨੀ ਬਣਾਉਣ ਵੱਲ ਅਹਿਮ ਕਦਮ ਹੈ ਅਤੇ ਔਰਤਾਂ ਦੇ ਸਸ਼ਕਤੀਕਰਨ ਤਹਿਤ ਉਨ੍ਹਾਂ ਲਈ ਵਿੱਤੀ ਆਜ਼ਾਦੀ ਨੂੰ ਯਕੀਨੀ ਬਣਾਉਣ ਪ੍ਰਤੀ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ।

ਇਹ ਯੋਜਨਾ ਸਿੱਧਾ ਲਾਭ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ, ਜਿਸ ਤਹਿਤ ਵਿੱਤੀ ਸਹਾਇਤਾ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ। ਇਸ ਸਕੀਮ ਤਹਿਤ ਇੱਕ ਪਰਿਵਾਰ ਵਿੱਚ ਯੋਗ ਔਰਤਾਂ ਦੀ ਗਿਣਤੀ 'ਤੇ ਕੋਈ ਪਾਬੰਦੀ ਨਹੀਂ ਹੋਵੇਗੀ ਅਤੇ ਇਕੋ ਪਰਿਵਾਰ ਦੀਆਂ ਕਈ ਔਰਤਾਂ ਇਸ ਯੋਜਨਾ ਦਾ ਲਾਭ ਪ੍ਰਾਪਤ ਕਰ ਸਕਦੀਆਂ ਹਨ। ਮੌਜੂਦਾ ਸਮਾਜਿਕ ਸੁਰੱਖਿਆ ਪੈਨਸ਼ਨਰਾਂ ਨੂੰ ਵੀ ਇਸ ਯੋਜਨਾ ਦੇ ਤਹਿਤ ਆਪਣੀਆਂ ਪੈਨਸ਼ਨਾਂ ਤੋਂ ਇਲਾਵਾ ਪੂਰੇ ਵਿੱਤੀ ਲਾਭ ਪ੍ਰਾਪਤ ਹੋਣਗੇ ਜਿਸ ਨਾਲ ਇਸ ਦੀ ਪਹੁੰਚ ਅਤੇ ਪ੍ਰਭਾਵਸ਼ੀਲਤਾ ਵਿੱਚ ਵਾਧਾ ਹੋਵੇਗਾ।

ਪੰਜਾਬ ਵਿੱਚ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਔਰਤਾਂ, ਜੋ ਵੋਟਰ

• ਬਾਕੀ ਸਫ਼ਾ 2 'ਤੇ

## ਭਾਜਪਾ-ਅਕਾਲੀ ਦਲ ਨੇ ਹੀ ਪੰਜਾਬ ਦੇ ਹਰ ਘਰ 'ਚ ਨਸ਼ਾ ਪਹੁੰਚਾਇਆ, ਅਮਿਤ ਸ਼ਾਹ ਮੁਆਫ਼ੀ ਮੰਗਣ : ਕੇਜਰੀਵਾਲ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਪੰਜਾਬ ਦੇ ਹਰ ਘਰ ਵਿੱਚ ਨਸ਼ਿਆਂ ਨੂੰ ਪਹੁੰਚਾਉਣ ਲਈ ਲੋਕਾਂ ਤੋਂ ਮੁਆਫ਼ੀ ਮੰਗਣ ਦੀ ਮੰਗ ਕੀਤੀ ਹੈ। ਉਨ੍ਹਾ ਅਮਿਤ ਸ਼ਾਹ ਨੂੰ ਕਿਹਾ ਕਿ ਇਹ ਤੁਹਾਡੀ ਪਾਰਟੀ ਭਾਜਪਾ ਅਤੇ ਅਕਾਲੀ ਦਲ ਦੀ ਸਰਕਾਰ ਨੇ ਹੀ ਪੰਜਾਬ ਦੇ ਹਰ ਘਰ ਵਿੱਚ ਨਸ਼ੇ ਪਹੁੰਚਾਏ ਸਨ। ਅੱਜ ਤੁਸੀਂ ਕਿਸ ਮੂੰਹ ਨਾਲ ਨਸ਼ਾ ਮੁਕਤ ਪੰਜਾਬ ਦੀ ਗੱਲ ਕਰ ਸਕਦੇ ਹੋ? ਅੱਜ, ਭਗਵੰਤ ਮਾਨ ਦੀ ਸਰਕਾਰ ਭਾਜਪਾ-ਅਕਾਲੀ ਦਲ ਸਰਕਾਰ ਦੇ ਅਧੀਨ ਨਸ਼ਿਆਂ ਦੇ ਦੋਸ਼ੀ ਮੰਤਰੀਆਂ ਨੂੰ ਜੇਲ੍ਹ ਭੇਜ ਰਹੀ ਹੈ, ਉਨ੍ਹਾਂ ਨੂੰ ਉਨ੍ਹਾਂ ਦੇ ਅਪਰਾਧਾਂ ਦੀ ਸਜ਼ਾ ਦੇ ਰਹੀ ਹੈ। ਸਾਡੀ ਸਰਕਾਰ ਲੋਕਾਂ ਦੇ ਨਾਲ, ਨਸ਼ਿਆਂ ਵਿਰੁੱਧ ਫੈਸਲਾਕੁੰਨ ਲੜਾਈ ਲੜ ਰਹੀ ਹੈ। ਪੰਜਾਬ ਅਕਾਲੀ ਅਤੇ ਭਾਜਪਾ ਸਰਕਾਰਾਂ ਦੇ ਕਾਲੇ ਦੌਰ ਨੂੰ ਨਾ ਭੁੱਲਿਆ ਹੈ, ਨਾ ਭੁੱਲੇਗਾ ਅਤੇ ਨਾ ਹੀ ਮੁਆਫ਼ ਕਰੇਗਾ।



ਐਤਵਾਰ ਅਰਵਿੰਦ ਕੇਜਰੀਵਾਲ ਨੇ ਕੇਂਦਰੀ ਗ੍ਰਹਿ ਮੰਤਰੀ ਦੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਾਲੇ ਬਿਆਨ ਦੀ ਇੱਕ ਵੀਡੀਓ ਕਲਿੱਪ ਸਾਂਝੀ ਕਰਦਿਆਂ ਕਿਹਾ, 'ਅਮਿਤ ਸ਼ਾਹ ਜੀ, ਤੁਹਾਨੂੰ ਪੰਜਾਬ ਦੇ ਹਰ ਘਰ ਵਿੱਚ ਨਸ਼ੇ ਪਹੁੰਚਾਉਣ ਲਈ ਪੰਜਾਬ ਦੇ ਲੋਕਾਂ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਲੋਕ ਭਾਜਪਾ-ਅਕਾਲੀ ਦਲ ਸਰਕਾਰ ਦੇ ਕਾਲੇ ਦੌਰ ਨੂੰ ਨਹੀਂ ਭੁੱਲੇ, ਜਦੋਂ ਅੰਤਰਰਾਸ਼ਟਰੀ ਨਸ਼ਾ ਤਸਕਰਾਂ ਨੇ ਮੰਤਰੀਆਂ ਦੇ ਘਰਾਂ ਵਿੱਚ ਪਨਾਹ ਲਈ ਸੀ ਅਤੇ ਤਸਕਰਾਂ ਨੂੰ ਪੁਲਸ ਗੱਡੀਆਂ ਅਤੇ ਹਥਿਆਰਬੰਦ ਸੁਰੱਖਿਆ ਨਾਲ ਰਾਜ ਵਿੱਚ ਘੁੰਮਾਇਆ ਜਾਂਦਾ ਸੀ, ਹਰ ਘਰ ਵਿੱਚ ਨਸ਼ੇ ਪਹੁੰਚਾਉਂਦੇ ਸਨ, ਤੁਸੀਂ ਅੱਜ ਨਸ਼ਾ ਮੁਕਤ ਪੰਜਾਬ ਬਾਰੇ ਕਿਵੇਂ ਗੱਲ ਕਰ ਸਕਦੇ ਹੋ?'

ਉਹਨਾ ਕਿਹਾ ਕਿ ਹੁਣ ਅਸੀਂ ਉਸ ਦੌਰ ਦੇ ਦੋਸ਼ੀ ਮੰਤਰੀਆਂ ਨੂੰ ਜੇਲ੍ਹ ਭੇਜ ਰਹੇ ਹਾਂ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਅਪਰਾਧਾਂ ਦੀ ਸਜ਼ਾ ਮਿਲ ਰਹੀ ਹੈ। ਅੱਜ ਪੰਜਾਬ ਵਿੱਚ ਤੁਹਾਡੀ ਸਰਕਾਰ ਦੀ ਉਡੀਕ ਜਨਤਾ ਨੂੰ ਨਹੀਂ, ਸਗੋਂ ਵੱਡੇ ਨਸ਼ਾ ਵੇਚਣ ਵਾਲਿਆਂ ਨੂੰ ਹੈ, ਜਿਨ੍ਹਾਂ ਨੂੰ ਸਾਡੀ ਸਰਕਾਰ ਦੀ ਸਖ਼ਤੀ ਤੋਂ ਬਾਅਦ ਰਾਜ ਛੱਡ ਕੇ ਭੱਜਣ ਲਈ ਮਜਬੂਰ ਹੋਣਾ ਪਿਆ।

ਕੇਜਰੀਵਾਲ ਨੇ ਸ਼ਾਹ ਨੂੰ ਕਿਹਾ ਕਿ ਜੇਕਰ ਤੁਹਾਨੂੰ ਨਸ਼ਿਆਂ ਦੀ ਚਿੰਤਾ ਹੈ, ਤਾਂ ਤੁਸੀਂ ਪਹਿਲਾਂ ਗੁਜਰਾਤ ਵਿੱਚ ਆਪਣਾ 'ਡਬਲ ਇੰਜਣ' ਕਿਉਂ ਨਹੀਂ ਚਲਾਉਂਦੇ? ਮੁੰਦਰਾ ਬੰਦਰਗਾਹ ਤੋਂ 20 ਹਜਾਰ ਕਰੋੜ ਰੁਪਏ ਦੇ ਨਸ਼ੇ ਜ਼ਬਤ ਕੀਤੇ ਗਏ ਸਨ। ਤੁਸੀਂ ਬੰਦਰਗਾਹ ਦੇ ਮਾਲਕ ਨੂੰ ਜੇਲ੍ਹ ਕਿਉਂ ਨਹੀਂ ਭੇਜਿਆ? ਉਨ੍ਹਾ ਕੈਗ ਰਿਪੋਰਟ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਹੈ ਕਿ ਗੁਜਰਾਤ ਵਿੱਚ ਚੂਹਿਆਂ ਨੇ ਪੁਲਸ ਹਿਰਾਸਤ ਵਿੱਚ 2,300 ਕਿਲੋਗ੍ਰਾਮ ਨਸ਼ੀਲੇ ਪਦਾਰਥ ਖਾਧੇ। ਕੀ ਇਹ ਵਿਸ਼ਵਾਸਯੋਗ ਹੈ? ਸਪੱਸ਼ਟ ਹੈ ਕਿ ਨਸ਼ੀਲੇ ਪਦਾਰਥ ਪੁਲਸ ਹਿਰਾਸਤ ਵਿੱਚੋਂ ਚੋਰੀ ਕਰਕੇ ਬਾਜ਼ਾਰ ਵਿੱਚ ਵੇਚੇ ਗਏ, ਜਿਸ ਨਾਲ ਲੱਖਾਂ ਘਰ ਬਰਬਾਦ ਹੋ ਗਏ।ਉਹਨਾ ਕੇਂਦਰੀ ਗ੍ਰਹਿ ਮੰਤਰੀ ਨੂੰ ਸਲਾਹ ਦਿੱਤੀ ਕਿ ਉਹ ਪਹਿਲਾਂ ਗੁਜਰਾਤ ਦਾ ਧਿਆਨ ਰੱਖਣ, ਫਿਰ ਪੰਜਾਬ ਬਾਰੇ ਗੱਲ ਕਰਨ। ਪੰਜਾਬ ਵਿੱਚ ਮਾਨ ਸਰਕਾਰ ਜਨਤਾ ਦੇ ਨਾਲ ਮਿਲ ਕੇ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਫੈਸਲਾਕੁੰਨ ਲੜਾਈ ਲੜ ਰਹੀ ਹੈ। ਪੰਜਾਬ ਅਕਾਲੀ-ਭਾਜਪਾ ਦੇ ਕਾਲੇ ਦੌਰ ਨੂੰ ਨਾ ਤਾਂ ਭੁੱਲਿਆ ਹੈ, ਨਾ ਹੀ ਭੁੱਲੇਗਾ ਅਤੇ ਨਾ ਹੀ ਮੁਆਫ਼ ਕਰੇਗਾ।

### ਪਠਾਣਮਾਜਰਾ ਦਾ ਰਿਮਾਂਡ ਵਧਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੋਰਟ ਨੇ ਜਬਰ-ਜ਼ਨਾਹ ਮਾਮਲੇ ਵਿਚ ਗ੍ਰਿਫਤਾਰ ਆਮ ਆਦਮੀ ਪਾਰਟੀ ਦੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦਾ ਪੁਲਸ ਰਿਮਾਂਡ ਸੱਤ ਦਿਨ ਹੋਰ ਵਧਾ ਦਿੱਤਾ ਹੈ। ਉਹ ਇਸ ਮਾਮਲੇ ਵਿਚ ਸਤੰਬਰ 2025 ਤੋਂ ਫਰਾਰ ਚੱਲ ਰਿਹਾ ਸੀ ਤੇ ਪੁਲਸ ਨੇ ਉਸ ਨੂੰ 25 ਮਾਰਚ ਨੂੰ ਮੱਧ ਪ੍ਰਦੇਸ਼ ਤੋਂ ਗ੍ਰਿਫਤਾਰ ਕੀਤਾ ਸੀ। ਗ੍ਰਿਫਤਾਰੀ ਤੋਂ ਬਾਅਦ ਉਸ ਦਾ ਪੰਜ ਦਿਨ ਦਾ ਰਿਮਾਂਡ ਦਿੱਤਾ ਗਿਆ ਸੀ।

### ਭੁੱਲਰ ਦੇ ਰਿਮਾਂਡ 'ਚ ਵਾਧਾ



**ਅੰਮ੍ਰਿਤਸਰ** : ਪੰਜਾਬ ਰਾਜ ਗੁਦਾਮ ਨਿਗਮ ਦੇ ਅਧਿਕਾਰੀ ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਮਾਮਲੇ ਵਿੱਚ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਰਿਮਾਂਡ ਅਦਾਲਤ ਨੇ ਤਿੰਨ ਦਿਨ ਹੋਰ ਵਧਾ ਦਿੱਤਾ ਹੈ।

### ਉਲਟੀ ਗੰਗਾ

**ਨਵੀਂ ਦਿੱਲੀ** : ਉੱਤਰਾਖੰਡ ਅਸੈਂਬਲੀ ਚੋਣਾਂ ਨੂੰ ਇੱਕ ਸਾਲ ਤੋਂ ਵੀ ਘੱਟ ਦਾ ਸਮਾਂ ਬਚਿਆ ਹੈ, ਅਜਿਹੇ ਵਿੱਚ ਦੋ ਸਾਬਕਾ ਭਾਜਪਾ ਤੇ ਇੱਕ ਸਾਬਕਾ ਬਸਪਾ ਵਿਧਾਇਕ ਦੇ ਸਨਿੱਚਰਵਾਰ ਕਾਂਗਰਸ 'ਚ ਸ਼ਾਮਲ ਹੋਣ ਨੇ ਹੈਰਾਨ ਕੀਤਾ ਹੈ। ਰੁਦਰਪੁਰ ਦੇ ਪਾਪੂਲਰ ਆਗੂ ਰਾਜ ਕੁਮਾਰ ਦੋ ਵਾਰ ਵਿਧਾਇਕ ਬਣੇ, ਪਰ 2022 ਵਿੱਚ ਭਾਜਪਾ ਨੇ ਟਿਕਟ ਨਹੀਂ ਦਿੱਤੀ ਸੀ। ਘੰਸਾਲੀ ਦੇ ਸਾਬਕਾ ਵਿਧਾਇਕ ਭੀਮ ਲਾਲ ਆਰੀਆ ਨੂੰ ਭਾਜਪਾ ਨੇ 2016 ਵਿੱਚ ਕਾਂਗਰਸ ਦੀ ਹਮਾਇਤ ਕਰਨ 'ਤੇ ਮੁਅੱਤਲ ਕਰ ਦਿੱਤਾ ਸੀ। ਨਾਰਾਇਣ ਪਾਲ ਸਿਤਾਰਗੰਜ ਤੋਂ ਬਸਪਾ ਵਿਧਾਇਕ ਰਹਿ ਚੁੱਕੇ ਹਨ। ਇਨ੍ਹਾਂ ਤੋਂ ਇਲਾਵਾ ਰੁੜਕੀ ਦੇ ਸਾਬਕਾ ਮੇਅਰ ਗੌਰਵ ਗੋਇਲ, ਭੀਮਤਾਲ ਤੋਂ ਜ਼ਿਲ੍ਹਾ ਪੰਚਾਇਤ ਮੈਂਬਰ ਲਖਨ ਸਿੰਘ ਨੇਗੀ ਅਤੇ ਮਸੂਰੀ ਦੇ ਸਾਬਕਾ ਮਿਊਂਸਪਲ ਚੇਅਰਮੈਨ ਅਨੁਜ ਗੁਪਤਾ ਨੇ ਵੀ ਕਾਂਗਰਸ ਦਾ ਹੱਥ ਫੜਿਆ ਹੈ।



ਚੰਡੀਗੜ੍ਹ ਦੀ ਸੁਖਨਾ ਲੇਕ 'ਤੇ ਐਤਵਾਰ ਸੁਹਾਵਣੇ ਮੌਸਮ ਦਾ ਆਨੰਦ ਲੈਂਦੇ ਲੋਕ।

### ਹਲਵਾਰਾ ਤੋਂ ਉਡਾਨਾਂ ਮਈ 'ਚ

**ਲੁਧਿਆਣਾ** : ਏਅਰ ਇੰਡੀਆ ਨੇ ਮਈ ਦੇ ਅੱਧ ਤੋਂ ਹਲਵਾਰਾ ਤੋਂ ਦੋ ਉਡਾਣਾਂ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ, ਜਿਨ੍ਹਾਂ ਦੀ ਬੁਕਿੰਗ ਅਪਰੈਲ ਦੇ ਪਹਿਲੇ ਹਫਤੇ ਤੋਂ ਹੀ ਸ਼ੁਰੂ ਹੋ ਜਾਵੇਗੀ। ਰੇਲਵੇ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਤਵਾਰ ਦੱਸਿਆ ਕਿ ਪਹਿਲੀ ਉਡਾਨ 10 ਤੋਂ 15 ਮਈ ਦੇ ਵਿਚਕਾਰ ਸ਼ੁਰੂ ਹੋਣ ਦੀ ਉਮੀਦ ਹੈ। ਸ਼ੁਰੂਆਤ ਵਿੱਚ ਦਿੱਲੀ ਅਤੇ ਹਲਵਾਰਾ ਦਰਮਿਆਨ ਰੋਜ਼ਾਨਾ ਦੋ ਉਡਾਣਾਂ (ਇੱਕ ਸਵੇਰੇ ਅਤੇ ਇੱਕ ਦੁਪਹਿਰ) ਚੱਲਣਗੀਆਂ, ਜਿਸ ਲਈ 180 ਸੀਟਾਂ ਵਾਲੇ ਏ-320 ਇਕਾਨਮੀ ਜਹਾਜ਼ ਦੀ ਵਰਤੋਂ ਕੀਤੀ ਜਾਵੇਗੀ। ਉਡਾਣਾਂ ਸ਼ੁਰੂ ਕਰਨ ਲਈ 45 ਦਿਨ ਪਹਿਲਾਂ ਬੁਕਿੰਗ ਸ਼ੁਰੂ ਕਰਨੀ ਲਾਜ਼ਮੀ ਹੁੰਦੀ ਹੈ ਅਤੇ ਸਾਰੀਆਂ ਜ਼ਰੂਰੀ ਮਨਜ਼ੂਰੀਆਂ ਲਈਆਂ ਜਾ ਚੁੱਕੀਆਂ ਹਨ।

### ਏਅਰਪੋਰਟ 'ਤੇ ਸਮੋਸਾ ਦਸਾਂ ਦਾ

**ਮੁਹਾਲੀ** : ਕੌਮਾਂਤਰੀ ਹਵਾਈ ਅੱਡੇ ਉੱਤੇ ਕਿਫਾਇਤੀ ਦਰਾਂ 'ਤੇ ਖਾਣ-ਪੀਣ ਦੀਆਂ ਵਸਤੂਆਂ ਮੁਹੱਈਆ ਕਰਵਾਉਣ ਲਈ 'ਉਡਾਨ ਯਾਤਰੀ ਕੈਫੇ' ਖੋਲ੍ਹਿਆ ਗਿਆ ਹੈ। ਡਿਪਾਰਚਰ ਏਰੀਆ ਵਿੱਚ ਇਸ ਕੈਫੇ ਦੇ ਖੁੱਲ੍ਹਣ ਨਾਲ ਸ਼ਹੀਦ ਭਗਤ ਸਿੰਘ ਕੌਮਾਂਤਰੀ ਹਵਾਈ ਅੱਡੇ ਵਿਖੇ ਐਤਵਾਰ ਤੋਂ 10 ਰੁਪਏ ਵਿੱਚ ਪਾਣੀ ਦੀ ਬੋਤਲ (500 ਐੱਮ ਐੱਲ), 10 ਰੁਪਏ ਵਿੱਚ ਚਾਹ, 20 ਰੁਪਏ ਵਿੱਚ ਕੌਫੀ ਅਤੇ 20 ਰੁਪਏ ਵਿੱਚ ਸਮੋਸਾ ਮਿਲਣੇ ਸ਼ੁਰੂ ਹੋ ਗਏ ਹਨ।

## ਸਾਡੀ ਯੂਨੀਵਰਸਿਟੀ 'ਤੇ ਹਮਲਾ ਕਰਨ ਵਾਲੇ ਹੁਣ ਆਪਣੀਆਂ ਬਚਾਅ ਲੈਣ : ਈਰਾਨ



ਈਰਾਨ ਦੀ ਹਮਾਇਤ 'ਚ ਜੰਗ 'ਚ ਕੁੱਦੇ ਯਮਨ ਦੇ ਹੂਤੀ ਬਾਗੀ

**ਤਹਿਰਾਨ** : ਈਰਾਨ ਦੀ ਇਸਲਾਮਿਕ ਰਿਵੋਲਿਊਸ਼ਨਰੀ ਗਾਰਡ ਕੋਰ (ਆਈ ਆਰ ਜੀ ਸੀ) ਨੇ ਤਹਿਰਾਨ ਦੀ ਯੂਨੀਵਰਸਿਟੀ ਆਫ ਸਾਇੰਸ ਐਂਡ ਟੈਕਨਾਲੋਜੀ 'ਤੇ ਹੋਏ ਹਮਲਿਆਂ ਤੋਂ ਬਾਅਦ ਚਿਤਾਵਨੀ ਦਿੱਤੀ ਹੈ ਕਿ ਖੇਤਰ ਵਿੱਚ ਇਜ਼ਰਾਈਲ ਅਤੇ ਅਮਰੀਕਾ ਨਾਲ ਸੰਬੰਧਤ ਯੂਨੀਵਰਸਿਟੀਆਂ ਉਦੋਂ ਤੱਕ ਖਤਰੇ ਵਿੱਚ ਰਹਿਣਗੀਆਂ, ਜਦੋਂ ਤੱਕ ਬਦਲੇ ਵਿੱਚ ਉਹ ਅਜਿਹੀਆਂ ਘੱਟੋ-ਘੱਟ ਦੋ ਸੰਸਥਾਵਾਂ 'ਤੇ ਈਰਾਨ ਹਮਲਾ ਨਹੀਂ ਕਰ ਲੈਂਦਾ।

ਈਰਾਨੀ ਯੂਨੀਵਰਸਿਟੀ 'ਤੇ ਹਮਲੇ ਨਾਲ ਇਸ ਦੇ ਵਿਗਿਆਨਕ ਖੋਜ ਦੇ ਬੁਨਿਆਦੀ ਢਾਂਚੇ ਦੇ ਹਿੱਸਿਆਂ ਨੂੰ ਨੁਕਸਾਨ ਪਹੁੰਚਿਆ ਹੈ। ਇਸ ਤੋਂ ਪਹਿਲਾਂ ਇਸਫਾਹਾਨ ਯੂਨੀਵਰਸਿਟੀ ਆਫ ਟੈਕਨਾਲੋਜੀ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਸੀ, ਜਿਸ ਦੀ ਇੱਕ ਇਮਾਰਤ ਨੁਕਸਾਨੀ ਗਈ ਸੀ।

ਉੱਧਰ ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਹੁਣ ਹੋਰ ਵੀ ਗੰਭੀਰ ਹੋ ਗਈ ਹੈ, ਕਿਉਂਕਿ ਯਮਨ ਦੇ ਹੂਤੀ ਬਾਗੀਆਂ ਨੇ ਇਜ਼ਰਾਈਲ 'ਤੇ ਮਿਜ਼ਾਈਲ ਹਮਲੇ ਵਧਾ ਦਿੱਤੇ ਹਨ। ਇਸ ਦੇ ਨਾਲ ਹੀ ਅਮਰੀਕਾ ਨੇ ਹਜ਼ਾਰਾਂ ਦੀ ਗਿਣਤੀ ਵਿੱਚ ਆਪਣੇ 'ਮਰੀਨ' (ਫੌਜੀ) ਖੇਤਰ ਵਿੱਚ ਭੇਜ ਦਿੱਤੇ ਹਨ। ਵਾਸ਼ਿੰਗਟਨ ਪੋਸਟ ਮੁਤਾਬਕ ਅਮਰੀਕਾ ਆਉਣ ਵਾਲੇ ਹਫਤਿਆਂ ਵਿੱਚ ਈਰਾਨ ਵਿੱਚ ਜ਼ਮੀਨੀ ਕਾਰਵਾਈ ਦੀ ਤਿਆਰੀ ਕਰ ਰਿਹਾ ਹੈ।

## ਟਰੇਡ ਯੂਨੀਅਨਾਂ ਵੱਲੋਂ ਪਹਿਲੀ ਨੂੰ ਸੰਘਰਸ਼ ਦਿਵਸ : ਧਾਲੀਵਾਲ

**ਬੰਗਾ (ਅਵਤਾਰ ਕਲੇਰ)**-ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ ਉਤੇ ਪੰਜਾਬ ਦੀਆਂ ਟਰੇਡ ਯੂਨੀਅਨਾਂ ਨੇ ਪਹਿਲੀ ਅਪ੍ਰੈਲ ਨੂੰ ਚਾਰ ਲੇਬਰ ਕੋਡਾਂ ਦੇ ਵਿਰੋਧ ਵਿੱਚ ਕਾਲਾ ਦਿਵਸ ਐਲਾਨਦਿਆਂ ਸੰਘਰਸ਼ ਦਿਵਸ ਮਨਾਉਣ ਦਾ ਫੈਸਲਾ ਕੀਤਾ ਹੈ।ਇਹ ਫੈਸਲਾ ਪੰਜਾਬ ਦੀਆਂ ਟਰੇਡ ਯੂਨੀਅਨਾਂ ਦੀ ਆਨਲਾਈਨ ਹੋਈ ਮੀਟਿੰਗ ਵਿੱਚ ਕੀਤਾ ਗਿਆ।ਇਸ ਮੀਟਿੰਗ ਵਿੱਚ ਏਟਕ ਦੇ ਸੂਬਾ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੀ ਟੀ ਯੂ ਦੇ ਸੂਬਾ ਸਕੱਤਰ ਮਹਾਂ ਸਿੰਘ ਰੌੜੀ, ਏਕਟੂ ਦੇ ਸੂਬਾਈ ਆਗੂ ਰਾਜਵਿੰਦਰ ਸਿੰਘ ਰਾਣਾ, ਸੀਟੂ ਪੰਜਾਬ ਦੇ ਆਗੂ ਨੱਥਾ ਸਿੰਘ ਸ਼ਾਮਲ ਹੋਏ। ਉਕਤ ਆਗੂਆਂ ਨੇ ਦੱਸਿਆ ਕਿ ਇਸ ਦੀ ਤਿਆਰੀ ਵਜੋਂ 29 ਅਤੇ 30 ਮਾਰਚ ਨੂੰ ਜ਼ਿਲ੍ਹਾ ਪੱਧਰੀ ਸਾਂਝੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ, ਜਿਹਨਾਂ ਵਿੱਚ ਸੰਯੁਕਤ ਕਿਸਾਨ ਮੋਰਚਾ, ਮੁਲਾਜ਼ਮ ਜਥਬੰਦੀਆਂ, ਪੈਨਸ਼ਨਰਜ਼ ਜਥੇਬੰਦੀਆਂ, ਸਕੀਮ ਵਰਕਰ ਅਤੇ ਠੇਕਾ ਮੁਲਾਜ਼ਮ ਜਥਬੰਦੀਆਂ ਵੀ ਸ਼ਾਮਲ ਹੋਣਗੀਆਂ। ਉਹਨਾ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸੀ-ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਕੇਂਦਰ ਸਰਕਾਰ ਨੇ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਪੱਕੀ ਨੌਕਰੀ ਦੀ ਥਾਂ ਫਿਕਸਡ ਟਰਮ ਇੰਪਲਾਈਮੈਂਟ ਲਾਗੂ ਹੋਵੇਗਾ, ਨੌਕਰੀ ਦੀ ਸੁਰੱਖਿਆ ਖ਼ਤਮ ਹੋ ਜਾਵੇਗੀ। ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ। ਇਨ੍ਹਾਂ ਕੋਡਾਂ ਰਾਹੀਂ ਗਰੀਬੀ ਰੇਖਾ ਤੋਂ ਹੇਠਾਂ ਇਕ ਰਾਸ਼ਟਰੀ ਫਲੋਰ ਘੱਟੋ-ਘੱਟ ਮਜ਼ਦੂਰੀ ਨੂੰ ਕਾਨੂੰਨੀ ਜਾਮਾ ਪਹਿਨਾਇਆ ਜਾ ਰਿਹਾ ਹੈ, ਜਿਸ ਨਾਲ ਅਸਲ ਘੱਟੋ-ਘੱਟ ਮਜ਼ਦੂਰੀ ਦੇ ਅਧਿਕਾਰ ਨੂੰ ਖਤਮ ਕੀਤਾ ਜਾ ਰਿਹਾ ਹੈ। ਅਸੰਗਠਿਤ ਖੇਤਰ ਦੇ ਮਜ਼ਦੂਰਾਂ ਨੂੰ ਹੱਕਾਂ ਤੋਂ ਵੰਚਿਤ ਕੀਤਾ ਗਿਆ ਹੈ। ਇਹ ਕੋਡ ਭਾਰਤੀ ਸੰਵਿਧਾਨ, ਅੰਤਰਰਾਸ਼ਟਰੀ ਮਜ਼ਦੂਰ ਮਿਆਰਾਂ ਅਤੇ ਮਨੁੱਖੀ ਅਧਿਕਾਰਾਂ ਦੇ ਖਿਲਾਫ਼ ਹਨ।

### ਭਾਜਪਾ ਜਿਤਾਈ ਤਾਂ ਮੱਛੀ ਖਾਣ ਨੂੰ ਨਹੀਂ ਮਿਲਣੀ : ਮਮਤਾ

**ਪੁਰੂਲੀਆ (ਪੱਛਮੀ ਬੰਗਾਲ)** : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਤ੍ਰਿਣਮੂਲ ਕਾਂਗਰਸ ਸਰਕਾਰ ਵਿਰੁੱਧ ਸਿਆਸੀ ਚਾਰਜਸ਼ੀਟ ਜਾਰੀ ਕੀਤੇ ਜਾਣ ਤੋਂ ਇਕ ਦਿਨ ਬਾਅਦ ਐਤਵਾਰ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਤਿੱਖਾ ਪਲਟਵਾਰ ਕੀਤਾ ਹੈ।

ਪੁਰੂਲੀਆ ਵਿੱਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮਮਤਾ ਨੇ ਕਿਹਾ ਕਿ ਖੁਦ ਅਮਿਤ ਸ਼ਾਹ ਵਿਰੁੱਧ ਉਨ੍ਹਾ ਦੇ 'ਪੁਰਾਣੇ ਕਾਰਨਾਮਿਆਂ' ਲਈ ਚਾਰਜਸ਼ੀਟ ਦਾਖਲ ਹੋਣੀ ਚਾਹੀਦੀ ਹੈ। ਮਮਤਾ ਬੈਨਰਜੀ ਨੇ ਦਾਅਵਾ ਕੀਤਾ ਕਿ ਜੇ ਭਾਰਤੀ ਜਨਤਾ ਪਾਰਟੀ ਸੱਤਾ ਵਿੱਚ ਆਉਂਦੀ ਹੈ, ਤਾਂ ਉਹ ਔਰਤਾਂ ਲਈ ਸ਼ੁਰੂ ਕੀਤੀ ਗਈ 'ਲਕਸ਼ਮੀਰ ਭੰਡਾਰ' ਯੋਜਨਾ ਨੂੰ ਬੰਦ ਕਰ ਦੇਵੇਗੀ। ਸੂਬੇ ਵਿੱਚ ਲੋਕਾਂ ਦੀਆਂ ਖਾਣ-ਪੀਣ ਦੀਆਂ ਆਦਤਾਂ 'ਤੇ ਪਾਬੰਦੀਆਂ ਲਗਾਏਗੀ। ਲੋਕ ਮੱਛੀ, ਮੀਟ ਅਤੇ ਅੰਡੇ ਨਹੀਂ ਖਾ ਸਕਣਗੇ।

### ਅੱਜ-ਨਾਮਾ

ਕੁਵੇਲੇ ਆਣ ਫਿਰ ਮੀਂਹ ਨੇ ਮਾਰ ਮਾਰੀ,<br>
ਫਸਲ ਕਣਕ ਦੀ ਅਜੇ ਜਦ ਖੜੀ ਬੇਲੀ।<br>
ਇਹਨੀਂ ਦਿਨੀਂ ਤੇ ਜਦ ਵੀ ਪਵੇ ਬਾਰਸ਼,<br>
ਮਾੜੀ ਹੋਵੇ ਕਿਰਸਾਨ ਲਈ ਬੜੀ ਬੇਲੀ।<br>
ਇੱਕ-ਦੋ ਹੋਣ ਜੇ ਮੀਂਹ ਤੇ ਜਰ ਲਈਏ,<br>
ਬੁਰੀ ਹੁੰਦੀ ਜਦ ਲੱਗ ਗਈ ਝੜੀ ਬੇਲੀ।<br>
ਕਰਮਾਂ ਸੇਤੀ ਤੇ ਫਸਲ ਹਰ ਰਹੀ ਮੁੱਢੋਂ,<br>
ਫਿਰ-ਫਿਰ ਔਖ ਦੀ ਆਵੇ ਘੜੀ ਬੇਲੀ।<br>
ਗੱਲੀਂ ਬਾਤੀਂ ਸਰਕਾਰ ਫਿਰ ਟਾਲ ਦਿੰਦੀ,<br>
ਅਮਲੇ-ਫੈਲੇ ਵਿੱਚ ਨੀਤ ਦੀ ਭੁੱਖ ਬੇਲੀ।<br>
ਦੁਖੀ ਕੀਤਾ ਜੇ ਪਹਿਲਾਂ ਬਰਸਾਤ ਆ ਕੇ,<br>
ਪਿੱਛੋਂ ਇਹੀ ਵਧਾਉਂਦੇ ਕਈ ਦੁੱਖ ਬੇਲੀ।

-ਤੀਸ ਮਾਰ ਖਾਂ

## ਸਤਵੰਤ ਸਿੰਘ ਦੇ ਭਤੀਜੇ ਨੂੰ 22 ਸਾਲ ਦੀ ਸਜ਼ਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**



ਨਿਊ ਜ਼ੀਲੈਂਡ ਦੀ ਪ੍ਰਮੁੱਖ ਖਬਰ ਸੰਸਥਾ 'ਸਟੱਫ' ਨੇ ਪਹਿਲੀ ਵਾਰ ਬਲਤੇਜ ਸਿੰਘ ਦਾ ਨਾਂਅ ਜਨਤਕ ਕੀਤਾ ਹੈ, ਜੋ ਕਿ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਕੇਸ ਵਿਚ ਸ਼ਾਮਲ ਸਤਵੰਤ ਸਿੰਘ ਦਾ ਭਤੀਜਾ ਹੈ।ਬਲਤੇਜ 'ਤੇ ਨਿਊ ਜ਼ੀਲੈਂਡ ਦੇ ਇਤਿਹਾਸ ਦੀ ਸਭ ਤੋਂ ਵੱਡੀ ਮੈਥਾਮਫੇਟਾਮਾਈਨ (ਨਸ਼ੀਲੇ ਪਦਾਰਥ) ਦੀ ਤਸਕਰੀ ਦਾ ਮਾਸਟਰਮਾਈਂਡ ਹੋਣ ਦਾ ਇਲਜ਼ਾਮ ਲੱਗਾ ਹੈ। ਭਾਰਤੀ ਅਤੇ ਕੌਮਾਂਤਰੀ ਮੀਡੀਆ ਨੇ ਪਹਿਲਾਂ ਹੀ ਉਸ ਦਾ ਨਾਂਅ ਪ੍ਰਕਾਸ਼ਤ ਕਰ ਦਿੱਤਾ ਸੀ, ਪਰ ਨਿਊ ਜ਼ੀਲੈਂਡ ਦੀ ਅਦਾਲਤ ਵੱਲੋਂ ਲਗਾਈ ਗਈ ਪਾਬੰਦੀ ਕਾਰਨ ਉੱਥੋਂ ਦਾ ਸਥਾਨਕ ਮੀਡੀਆ ਹੁਣ ਤੱਕ ਉਸ ਦੀ ਪਛਾਣ ਗੁਪਤ ਰੱਖਣ ਲਈ ਮਜਬੂਰ ਸੀ।

ਬਲਤੇਜ ਸਿੰਘ ਨੇ ਆਪਣਾ ਨਾਂਅ ਗੁਪਤ ਰੱਖਣ ਲਈ ਅਦਾਲਤ ਵਿੱਚ ਇੱਕ ਪਟੀਸ਼ਨ ਪਾਈ ਸੀ, ਜਿਹੜੀ ਹੁਣ ਵਾਪਸ ਲੈ ਲਈ ਹੈ।ਇਹ ਮਾਮਲਾ ਸਾਲ 2023 ਵਿੱਚ ਉਸ ਵੇਲੇ ਸਾਹਮਣੇ ਆਇਆ ਸੀ, ਜਦੋਂ ਇੱਕ 21 ਸਾਲਾ ਨੌਜਵਾਨ ਦੀ ਅਚਾਨਕ ਮੌਤ ਹੋ ਗਈ ਸੀ। ਉਸ ਨੇ ਗਲਤੀ ਨਾਲ ਨਸ਼ੇ ਵਾਲੀ ਬੀਅਰ ਪੀ ਲਈ ਸੀ। ਪੁਲਸ ਨੇ ਜਾਂਚ ਦੌਰਾਨ ਕੈਨੇਡਾ ਤੋਂ ਆਏ ਜੂਸ ਅਤੇ ਬੀਅਰ ਦੇ ਡੱਬਿਆਂ ਵਿੱਚ ਲੁਕਾਇਆ ਹੋਇਆ ਲਗਭਗ 700 ਕਿਲੋਗ੍ਰਾਮ ਨਸ਼ਾ ਬਰਾਮਦ ਕੀਤਾ ਸੀ।ਇਸ ਨਸ਼ੇ ਦੀ ਅੰਤਰਰਾਸ਼ਟਰੀ ਮਾਰਕੀਟ ਵਿੱਚ ਕੀਮਤ ਅਰਬਾਂ ਵਿੱਚ ਬਣਦੀ ਹੈ।ਨਿਊ ਜ਼ੀਲੈਂਡ ਦੀ ਅਦਾਲਤ ਵੱਲੋਂ ਬਲਤੇਜ ਸਿੰਘ ਨੂੰ ਨਸ਼ਾ ਤਸਕਰੀ ਦੇ ਦੋਸ਼ ਵਿੱਚ 22 ਸਾਲ ਦੀ ਸਜ਼ਾ ਸੁਣਾਈ ਗਈ ਹੈ ਅਤੇ ਉਸ ਦੀ 3 ਕਰੋੜ 60 ਲੱਖ ਮਿਲੀਅਨ ਡਾਲਰ ਦੀ ਜਾਇਦਾਦ ਵੀ ਜ਼ਬਤ ਕੀਤੀ ਗਈ ਹੈ।ਭਾਰਤੀ ਸੁਰੱਖਿਆ ਏਜੰਸੀਆਂ ਮੁਤਾਬਕ ਬਲਤੇਜ ਸਿੰਘ ਦਾ ਪਿਛੋਕੜ 1984 ਦੀਆਂ ਇਤਿਹਾਸਕ ਘਟਨਾਵਾਂ ਨਾਲ ਜੁੜਿਆ ਹੋਇਆ ਹੈ।ਉਹ ਸਰਵਣ ਸਿੰਘ ਅਗਵਾਨ ਦਾ ਪੁੱਤਰ ਹੈ, ਜਿਸ ਦਾ ਭਰਾ ਸਤਵੰਤ ਸਿੰਘ ਉਨ੍ਹਾਂ ਦੋ ਅੰਗ ਰੱਖਿਅਕਾਂ ਵਿੱਚੋਂ ਸ਼ਾਮਲ ਸੀ, ਜਿਨ੍ਹਾਂ 31 ਅਕਤੂਬਰ 1984 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦਾ ਕਤਲ ਕਰ ਦਿੱਤਾ ਸੀ। ਇਸ ਘਟਨਾ ਤੋਂ ਬਾਅਦ 1980 ਦੇ ਦਹਾਕੇ ਦੌਰਾਨ ਹੀ ਸਤਵੰਤ ਸਿੰਘ ਦਾ ਪਰਵਾਰ ਨਿਊ ਜ਼ੀਲੈਂਡ ਚਲਾ ਗਿਆ ਸੀ। ਉੱਥੇ ਉਨ੍ਹਾਂ ਪਹਿਲਾਂ ਇੱਕ ਛੋਟੀ ਕਰਿਆਨੇ ਦੀ ਦੁਕਾਨ ਸ਼ੁਰੂ ਕੀਤੀ, ਪਰ ਬਾਅਦ ਵਿੱਚ ਰੀਅਲ ਅਸਟੇਟ ਦੇ ਕਾਰੋਬਾਰ ਰਾਹੀਂ ਉਹ ਕਾਫੀ ਅਮੀਰ ਹੋ ਗਏ। ਰਿਪੋਰਟਾਂ ਅਨੁਸਾਰ ਬਲਤੇਜ ਸਿੰਘ ਦੇ ਪਿਤਾ ਨੇ ਉਥੇ 100 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਦਾ ਇੱਕ ਬੰਗਲਾ ਵੀ ਖਰੀਦਿਆ ਸੀ।

## ਲੈਂਟਰ ਡਿੱਗਣ ਨਾਲ 3 ਮਜ਼ਦੂਰਾਂ ਦੀ ਮੌਤ



**ਬਰਨਾਲਾ** : ਜ਼ਿਲ੍ਹੇ ਦੇ ਪਿੰਡ ਫਰਵਾਹੀ ਵਿੱਚ ਐਤਵਾਰ ਤੜਕੇ ਜੈੱਕਾਂ ਦੀ ਮਦਦ ਨਾਲ ਉੱਚਾ ਚੁੱਕਿਆ ਜਾ ਰਿਹਾ ਲੈਂਟਰ ਅਚਾਨਕ ਢਹਿ ਜਾਣ ਕਾਰਨ 3 ਮਜ਼ਦੂਰ ਮਲਬੇ ਹੇਠ ਦੱਬ ਕੇ ਮਾਰੇ ਗਏ। ਵਿਸ਼ਾਲ ਦੇ ਮਕਾਨ ਦੇ ਲੈਂਟਰ ਨੂੰ ਉੱਚਾ ਚੁੱਕਣ ਦਾ ਕਈ ਦਿਨਾਂ ਤੋਂ ਕੰਮ ਚੱਲ ਰਿਹਾ ਸੀ। ਭਾਰੀ ਮੁਸ਼ੱਕਤ ਤੋਂ ਬਾਅਦ ਮਜ਼ਦੂਰਾਂ ਨੂੰ ਬੇਹੋਸ਼ੀ ਦੀ ਹਾਲਤ ਵਿੱਚ ਬਾਹਰ ਕੱਢ ਕੇ ਸਿਵਲ ਹਸਪਤਾਲ ਬਰਨਾਲਾ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਚੌਥੇ ਮਜ਼ਦੂਰ ਬਾਰੇ ਦੱਸਿਆ ਜਾ ਰਿਹਾ ਹੈ ਕਿ ਉਹ ਰਾਤ ਨੂੰ ਆਪਣੇ ਘਰ ਚਲਾ ਗਿਆ ਸੀ, ਪਰ ਫਿਰ ਵੀ ਸਾਵਧਾਨੀ ਵਜੋਂ ਪਿੰਡ ਵਾਸੀ ਮਲਬਾ ਹਟਾ ਕੇ ਜਾਂਚ ਕਰ ਰਹੇ ਸਨ। ਸਰਪੰਚ ਜਗਸੀਰ ਸਿੰਘ ਅਨੁਸਾਰ ਇਹ ਹਾਦਸਾ ਰਾਤ ਨੂੰ ਆਏ ਤੇਜ਼ ਮੀਂਹ ਅਤੇ ਹਨੇਰੀ ਕਾਰਨ ਮਕਾਨ ਦਾ ਸੰਤੁਲਨ ਵਿਗੜਨ ਕਰਕੇ ਵਾਪਰਿਆ।

# 9 ਨਵੇਂ ਬਣੇ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਗੁਰਦਾਸਪੁਰ ਵਿੱਚ ਵੱਖ-ਵੱਖ ਥਾਵਾਂ ਤੇ 9 ਨਵੇਂ ਬਣੇ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਗਏ।ਉਦਘਾਟਨ ਮੌਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਵੱਡੀ ਗਿਣਤੀ ਵਿੱਚ ਲੋਕ ਇਨਾਂ ਸੈਂਟਰਾਂ ਵਿੱਚ ਮੌਜੂਦ ਰਹੇ।ਨਵੇਂ ਬੱਸ ਸਟੈਂਡ ਗੁਰਦਾਸਪੁਰ, ਗੀਤਾ ਭਵਨ, ਘੁਰਾਲਾ, ਆਈ ਹਸਪਤਾਲ਼ ਪ੍ਰਬੋਧ ਚੰਦਰ ਨਗਰ, ਨਬੀਪੁਰ ਦਾ ਉਦਘਾਟਨ ਸੀਨੀਅਰ ਆਮ ਆਦਮੀ ਪਾਰਟੀ ਲੀਡਰ ਰਮਨ ਬਹਿਲ ਨੇ ਕੀਤਾ।ਇਸ ਮੌਕੇ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਿਹਤ ਕ੍ਰਾਂਤੀ ਵਿੱਚ ਨਵੀਆਂ ਪੁਲਾਂਘਾਂ ਪੁੱਟੀਆਂ ਹਨ। ਅੱਜ ਜ਼ਿਲ੍ਹੇ ਵਿੱਚ 9 ਨਵੇਂ ਬਣੇ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਹੋਏ ਹਨ ਜਿਸ ਨਾਲ ਹੁਣ ਆਮ ਆਦਮੀ ਕਲੀਨਿਕ ਦੀ ਸੰਖਿਆ 71 ਹੋ ਗਈ ਹੈ।ਉਨ੍ਹਾਂ ਸਟਾਫ਼ ਮੈਂਬਰਾਂ ਨੂੰ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਕਿਹਾ।ਜਲਦ ਹੀ ਹੋਰ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ।ਸਮੂਹ ਕਲੀਨਿਕ ਵਿੱਚ 102 ਤਰ੍ਹਾਂ ਦੀ ਦਵਾਈ ਮੁਫ਼ਤ ਦਿੱਤੀ ਜਾ ਰਹੀ ਹੈ।48 ਤਰ੍ਹਾਂ ਦੇ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ।ਇਹ ਸਹੂਲੀਅਤ ਲਗਾਤਾਰ ਜਾਰੀ ਰਹੇਗੀ।ਉਨਾਂ ਲੋਕਾਂ ਨੂੰ ਇਸ ਸਹੂਲੀਅਤ ਦਾ ਵੱਧ ਤੋਂ ਵੱਧ ਫਾਇਦਾ ਲੈਣ ਦੀ ਅਪੀਲ ਕੀਤੀ।ਇਸ ਮੌਕੇ ਸਿਵਲ ਸਰਜਨ ਡਾ. ਮਹੇਸ਼ ਕੁਮਾਰ ਪ੍ਰਭਾਕਰ ਨੇ ਕਿਹਾ ਕਿ ਜ਼ਿਲ੍ਹਾ ਹਸਪਤਾਲ਼ ਗੁਰਦਾਸਪੁਰ ਵਿੱਚ ਮਦਰ ਐਂਡ ਚਾਈਲਡ ਹੈਲਥ (ਐੱਮਸੀਐੱਚ) ਵਿੰਗ, ਡਿਸਟ੍ਰਿਕਟ ਅਰਲੀ ਇੰਟਰਵੈਨਸ਼ਨ ਸੈਂਟਰ (ਡੀ ਈ ਆਈ ਸੀ), ਕ੍ਰਿਟੀਕਲ ਕੇਅਰ ਯੂਨਿਟ, ਇੰਟੀਗਰੇਟਡ ਪਬਲਿਕ ਹੈਲਥ ਲੈਬਾਰਟਰੀ (ਆਈਪੀਐੱਚਐੱਲ) ਲੈਬ ਜਲਦ ਜਨਤਾ ਨੂੰ ਸਮਰਪਿਤ ਕੀਤੇ ਜਾਣਗੇ।ਟਰਾਮਾ ਸੈਂਟਰ ਕਲਾਨੌਰ ਵੀ ਜਲਦ ਜਨਤਾ ਨੂੰ ਸਮਰਪਿਤ ਹੋਵੇਗਾ।ਇਹ ਟਰਾਮਾ ਸੈਂਟਰ ਜਨਤਾ ਨੂੰ ਬਿਹਤਰ ਸਿਹਤ ਸਹੂਲਤਾਂ ਦੇਵੇਗਾ। ਸੀਐੱਚਸੀ ਕਲਾਨੌਰ ਵਿੱਚ ਬੈਰਾ (ਬ੍ਰੇਨ ਸਟੈਮ ਰਿਸਪਾਂਡ ਔਡੀਓਮਿੱਟਰੀ) ਲੈਬ ਦਾ ਨਿਰਮਾਣ ਜਲਦ ਕੀਤਾ ਜਾਵੇਗਾ।ਬੈਰਾ ਲੈਬ ਦੇ ਬਣਨ ਨਾਲ ਦਿਵਿਆਂਗ ਲੋਕਾਂ ਨੂੰ ਸਰਟੀਫਿਕੇਟ ਬਣਾਉਣ ਵਿੱਚ ਆਸਾਨੀ ਹੋਵੇਗੀ।ਇਸ ਤੋਂ ਇਲਾਵਾ 3 ਅਰਬਨ ਪੀਐੱਚਸੀ ਅਤੇ 4 ਰੂਰਲ ਸਬ ਸੈਂਟਰ ਦਾ ਕੰਮ ਵੀ ਸ਼ੁਰੂ ਕੀਤਾ ਗਿਆ ਹੈ।



# ਜ਼ਾਲਮ ਧਾੜਵੀਆਂ ਅੱਗੇ ਗੋਡੇ ਟੇਕ ਕੇ ਮੋਦੀ ਸਰਕਾਰ ਨੇ ਦੇਸ਼ ਵਾਸੀਆਂ ਨੂੰ ਮੁਸੀਬਤਾਂ 'ਚ ਫਸਾਇਆ : ਪਾਸਲਾ

ਜੰਡਿਆਲਾ ਗੁਰੂ, ਅੰਮ੍ਰਿਤਸਰ (ਹਰਿੰਦਪਾਲ ਸਿੰਘ, ਜਸਬੀਰ ਸਿੰਘ ਪੱਟੀ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦਾ ਸ਼ਹੀਦਾ ਦਿਹਾੜਾ ਅਨਾਜ ਮੰਡੀ ਜੰਡਿਆਲਾ ਗੁਰੂ ਵਿਖੇ ਮਨਾਇਆ ਗਿਆ। ਇਸ ਮੌਕੇ ਕੀਤੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਜ਼ਾਲਮ ਧਾੜਵੀਆਂ ਅੱਗੇ ਗੋਡੇ ਟੇਕ ਕੇ ਮੋਦੀ ਸਰਕਾਰ ਨੇ ਦੇਸ਼ ਵਾਸੀਆਂ ਨੂੰ ਮੁਸੀਬਤਾਂ 'ਚ ਫਸਾਇਆ। ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਗੁਰਨਾਮ ਸਿੰਘ ਦਾਊਦ, ਸੂਬਾ ਸਕੱਤਰੇਤ ਦੇ ਮੈਂਬਰਾਨ ਡਾਕਟਰ ਸਤਨਾਮ ਸਿੰਘ ਅਜਨਾਲਾ ਤੇ ਸਾਥੀ ਸ਼ਿਵ ਕੁਮਾਰ ਪਠਾਨਕੋਟ ਨੇ ਵੀ ਵਿਚਾਰ ਰੱਖੇ।ਪ੍ਰਧਾਨਗੀ ਸਾਥੀ ਰਤਨ ਸਿੰਘ ਰੰਧਾਵਾ, ਨੱਥਾ ਸਿੰਘ ਤੇ ਚਮਨ ਲਾਲ ਦਰਾਜਕੇ ਨੇ ਕੀਤੀ।ਮੰਚ ਸੰਚਾਲਨ ਸਾਥੀ ਹਰਪ੍ਰੀਤ ਸਿੰਘ ਬੁਟਾਰੀ ਨੇ ਕੀਤਾ।ਪਾਸਲਾ ਤੇ ਸਾਥੀਆਂ ਨੇ ਫੌਰੀ ਜੰਗਬੰਦੀ ਤੇ ਈਰਾਨ ਦੇ ਨੁਕਸਾਨ ਦੀ ਮੁਕੰਮਲ ਭਰਪਾਈ ਕੀਤੇ ਜਾਣ ਦੀ ਮੰਗ ਕਰਦਿਆਂ ਕਿਹਾ ਕਿ ਸੰਸਾਰ ਅਮਨ ਦੇ ਦੋਖੀ ਟਰੰਪ-ਨੇਤਨਯਾਹੂ ਨਾਲ ਜੰਗੀ ਅਪਰਾਧੀਆਂ ਵਾਲਾ ਸਲੂਕ ਕੀਤਾ ਜਾਣਾ ਚਾਹੀਦਾ ਹੈ।ਆਗੂਆਂ ਨੇ ਭਾਰਤੀ ਕਿਰਤੀਆਂ ਤੇ ਮਿਹਨਤੀ ਵਸੋਂ ਨੂੰ ਸਾਮਰਾਜੀ ਦੇਸ਼ਾਂ, ਬਹੁਕੌਮੀ ਕਾਰਪੋਰੇਸ਼ਨਾਂ ਤੇ ਅਡਾਨੀ-ਅੰਬਾਨੀ ਜਿਹੇ ਪੂੰਜੀਪਤੀਆਂ ਦੇ ਹਿਤ ਪੂਰਨ ਲਈ ਘੜੀਆਂ ਨਵ-ਉਦਾਰਵਾਦੀ ਨੀਤੀਆਂ; ਦੇਸ਼ ਦੀ ਸਵੈ ਨਿਰਭਰਤਾ ਤੇ ਖੁਦ ਮੁਖਤਿਆਰੀ ਦਾ ਖਾਤਮਾ ਕਰਨ ਵਾਲੇ ਵਿਦੇਸ਼ ਵਪਾਰ ਸਮਝੌਤਿਆਂ ਰੂਪੀ ਨਵ-ਬਸਤੀਵਾਦੀ ਗੁਲਾਮੀ ਤੇ ਮੋਦੀ ਸਰਕਾਰ ਦੇ ਕਾਲੇ ਕਾਨੂੰਨਾਂ ਤੋਂ ਮੁਕਤੀ ਦਾ ਨਵਾਂ ਸੁਤੰਤਰਤਾ ਸੰਗਰਾਮ ਛੇੜਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਫਿਰਕੂ-ਜਾਤੀਵਾਦੀ ਵੰਡ ਤਿੱਖੀ ਕਰਨ ਤੇ ਧਰਮ ਆਧਾਰਿਤ ਪਿਛਾਖੜੀ ਢਾਂਚਾ ਕਾਇਮ ਕਰਨ ਲਈ ਸੰਘ-ਭਾਜਪਾ ਤੇ ਮੋਦੀ ਸਰਕਾਰ ਵਲੋਂ ਮੁਸਲਿਮ ਤੇ ਈਸਾਈ ਘੱਟ ਗਿਣਤੀਆਂ, ਦਲਿਤਾਂ, ਔਰਤਾਂ ਤੇ ਕਬਾਇਲੀਆਂ ਦੇ ਕੀਤੇ ਜਾ ਰਹੇ ਕਤਲ ਤੇ ਇਨ੍ਹਾਂ 'ਤੇ ਢਾਹੇ ਜਾ ਰਹੇ ਅਕਹਿ ਜ਼ੁਲਮਾਂ ਦਾ ਅੰਤਮ ਨਿਸ਼ਾਨਾ ਦੇਸ਼ ਦੀ ਸਮੁੱਚੀ ਕਿਰਤੀ ਵਸੋਂ, ਖਾਸ ਕਰਕੇ ਹਿੰਦੂ ਭਾਈਚਾਰੇ ਦੇ ਮਿਹਨਤੀ ਤੇ ਅਗਾਂਹਵਧੂ ਲੋਕ ਬਣਨਗੇ।ਬੁਲਾਰਿਆਂ ਨੇ ਕਿਹਾ ਕਿ ਪੰਜਾਬ ਅੰਦਰ ਨਸ਼ਾ ਤਸਕਰੀ, ਭ੍ਰਿਸ਼ਟਾਚਾਰ, ਅਪਰਾਧਿਕ ਵਾਰਦਾਤਾਂ, ਰੇਤ-ਬਜਰੀ ਮਾਫੀਆ ਦੀ ਲੁੱਟ ਅਤੇ ਲੜ ਰਹੇ ਲੋਕਾਂ 'ਤੇ ਪੁਲਸ ਜਬਰ ਦਾ ਬੇਲਗਾਮ ਵਾਧਾ ਦੱਸਦਾ ਹੈ ਕਿ ਆਪ ਦਾ ਬਦਲਾਅ ਦਾ ਦਮਗਜਾ ਸੂਬੇ ਦੇ ਲੋਕਾਂ ਨਾਲ ਅੱਜ ਤਾਈਂ ਦਾ ਸਭ ਤੋਂ ਵੱਡਾ ਸਿਆਸੀ ਧੋਖਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸੰਕਟਮਈ ਦੌਰ 'ਚ ਸਿੱਖ ਗੁਰੂ ਸਾਹਿਬਾਨ ਦੀ ਮਾਨਵੀ ਬਾਣੀ ਤੇ ਭਗਤੀ ਲਹਿਰ ਦੇ ਰਹਿਬਰਾਂ ਦੀਆਂ ਸਿੱਖਿਆਵਾਂ ਦੇ ਪੈਰੋਕਾਰਾਂ, ਭਗਤ ਸਿੰਘ ਦੀ ਸੋਚ ਨੂੰ ਪ੍ਰਨਾਏ ਖੱਬੇ ਪੱਖੀਆਂ, ਲੋਕਰਾਜ ਤੇ ਧਰਮ ਨਿਰਪੱਖਤਾ ਨੂੰ ਦਿਲੋਂ ਪਿਆਰ ਕਰਨ ਵਾਲਿਆਂ ਅਤੇ ਅੰਬੇਡਕਰ ਦੀ ਸੋਚ ਦੇ ਖਰੇ ਪੈਰੋਕਾਰਾਂ ਦਾ ਸਾਂਝਾ ਮੁਹਾਜ਼ ਅਤੇ ਬੱਝਵਾਂ ਲੋਕ ਯੁੱਧ ਹੀ ਲੋਕਾਈ ਨੂੰ ਭੁੱਖ-ਦੁੱਖ ਤੇ ਜਿਲਤ ਤੋਂ ਮੁਕਤੀ ਦੁਆ ਸਕਦਾ ਹੈ ਅਤੇ ਇਹੀ 23 ਮਾਰਚ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਇਸ ਮੌਕ ਰਘਬੀਰ ਸਿੰਘ ਪਕੀਵਾਂ, ਮਹੀਪਾਲ, ਧਰਮਿੰਦਰ ਸਿੰਘ, ਹਰਿੰਦਰ ਸਿੰਘ ਰੰਧਾਵਾ, ਮੁਖਤਿਆਰ ਸਿੰਘ ਮੱਲ੍ਹਾ, ਗੁਰਮੇਜ ਸਿੰਘ ਤਿੰਮੋਵਾਲ, ਠਾਕੁਰ ਧਿਆਨ ਸਿੰਘ, ਕੁਲਵੰਤ ਸਿੰਘ ਮੱਲੂ ਨੰਗਲ, ਸ਼ਮਸ਼ੇਰ ਸਿੰਘ ਬਟਾਲਾ, ਬਲਦੇਵ ਸਿੰਘ ਸੈਦਪੁਰ, ਦਲਜੀਤ ਸਿੰਘ ਦਿਆਲਪੁਰਾ, ਅਮਰੀਕ ਸਿੰਘ ਦਾਊਦ, ਬਲਦੇਵ ਸਿੰਘ ਪੰਡੋਰੀ, ਗੁਰਨਾਮ ਸਿੰਘ ਭਿੰਡਰ ਵੀ ਹਾਜ਼ਰ ਸਨ।






# ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ : ਡਾ. ਗੁਪਤਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਅਜੈ ਗੁਪਤਾ ਨੇ ਤਿੰਨ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ।ਫਤਿਹ ਸਿੰਘ ਕਲੋਨੀ, ਬੱਕਰ ਮੰਡੀ ਅਤੇ ਸੁਲਤਾਨਵਿੰਡ ਗੇਟ ਨੇੜੇ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕਰਦੇ ਹੋਏ ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਘਰ ਵਿੱਚ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ, ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ, ਆਮ ਆਦਮੀ ਪਾਰਟੀ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਰਹਿੰਦ ਵਿੱਚ ਇੱਕ ਵਿਸ਼ੇਸ਼ ਸਮਾਰੋਹ ਦੌਰਾਨ 109 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ।ਇਨ੍ਹਾਂ ਨਵੇਂ ਉਦਘਾਟਨਾਂ ਨਾਲ ਪੰਜਾਬ ਵਿੱਚ ਆਮ ਆਦਮੀ ਕਲੀਨਿਕਾਂ ਦੀ ਕੁੱਲ ਗਿਣਤੀ ਹੁਣ 990 ਹੋ ਗਈ ਹੈ।ਇਸ ਮੌਕੇ ਕੌਂਸਲਰ ਜਰਨੈਲ ਸਿੰਘ ਢੋਟ, ਸਿਮਰਪਾਲ ਸਿੰਘ ਭਾਟੀਆ, ਗੁਰਦਾਸ ਸਿੰਘ, ਰਾਜੂ ਭਾਟੀਆ, ਰਿਤੇਸ਼ ਮਹਾਜਨ, ਕਲੀਨਿਕ ਦੇ ਡਾਕਟਰ, ਸਟਾਫ਼ ਅਤੇ ਸਥਾਨਕ ਨਿਵਾਸੀ ਮੌਜੂਦ ਸਨ।



# ਅਮਰੀਕਾ-ਈਰਾਨ ਦੀ ਜੰਗ ਗੈਸ ਏਜੰਸੀਆਂ 'ਤੇ ਪੈ ਰਹੀ ਭਾਰੀ, ਲੋਕ ਹੋ ਰਹੇ ਖੱਜਲ-ਖੁਆਰ : ਸੁਖਦੇਵ ਸਿੰਘ ਕੋਟ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਕਿਹਾ ਕਿ ਸਰਕਾਰਾਂ ਤਾਂ ਦਾਅਵੇ ਕਰਦੀਆਂ ਹਨ ਕਿ ਕਿਸੇ ਨੂੰ ਵੀ ਗੈਸ ਸਿਲੰਡਰਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਵੇਗੀ ਪਰ ਲੋਕਾ ਨੂੰ ਹਰ ਰੋਜ਼ ਸਵੇਰੇ ਛੇ ਵਜੇ ਤੋਂ ਲਾਈਨਾਂ ਵਿੱਚ ਖੜਨਾ ਪੈ ਰਿਹਾ ਹੈ ਜਿਸ ਦੀ ਤਾਜ਼ਾ ਮਿਸਾਲ ਭਾਰਤ ਗੈਸ ਏਜੰਸੀ ਝਬਾਲ ਤੋਂ ਮਿਲਦੀ ਹੈ। ਲੋਕ ਬੁੱਕ ਹੋਇਆ ਸਿਲੰਡਰ ਲੈਣ ਵਾਸਤੇ ਜਦੋਂ ਏਜੰਸੀ ਵਿੱਚ ਜਾਂਦੇ ਹਨ ਤਾਂ ਅੱਗੋਂ ਕਰਿੰਦੇ 45 ਦਿਨ ਦਾ ਪ੍ਰਾਸੈੱਸ ਦੱਸ ਕੇ ਟਾਲ ਮਟੋਲ ਕਰਦੇ ਹਨ।ਮਜ਼ਦੂਰ ਦਿਹਾੜੀ ਕਰਕੇ ਆਪਣੇ ਪਰਿਵਾਰ ਦਾ ਪੇਟ ਬੜੀ ਮੁਸ਼ਕਿਲ ਨਾਲ ਭਰਦਾ ਹੈ ਪਰ ਪਿੰਡਾਂ ਵਿੱਚ ਇਹ ਸਿਲੰਡਰ ਬਲੈਕ ਵਿੱਚ ਵੇਚੇ ਜਾਂਦੇ ਹਨ।ਏਜੰਸੀਆਂ ਦੇ ਡੀਲਰ 1700 ਤੋਂ 2500 ਰੁਪਏ ਵਿੱਚ ਸਿਲੰਡਰ ਵੇਚ ਰਹੇ ਹਨ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਵੱਲ ਫੌਰੀ ਧਿਆਨ ਦਿੱਤਾ ਜਾਵੇ ਅਤੇ ਹੋਮ ਡਲਿਵਰੀ ਚਾਲੂ ਕਰਕੇ ਆਮ ਲੋਕਾਂ ਖੱਜਲ ਖੁਆਰੀ ਤੋਂ ਬਚਾਇਆ ਜਾਵੇ।



# ਸੀਟੂ ਵੱਲੋਂ ਜਨਰਲ ਬਾਡੀ ਮੀਟਿੰਗ ਭਲਕੇ




**ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)** : ਸੀਟੂ ਦੀ ਅੰਮ੍ਰਿਤਸਰ ਕਮੇਟੀ ਵੱਲੋਂ ਜਥੇਬੰਦੀ ਦੀਆਂ ਭਵਿੱਖ ਦੀਆਂ ਸਰਗਰਮੀਆਂ ਦੀ ਰੂਪ-ਰੇਖਾ ਤਿਆਰ ਕਰਨ ਲਈ 31 ਮਾਰਚ ਨੂੰ ਅਹਿਮ ਜਨਰਲ ਬਾਡੀ ਮੀਟਿੰਗ ਸੱਦੀ ਗਈ ਹੈ। ਇਸ ਮੀਟਿੰਗ ਵਿਚ ਮਜ਼ਦੂਰ ਵਰਗ ਦੀਆਂ ਮੰਗਾਂ ਤੇ ਭਵਿੱਖੀ ਸੰਘਰਸ਼ਾਂ ਬਾਰੇ ਰਣਨੀਤੀ ਉਲੀਕੀ ਜਾਵੇਗੀ। ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰੀ ਫ਼ੈਸਲੇ ਅਨੁਸਾਰ 1 ਅਪ੍ਰੈਲ ਨੂੰ ਵੱਖ-ਵੱਖ ਟਰੇਡ ਯੂਨੀਅਨਾਂ ਵੱਲੋਂ ਸਾਂਝੇ ਤੌਰ 'ਤੇ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੇ ਵਿਰੋਧ ਵਿਚ 'ਕਾਲਾ ਦਿਨ' ਮਨਾਇਆ ਜਾਵੇਗਾ। 1 ਅਪ੍ਰੈਲ ਨੂੰ ਅੰਮ੍ਰਿਤਸਰ ਦੇ 22 ਨੰਬਰ ਫਾਟਕ ਵਿਖੇ ਵਿਸ਼ਾਲ ਇਕੱਠ ਕਰਕੇ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਜਾਵੇਗਾ। 6 ਅਪ੍ਰੈਲ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀ. ਸੀ. ਦਫ਼ਤਰਾਂ ਰਾਹੀਂ ਮੁੱਖ ਮੰਤਰੀ ਨੂੰ ਭੇਜੇ ਜਾਣ ਵਾਲੇ ਮੰਗ ਪੱਤਰ ਸਬੰਧੀ ਪ੍ਰੋਗਰਾਮ ਵਿਚ ਸੀਟੂ ਦੇ ਕਾਰਕੁਨ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ। 13 ਅਪ੍ਰੈਲ ਨੂੰ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਤੋਂ ਬਾਅਦ ਸੀਟੂ ਦਫ਼ਤਰ ਵਿਖੇ ਵਿਸ਼ੇਸ਼ ਸੈਮੀਨਾਰ ਕਰਵਾਇਆ ਜਾਵੇਗਾ, ਜਿਸ ਵਿਚ ਕੇਂਦਰੀ ਆਗੂ ਵਿਸ਼ੇਸ਼ ਤੌਰ 'ਤੇ ਪਹੁੰਚਣਗੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਚਰਨਜੀਤ ਸਿੰਘ ਮਜੀਠਾ, ਮੀਤ ਪ੍ਰਧਾਨ ਮਹਿੰਦਰ ਸਿੰਘ ਖਹਿਰਾ, ਕਿਰਪਾ ਰਾਮ ਅਤੇ ਜਸ਼ਪਾਲ ਸ਼ਰਮਾ ਸਮੇਤ ਹੋਰ ਕਈ ਆਗੂ ਹਾਜ਼ਰ ਸਨ।

# ਸੇਂਟ ਕਬੀਰ ਪਬਲਿਕ ਸਕੂਲ ਦੇ ਅਧਿਆਪਕ ਪੀ. ਐੱਸ. ਚਾਹਲ ਨੂੰ ਸਨੇਹ ਭਰੀ ਵਿਦਾਇਗੀ

**ਧਾਰੀਵਾਲ, (ਮਨਦੀਪ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦੇ ਮਜ਼ਬੂਤ ਥੰਮ੍ਹ, ਹੋਣਹਾਰ ਤੇ ਮਿਹਨਤੀ ਅਧਿਆਪਕ ਪੀ. ਐੱਸ. ਚਾਹਲ ਨੂੰ ਸਕੂਲ ਵੱਲੋਂ ਪੂਰੇ ਮਾਣ-ਸਤਿਕਾਰ ਨਾਲ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ ਦਿੱਤੀ ਗਈ।ਇਸ ਮੌਕੇ ਪ੍ਰਿੰਸੀਪਲ ਅੱਸ. ਬੀ. ਨਾਯਰ ਦੀ ਰਹਿਨੁਮਾਈ ਹੇਠ ਸਵੇਰ ਦੀ ਸਭਾ ਦੌਰਾਨ ਵਿਦਾਇਗੀ ਸਮਾਰੋਹ ਕਰਵਾਇਆ ਗਿਆ ਜਿੱਥੇ ਅਧਿਆਪਕ ਚਾਹਲ ਦੁਆਰਾ ਮੁੱਖ ਮਹਿਮਾਨ ਵਜੋਂ ਭੂਮਿਕਾ ਨਿਭਾਈ ਗਈ। ਸਕੂਲ ਪ੍ਰਿੰ. ਐੱਸ. ਬੀ. ਨਾਯਰ ਨੇ ਕਿਹਾ ਕਿ ਸੇਵਾ ਮੁਕਤ ਹੋਣਾ ਇੱਕ ਅਜਿਹਾ ਮੌਕਾ ਹੁੰਦਾ ਹੈ ਜਿਸ ਵਿੱਚ ਖੁਸ਼ੀ ਤੇ ਗਮੀ ਦੇ ਭਾਵ ਦੋਵੇਂ ਇਕੱਠਿਆਂ ਆਉਂਦੇ ਹਨ।ਮੈਡਮ ਰਾਜਵਿੰਦਰ ਕੌਰ ਦੁਆਰਾ ਸਟੇਜੀ ਕਾਰਵਾਈ ਨੂੰ ਅੱਗੇ ਤੋਰਿਆ ਗਿਆ।ਅੰਗਰੇਜ਼ੀ ਵਿਭਾਗ ਦੇ ਅਧਿਆਪਕ ਮੈਡਮ ਮੋਨਿਕਾ ਸੈਣੀ ਅਤੇ ਵਿਭਾਗ ਮੁਖੀ ਅਮਿਤ ਸਿੰਘ ਦੁਆਰਾ ਆਪ ਨਾਲ ਬਿਤਾਏ ਹੋਏ ਪਲਾਂ ਨੂੰ ਸਾਂਝੇ ਕੀਤਾ ਗਿਆ।ਪ੍ਰਿੰ. ਨਾਯਰ ਨੇ ਪੀ. ਐੱਸ. ਚਾਹਲ ਦੇ 2005 ਤੋਂ ਲੈ ਕੇ 2026 ਤੱਕ ਦੇ ਸੇਵਾ ਕਾਲ ਦੀ ਤਾਰੀਫ਼ ਕੀਤੀ। ਪ੍ਰੋਗਰਾਮ ਦੇ ਅਖੀਰਲੇ ਪਲਾਂ ਵਿੱਚ ਪ੍ਰਿੰਸੀਪਲ, ਮੈਨੇਜਮੈਂਟ ਮੈਂਬਰ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਸੇਵਾਮੁਕਤ ਚਾਹਲ ਦਾ ਵਿਦਿਆਰਥੀਆਂ ਦੀ ਜ਼ਿੰਦਗੀ ਵਿੱਚ ਨਵੀਂ ਰੌਸ਼ਨੀ ਭਰਨ ਤੇ ਉਨ੍ਹਾਂ ਵੱਲੋਂ ਪੜ੍ਹਾਏ ਹੋਏ ਵਿਦਿਆਰਥੀਆਂ ਦਾ ਉੱਚ ਮੁਕਾਮ ਤੱਕ ਪਹੁੰਚਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਅੰਗਰੇਜ਼ੀ ਵਿਭਾਗ ਦੀ ਅਧਿਆਪਕਾ ਵੱਲੋਂ ਚਾਹਲ ਨੂੰ ਯਾਦਗਿਰੀ ਚਿੰਨ੍ਹ ਭੇਟ ਕੀਤੇ ਗਏ।ਇਸ ਮੌਕੇ ਵਿਸ਼ਾਲ ਸਿੰਘ, ਟੇਨ ਸਿੰਘ, ਅਮਨਪ੍ਰੀਤ ਕੌਰ, ਅਮਿਤ ਸਿੰਘ, ਮੈਡਮ ਜਸਵਿੰਦਰ ਕੌਰ ਸਮੇਤ ਸਮੁੱਚੇ ਸਟਾਫ਼ ਮੈਂਬਰ ਹਾਜ਼ਰ ਸਨ।



# ਆਉਣ ਵਾਲੀਆਂ ਚੋਣਾਂ 'ਚ ਅਕਾਲੀ ਦਲ ਦੀ ਸਰਕਾਰ ਬਣੇਗੀ : ਬ੍ਰਹਮਪੁਰਾ, ਸ਼ੇਖ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਦੇ ਪਿੰਡ ਗੁਲਾਲੀਪੁਰ ਵਿਖੇ ਸਾਬਕਾ ਸਰਪੰਚ ਨਿੰਦਰ ਸਿੰਘ ਗੁਲਾਲੀਪੁਰ ਦੇ ਗ੍ਰਹਿ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਵਰਕਰ ਮਿਲਣੀ ਆਯੋਜਿਤ ਕੀਤੀ ਗਈ।ਇਸ ਮਿਲਣੀ ਵਿੱਚ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਅਤੇ ਚੇਅਰਮੈਨ ਗੁਰਸੇਵਕ ਸਿੰਘ ਸ਼ੇਖ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਸਰਪੰਚ ਦਿਲਬਾਗ਼ ਸਿੰਘ ਗੁਲਾਲੀਪੁਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਬ੍ਰਹਮਪੁਰਾ ਪਰਿਵਾਰ ਦਾ ਹਲਕਾ ਖਡੂਰ ਸਾਹਿਬ ਦੇ ਪਿੰਡਾਂ ਨੂੰ ਵਿਕਾਸ ਦੇ ਰਸਤੇ 'ਤੇ ਲੈ ਕੇ ਜਾਣ ਵਿੱਚ ਬੇਮਿਸਾਲ ਯੋਗਦਾਨ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਹਮੇਸ਼ਾ ਇਸ ਪਰਿਵਾਰ ਵੱਲੋਂ ਮਿਲੀਆਂ ਸਹੂਲਤਾਂ ਅਤੇ ਕੀਤੇ ਕੰਮ ਯਾਦ ਰਹਿਣਗੇ।ਇਸ ਮੌਕੇ ਸੰਬੋਧਨ ਕਰਦੇ ਹੋਏ ਰਵਿੰਦਰ ਸਿੰਘ ਬ੍ਰਹਮਪੁਰਾ ਅਤੇ ਗੁਰਸੇਵਕ ਸਿੰਘ ਸ਼ੇਖ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀ ਜਨਤਾ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਤਿਆਰ ਬੈਠੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵਰਕਰ ਹੀ ਸੰਗਠਨ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਉਨ੍ਹਾਂ ਦੀ ਮਿਹਨਤ ਨਾਲ ਹੀ ਜਿੱਤ ਯਕੀਨੀ ਬਣਦੀ ਹੈ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਅਤੇ ਪਿਛਲੇ ਕੰਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਤਾਂ ਜੋ ਆਉਣ ਵਾਲੀਆਂ ਚੋਣਾਂ ਵਿੱਚ ਸ਼ਾਨਦਾਰ ਜਿੱਤ ਦਰਜ ਕੀਤੀ ਜਾ ਸਕੇ।ਇਸ ਮੌਕੇ ਅਜੇਪਾਲ ਸਿੰਘ ਦੇ ਗ੍ਰਹਿ ਵਿਖੇ ਸਰਪੰਚ ਦਿਲਬਾਗ ਸਿੰਘ, ਸਰਪੰਚ ਸੁਖਵਿੰਦਰ ਸਿੰਘ, ਤਰਸੇਮ ਸਿੰਘ, ਮੰਗਲ ਸਿੰਘ, ਰਣਜੀਤ ਸਿੰਘ, ਜਸਬੀਰ ਸਿੰਘ, ਗੁਰਪ੍ਰੀਤ ਸਿੰਘ, ਸਰਵਣ ਸਿੰਘ, ਰਣਜੀਤ ਸਿੰਘ ਰਾਣਾ ਸਰਪੰਚ ਮੰਮਣਕੇ, ਬਲਕਾਰ ਸਿੰਘ, ਗੁਰਵਰਿਆਮ ਸਿੰਘ, ਵਿੱਕੀ ਆਦਿ ਹੋਰ ਵਰਕਰ ਹਾਜ਼ਰ ਸਨ।

# ਕਿਸਾਨ ਆਗੂਆਂ ਵੱਲੋਂ ਅੱਜ ਤੇ 2 ਅਪ੍ਰੈਲ ਦੇ ਧਰਨਿਆਂ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਧਾਰੀਵਾਲ, (ਮਨਦੀਪ ਵਿੱਕੀ)**- ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਵਿੱਚ ਸ਼ਾਮਿਲ ਜਥੇਬੰਦੀਆਂ ਦੇ ਆਗੂਆਂ ਦੀ ਮੀਟਿੰਗ ਕਿਸਾਨ ਆਗੂ ਰਜਿੰਦਰ ਸਿੰਘ ਜਫਰਵਾਲ ਦੇ ਗ੍ਰਹਿ ਵਿਖੇ ਹੋਈ। ਇਸ ਮੀਟਿੰਗ ਵਿੱਚ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ, ਪੱਗੜੀ ਸੰਭਾਲ ਲਹਿਰ ਦੇ ਪ੍ਰਧਾਨ ਸਤਨਾਮ ਸਿੰਘ ਬਾਗੜੀਆਂ, ਭਾਰਤੀ ਕਿਸਾਨ ਯੂਨੀਅਨ ਮਾਝਾ ਦੇ ਪ੍ਰਧਾਨ ਬਾਬਾ ਕਵਲਜੀਤ ਸਿੰਘ ਪੰਡੋਰੀ, ਬੀਕੇਯੂ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਗੁਲਾਬ ਸਿੰਘ ਚੰਦੂ ਮਾਝਾ, ਲੋਕ ਇਨਸਾਫ ਮੋਰਚੇ ਤੋਂ ਸੋਨੂੰ ਔਲਖ ਅਤੇ ਜ਼ਿਲ੍ਹ ਅੰਮ੍ਰਿਤਸਰ ਦੇ ਪ੍ਰਧਾਨ ਬਾਬਾ ਕਰਮਜੀਤ ਸਿੰਘ ਨੰਗਲੀ ਸ਼ਾਮਿਲ ਹੋਏ। ਕਿਸਾਨਾਂ ਦੀਆਂ ਜ਼ਮੀਨਾਂ ਦੀਆਂ ਨਿਲਾਮੀਆਂ ਰੋਕਣ ਲਈ 30 ਮਾਰਚ ਨੂੰ ਪ੍ਰਾਇਮਰੀ ਐਗਰੀਕਲਚਰ ਡਿਵੈਲਪਮੈਂਟ ਬੈਂਕ ਗੁਰਦਾਸਪੁਰ ਦੇ ਸਾਹਮਣੇ ਧਰਨਾ ਲਗਾ ਕੇ ਪੁਤਲਾ ਫੂਕ ਪ੍ਰਦਰਸ਼ਨ ਦੇ ਪ੍ਰੋਗਰਾਮ ਅਤੇ 2 ਅਪ੍ਰੈਲ ਨੂੰ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਵਾਉਣ, ਡਾਕਟਰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਮੁਤਾਬਕ ਫਸਲਾਂ ਦੇ ਭਾਅ ਲੈਣ, ਐੱਮ ਐੱਸ ਪੀ ਦੀ ਗਰੰਟੀ ਕਾਨੂੰਨ ਬਣਾਉਣ, ਕਿਸਾਨ ਮਜ਼ਦੂਰ ਨੂੰ ਕਰਜ ਮੁਕਤ ਕਰਨ, ਸ਼ੰਭੂ ਖਨੌਰੀ ਮੋਰਚੇ ਦੇ ਹੋਏ ਨੁਕਸਾਨ ਦੀ ਭਰਪਾਈ ਕਰਵਾਉਣ, ਬਿਜਲੀ ਸੋਧ ਬਿੱਲ, ਸੀਡ ਬਿੱਲ, ਚਿੱਪ ਵਾਲੇ ਮੀਟਰ, ਮਨਰੇਗਾ ਦੀ ਬਹਾਲੀ, ਹੜ੍ਹਾਂ ਨਾਲ ਖਰਾਬ ਹੋਈਆਂ ਫਸਲਾਂ ਦਾ ਰਹਿੰਦਾ ਮੁਆਵਜ਼ਾ ਲੈਣ, ਮੋਰਚੇ ਦੀਆਂ ਸਾਰੀਆਂ ਮੰਗਾਂ ਅਤੇ ਜ਼ਿਲ੍ਹਿਆਂ ਦੀਆਂ ਸਥਾਨਕ ਮੰਗਾਂ ਦੀ ਪੂਰਤੀ ਲਈ ਡਿਪਟੀ ਕਮਿਸ਼ਨਰ ਦਫਤਰ ਗੁਰਦਾਸਪੁਰ ਵਿਖੇ ਧਰਨਾ ਦੇ ਕੇ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਸੌਂਪੇ ਜਾਣ ਦੇ ਪ੍ਰੋਗਰਾਮ ਦੀਆਂ ਤਿਆਰੀਆਂ ਸਬੰਧੀ ਆਗੂਆਂ ਅਤੇ ਜ਼ਿਲ੍ਹਾ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ ਨੇ ਦੱਸਿਆ ਪੰਜਾਬ ਸਰਕਾਰ ਵੱਲੋਂ ਖੇਤੀ ਵਿਕਾਸ ਬੈਂਕਾਂ ਦੇ ਡਿਫਾਲਟਰ ਘੋਸ਼ਿਤ ਕਿਸਾਨਾਂ ਦੀਆਂ ਜ਼ਮੀਨਾਂ ਨਿਲਾਮ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਹੋਈ ਹੈ ਜਿਸ ਤੋਂ ਪ੍ਰੇਸ਼ਾਨ ਹੋ ਕੇ ਫਰੀਦਕੋਟ ਜ਼ਿਲ੍ਹੇ ਦੇ ਦੋ ਸਕੇ ਭਰਾਵਾਂ ਨੇ ਖੁਦਕੁਸ਼ੀ ਕਰ ਲਈ ਹੈ। ਉਨ੍ਹਾਂ ਕਿਹਾ ਮੋਰਚਾ ਮੰਗ ਕਰਦਾ ਹੈ ਕਿ ਡਿਫਾਲਟਰ ਕਿਸਾਨਾਂ ਦਾ ਸਾਰਾ ਕਰਜ਼ਾ ਮੁਆਫ ਕੀਤਾ ਜਾਵੇ ਅਤੇ ਕਿਸੇ ਵੀ ਸੂਰਤ ਵਿੱਚ ਮੋਰਚਾ ਕਿਸਾਨਾਂ ਦੀਆਂ ਜ਼ਮੀਨਾਂ ਦੀ ਨਿਲਾਮੀ ਨਹੀਂ ਹੋਣ ਦੇਵੇਗਾ। ਸਰਕਾਰ ਦੇ ਉਕਤ ਫੈਸਲੇ ਦੇ ਵਿਰੁੱਧ 30 ਮਾਰਚ ਨੂੰ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਦੀਆਂ ਸਾਰੀਆਂ ਜਥੇਬੰਦੀਆਂ ਦੇ ਕਿਸਾਨ ਗੁਰਦੁਆਰਾ ਬਾਬਾ ਟਹਿਲ ਸਿੰਘ ਗੁਰਦਾਸਪੁਰ ਵਿਖੇ ਇਕੱਤਰ ਹੋ ਕੇ ਪੈਦਲ ਮਾਰਚ ਕਰਦੇ ਹੋਏ ਲੈਂਡ ਮਾਰਟਗੇਜ ਬੈਂਕ ਦੇ ਸਾਹਮਣੇ ਧਰਨਾ ਦੇਣਗੇ। ਉਨ੍ਹਾਂ ਦੱਸਿਆ 2 ਅਪ੍ਰੈਲ ਦੇ ਧਰਨੇ ਦਾ ਪ੍ਰੋਗਰਾਮ ਆਉਣ ਵਾਲੇ ਦਿਨਾਂ ਵਿੱਚ ਦੱਸਿਆ ਜਾਵੇਗਾ। ਮੀਟਿੰਗ ਵਿੱਚ ਹਰਪਾਲ ਸਿੰਘ ਡੇਹਰੀਵਾਲ, ਦਲਜੀਤ ਸਿੰਘ ਸਿੱਧਵਾਂ, ਬਲਵਿੰਦਰ ਸਿੰਘ ਸਿੱਧੂ, ਮਲਕੀਤ ਸਿੰਘ, ਡਾ ਜਸਵੰਤ ਸਿੰਘ, ਜਸਬੀਰ ਸਿੰਘ ਸ਼ਾਹ, ਬਲਵਿੰਦਰ ਸਿੰਘ ਚਾਹਲ, ਦਿਆਲ ਸਿੰਘ, ਨਿਹਾਲ ਸਿੰਘ, ਕਵਲਜੀਤ ਸਿੰਘ ਬਿਧੀਪੁਰ, ਤਰਲੋਕ ਸਿੰਘ ਜਫਰਵਾਲ ਅਤੇ ਸਤਨਾਮ ਸਿੰਘ ਸ਼ਾਮਿਲ ਸਨ।



# ਸ਼੍ਰੀ ਰਾਮ ਨੌਮੀ ਦੇ ਮੌਕੇ 'ਤੇ ਸ਼ੋਭਾ ਯਾਤਰਾ ਸਜਾਈ

**ਛੇਹਰਟਾ, (ਮਨੋਜ ਕੁਮਾਰ)** : ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੀ ਰਾਮ ਨੌਮੀ ਦੇ ਸ਼ੁਭ ਮੌਕੇ 'ਤੇ ਮਜੀਠ ਮੰਡੀ ਰਾਮ ਨੌਮੀ ਕਮੇਟੀ ਵੱਲੋਂ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। 'ਜੈ ਨੂੰ ਰਾਮ' ਦੇ ਜੈਕਾਰਿਆਂ ਨਾਲ ਸ਼ੁਰੂ ਹੋਈ ਇਹ ਸ਼ੋਭਾ ਯਾਤਰਾ ਬਾਗ ਝੰਡਾ ਸਿੰਘ ਤੋਂ ਸ਼ੁਰੂ ਹੋ ਕੇ ਮਜੀਠ ਮੰਡੀ, ਕਿਲ੍ਹਾ ਭਾਗੀਆਂ, ਨਮਕ ਮੰਡੀ ਚੌਕ, ਚੌਕ ਚਿੰਤਪੁਰਨੀ, ਢਾਬ ਬਸਤੀ ਰਾਮ, ਕਣਕ ਮੰਡੀ, ਦਾਲ ਮੰਡੀ ਤੋਂ ਹੁੰਦਾ ਹੋਈ ਵਾਪਸ ਬਾਗ ਝੰਡਾ ਸਿੰਘ ਪੁੱਜ ਕੇ ਸਮਾਪਤ ਹੋਈ। ਪ੍ਰਸਿੱਧ ਭਜਨ ਗਾਇਕ ਰਾਜਨ ਮਿੰਨੀ ਚੰਚਲ ਐਂਡ ਪਾਰਟੀ ਨੇ ਭਗਵਾਨ ਸ਼੍ਰੀ ਰਾਮ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ, ਸ਼ੰਕਰ ਅਰੋੜਾ, ਅਸ਼ਵਨੀ ਜੋਸ਼ੀ, ਅਮਨ ਜੋਸ਼ੀ ਨੂੰ ਮਜੀਠ ਮੰਡੀ ਰਾਮ ਨੌਮੀ ਕਮੇਟੀ ਦੇ ਪ੍ਰਧਾਨ ਰਵਿੰਦਰ ਅਰੋੜਾ ਤੇ ਸਲਿਲ ਅਰੋੜਾ ਨੇ ਸਨਮਾਨਿਤ ਕੀਤਾ। ਪ੍ਰਧਾਨ ਰਵਿੰਦਰ ਅਰੋੜਾ, ਹਰਬੰਸ ਸਿੰਘ, ਸ਼ਸ਼ੀ ਅਗਰਵਾਲ, ਸਲਿਲ ਅਰੋੜਾ, ਸਚਿਨ ਅਰੋੜਾ, ਸੁਨੀਲ ਸ਼ਰਮਾ, ਅਸ਼ੋਕ ਕੁਮਾਰ, ਰਾਕੇਸ਼ ਜੈਨ, ਸੁਨੀਲ ਵਰਮਾਨੀ, ਲਲਿਤ ਸ਼੍ਰੀਵਾਸਤਵ, ਰਾਜੀਵ ਵਰਮਾਨੀ, ਰਜਤ ਅਰੋੜਾ, ਲੋਕੇਸ਼ ਕਟਾਰੀਆ, ਅਸ਼ਵਨੀ ਕੁਮਾਰ, ਨਰੇਸ਼ ਭੂਟਾਨੀ, ਅਸ਼ਵਨੀ ਕੁਮਾਰ ਛੋਟੂ, ਮਾਸਟਰ ਰਾਕੇਸ਼ ਸ਼ਰਮਾ, ਸਚਿਨ ਅਦਾਨਾ, ਪੰਕਜ ਨਾਰੰਗ, ਗੌਰਵ ਗੋਇੰਕਾ ਤੇ ਹੋਰਨਾਂ ਨੇ ਸ਼ਰਧਾਲੂਆਂ ਦਾ ਸਵਾਗਤ ਕੀਤਾ।



# ਸਮਾਜ ਸੇਵਕ ਅਨੁਜ ਖੇਮਕਾ ਦਾ ਧੰਨਵਾਦ



**ਛੇਹਰਟਾ, (ਮਨੋਜ ਕੁਮਾਰ)** : ਸ਼ਨਿਚਰਵਾਰ ਨੂੰ ਮਾਂਹ ਸਿੰਘ ਗੇਟ, ਗਲੀ ਮੋਚੀਆਂ ਵਾਲੀ ਵਿਚ ਪੈਚ ਵਰਕ ਕਰਵਾਇਆ ਗਿਆ। ਇਲਾਕਾ ਵਾਸੀਆਂ ਨੇ ਦੱਸਿਆ ਕਿ ਸਮਾਜ ਸੇਵਕ ਅਨੁਜ ਖੇਮਕਾ ਨੇ ਦੋ ਦਿਨਾਂ ਦੇ ਅੰਦਰ ਪੈਚ ਵਰਕ ਕਰਵਾ ਕੇ ਦਿੱਤਾ ਹੈ। ਇਲਾਕਾ ਵਾਸੀਆਂ ਰਾਜਦੀਪ ਸਿੰਘ ਮੱਕੜ, ਅਸ਼ਵਨੀ ਮਹਾਜਨ, ਅਨਿਲ ਪੋਦਾਰ, ਦੀਪਕ ਅਗਰਵਾਲ, ਹੈਪੀ ਨੰਦਾ, ਰਿੰਕੂ, ਦਲਜੀਤ, ਪਾਰਸ, ਸੋਨੂੰ ਨੇ ਸਮਾਜ ਸੇਵਕ ਅਨੁਜ ਖੇਮਕਾ ਦਾ ਇਹ ਕਾਰਜ ਕਰਵਾਉਣ ਲਈ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਜੋ ਸਮੱਸਿਆ 2 ਸਾਲਾਂ ਤੋਂ ਲਟਕਦੀ ਆ ਰਹੀ ਸੀ, ਅਨੁਜ ਖੇਮਕਾ ਨੇ ਇਕ ਹਫ਼ਤੇ ਦੇ ਅੰਦਰ ਹੱਲ ਕਰਵਾ ਦਿੱਤੀ। ਅਨੁਜ ਖੇਮਕਾ ਨੇ ਦੱਸਿਆ ਕਿ ਇਹ ਮੇਰਾ ਪਰਿਵਾਰ ਹੈ ਤੇ ਮੈਂ ਇਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹਾਂ।

ਇਲਾਕੇ ਵਿਚ ਜੋ ਵੀ ਸਮੱਸਿਆ ਆਵੇਗੀ, ਉਸਦਾ ਹੱਲ ਕਰਵਾਇਆ ਜਾਵੇਗਾ। ਅਨੁਜ ਖੇਮਕਾ ਨੇ ਇਸ ਦੇ ਲਈ ਨਗਰ ਨਿਗਮ ਕਮਿਸ਼ਨਰ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਹ ਕੰਮ ਉਨ੍ਹਾਂ ਦੀ ਬੇਨਤੀ 'ਤੇ ਇਕ ਹਫ਼ਤੇ ਦੇ ਅੰਦਰ-ਅੰਦਰ ਕਰਵਾਇਆ। ਉਨ੍ਹਾਂ ਕਿਹਾ ਕਿ ਜਲਦੀ ਹੀ ਇਲਾਕਾ ਵਾਸੀਆਂ ਨੂੰ ਨਾਲ ਲੈ ਕੇ ਨਿਗਮ ਕਮਿਸ਼ਨਰ ਨੂੰ ਸਨਮਾਨਿਤ ਕੀਤਾ ਜਾਵੇਗਾ।

# ਪੰਜਾਬ 'ਚ ਸੌ ਹੋਰ ਆਮ ਆਦਮੀ ਕਲੀਨਿਕ ਖੋਲ੍ਹੇ : ਕਟਾਰੂਚੱਕ

**ਪਠਾਨਕੋਟ, (ਦਵਿੰਦਰ ਸਿੰਘ)**- ਪੂਰੇ ਪੰਜਾਬ 'ਚ ਮੁੱਖ ਮੰਤਰੀ ਦੇ ਉਪਰਾਲਿਆਂ ਸਦਕਾ 100 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਪਠਾਨਕੋਟ ਦੇ ਅੰਦਰ ਵੀ ਵੱਖ-ਵੱਖ ਸਥਾਨਾਂ 'ਤੇ 6 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਨੇ ਨਜ਼ਦੀਕ ਕਾਲੀ ਮਾਤਾ ਮੰਦਰ ਪਠਾਨਕੋਟ ਲੋਕ ਨਿਰਮਾਣ ਵਿਭਾਗ ਦੇ ਪੁਰਾਣੇ ਦਫਤਰ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕਰਨ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਸੁਨੀਤਾ ਸ਼ਰਮਾ ਸਿਵਲ ਸਰਜਨ ਪਠਾਨਕੋਟ, ਡਾਕਟਰ ਸੁਨੀਲ ਚੰਦ ਐੱਸਐੱਮਓ ਪਠਾਨਕੋਟ, ਪ੍ਰਦੀਪ ਕੁਮਾਰ ਐਕਸੀਅਨ ਲੋਕ ਨਿਰਮਾਣ ਵਿਭਾਗ, ਪਰਮਿੰਦਰ ਸਿੰਘ ਐੱਸਡੀਓ ਲੋਕ ਨਿਰਮਾਣ ਵਿਭਾਗ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਹਾਜ਼ਰ ਸਨ।ਜ਼ਿਕਰਯੋਗ ਹੈ ਕਿ ਸਿਟੀ ਪਠਾਨਕੋਟ ਦੇ ਵੱਖ-ਵੱਖ ਸਥਾਨਾਂ 'ਤੇ ਕਟਾਰੂਚੱਕ, ਵਿਭੂਤੀ ਸ਼ਰਮਾ ਹਲਕਾ ਇੰਚਾਰਜ ਪਠਾਨਕੋਟ, ਸੌਰਭ ਬਹਿਲ ਚੇਅਰਮੈਨ ਨਗਰ ਸੁਧਾਰ ਟਰੱਸਟ ਪਠਾਨਕੋਟ, ਅੰਮ੍ਰਿਤ ਮੰਟੂ ਹਲਕਾ ਇੰਚਾਰਜ ਸੁਜਾਨਪੁਰ ਅਤੇ ਵਿਕਾਸ ਸੈਣੀ ਚੇਅਰਮੈਨ ਮਾਰਕੀਟ ਕਮੇਟੀ ਪਠਾਨਕੋਟ ਵੱਲੋਂ ਆਮ ਆਦਮੀ ਕਲੀਨਿਕਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਸਰਕਾਰ ਵੱਲੋਂ ਸੂਬੇ ਭਰ ਵਿੱਚ ਅੱਜ ਦੇ ਦਿਨ ਕਰੀਬ 100 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ, ਜਿਨ੍ਹਾਂ ਦੀ ਸਥਾਪਨਾ ਤੇ ਕਰੀਬ 25 ਕਰੋੜ ਰੁਪਏ ਦੀ ਲਾਗਤ ਆਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਦੇਸ਼ ਦੇ ਅੰਦਰ ਇੱਕ ਨਵੇਂ ਮਾਡਲ ਰਾਜ ਵਜੋਂ ਉਭਰ ਰਿਹਾ ਹੈ, ਜਿੱਥੇ ਲੋਕਾਂ ਨੂੰ ਪੂਰੀ ਤਰ੍ਹਾਂ ਸਿਹਤ ਦੀ ਗਰੰਟੀ ਦਿੱਤੀ ਜਾ ਰਹੀ ਹੈ।ਉਨ੍ਹਾਂ ਹੋਰ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿੱਚ ਲਗਭਗ 47 ਤੋਂ ਵੱਧ ਕਿਸਮ ਦੇ ਟੈਸਟ ਅਤੇ 97 ਤੋਂ ਵੱਧ ਕਿਸਮ ਦੀਆਂ ਦਵਾਈਆਂ ਮੁਫ਼ਤ ਉਪਲਬੱਧ ਹਨ।ਸਰਕਾਰ ਵੱਲੋਂ ਸਿਹਤ ਬੀਮਾ ਯੋਜਨਾਵਾਂ ਰਾਹੀਂ ਲੱਖਾਂ ਰੁਪਏ ਤੱਕ ਦਾ ਮੁਫ਼ਤ ਇਲਾਜ ਵੀ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਦੀ ਚਰਚਾ ਹੁਣ ਦੇਸ਼ ਹੀ ਨਹੀਂ, ਸਗੋਂ ਵਿਦੇਸ਼ਾਂ ਵਿੱਚ ਵੀ ਹੋ ਰਹੀ ਹੈ ਅਤੇ ਹੋਰ ਰਾਜ ਵੀ ਇਸ ਮਾਡਲ ਨੂੰ ਅਪਨਾਉਣ ਵੱਲ ਵਧ ਰਹੇ ਹਨ।ਪੰਜਾਬ ਪਹਿਲਾਂ ਹੀ ਖੇਤੀਬਾੜੀ ਅਤੇ ਖੁਰਾਕ ਉਤਪਾਦਨ ਵਿੱਚ ਦੇਸ਼ ਦੀ ਅਗਵਾਈ ਕਰਦਾ ਆ ਰਿਹਾ ਹੈ ਅਤੇ ਹੁਣ ਸਿਹਤ ਖੇਤਰ ਵਿੱਚ ਵੀ ਅੱਗੇ ਵੱਧ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕਲੀਨਿਕਾਂ ਦਾ ਲਾਭ ਲੈਣ ਅਤੇ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ।



# ਮਨਜੀਤ ਭੱਟੀ ਦੀ ਅਗਵਾਈ 'ਚ ਦਰਜਨਾਂ ਪਰਿਵਾਰ ਅਕਾਲੀ ਦਲ 'ਚ ਸ਼ਾਮਲ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਅਕਾਲੀ ਆਗੂ ਅਤੇ (ਐੱਸ. ਸੀ. ਵਿੰਗ) ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਮਨਜੀਤ ਸਿੰਘ ਭੱਟੀ ਤੇ ਹਰਵਿੰਦਰ ਸਿੰਘ ਫੌਜੀ ਦੇ ਗ੍ਰਹਿ ਪਿੰਡ ਨੰਗਲ ਦਿਆਲ ਸਿੰਘ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ। ਉਪਰੰਤ ਰਾਗੀ ਸਿੰਘਾਂ ਦੇ ਵੱਲੋਂ ਵੱਡੀ ਗਿਣਤੀ ਵਿਚ ਆਈਆਂ ਸੰਗਤਾਂ ਨੂੰ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ ਗਿਆ।ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਪੰਥਕ ਪਾਰਟੀ ਹੈ, ਜੋ ਹਮੇਸ਼ਾ ਪੰਥ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਹੈ।ਅੱਜ ਲੋੜ ਹੈ ਕਿ ਅਸੀਂ ਸਾਰੇ ਇਕਜੁੱਟਤਾ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਤਗੜਾ ਕਰੀਏ ਅਤੇ ਪੰਥ ਤੇ ਪੰਜਾਬ ਵਿਰੋਧੀ ਵਿਚਾਰਧਾਰਾ ਰੱਖਣ ਵਾਲੀਆਂ ਦਿੱਲੀ ਦੀਆਂ ਪਾਰਟੀਆਂ ਨੂੰ ਇਥੋਂ ਭਜਾਈਏ।ਇਸ ਸਮੇਂ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਭੱਟੀ ਦੀ ਮਿਹਨਤ ਅਤੇ ਪ੍ਰੇਰਨਾਂ ਦੇ ਸਦਕਾ ਦਰਜਨਾਂ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਿਲ ਹੋਏ।ਮਨਜੀਤ ਭੱਟੀ ਨੇ ਦੱਸਿਆ ਕਿ ਹਲਕਾ ਜੰਡਿਆਲਾ ਗੁਰੂ ਦੇ 60 ਦੇ ਕਰੀਬ ਪਰਿਵਾਰ ਆਮ ਆਦਮੀ ਪਾਰਟੀ ਅਤੇ ਕਾਂਗਰਸ ਨੂੰ ਛੱਡ ਕੇ ਅਕਾਲੀ ਦਲ ਵਿੱਚ ਸ਼ਾਮਿਲ ਹੋਏ ਹਨ।ਉਨਾਂ ਕਿਹਾ ਕਿ ਸੂਬੇ ਦੇ ਲੋਕ ਆਪਣੀ ਖੇਤਰੀ ਪਾਰਟੀ ਨੂੰ ਮੁੜ ਸੱਤਾ ਵਿਚ ਲਿਆਉਣ ਲਈ ਕਾਹਲੇ ਬੈਠੇ ਹਨ।ਇਸ ਮੌਕੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਸਾਬਕਾ ਵਿਧਾਇਕ ਤੇ ਸ਼੍ਰੋਮਣੀ ਕਮੇਟੀ ਮੈਂਬਰ ਜੱਥੇਦਾਰ ਬਲਜੀਤ ਸਿੰਘ ਜਲਾਲ ਉਸਮਾ, ਬਲਦੇਵ ਸਿੰਘ ਨਵਾਂ ਪਿੰਡ, ਨਿਰਵੈਲ ਸਿੰਘ ਫੌਜੀ ਰਸੂਲਪੁਰ ਕਲਾਂ, ਹਰਜੀਤ ਸਿੰਘ ਸਰਪੰਚ ਵਡਾਲਾ ਜੌਹਲ, ਜਥੇਦਾਰ ਬਲਵਿੰਦਰ ਸਿੰਘ ਮਲਕਪੁਰ, ਸੋਨੂੰ ਸਿੰਘ ਨਿਜ਼ਾਮਪੁਰ, ਜਥੇਦਾਰ ਕਰਤਾਰ ਸਿੰਘ, ਬਾਬਾ ਲੱਖਾ ਸਿੰਘ ਨਹਿਰ ਵਾਲੇ, ਕੁਲਵੰਤ ਸਿੰਘ ਨੰਗਲ ਦਿਆਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਸਰਕਾਰੀ ਸਕੂਲਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਪੰਜਾਬ ਸਰਕਾਰ ਨੇ ਕਈ ਅਹਿਮ ਉਪਰਾਲੇ ਕੀਤੇ : ਡਾ. ਸੰਧੂ

**ਅਟਾਰੀ (ਭੀਲ ਅਟਾਰੀ)**- ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਮੈਗਾ ਮਾਪੇ ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ।ਇਸੇ ਕੜੀ ਦੇ ਤਹਿਤ ਸਕੂਲ ਆਫ ਐਮੀਨੈਂਸ ਛੇਹਰਟਾ ਅੰਮ੍ਰਿਤਸਰ ਵਿਖੇ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ।ਇਸ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਿੰਸੀਪਲ ਮਨਮੀਤ ਕੌਰ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਡਾ. ਜਸਬੀਰ ਸਿੰਘ ਸੰਧੂ ਵਿਧਾਇਕ ਅੰਮ੍ਰਿਤਸਰ ਪੱਛਮੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਉਨ੍ਹਾਂ ਦੇ ਨਾਲ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ ਵੀ ਮੌਜੂਦ ਸਨ।ਸਕੂਲ ਵਿਖੇ ਪਹੁੰਚਣ ਤੇ ਸਕੂਲ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਮਾਪੇ ਅਤੇ ਅਧਿਆਪਕ ਮਿਲਣੀ ਦੌਰਾਨ ਸੰਬੋਧਨ ਵਿੱਚ ਉਨ੍ਹਾਂ ਨੇ ਸਿੱਖਿਆ ਕ੍ਰਾਂਤੀ ਦੇ ਤਹਿਤ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੀਤੇ ਜਾ ਰਹੇ ਵਿਸ਼ੇਸ਼ ਕਾਰਜਾਂ ਬਾਰੇ ਵਿਸਥਾਰ ਸਹਿਤ ਦੱਸਿਆ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਬਾਅਦ ਸਕੂਲਾਂ ਵਿੱਚ ਸਿੱਖਿਆ ਤੇ ਮੁੱਢਲੇ ਢਾਂਚੇ ਵਿੱਚ ਗੁਣਾਤਮਕ ਵਾਧਾ ਹੋਇਆ ਹੈ।ਹੁਣ ਸਰਕਾਰੀ ਸਕੂਲਾਂ ਦੇ ਬੱਚੇ ਨੀਟ, ਜੇਈਈ ਵਰਗੀਆਂ ਪ੍ਰੀਖਿਆਵਾਂ ਪਾਸ ਕਰ ਰਹੇ ਹਨ।ਛੇਹਰਟਾ ਸਕੂਲ ਨੂੰ ਪੰਜਾਬ ਦੇ ਪਹਿਲੇ ਐਮੀਨੈਂਸ ਸਕੂਲ ਹੋਣ ਦਾ ਮਾਣ ਪ੍ਰਾਪਤ ਹੋਇਆ ਹੈ ਜੋ ਕਿ ਸਾਡੇ ਵਿਧਾਨ ਸਭਾ ਹਲਕੇ ਵਿੱਚ ਹੈ।

ਇਸ ਸਕੂਲ ਵਿੱਚ ਪੜ੍ਹਦੇ ਵਿਦਿਆਰਥੀ ਸਿੱਖਿਆ, ਖੇਡਾਂ ਅਤੇ ਐੱਨਸੀਸੀ ਆਦਿ ਬਹੁਤ ਸਾਰੇ ਖੇਤਰਾਂ ਵਿੱਚ ਮੱਲਾਂ ਮਾਰ ਰਹੇ ਹਨ।ਡਾ. ਜਸਬੀਰ ਸਿੰਘ ਸੰਧੂ ਵੱਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਕਰਕੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਸੁਖਪਾਲ ਸਿੰਘ ਸੰਧੂ ਜ਼ਿਲ੍ਹਾ ਗਾਈਡੈਂਸ ਕੌਂਸਲਰ, ਨਵਦੀਪ ਕੌਰ, ਬਲਬੀਰ ਕੌਰ, ਗੁਰਵੰਤ ਸਿੰਘ, ਅਮਨਦੀਪ ਕੌਰ, ਜੋਤੀ ਭਾਟੀਆ, ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।





# ਲੋਕ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ

**ਪਠਾਨਕੋਟ (ਦਵਿੰਦਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਹਰ ਇੱਕ ਵਰਕਰ ਨੂੰ ਉਸ ਦਾ ਬਣਦਾ ਮਾਣ ਸਨਮਾਨ ਦਿੰਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੁਪਰੀਮੋ ਸੁਖਬੀਰ ਬਾਦਲ ਨੇ ਅਵਤਾਰ ਸਿੰਘ ਕਲੇਰ ਦੇ ਨਿਵਾਸ ਸਥਾਨ 'ਤੇ ਇੱਕ ਮੀਟਿੰਗ 'ਚ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਚਾਰਾਂ ਸਾਲਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਲੋਕਾਂ ਨੂੰ ਜੋ ਦੁੱਖ ਦਿੱਤੇ ਹਨ ਉਨ੍ਹਾਂ ਸਾਰਿਆਂ ਦਾ ਹਿਸਾਬ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਪਛਤਾ ਰਹੇ ਹਨ ਅਤੇ ਵੋਟਾਂ ਦੀ ਉਡੀਕ ਕਰ ਰਹੇ ਹਨ ਅਤੇ ਥੋੜੇ ਸਮੇਂ ਵਿੱਚ ਹੀ ਪੰਜਾਬ ਵਿੱਚ ਉਨ੍ਹਾਂ ਦੀ ਆਪਣੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਬਣੇਗੀ ਅਤੇ ਹਰ ਇੱਕ ਪੰਜਾਬ ਵਾਸੀ ਨੂੰ ਉਸ ਦੇ ਹੱਕ ਦਿੱਤੇ ਜਾਣਗੇ ਤਾਂ ਜੋ ਪੰਜਾਬ ਦੇ ਲੋਕ ਖੁਸ਼ਹਾਲ ਜੀਵਨ ਬਤੀਤ ਕਰ ਸਕਣ। ਇਸ ਮੌਕੇ ਲੋਕ ਵੱਖ-ਵੱਖ ਪਾਰਟੀਆਂ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ। ਸੁਖਬੀਰ ਬਾਦਲ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਮਿੰਟੂ, ਸਾਬਕਾ ਵਿਧਾਇਕ ਅਸ਼ੋਕ ਸ਼ਰਮਾ, ਅਵਤਾਰ ਸਿੰਘ ਕਲੇਰ, ਸੰਜੀਵ ਸ਼ਰਮਾ ਸਹਿਤ ਅਨੇਕਾਂ ਵਰਕਰ ਹਾਜ਼ਰ ਸਨ।



# ਅਧੂਰੇ ਪਏ ਵਿਕਾਸ ਕਾਰਜਾਂ ਨੂੰ ਪੂਰਾ ਕੀਤਾ ਜਾਵੇਗਾ : ਜੰਡੀ

**ਬਲਾਚੌਰ (ਜਸਵਿੰਦਰ ਬੈਂਸ)**- ਚੇਅਰਮੈਨ ਬਲਾਕ ਸੰਮਤੀ ਨਾਨਕ ਸਿੰਘ ਜੰਡੀ ਦਾ ਪ੍ਰੇਮ ਨਗਰ (ਆਸਰੋਂ) ਪਹੁੰਚਣ ਤੇ ਇਲਾਕੇ ਨਿਵਾਸੀਆ ਨੇ ਨਿੱਘਾ ਸਵਾਗਤ ਕੀਤਾ।

ਇਸ ਮੌਕੇ ਤੇ ਸੀਨੀਅਰ ਕਾਂਗਰਸੀ ਆਗੂ ਸੁਰਿੰਦਰ ਸ਼ਿੰਦਾ ਰੈਲਮਾਜਰਾ ਨੇ ਨਾਨਕ ਸਿੰਘ ਜੰਡੀ ਦਾ ਮੂੰਹ ਮਿੱਠਾ ਕਰਵਾਇਆ ਤੇ ਉਨ੍ਹਾਂ ਨੂੰ ਵਧਾਈ ਦਿੱਤੀ। ਨਾਨਕ ਸਿੰਘ ਜੰਡੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੰਚਾ ਸਰਪੰਚਾਂ ਨੂੰ ਨਾਲ ਲੈ ਕੇ ਪਿੰਡਾਂ ਦੇ ਰਹਿੰਦੇ ਵਿਕਾਸ ਕੰਮਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾਵੇਗਾ। ਨਾਨਕ ਸਿੰਘ ਜੰਡੀ ਨੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਅਜੇ ਮੰਗੂਪੁਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿੰਨਾਂ ਦੀ ਸਖਤ ਮਿਹਨਤ ਸਦਕਾ ਇਹ ਸਭ ਕੁਝ ਹਾਸਲ ਹੋਇਆ। ਇਸ ਮੌਕੇ ਤੇ ਮੋਹਨ ਲਾਲ ਸੰਧੂ, ਸਰਪੰਚ ਬਲਜਿੰਦਰ ਸਿੰਘ ਮਾਣੇਵਾਲ, ਸਾਬਕਾ ਸਰਪੰਚ ਪ੍ਰੇਮ ਨਗਰ ਸੁਸ਼ੀਲ ਕੁਮਾਰ ਸਾਬਕਾ ਚੇਅਰਮੈਨ ਧਰਮ ਪਾਲ ਭਰਥਲਾ, ਸੰਜੀਵ ਕੁਮਾਰ ਸੋਨੂੰ ਮੌਜੂਦ ਰਹੇ।



# ਖਾਲਸਾ ਕਾਲਜ ਆਫ ਐਜੂਕੇਸ਼ਨ ਨੈਕ ਵੱਲੋਂ ਦੇਸ਼ ਭਰ 'ਚੋਂ ਚੁਣੇ ਗਏ ਤੀਹ ਕਾਲਜਾਂ 'ਚ ਸ਼ੁਮਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਆਫ ਐਜੂਕੇਸ਼ਨ, ਜੀ. ਟੀ. ਰੋਡ ਨੂੰ ਨੈਕ (ਨੈਸ਼ਨਲ ਅਸਸਮੈਂਟ ਅਤੇ ਅਕਰੈਡੀਟੇਸ਼ਨ ਕੌਂਸਲ) ਵੱਲੋਂ ਉਚੇਰੀ ਸਿੱਖਿਆ ਸੰਸਥਾਵਾਂ ਦੇ ਮੁਲਾਂਕਣ ਮਾਪਦੰਡਾਂ 'ਚ ਬਦਲਾਅ ਲਿਆਉਣ ਲਈ ਦੇਸ਼ ਭਰ 'ਚ ਚੁਣੇ ਗਏ 30 ਕਾਲਜਾਂ 'ਚ ਸ਼ਾਮਲ ਕੀਤਾ ਗਿਆ। ਇਸ ਪ੍ਰਾਪਤੀ 'ਤੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਦੇ ਡੀਨ, ਵਾਈਸ ਪ੍ਰਿੰਸੀਪਲ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਕਾਲਜ ਨੂੰ ਦੇਸ਼ ਭਰ 'ਚੋਂ ਗਿਣੀਆਂ ਚੁਣੀਏ 30 ਉੱਚ ਸਿੱਖਿਆ ਸੰਸਥਾਵਾਂ 'ਚ ਸ਼ਾਮਿਲ ਕੀਤਾ ਗਿਆ ਹੈ ਜੋ ਕਿ ਨੈਕ ਦੇ ਨਿਰਧਾਰਿਤ ਮਾਪਦੰਡਾਂ 'ਚ ਸੁਧਾਰ ਲਿਆਉਣ ਲਈ ਆਪਣਾ ਯੋਗਦਾਨ ਦੇਣਗੀਆਂ।ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਕਾਲਜ ਦੇ ਸਮੂਹ ਸਟਾਫ ਦੀ ਮਿਹਨਤ ਸਦਕਾ ਪਹਿਲਾਂ ਵੀ 2024 'ਚ ਕਾਲਜ ਨੂੰ 'ਏ ++ ਗ੍ਰੇਡ' ਪ੍ਰਾਪਤ ਕਰਨ ਵਾਲੀ ਉੱਤਰ ਭਾਰਤ ਦੀ ਪਹਿਲੀ ਅਧਿਆਪਨ ਸਿਖਲਾਈ ਸੰਸਥਾ ਹੋਣ ਦਾ ਮਾਣ ਹਾਸਲ ਹੋਇਆ ਸੀ।

# ਮਨ ਕੀ ਬਾਤ

ਮੱਧ ਪ੍ਰਦੇਸ਼ ਹਾਈਕੋਰਟ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਮਿਮਿਕਰੀ ਕਰਕੇ ਗੈਸ ਸਿਲੰਡਰ ਦੀ ਕਿੱਲਤ 'ਤੇ ਕਟਾਕਸ਼ ਕਰਨ ਵਾਲੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਅਧਿਆਪਕ ਸਾਕੇਤ ਪੁਰੋਹਿਤ ਦੀ ਮੁਅੱਤਲੀ ਦੇ ਹੁਕਮ 'ਤੇ ਰੋਕ ਲਾਉਂਦਿਆਂ ਕਿਹਾ ਕਿ ਮੁਅੱਤਲੀ ਇੱਕ ਗੰਭੀਰ ਕਦਮ ਹੈ ਤੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਹ ਕਿਸੇ ਦੇ ਦਬਾਅ ਵਿੱਚ ਕੰਮ ਕਰਨ ਦੀ ਬਜਾਇ ਤੱਥਾਂ ਤੇ ਨਿਯਮਾਂ ਦੇ ਆਧਾਰ 'ਤੇ ਫੈਸਲੇ ਕਰਨ।

ਮੱਧ ਪ੍ਰਦੇਸ਼ ਦੇ ਸ਼ਿਓਪੁਰੀ ਜ਼ਿਲ੍ਹੇ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਦੇ ਅਧਿਆਪਕ ਸਾਕੇਤ ਪੁਰੋਹਿਤ ਨੂੰ ਪਿਛੋਰ ਦੇ ਵਿਧਾਇਕ ਪ੍ਰੀਤਮ ਸਿੰਘ ਲੋਧੀ ਦੀ ਸ਼ਿਕਾਇਤ ਦੇ ਬਾਅਦ ਮੁਅੱਤਲ ਕਰ ਦਿੱਤਾ ਗਿਆ ਸੀ। ਪੁਰੋਹਿਤ 'ਤੇ ਗੈਸ ਦੀ ਕਿੱਲਤ ਨਾਲ ਜੁੜੇ ਇੱਕ ਵੀਡੀਓ ਵਿੱਚ ਸਿਲੰਡਰ ਦੀ ਵਧੀ ਕੀਮਤ 'ਤੇ ਵਿਅੰਗ ਕਰਦਿਆਂ ਪ੍ਰਧਾਨ ਮੰਤਰੀ ਦੇ ਬੋਲਣ ਦੇ ਅੰਦਾਜ਼ ਦੀ ਨਕਲ ਕਰਨ ਨੂੰ ਲੈ ਕੇ ਸਮਾਜ ਵਿੱਚ ਅਸ਼ਾਂਤੀ ਫੈਲਾਉਣ ਤੇ ਸਿੱਖਿਆ ਵਿਭਾਗ ਦਾ ਅਕਸ ਖਰਾਬ ਕਰਨ ਦੇ ਇਰਾਦੇ ਨਾਲ ਇਤਰਾਜ਼ਯੋਗ ਪੋਸਟ ਪਾਉਣ ਅਤੇ ਮੱਧ ਪ੍ਰਦੇਸ਼ ਸਿਵਲ ਸੇਵਾ (ਆਚਰਣ) ਨਿਯਮ 1965 ਦੀ ਉਲੰਘਣਾ ਕਰਨ ਦਾ ਦੋਸ਼ ਲਾਇਆ ਗਿਆ। ਜਸਟਿਸ ਆਸ਼ੀਸ਼ ਸ਼੍ਰੋਤੀ ਨੇ ਕਿਹਾ ਕਿ ਸ਼ਿਕਾਇਤ ਮਿਲਣ ਦੇ ਫੌਰਨ ਬਾਅਦ ਅਧਿਆਪਕ ਨੂੰ ਬਿਨਾਂ ਕਿਸੇ ਜਾਂਚ ਦੇ ਤਟਫੱਟ ਮੁਅੱਤਲ ਕਰ ਦਿੱਤਾ ਗਿਆ। 12 ਮਾਰਚ ਸ਼ਾਮ ਨੂੰ ਲੱਗਭੱਗ 6 ਵਜੇ ਅਧਿਆਪਕ ਨੇ ਆਪਣੇ ਫੇਸਬੁੱਕ ਖਾਤੇ 'ਤੇ ਵੀਡੀਓ ਅਪਲੋਡ ਕੀਤੀ ਤੇ 13 ਮਾਰਚ ਨੂੰ ਵਿਧਾਇਕ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਵਿਵੇਕ ਸ੍ਰੀਵਾਸਤਵ ਨੂੰ ਉਸ ਵਿਰੁੱਧ ਕਾਰਵਾਈ ਕਰਨ ਲਈ ਸ਼ਿਕਾਇਤ ਕਰ ਦਿੱਤੀ। ਅਧਿਕਾਰੀ ਨੇ ਉਸੇ ਦਿਨ ਹੁਕਮ ਕੱਢ ਦਿੱਤਾ, ਬਿਨਾਂ ਕਿਸੇ ਜਾਂਚ ਦੇ।

ਪ੍ਰਧਾਨ ਮੰਤਰੀ ਦੀ ਮਿਮਿਕਰੀ ਵਾਲੇ ਵੀਡੀਓ ਵਿੱਚ ਸਾਕੇਤ ਪੁਰੋਹਿਤ ਨੂੰ ਇਹ ਕਹਿੰਦਿਆਂ ਸੁਣਿਆ ਜਾ ਸਕਦਾ ਹੈ : "ਮੇਰੇ ਪਿਆਰੇ ਭਾਈਓ ਔਰ ਬਹਨੋਂ, ਕਯਾ ਗੈਸ ਕੀ ਕੀਮਤੇਂ ਘਟੀਂ ਯਾ ਨਹੀਂ? ਨਹੀਂ ਘਟੀਂ। ਕਯਾ ਗੈਸ ਕੀ ਕੀਮਤੇਂ ਬੜ੍ਹੀਂ ਯਾ ਨਹੀਂ? ਬੜ੍ਹੀਂ। ਗੈਸ ਕੀ ਕੀਮਤੇਂ ਇਸਲਿਏ ਬੜ੍ਹੀਂ ਕਿਉਂਕਿ ਗੈਸ ਪਰ ਪਕੀ ਰੋਟੀ ਖਾਨੇ ਸੇ ਭੀ ਪੇਟ ਮੇਂ ਗੈਸ ਬਨਤੀ ਹੈ ਔਰ ਅਗਰ ਪੇਟ ਮੇਂ ਗੈਸ ਬਨੇਗੀ ਤੋ ਆਪ ਬੀਮਾਰ ਪੜ ਜਾਏਂਗੇ, ਔਰ ਅਗਰ ਆਪ ਬੀਮਾਰ ਪੜੇ ਤੋਂ ਪੂਰਾ ਦੇਸ਼ ਬੀਮਾਰ ਪੜ ਜਾਏਗਾ।"

ਸਾਕੇਤ ਪੁਰੋਹਿਤ ਨੇ ਮੁਅੱਤਲੀ ਤੋਂ ਬਾਅਦ ਕਿਹਾ ਸੀ ਕਿ ਉਸ ਦਾ ਮਕਸਦ ਸਿਰਫ ਲੋਕਾਂ ਨੂੰ ਹਸਾਉਣਾ ਸੀ, ਕਿਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਨਹੀਂ। ਉਸ ਨੂੰ ਮੁਅੱਤਲ ਕਰਨ ਤੋਂ ਪਹਿਲਾਂ ਸਿੱਖਿਆ ਅਧਿਕਾਰੀ ਨੇ ਨੋਟਿਸ ਤੱਕ ਨਹੀਂ ਦਿੱਤਾ। ਪੁਰੋਹਿਤ ਮੁਤਾਬਕ ਲੋਕਾਂ ਨੂੰ ਆਪਣੀ ਆਵਾਜ਼ ਉਠਾਉਣ ਦਾ ਪੂਰਾ ਅਧਿਕਾਰ ਹੈ। ਅਧਿਆਪਕਾਂ ਨੂੰ ਵੀ ਪ੍ਰਗਟਾਵੇ ਦੀ ਆਜ਼ਾਦੀ ਹੈ। ਪਿਛਲੇ ਕੁਝ ਸਾਲਾਂ ਵਿੱਚ ਉਸ ਨੇ ਦੇਖਿਆ ਹੈ ਕਿ ਵਿਅੰਗ 'ਤੇ ਰੋਕਾਂ ਲਾਈਆਂ ਜਾ ਰਹੀਆਂ ਹਨ। ਜਿਨ੍ਹਾਂ ਲੋਕਾਂ ਨੂੰ ਖੁੱਲ੍ਹ ਕੇ ਬੋਲਣ ਤੋਂ ਡਰ ਲੱਗਦਾ ਹੈ ਤਾਂ ਇਹ ਉਨ੍ਹਾਂ ਦੀ ਸਮੱਸਿਆ ਹੈ। ਉਸ ਨੂੰ ਲੱਗਿਆ ਕਿ ਉਸ ਨੂੰ ਆਪਣੇ 'ਮਨ ਕੀ ਬਾਤ' ਕਹਿਣੀ ਚਾਹੀਦੀ ਹੈ।

ਦੇਸ਼ ਵਿੱਚ ਚੱਲ ਰਹੇ ਮਾਹੌਲ 'ਚ ਪੁਰੋਹਿਤ ਵਰਗੇ ਬਹੁਤ ਘੱਟ ਲੋਕ ਹਨ, ਜਿਹੜੇ ਖੁੱਲ੍ਹ ਕੇ ਬੋਲ ਰਹੇ ਹਨ। ਪੁਰੋਹਿਤ ਨੂੰ ਤਾਂ ਅਦਾਲਤ ਤੋਂ ਰਾਹਤ ਮਿਲ ਗਈ ਪਰ ਕਈਆਂ ਨੂੰ ਅਦਾਲਤਾਂ ਤੋਂ ਰਾਹਤ ਨਹੀਂ ਮਿਲੀ। ਪੁਰੋਹਿਤ ਵਾਂਗ ਜਸਟਿਸ ਸ਼੍ਰੋਤੀ ਵਰਗੇ ਜੱਜ ਵੀ ਬਹੁਤ ਘੱਟ ਨਜ਼ਰ ਆਉਂਦੇ ਹਨ, ਜਿਹੜੇ ਨਿਡਰਤਾ ਨਾਲ ਫੈਸਲੇ ਕਰਦੇ ਹਨ। ਪੁਰੋਹਿਤ ਦੀ ਮਿਮਿਕਰੀ ਤੇ ਜੱਜ ਦਾ ਫੈਸਲਾ ਉਨ੍ਹਾਂ ਲੋਕਾਂ ਦਾ ਹੌਸਲਾ ਵਧਾਉਣ ਵਾਲਾ ਹੈ, ਜਿਹੜੇ ਬੋਲਣਾ ਤਾਂ ਚਾਹੁੰਦੇ ਹਨ, ਪਰ ਬੋਲ ਨਹੀਂ ਪਾ ਰਹੇ।

## ਪਾਠਕ-ਸੱਥ

### ਪੰਜਾਬੀ ਗਾਇਕੀ ਵਿੱਚ ਅਸ਼ਲੀਲਤਾ ਖ਼ਤਰਨਾਕ

ਪੰਜਾਬੀ ਗਾਇਕੀ ਵਿੱਚ ਅਸ਼ਲੀਲਤਾ ਬੇਸ਼ੱਕ ਪੁਰਾਣੇ ਸਮੇਂ ਤੋਂ ਚਲਦੀ ਆ ਰਹੀ ਹੈ, ਪਰ ਉਸ ਸਮੇਂ ਅਸ਼ਲੀਲਤਾ ਕੁਝ ਹੱਦ ਤੱਕ ਸੀਮਤ ਸੀ।ਉਸ ਸਮੇਂ ਦੇ ਗੀਤ ਮੋਟਰਾਂ 'ਤੇ ਜਾਂ ਇਕੱਲੇ ਬੈਠ ਕੇ ਸੁਣੇ ਜਾਂਦੇ ਸਨ, ਪਰ ਹੁਣ ਵਾਲੇ ਗੀਤ ਡੀਜ਼ਿਆਂ ਤੇ ਆਮ ਜਨਤਕ ਥਾਵਾਂ, ਟਰੈਕਟਰਾਂ 'ਤੇ ਚੱਲਦੇ ਆਮ ਸੁਣੇ ਜਾਂਦੇ ਹਨ, ਜਿਸ ਨੇ ਨਹੀਂ ਵੀ ਸੁਣਨੇ, ਉਸ ਦੇ ਕੰਨਾਂ ਵਿਚ ਵੀ ਅਜਿਹੇ ਗੀਤ ਮੱਲੋ ਮੱਲੀ ਪੈ ਜਾਂਦੇ ਹਨ । ਪੰਜਾਬੀ ਗਾਇਕੀ ਵਿੱਚ ਸਭ ਤੋਂ ਘਟੀਆ ਸ਼ੁਰੂਆਤ ਇਹ ਹੋਈ ਕਿ ਸਾਲ਼ਾ, ਜੋ ਕਿ ਇੱਕ ਰਿਸ਼ਤਾ ਹੈ, ਇਹ ਸਟੇਜਾਂ ਅਤੇ ਗੀਤਾਂ ਵਿੱਚ ਗਾਲ਼ ਦੇ ਰੂਪ ਵਿੱਚ ਅਤੇ ਕਿਸੇ ਨੂੰ ਨੀਵਾਂ ਦਿਖਾਉਣ ਲਈ ਵਰਤਿਆ ਜਾਣ ਲੱਗਿਆ। ਇੱਕ ਤੋਂ ਬਾਅਦ ਇੱਕ ਗਾਇਕ ਇਸ ਨੂੰ ਗਾਲ਼ ਦੇ ਰੂਪ ਵਿੱਚ ਵਰਤਣ ਲੱਗੇ, ਜਿਸ ਨਾਲ ਪੰਜਾਬੀ ਗੀਤਾਂ ਵਿੱਚ ਗਾਲਾਂ ਵਰਗੀ ਮਾੜੀ ਸ਼ਬਦਾਵਲੀ ਵਰਤੀ ਜਾਣ ਲੱਗੀ। ਇਥੇ ਹੀ ਬਸ ਨਹੀਂ ਦਲਜੀਤ ਵਰਗਾ ਗਾਇਕ ਕਿਸੇ ਅੱਤ ਗੰਦੀਆਂ ਟਿਪਣੀਆਂ ਭਰਪੂਰ ਰੀਲ ਦੇ ਕੁਝ ਅੰਸ਼ ਆਪਣੇ ਗੀਤ ਵਿਚ ਲੈ ਰਿਹਾ ਹੈ, ਜਿਸ ਤੋਂ ਉਸ ਦੀ ਮਾਨਸਿਕਤਾ ਦਾ ਪਤਾ ਲੱਗਦਾ ਹੈ ਕਿ ਉਸ ਦੇ ਬੋਲ 'ਪੰਜਾਬੀ ਆ ਗਏ ਓਏ' ਸਿਰਫ਼ ਤੇ ਸਿਰਫ਼ ਲੋਕਾਂ ਨੂੰ ਮਗਰ ਲਗਾਉਣ ਲਈ ਹਨ, ਉਸ ਨੂੰ ਪੈਸੇ ਨਾਲ ਮਤਲਬ ਹੈ, ਗੀਤਾਂ ਵਿੱਚ ਗੰਦ ਪਾਉਣਾ ਉਸ ਦੀ ਸ਼ੁਰੂ ਤੋਂ ਹੀ ਆਦਤ ਹੈ। ਲੱਕ ਟਵੰਟੀ ਤੋਂ ਹੁਣ ਤੱਕ ਉਹ ਇਹੀ ਕੁਝ ਕਰ ਰਿਹਾ ਹੈ।ਇਸ ਤਰ੍ਹਾਂ ਦੀ ਅਸ਼ਲੀਲਤਾ ਆਮ ਵੱਜਦੇ ਗੀਤਾਂ ਵਿੱਚ ਸੁਣਨੀ ਬਹੁਤ ਮੁਸ਼ਕਲ ਹੈ। ਵੱਡੀ ਗ਼ਲਤੀ ਸਿਰਫ਼ ਤੇ ਸਿਰਫ਼ ਲੋਕਾਂ ਦੀ ਹੈ, ਜੋ ਇਨ੍ਹਾਂ ਨੂੰ ਬਹੁਤ ਵੱਡਾ ਦਰਜਾ ਦੇ ਦਿੰਦੇ ਹਨ।ਅਸਲ ਵਿੱਚ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਜੋ ਗੀਤ ਚੰਗਾ ਲਗਦਾ ਸੁਣਨ, ਇੰਜੁਆਏ ਕਰਨ, ਪਰ ਕਿਸੇ ਵੀ ਗਾਇਕ ਦਾ ਕੱਟੜ ਫ਼ੈਨ ਨਾ ਬਣਨ, ਕਿਉਂਕਿ ਇਨ੍ਹਾਂ ਦਾ ਕੋਈ ਇਤਬਾਰ ਨਹੀਂ, ਕਦੋਂ ਤੁਹਾਡੀਆਂ ਭਾਵਨਾਵਾਂ ਨਾਲ ਖੇਡ ਜਾਣ।ਨਾ ਪੰਜਾਬ ਨਾ ਪੰਜਾਬੀ ਬੋਲੀ ਨਾ ਫ਼ੈਨ ਇਨ੍ਹਾਂ ਲਈ ਸਿਰਫ਼ ਪੈਸਾ ਮੁੱਖ ਹੈ, ਜੋ ਇਨ੍ਹਾਂ ਨੂੰ ਵੱਧ ਤੋਂ ਵੱਧ ਗੰਦ ਪਾਉਣ 'ਤੇ ਹੀ ਮਿਲਦਾ ਜਾਪਦਾ ਹੁੰਦਾ ਹੈ। ਬੇਹਤਰ ਇਹ ਹੈ ਕਿ ਚੰਗਾ ਸੁਣੋ, ਚੰਗਾ ਪੜ੍ਹੋ, ਮਾੜੇ ਨੂੰ ਇਗਨੋਰ ਕਰੋ। ਮਾੜੇ ਆਪੇ ਪਿੱਛੇ ਚਲੇ ਜਾਣਗੇ ਤਾਂ ਚੰਗਿਆਂ ਨੂੰ ਜਗ੍ਹਾ ਮਿਲੇਗੀ ਅਤੇ ਫਿਰ ਹੀ ਮਾੜਿਆਂ ਦਾ ਸੁਧਾਰ ਹੋਵੇਗਾ। ਫਿਰ ਹੀ ਚੰਗੀ ਗਾਇਕੀ ਦੀ ਉਮੀਦ ਜਾਗੇਗੀ ਅਤੇ ਲੋਕਾਂ ਨੂੰ ਚੰਗਾ ਸੁਣਨ ਨੂੰ ਮਿਲੇਗਾ, ਜਿਸ ਨਾਲ ਪੰਜਾਬੀ ਗਾਇਕੀ ਦੇ ਸਾਫ਼-ਸੁਥਰੇ ਦੌਰ ਦੀ ਸ਼ੁਰੂਆਤ ਹੋਵੇਗੀ।

**-ਗੁਰਦਿੱਤ ਸਿੰਘ ਸੇਖੋਂ, 97811-72781**

### ਪ੍ਰਦੂਸ਼ਣ ਦੀ ਸਮੱਸਿਆ

ਪ੍ਰਦੂਸ਼ਣ ਦੀ ਅੱਜ ਦੇ ਯੁੱਗ ਦੀ ਸਭ ਤੋਂ ਵੱਡੀ ਸਮੱਸਿਆ ਹੈ । ਜਦੋਂ ਤੱਕ ਆਬਾਦੀ ਘੱਟ ਸੀ ਅਤੇ ਕੁਦਰਤੀ ਸੋਮੇ ਬਹੁਤੇ ਸਨ, ਉਦੋਂ ਤੱਕ ਪ੍ਰਦੂਸ਼ਣ ਦੀ ਕੋਈ ਸਮੱਸਿਆ ਨਹੀਂ ਸੀ ।ਵੱਧਦੀ ਆਬਾਦੀ ਦੀਆਂ ਲੋੜਾਂ ਪੂਰੀਆਂ ਕਰਨ ਲਈ ਕੁਦਰਤੀ ਸਾਧਨਾਂ ਦੀ ਵਰਤੋਂ ਵੀ ਵਧ ਗਈ।ਲੋੜਾਂ ਦੀ ਪੂਰਤੀ ਲਈ ਵੱਡੇ-ਵੱਡੇ ਕਾਰਖਾਨੇ ਲਾਏ ਗਏ, ਇਹਨਾਂ ਤੋਂ ਪੈਦਾ ਹੋਣ ਵਾਲੇ ਬੇਅੰਤ ਧੂੰਏਂ ਅਤੇ ਹੋਰ ਰਹਿੰਦ-ਖੂੰਹਦ ਨਾਲ ਵਾਤਾਵਰਨ ਪਲੀਤ ਹੋਣ ਲੱਗਿਆ।ਦੂਜੇ ਪਾਸੇ ਆਪਣੀਆਂ ਲੋੜਾਂ ਦੀ ਪੂਰਤੀ ਲਈ ਮਨੁੱਖਾਂ ਨੇ ਜੰਗਲਾਂ ਨੂੰ ਕੱਟਣਾ ਸ਼ੁਰੂ ਕਰ ਦਿੱਤਾ।ਹਵਾ ਨੂੰ ਸਾਫ ਕਰਨ ਵਾਲੇ ਰੁੱਖਾਂ ਦੀ ਗਿਣਤੀ ਲਗਾਤਾਰ ਘੱਟ ਹੁੰਦੀ ਗਈ।ਨਤੀਜੇ ਵਜੋਂ ਸਮੁੱਚੇ ਵਾਤਾਵਰਨ ਵਿੱਚ ਇੱਕ ਅਸੰਤੁਲਨ ਪੈਦਾ ਹੋ ਗਿਆ ਹੈ। ਇਸ ਨਾਲ ਪ੍ਰਕਿਰਤਕ ਵਾਤਾਵਰਨ ਵਿੱਚ ਬਹੁਤ ਸਾਰੇ ਅਣਚਾਹੇ ਕਾਰਕ ਆ ਗਏ, ਜਿਨ੍ਹਾਂ ਕਾਰਨ ਵਾਤਾਵਰਨ ਪ੍ਰਦੂਸ਼ਤ ਹੋਣ ਲੱਗਿਆ।ਪ੍ਰਦੂਸ਼ਣ ਪੈਦਾ ਕਰਨ ਵਾਲੇ ਇਨਾਂ ਕਾਰਕਾਂ ਨੂੰ ਪ੍ਰਦੂਸ਼ਣ ਪੈਦਾ ਕਰਨ ਵਾਲੇ ਕਾਰਕ ਕਿਹਾ ਜਾਂਦਾ ਹੈ।ਧਰਤੀ ਉੱਤੇ ਜੀਵਨ ਦੀ ਰੱਖਿਆ ਲਈ ਅਤੇ ਜੀਵਨ ਨੂੰ ਚਲਦਾ ਰਹਿਣ ਲਈ ਪ੍ਰਦੂਸ਼ਣ ਨੂੰ ਘਟਾਉਣਾ ਬਹੁਤ ਜ਼ਰੂਰੀ ਹੈ।ਜੇਕਰ ਅਸੀਂ ਸਮੇਂ ਸਿਰ ਇਸ ਪ੍ਰਦੂਸ਼ਣ ਦੀ ਸਮੱਸਿਆ ਨੂੰ ਹੱਲ ਨਾ ਕੀਤਾ ਤਾਂ ਸਾਨੂੰ ਆਉਣ ਵਾਲੇ ਸਮੇਂ ਵਿੱਚ ਬਹੁਤ ਗੰਭੀਰ ਨਤੀਜੇ ਭੁਗਤਣੇ ਪੈਣਗੇ ।

**-ਹਰਿੰਦਰ ਸਿੰਘ ਸ ਸ ਮਾਸਟਰ**

# ਅਡੰਬਰ, ਲਾਲਸਾਵਾਂ ਅਤੇ ਦੁਨੀਆ 'ਚ ਵਧ ਰਹੇ ਮਾਨਸਿਕ ਰੋਗ



ਗੁਰਚਰਨ ਸਿੰਘ ਨੂਰਪੁਰ

ਸਿਕੰਦਰ ਜਦੋਂ ਦੁਨੀਆ ਨੂੰ ਜਿੱਤਣ ਤੁਰਿਆ ਤਾਂ ਯੂਨਾਨ ਦੇ ਹੀ ਇੱਕ ਡਾਇਓਜੀਨ ਨਾਂਅ ਦੇ ਫਕੀਰ ਨੂੰ ਮਿਲਿਆ। ਉਹਨੇ ਡਾਇਓਜੀਨ ਨੂੰ ਕਿਹਾ, 'ਮੈਂ ਵੀ ਤੇਰੇ ਵਾਂਗੂੰ ਬੇਫਿਕਰੀ ਦੀ ਜ਼ਿੰਦਗੀ ਜਿਉਣੀ ਚਾਹੁੰਦਾ ਹਾਂ।'

ਡਾਇਓਜੀਨ ਨੇ ਕਿਹਾ, 'ਅੜਚਨ ਕੀ ਹੈ ਨਦੀ ਦਾ ਕੰਢਾ ਬੜਾ ਵਿਸ਼ਾਲ ਹੈ, ਤੂੰ ਵੀ ਲੇਟ ਜਾ ਧੁੱਪ ਸੇਕ ਤੇ ਕੁਦਰਤ ਦੇ ਨਜ਼ਾਰੇ ਮਾਣ।'

ਸਿਕੰਦਰ ਨੇ ਕਿਹਾ, "ਅਜੇ ਤਾਂ ਮੈਂ ਦੁਨੀਆ ਜਿੱਤਣ ਜਾ ਰਿਹਾ ਹਾਂ, ਮੇਰੇ ਕੋਲ ਵਿਹਲ ਕਿੱਥੇ? ਵਿਹਲਾ ਹੋ ਕੇ ਆਰਾਮ ਕਰਾਂਗਾ।'

ਡਾਇਓਜੀਨ ਬੋਲਿਆ, 'ਦੁਨੀਆ ਜਿੱਤ ਕੇ ਕੀ ਕਰੇਂਗਾ?'

'ਦੁਨੀਆ ਨੂੰ ਜਿੱਤਣ ਮਗਰੋਂ ਮੇਰੇ ਕੋਲ ਵਿਸ਼ਾਲ ਬੇਸ਼ੁਮਾਰ ਦੌਲਤ ਹੋਵੇਗੀ, ਵੱਡੀ ਫੌਜ ਤੇ ਅਥਾਹ ਤਾਕਤ ਹੋਵੇਗੀ।' ਡਾਇਓਜੀਨ ਬੋਲਿਆ, 'ਦੌਲਤ ਤੇ ਤਾਕਤ ਇਕੱਠੀ ਕਰਨ ਮਗਰੋਂ ਵੀ ਜੇਕਰ ਆਰਾਮ ਹੀ ਕਰਨਾ ਹੈ ਤਾਂ ਹੁਣ ਹੀ ਆਰਾਮ ਕਰ ਲੈ? ਐਨੀ ਕਤਲੋਗਾਰਤ ਤੇ ਲੋਕਾਂ ਨੂੰ ਐਨਾ ਖੱਜਲ-ਖੁਆਰ ਕਰਨ ਦੀ ਕੀ ਲੋੜ ਏ?' ਸਿਕੰਦਰ ਨੇ ਕਿਹਾ, 'ਮੈਂ ਤੈਥੋਂ ਬਹੁਤ ਪ੍ਰਭਾਵਿਤ ਹੋਇਆ ਹਾਂ, ਪਰ ਮੈਂ ਬਾਦਸ਼ਾਹ ਹਾਂ ਤੇ ਤੂੰ ਇੱਕ ਫਕੀਰ, ਜੋ ਤੈਨੂੰ ਚਾਹੀਦਾ ਹੈ, ਮੰਗ ਲੈ, ਤੇਰੇ ਸਾਹਮਣੇ ਢੇਰੀ ਕਰ ਦਿਆਂਗਾ।' ਡਾਇਓਜੀਨ ਬੇਫਿਕਰੀ ਦੇ ਆਲਮ 'ਚ ਬੋਲਿਆ, 'ਬਸ ਜ਼ਰ੍ਹਾ ਕੁ ਪਾਸੇ ਹੋ ਕੇ ਖੜ੍ਹ ਧੁੱਪ ਆਉਣ ਦੇ।'

ਅਜੋਕੇ ਦੌਰ ਵਿੱਚ ਅਸੀਂ ਆਪਣੇ ਅੰਦਰੋਂ ਸਹਿਜ, ਸਬਰ ਤੇ ਸੰਤੋਖ ਨੂੰ ਗਵਾ ਕੇ ਆਪਣੇ ਆਪ ਨੂੰ ਮੁਨਾਫਿਆਂ, ਖੁਦਗਰਜ਼ੀਆਂ ਅਤੇ ਲਾਲਚਾਂ ਨੂੰ ਸਮਰਪਤ ਕਰ ਦਿੱਤਾ ਹੈ। ਇਹੋ ਕਾਰਨ ਹੈ ਕਿ ਦੁਨੀਆ ਭਰ ਵਿੱਚ ਮਾਨਸਿਕ ਵਿਕਾਰ ਲਗਾਤਾਰ ਵਧ ਰਹੇ ਹਨ। ਇਹ ਜ਼ਰੂਰੀ ਨਹੀਂ ਕਿ ਮਨੁੱਖ ਕੋਲ ਬਹੁਤ ਸਾਰੀ ਧਨ ਦੌਲਤ ਹੋਵੇ ਤਾਂ ਫਿਰ ਹੀ ਉਹ ਖੁਸ਼ ਰਹਿ ਸਕਦਾ ਹੈ। ਖੁਸ਼ਹਾਲੀ ਦਾ ਸੰਬੰਧ ਬੇਤਹਾਸ਼ਾ ਸਾਧਨਾਂ/ਵਸਤਾਂ ਨਾਲ ਨਹੀਂ, ਬਲਕਿ ਮਨੁੱਖ ਦੀ ਚੰਗੀ ਸਿਹਤ, ਪੌਸ਼ਟਿਕ ਭੋਜਨ, ਮਨੋਰੰਜਨ ਦੇ ਢੁਕਵੇਂ ਸਾਧਨ, ਸਰਬੱਤ ਦੇ ਭਲੇ ਦੀ ਸੋਚ ਰੱਖਣ ਵਾਲਾ ਸਮਾਜ, ਸਿਹਤਮੰਤ ਵਾਤਾਵਰਣ ਅਤੇ ਕੁਦਰਤ ਨਾਲ ਇਕਮਿਕਤਾ ਬਣਾ ਕੇ ਰੱਖਣ ਵਿੱਚ ਹੈ। ਅਮਰੀਕਾ ਵਰਗੇ ਵਿਕਸਤ ਦੇਸ਼ਾਂ ਵਿੱਚ ਵੀ ਮਾਨਸਿਕ ਰੋਗਾਂ ਦੀ ਸ਼ਿਕਾਰ ਹੋਈ ਵੱਡੀ ਗਿਣਤੀ ਲੋਕ ਮਨੋਵਿਕਾਰਾਂ ਦੀਆਂ ਦਵਾਈਆਂ ਖਾਣ ਲਈ ਮਜਬੂਰ ਹਨ। ਦੁਨੀਆ ਭਰ ਵਿੱਚ ਮਾਨਸਿਕ ਰੋਗਾਂ ਨੂੰ ਦੂਰ ਕਰਨ ਵਾਲੀਆਂ ਦਵਾਈਆਂ ਦੀ ਸਨਅਤ ਪਿਛਲੇ ਕੁਝ ਅਰਸੇ ਤੋਂ ਦਿਨ ਦੁਗਣੀ ਰਾਤ ਚੌਗੁਣੀ ਤਰੱਕੀ ਕਰ ਰਹੀ ਹੈ। ਵਿਕਾਸਸ਼ੀਲ ਅਤੇ ਗਰੀਬ ਮੁਲਕਾਂ ਦੇ ਮੁਕਾਬਲੇ ਵਿਕਸਤ ਮੁਲਕਾਂ ਵਿੱਚ ਵੱਡੀ ਗਿਣਤੀ ਲੋਕ ਹਨ, ਜਿਹਨਾਂ ਨੂੰ ਰਾਤ ਨੂੰ ਨੀਂਦ ਨਹੀਂ ਆਉਂਦੀ, ਲੋਕ ਟ੍ਰੈਂਕੋਲਾਈਜ਼ਰ ਦਵਾਈਆਂ ਦਾ ਸਹਾਰਾ ਲੈ ਕੇ ਨੀਂਦ ਲੈਂਦੇ ਹਨ। ਦੂਜੇ ਪਾਸੇ ਭੂਟਾਨ ਵਰਗੇ ਘੱਟ ਸਾਧਨਾਂ ਵਾਲੇ ਦੇਸ਼ ਵੀ ਹਨ, ਜਿੱਥੋਂ ਦੇ ਲੋਕ ਕਈ ਵਿਕਸਤ ਮੁਲਕਾਂ ਦੇ ਮੁਕਾਬਲੇ ਵਧੇਰੇ ਖੁਸ਼ਹਾਲ ਹਨ।

ਸਾਡੀ ਸਿਹਤ ਬਾਰੇ ਕਈ ਤਰ੍ਹਾਂ ਦੇ ਕਿਆਫੇ ਹਨ, ਜਿਵੇਂ ਸਮਾਜ ਦੀ ਸਿਹਤ, ਸਾਡੀ ਵਾਤਾਵਰਣਿਕ ਸਿਹਤ, ਪਰ ਮੋਟੇ ਤੌਰ 'ਤੇ ਅਸੀਂ ਮਨੁੱਖੀ ਸਿਹਤ ਨੂੰ ਦੋ ਭਾਗਾਂ ਵਿੱਚ ਵੰਡਦੇ ਹਾਂ: ਸਰੀਰਕ ਸਿਹਤ ਅਤੇ ਮਾਨਸਿਕ ਸਿਹਤ। ਸਰੀਰਕ ਤੌਰ 'ਤੇ ਮਨੁੱਖ ਨੂੰ ਲੱਗਣ ਵਾਲੀਆਂ ਜੋੜ ਬੁਖਾਰ, ਦਰਦ, ਡਾਇਰੀਆ, ਮਲੇਰੀਆ, ਪੀਲੀਆ, ਟਾਈਫਾਈਡ, ਟੀ ਬੀ, ਕੈਂਸਰ, ਏਡਜ਼ ਆਦਿ ਹਜ਼ਾਰਾਂ ਬਿਮਾਰੀਆਂ ਦੀ ਲੰਮੀ ਸੂਚੀ ਹੈ। ਦੂਜੇ ਪਾਸੇ ਮਾਨਸਿਕ ਬਿਮਾਰੀਆਂ ਦਾ ਇੱਕ ਵਰਗ ਹੈ। ਮਾਨਸਿਕ ਬਿਮਾਰੀ ਵਿੱਚ ਮਨੁੱਖ ਸਰੀਰਕ ਪੱਖੋਂ ਭਾਵੇਂ ਠੀਕ ਹੋਵੇ, ਪਰ ਮਾਨਸਿਕ ਪੱਖੋਂ ਉਹ ਕਈ ਤਰ੍ਹਾਂ ਦੇ ਵਿਕਾਰਾਂ ਦਾ ਸ਼ਿਕਾਰ ਹੋ ਜਾਂਦਾ ਹੈ। ਮਨੁੱਖ ਦੀ ਮਾਨਸਿਕ ਸਿਹਤ ਜਿੱਥੇ ਉਸ ਦੇ ਹਰ ਤਰ੍ਹਾਂ ਦੇ ਸਰੀਰਕ ਰੋਗਾਂ ਨਾਲ ਪ੍ਰਭਾਵਤ ਹੁੰਦੀ ਹੈ, ਉੱਥੇ ਸੱਚ ਇਹ ਵੀ ਹੈ ਕਿ ਮਨੁੱਖ ਦੀ ਮਾਨਸਿਕ ਸਿਹਤ ਮਨੁੱਖ ਦੇ ਵਜੂਦ ਤੱਕ ਹੀ ਸੀਮਤ ਨਹੀਂ ਹੁੰਦੀ, ਬਲਕਿ ਇਸ ਦਾ ਵਿਸਥਾਰ ਮਨੁੱਖ ਦੇ ਘਰ ਪਰਵਾਰ ਦੇ ਜੀਅ, ਉਸ ਦੀ ਆਰਥਿਕਤਾ, ਉਸ ਦਾ ਆਲਾ-ਦੁਆਲਾ, ਕੰਮ ਕਰਨ ਦੀਆਂ ਪ੍ਰਸਥਿਤੀਆਂ ਅਤੇ ਪੂਰੇ ਸਮਾਜ ਨਾਲ ਜੁੜੀ ਹੁੰਦੀ ਹੈ। ਜੇਕਰ ਇੱਥੇ ਸਭ ਕੁਝ ਠੀਕ ਹੈ ਤਾਂ ਮਨੁੱਖ ਦੀ ਸਿਹਤ ਨੇ ਠੀਕ ਰਹਿਣਾ ਹੈ, ਜੇਕਰ ਕਿਸੇ ਸਮਾਜ ਵਿੱਚ ਅਜਿਹਾ ਨਹੀਂ ਤਾਂ ਉੱਥੇ ਮਨੁੱਖਾਂ ਦੀ ਵੱਡੀ ਗਿਣਤੀ ਮਾਨਸਿਕ ਵਿਕਾਰਾਂ ਦੀ ਸ਼ਿਕਾਰ ਹੋਣ ਲੱਗ ਪੈਂਦੀ ਹੈ। ਅੱਜ ਜਦੋਂ ਮਨੁੱਖ ਵਿਕਾਸ ਕਰਦਾ-ਕਰਦਾ ਮੌਜੂਦਾ ਦੌਰ ਦੀ ਸੱਭਿਅਤਾ ਤੱਕ ਪਹੁੰਚਿਆ ਹੈ ਤਾਂ ਅੱਜ ਇਹ ਕਿਹਾ ਜਾ ਸਕਦਾ ਹੈ ਕਿ ਪ੍ਰਸ਼ਾਸਨਿਕ ਅਤੇ ਰਾਜਨੀਤਕ ਵਿਵਸਥਾ ਵੀ ਉਸ ਦੀ ਮਾਨਸਿਕ ਸਿਹਤ ਨੂੰ ਰੋਗੀ ਜਾਂ ਨਿਰੋਇਆ ਬਣਾਉਣ ਵਿੱਚ ਆਪਣੀ ਭੂਮਿਕਾ ਨਿਭਾਉਂਦੀ ਹੈ। ਇੱਥੇ ਦੂਜੇ ਅਰਥਾਂ ਵਿੱਚ ਇਹ ਕਿਹਾ ਜਾ ਸਕਦਾ ਹੈ ਕਿ ਘਰ ਪਰਵਾਰ, ਸਮਾਜ, ਪ੍ਰਸ਼ਾਸਨਿਕ ਅਤੇ ਆਰਥਿਕ ਵਿਵਸਥਾ ਵਿੱਚ ਜੇਕਰ ਸਭ ਕੁਝ ਠੀਕ ਹੈ ਤਾਂ ਮਨੁੱਖ ਮਾਨਸਿਕ ਤੌਰ 'ਤੇ ਤੰਦਰੁਸਤ ਰਹੇਗਾ, ਅਗਰ ਨਹੀਂ ਤਾਂ ਸਮਾਜ ਦੀ ਬਹੁਗਿਣਤੀ ਮਾਨਸਿਕ ਵਿਕਾਰਾਂ ਦੀ ਸ਼ਿਕਾਰ ਹੋ ਜਾਵੇਗੀ। ਸਮਾਜ ਵਿੱਚ ਆਤਮ-ਹੱਤਿਆਵਾਂ ਵਧ ਜਾਂਦੀਆਂ ਹਨ। ਨਸ਼ੇ ਦਾ ਪ੍ਰਚਲਣ ਆਮ ਹੋਣ ਲੱਗਦਾ ਹੈ, ਲੜਾਈਆਂ, ਝਗੜੇ ਵਧਣ ਲੱਗ ਜਾਂਦੇ ਹਨ, ਕਤਲ, ਕਲੇਸ਼ ਅਤੇ ਮਾਰਧਾੜ ਵਰਗੀਆਂ ਘਟਨਾਵਾਂ ਵਿੱਚ ਵੇਗ ਆ ਜਾਂਦਾ ਹੈ। ਅਜਿਹੀ ਹਾਲਤ ਨੂੰ ਅਸੀਂ ਕਹਿ ਸਕਦੇ ਹਾਂ ਕਿ ਸਾਡੇ ਸਮਾਜ ਦੀ ਬਹੁਗਿਣਤੀ ਮਾਨਸਿਕ ਵਿਕਾਰਾਂ ਦੀ ਸ਼ਿਕਾਰ ਹੋ ਗਈ ਹੈ। ਮਾਨਸਿਕ ਵਿਕਾਰਾਂ ਤੋਂ ਪੀੜਤ ਵਿਅਕਤੀ ਉਦਾਸ ਰਹਿੰਦਾ ਹੈ, ਚੁੱਪ-ਚੁੱਪ ਰਹਿਣ ਲੱਗਦਾ ਹੈ ਜਾਂ ਜ਼ਿਆਦਾ ਬੋਲਦਾ ਹੈ, ਉਸ ਨੂੰ ਕੁਝ ਵੀ ਚੰਗਾ ਨਹੀਂ ਲੱਗਦਾ, ਆਪਣੀ ਸਿਹਤ ਪ੍ਰਤੀ ਕਈ ਤਰ੍ਹਾਂ ਦੇ ਵਿਚਾਰ ਬਣਾ ਲੈਂਦਾ ਹੈ, ਜਿਵੇਂ ਆਪਣੇ-ਆਪ ਨੂੰ ਕਿਸੇ ਭਿਆਨਕ ਬਿਮਾਰੀ ਤੋਂ ਪੀੜਤ ਸਮਝਣ ਲੱਗ ਪੈਂਦਾ ਹੈ, ਥਕਾਵਟ ਰਹਿਣੀ, ਠੀਕ ਤਰ੍ਹਾਂ ਨੀਂਦ ਨਾ ਆਉਣੀ, ਭੁੱਖ ਪਿਆਸ ਨਾ ਲੱਗਣੀ, ਇੱਕੋ ਗੱਲ ਨੂੰ ਵਾਰ-ਵਾਰ ਕਰੀ ਜਾਣਾ, ਸੁਭਾਅ ਚਿੜਚਿੜਾ ਹੋ ਜਾਣਾ, ਸ਼ੱਕ ਕਰਨਾ, ਕਈ ਤਰ੍ਹਾਂ ਦੇ ਡਰ ਲੱਗਣੇ, ਵਹਿਮ ਹੋਣਾ, ਕਿਸੇ ਨੂੰ ਮਿਲਣ ਤੋਂ ਕੰਨੀਂ ਕਤਰਾਉਣਾ, ਆਤਮ ਹੱਤਿਆ ਕਰਨ 'ਤੇ ਮਨ ਕਰਨਾ ਆਦਿ ਮਾਨਸਿਕ ਬਿਮਾਰੀਆਂ ਦੇ ਲੱਛਣ ਹਨ। ਅੱਜ ਅਜਿਹੇ ਮਾਨਸਿਕ ਵਿਕਾਰਾਂ ਤੋਂ ਪੀੜਤ ਲੋਕਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ।

ਸਮੇਂ ਦੇ ਬਦਲਣ ਨਾਲ ਮਨੁੱਖ ਦੀਆਂ ਲੋੜਾਂ ਵਿੱਚ ਬੇਸ਼ੁਮਾਰ ਵਾਧਾ ਹੋਇਆ ਹੈ। ਸਾਂਝੇ ਪਰਵਾਰ ਟੁੱਟ ਰਹੇ ਹਨ। ਆਬਾਦੀ ਵਧ ਰਹੀ ਹੈ, ਪਰ ਮਨੁੱਖ ਦੀ ਇਕੱਲਤਾ ਵਧ ਰਹੀ ਹੈ। ਪੂੰਜੀਵਾਦੀ ਬਜ਼ਾਰ ਅਤੇ ਵਪਾਰ ਦੇ ਵਿਸਥਾਰ ਨੇ ਮਨੁੱਖ ਸਾਹਵੇਂ ਵਸਤਾਂ ਦਾ ਇੱਕ ਤਲਿਸਮੀ ਸੰਸਾਰ ਸਿਰਜਿਆ ਹੈ। ਮਨੁੱਖ ਬੌਂਦਲਿਆ ਜਿਹਾ ਫਿਰਦਾ ਹੈ, ਜਿਵੇਂ ਉਹਨੂੰ ਸਮਝ ਨਹੀਂ ਆਉਂਦੀ ਕੀ ਕਰੇ ਕੀ ਨਾ ਕਰੇ।

ਡਾਕਟਰੀ ਵਿਗਿਆਨ ਅਨੁਸਾਰ ਮਾਨਸਿਕ ਬਿਮਾਰੀਆਂ ਸਰੀਰਕ ਬਿਮਾਰੀਆਂ ਤੋਂ ਵਧੇਰੇ ਤਕਲੀਫਦੇਹ ਹੁੰਦੀਆਂ ਹਨ। ਵਿਦਵਾਨ ਸਿਸਰੋ ਲਿਖਦੇ ਹਨ, 'ਮਨ ਦੇ ਦੁੱਖ ਤਨ ਦੀਆਂ ਪੀੜਾਂ ਨਾਲੋਂ ਵਧੇਰੇ ਸਖਤ ਹੁੰਦੇ ਹਨ।' ਅਫਸੋਸ ਦੀ ਗੱਲ ਇਹ ਹੈ ਕਿ ਸਾਡੇ ਲੋਕਾਂ ਵਿੱਚ ਇਹਨਾਂ ਬਿਮਾਰੀਆਂ ਪ੍ਰਤੀ ਜਾਗਰੂਕਤਾ ਨਹੀਂ ਆਈ। ਇਹਨਾਂ ਪ੍ਰਤੀ ਸਾਡੇ ਸਮਾਜ ਵਿਚ ਕਈ ਤਰ੍ਹਾਂ ਦੇ ਵਹਿਮ-ਭਰਮ ਅੱਜ ਵੀ ਪ੍ਰਚੱਲਤ ਹਨ। ਅੱਜ ਵੀ ਜਦੋਂ ਖੂਨ ਦੇ ਟੈਸਟ, ਐਕਸ ਰੇ, ਅਲਟਰਾਸਾਊਂਡ ਕਰਾਉਣ 'ਤੇ ਜੇਕਰ ਮਰੀਜ਼ ਦੀ ਬਿਮਾਰੀ ਦਾ ਪਤਾ ਨਹੀਂ ਚਲਦਾ ਤਾਂ ਪੜ੍ਹੇ-ਲਿਖੇ ਲੋਕ ਵੀ ਇਹ ਅਕਸਰ ਕਹਿੰਦੇ ਹਨ 'ਸੰਬੰਧਤ ਵਿਅਕਤੀ ਨੂੰ ਕੋਈ ਬਾਹਰੀ (ਉਪਰੀ) ਕਸਰ ਹੈ, ਜੋ ਟੈਸਟਾਂ ਵਿੱਚ ਨਹੀਂ ਆ ਰਹੀ, ਜਾਂ 'ਕਿਸੇ ਭੂਤ-ਪ੍ਰੇਤ ਦਾ ਸਾਇਆ ਹੋ ਗਿਆ।' ਇਹ ਵੀ ਸਮਝਿਆ ਜਾਂਦਾ ਹੈ ਕਿ ਸੰਬੰਧਤ ਵਿਅਕਤੀ ਨੂੰ ਕਿਸੇ ਨੇ ਜਾਣਬੁੱਝ ਕੇ ਜਾਦੂ-ਟੂਣਾ ਕਰਾ ਕੇ ਜਾਂ ਧਾਗਾ-ਤਵੀਤ ਕਰਾ ਕੇ ਬਿਮਾਰ ਕਰ ਦਿੱਤਾ ਹੈ, ਜਦ ਕਿ ਅਜਿਹੀਆਂ ਧਾਰਨਾਵਾਂ ਵਿੱਚ ਰਤੀ ਭਰ ਵੀ ਸੱਚਾਈ ਨਹੀਂ ਹੁੰਦੀ। ਅੰਧ-ਵਿਸ਼ਵਾਸਾਂ ਦੀ ਦਲਦਲ ਵਿੱਚ ਫਸੇ ਲੋਕ ਇਹ ਸਮਝਦੇ ਹਨ ਕਿ ਉਪਰੋਕਤ ਕਿਸਮ ਦੀਆਂ ਬਿਮਾਰੀਆਂ ਦਾ ਇਲਾਜ ਡਾਕਟਰ ਦੀ ਸਮਝ ਵਿੱਚ ਨਹੀਂ ਆਉਣ ਵਾਲਾ, ਇਸ ਨੂੰ ਠੀਕ ਕਰਨ ਲਈ ਕਿਸੇ ਸਿਆਣੇ, ਸਾਧ, ਤਾਂਤਰਿਕ, ਜੋਤਿਸ਼ੀ ਦੀ ਜ਼ਰੂਰਤ ਹੈ ਜੋ ਆਪਣੀਆਂ ਗੈਬੀ ਤਾਕਤਾਂ ਨਾਲ, ਪਾਠ-ਪੂਜਾ ਕਰਕੇ ਜਾਂ ਜਾਦੂ-ਟੂਣਾ ਕਰਕੇ ਪੀੜਤ ਵਿਅਕਤੀ ਨੂੰ ਠੀਕ ਕਰ ਦੇਵੇ। ਇਹੋ ਕਾਰਨ ਹੈ ਕਿ ਸਾਡੇ ਮੁਲਕ ਵਿੱਚ ਅਜਿਹੀਆਂ ਬਿਮਾਰੀਆਂ ਤੋਂ ਨਿਜਾਤ ਦਿਵਾਉਣ ਵਾਲੇ ਹਰ ਥਾਂ ਆਸਾਨੀ ਨਾਲ ਮਿਲ ਜਾਂਦੇ ਹਨ, ਜਦਕਿ ਸਚਾਈ ਇਹ ਹੈ ਕਿ ਇਹਨਾਂ ਅਖੌਤੀ ਬਾਬਿਆਂ, ਸਿਆਣਿਆਂ, ਤਾਂਤਰਿਕਾਂ ਨੂੰ ਮਨੁੱਖ ਦੀਆਂ ਮਾਨਸਿਕ ਸਮੱਸਿਆਵਾਂ ਦਾ ੳ-ਅ ਵੀ ਪਤਾ ਨਹੀਂ ਹੁੰਦਾ। ਜਦੋਂ ਕਿਸੇ ਸਮਾਜ ਵਿੱਚ ਮਾਨਸਿਕ ਰੋਗੀਆਂ ਦੀ ਗਿਣਤੀ ਵਧਦੀ ਹੈ ਤਾਂ ਉਸ ਸਮਾਜ ਵਿੱਚ ਅਖੌਤੀ ਡੇਰਿਆਂ, ਮਜ਼ਾਰਾਂ ਅਤੇ ਧਰਮ ਅਸਥਾਨਾਂ 'ਤੇ ਲੋਕਾਂ ਦੀ ਟੇਕ ਹੋਰ ਵਧ ਜਾਂਦੀ ਹੈ।

ਪਿਛਲੇ ਕੁਝ ਅਰਸੇ ਤੋਂ ਬੇਕਿਰਕ ਪੂੰਜੀਵਾਦੀ ਨਿਜ਼ਾਮ ਦੇ ਗਲਬੇ ਨਾਲ ਦੁਨੀਆ ਦੇ ਵੱਡੀ ਗਿਣਤੀ ਲੋਕ ਜਨਤਕ ਅਦਾਰਿਆਂ, ਕੁਦਰਤੀ ਸਾਧਨਾਂ, ਨੌਕਰੀਆਂ, ਰੋਜ਼ਗਾਰਾਂ ਤੋਂ ਵਿਰਵੇ ਹੋ ਕੇ ਆਪਣੇ-ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਆਰਥਿਕ ਪੱਖੋਂ ਅਸੁਰੱਖਿਆ ਦੀ ਭਾਵਨਾ ਕਈ ਤਰ੍ਹਾਂ ਦੇ ਡਰ, ਫਿਕਰ, ਸ਼ੰਕੇ, ਨਿਰਾਸ਼ ਅਤੇ ਮਾਯੂਸੀ ਦੇ ਆਲਮ ਨੂੰ ਜਨਮ ਦਿੰਦੀ ਹੈ। ਪੂੰਜੀਵਾਦੀ ਵਿਵਸਥਾ ਨੇ ਦੁਨੀਆ ਭਰ ਦੇ ਕਰੋੜਾਂ ਲੋਕਾਂ ਨੂੰ ਪੱਕੀਆਂ ਨੌਕਰੀਆਂ ਅਤੇ ਕਿਰਤ ਤੋਂ ਤੋੜ ਕੇ ਬੇਸਹਾਰੇ ਬਣਾ ਦਿੱਤਾ ਹੈ। ਰਾਜਸੀ ਮੰਚਾਂ 'ਤੇ ਲੋਕਾਂ ਲਈ ਬੜੇ ਵੱਡੇ ਅਡੰਬਰ ਰਚੇ ਜਾ ਰਹੇ ਹਨ। ਆਮ ਮਨੁੱਖ ਆਪਣੀਆਂ ਜੜ੍ਹਾਂ ਤੋਂ ਟੁੱਟ ਰਿਹਾ ਹੈ। ਕਿਰਤ ਤੋਂ ਤੋੜ ਵਿਛੋੜਾ ਅਤੇ ਭਵਿੱਖ ਪ੍ਰਤੀ ਅਸੁਰੱਖਿਆ ਦੀ ਭਾਵਨਾ ਕਈ ਤਰ੍ਹਾਂ ਦੀਆਂ ਮੁਸ਼ਕਲਾਂ, ਸਮੱਸਿਆਵਾਂ ਅਤੇ ਮਾਨਸਿਕ ਵਿਕਾਰਾਂ ਨੂੰ ਜਨਮ ਦੇ ਰਹੀ ਹੈ। ਸੋਸ਼ਲ ਮੀਡੀਆ ਦੀਆਂ ਸਾਈਟਾਂ/ ਗੇਮਾਂ ਦੇ ਨਸ਼ਿਆਂ ਵਾਂਗ ਆਦੀ ਹੋਏ ਨੌਜਵਾਨਾਂ ਦੀ ਮਾਨਸਿਕ ਇਕਾਗਰਤਾ ਜਦੋਂ ਵਾਰ-ਵਾਰ ਭੰਗ ਹੁੰਦੀ ਹੈ ਤਾਂ ਇਹ ਵੀ ਕਈ ਤਰ੍ਹਾਂ ਦੇ ਮਾਨਸਿਕ ਵਿਕਾਰ ਪੈਦਾ ਕਰਦੀ ਹੈ। ਮਾਨਸਿਕ ਅਤੇ ਸਰੀਰਕ ਸੰਕਟਾਂ ਦੇ ਕਾਰਨਾਂ ਦੀ ਅਗਿਆਨਤਾ ਸਮਾਜ ਵਿੱਚ ਵੱਖ-ਵੱਖ ਕਿਸਮਾਂ ਦੇ ਨਸ਼ਿਆਂ ਦਾ ਚਲਣ ਵਧਾ ਰਹੀ ਹੈ।

ਸਾਨੂੰ ਇਹ ਸਮਝਣਾ ਪਵੇਗਾ ਕਿ ਇਹ ਜ਼ਿੰਦਗੀ ਇਛਾਵਾਂ, ਲਾਲਸਾਵਾਂ ਅਤੇ ਪੈਸੇ ਨੂੰ ਸਮਰਪਤ ਲਈ ਨਹੀਂ ਹੈ। ਕੇਵਲ ਪੈਸੇ ਲਈ ਜਿਉਣਾ ਸ਼ਾਇਦ ਸਭ ਤੋਂ ਹੇਠਲੇ ਦਰਜੇ ਦਾ ਜਿਉਣਾ ਹੈ। ਅਸੀਂ ਇਸ ਧਰਤੀ 'ਤੇ ਕੁਝ ਸਮਾਂ ਰਹਿਣ ਵਾਸਤੇ ਆਏ ਹਾਂ, ਇੱਥੇ ਕੁਝ ਸਮਾਂ ਰਹਿਣ ਮਗਰੋਂ ਸਭ ਨੇ ਚਲੇ ਜਾਣਾ ਹੈ। ਧਰਤੀ ਦੇ ਰੰਗਮੰਚ 'ਤੇ ਸਾਡਾ ਰੋਲ ਯਾਦਗਾਰੀ ਹੋਣਾ ਚਾਹੀਦਾ ਹੈ। ਮਨੁੱਖ ਨੇ ਕੇਵਲ ਆਪਣੇ ਲਈ ਨਹੀਂ, ਉਸ ਨੇ ਸਰਬੱਤ ਦੇ ਭਲੇ ਲਈ ਇਸ ਸਮਾਜ ਤੇ ਆਪਣੇ ਆਲੇ-ਦੁਆਲੇ ਨੂੰ ਹੋਰ ਬਿਹਤਰ ਬਣਾਉਣ ਲਈ ਵੀ ਯਤਨਸ਼ੀਲ ਰਹਿਣਾ ਹੁੰਦਾ ਹੈ।

**# ਸੰਪਰਕ : 98550-51099**

# ਧਰਮ, ਰਾਜਨੀਤੀ ਅਤੇ ਭ੍ਰਿਸ਼ਟ ਅਫਸਰਸ਼ਾਹੀ ਦੀ ਆੜ 'ਚ ਚਲਦੇ ਗੋਰਖ਼ਧੰਦੇ



ਜਗਤਾਰ ਸਮਾਲਸਰ

ਧਰਮ ਅਤੇ ਰਾਜਨੀਤੀ ਦੋ ਅਜਿਹੇ ਮਾਰਗ ਹਨ, ਜਿਨ੍ਹਾਂ ਰਾਹੀਂ ਆਮ ਲੋਕਾਂ ਦੀ ਅਗਵਾਈ ਕਰਕੇ ਇਨ੍ਹਾਂ ਦੇ ਆਗੂਆਂ ਨੇ ਲੋਕ ਭਲਾਈ ਦੇ ਕੰਮ ਕਰਨੇ ਹੁੰਦੇ ਹਨ, ਪਰ ਅੱਜ ਧਰਮ ਅਤੇ ਰਾਜਨੀਤੀ ਦੇ ਨਾਲ-ਨਾਲ ਅਫ਼ਸਰਸ਼ਾਹੀ ਦਾ ਗਠਜੋੜ ਸਮਾਜ ਦਾ ਵੱਡਾ ਨੁਕਸਾਨ ਕਰਨ 'ਤੇ ਉਤਾਰੂ ਹੋਇਆ ਨਜ਼ਰ ਆ ਰਿਹਾ ਹੈ । ਕੋਈ ਧਾਰਮਿਕ ਆਗੂ ਚਾਹੇ ਉਹ ਕਿਸੇ ਵੀ ਧਰਮ ਨਾਲ ਸੰਬੰਧਤ ਹੋਵੇ, ਉਸ ਦਾ ਮੁੱਢਲਾ ਫਰਜ਼ ਆਪਣੇ ਧਰਮ ਵਿੱਚ ਆ ਰਹੀਆ ਊਣਤਾਈਆ ਪ੍ਰਤੀ ਲੋਕਾਂ ਨੂੰ ਜਾਗੂਰਕ ਕਰਕੇ ਆਪਣੇ ਧਰਮ ਨੂੰ ਉਸਾਰੂ ਲੀਹਾਂ 'ਤੇ ਤੋਰਨਾ ਹੁੰਦਾ ਹੈ। ਧਰਮ ਵਿੱਚ ਫੈਲੀਆਂ ਕੁਰੀਤੀਆਂ ਅਤੇ ਮਨਮੱਤਾਂ ਨੂੰ ਖਾਰਜ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਦੇ ਨਾਲ-ਨਾਲ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦੇਣਾ ਵੀ ਕਿਸੇ ਧਾਰਮਿਕ ਆਗੂ ਦੇ ਮੁੱਢਲੇ ਫਰਜ਼ ਹੁੰਦੇ ਹਨ।

ਅਫ਼ਸੋਸ ਦੀ ਗੱਲ ਇਹ ਹੈ ਕਿ ਭਾਵੇ ਸਾਰੇ ਧਰਮਾਂ ਦੇ ਹੀ ਆਗੂ ਉਪਦੇਸ਼ ਤਾਂ ਬੁਰਾਈਆ ਤੋਂ ਸਦਾ ਬਚਣ ਦੇ ਹੀ ਦਿੰਦੇ ਹਨ, ਪਰ ਬਹੁਤੇ ਧਾਰਮਿਕ ਆਗੂ ਖੁਦ ਅਜਿਹੀਆ ਬੁਰਾਈਆਂ ਨਾਲ ਲਿਬਰੇਜ਼ ਹੁੰਦੇ ਹਨ । ਸੋਸ਼ਲ ਮੀਡੀਆ 'ਤੇ ਆਏ ਦਿਨ ਹੀ ਵਾਇਰਲ ਹੋ ਰਹੀਆਂ ਅਜਿਹੀਆ ਵੀਡੀਓ ਇਸ ਗੱਲ ਦੀ ਗਵਾਹੀ ਭਰਦੀਆਂ ਹਨ ਕਿ ਅੱਜਕੱਲ ਲੋਕ ਆਪਣੀਆਂ ਬੁਰਾਈਆਂ ਨੂੰ ਛੁਪਾਉਣ ਲਈ ਧਾਰਮਿਕਤਾ ਦਾ ਸਹਾਰਾ ਲੈਣ ਲੱਗ ਪਏ ਹਨ। ਅਜਿਹੀ ਪ੍ਰਵਿਰਤੀ ਵਾਲੇ ਲੋਕ ਅਕਸਰ ਹੀ ਆਪਣੀਆਂ ਨਜ਼ਦੀਕੀਆਂ ਰਾਜਨੀਤਕ ਲੋਕਾਂ ਨਾਲ ਵੀ ਬਣਾ ਕੇ ਰੱਖਦੇ ਹਨ, ਤਾਂ ਕਿ ਕਿਸੇ ਮੁਸੀਬਤ ਸਮੇਂ ਆਪਣੇ ਆਪ ਨੂੰ ਬਚਾਉਣ ਲਈ ਕੋਈ ਦਿੱਕਤ ਪੇਸ਼ ਨਾ ਆਵੇ।

ਇੱਕ ਸਿਆਸਤਦਾਨ ਅਸਲ ਮਾਅਨਿਆਂ ਵਿੱਚ ਲੋਕਾਂ ਦਾ ਸੇਵਾਦਾਰ ਹੁੰਦਾ ਹੈ, ਪਰ ਚੋਣਾਂ ਜਿੱਤਣ ਤੋਂ ਬਾਅਦ ਸਿਆਸੀ ਲੋਕਾਂ ᐧ:ਤੇ ਵੀ ਅਕਸਰ ਹੀ ਹੈਂਕੜਬਾਜ਼ੀ ਭਾਰੂ ਹੋਈ ਨਜ਼ਰ ਆਉਂਦੀ ਹੈ। ਉਹ ਆਪਣੇ ਕਰੀਬੀਆਂ ਨੂੰ ਗੈਰ-ਸਮਾਜਿਕ ਕੰਮ ਕਰਨ ਦੀ ਖੁੱਲ੍ਹ ਦੇ ਕੇ ਗੈਰ-ਜ਼ਿੰਮੇਵਾਰ ਭੂਮਿਕਾ ਨਿਭਾਉਂਦਾ ਹੈ, ਜੋ ਭਵਿੱਖ ਲਈ ਖਤਰਨਾਕ ਹੋ ਨਿਬੜਦੀ ਹੈ। ਅਜਿਹੇ ਸਿਆਸੀ ਲੋਕਾਂ ਦੀ ਸ਼ਹਿ 'ਤੇ ਪਿੰਡਾਂ, ਬਲਾਕ ਜਾਂ ਜ਼ਿਲ੍ਹਾ ਪੱਧਰ 'ਤੇ ਪਲਦੇ ਛੋਟੇ-ਛੋਟੇ ਸਿਆਸੀ ਲੀਡਰਾਂ ਦਾ ਅਸਲ ਕੰਮ ਵੀ ਲੋਕ ਸੇਵਾ ਕਰਨਾ ਨਹੀਂ, ਸਗੋਂ ਲੋਕਾਂ ਦਾ ਨੁਕਸਾਨ ਕਰਨਾ ਬਣ ਜਾਂਦਾ ਹੈ। ਅਜਿਹੇ ਬਹੁਤੇ ਲੋਕ ਪਰਦੇ ਪਿੱਛੇ ਅਕਸਰ ਨਸ਼ਿਆਂ ਆਦਿ ਦੇ ਧੰਦਿਆਂ ਵਿੱਚ ਸ਼ਾਮਲ ਹੁੰਦੇ ਹਨ, ਜੋ ਲੋਕ ਸੇਵਾ ਦੇ ਨਾਂਅ 'ਤੇ ਲੋਕਾਂ ਦੇ ਨੌਜਵਾਨ ਮੁੰਡਿਆਂ-ਕੁੜੀਆਂ ਦੀਆਂ ਜਵਾਨੀਆਂ ਨੂੰ ਬਰਬਾਦ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਉਂਦੇ ਹਨ । ਭ੍ਰਿਸ਼ਟ ਅਫ਼ਸਰਸ਼ਾਹੀ ਵੀ ਧਰਮ ਅਤੇ ਰਾਜਨੀਤੀ ਦੇ ਨਾਲ ਰਲ ਕੇ ਅਪਰਾਧੀ ਕਿਸਮ ਦੇ ਲੋਕਾਂ ਨੂੰ ਕਾਨੂੰਨ ਤੋਂ ਬਚਾਉਣ ਵਿੱਚ ਵੱਡੀ ਭੂਮਿਕਾ ਨਿਭਾ ਰਹੀ ਹੈ, ਜੋ ਅਤਿ ਨਿੰਦਣਯੋਗ ਹੈ।

ਫਰਜ਼ੀ ਕਿਸਮ ਦੇ ਲੋਕ ਧਾਰਮਿਕ ਸਥਾਨਾਂ ਲਈ ਉਗਰਾਹੀ ਕਰਦੇ ਵੀ ਹਰ ਥਾਂ ਨਜ਼ਰ ਆ ਰਹੇ ਹਨ । ਆਏ ਦਿਨ ਅਨੇਕ ਅਜਿਹੇ ਠੱਗ ਸਾਹਮਣੇ ਆ ਰਹੇ ਹਨ, ਜੋ ਭੋਲੇਭਾਲੇ ਲੋਕਾਂ ਦੀ ਅੰਨ੍ਹੀ ਸ਼ਰਧਾ ਭਾਵਨਾ ਦਾ ਫਾਇਦਾ ਉਠਾਉਂਦੇ ਹੋਏ ਅਜਿਹੀਆਂ ਠੱਗੀਆਂ ਮਾਰ ਕੇ ਆਪਣਾ ਤੋਰੀ-ਫੁਲਕਾ ਚਲਾ ਰਹੇ ਹਨ । ਧਾਰਮਿਕਤਾ ਦਾ ਚੋਲਾ ਪਹਿਨ ਕੇ ਲੋਕਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਨ ਵਾਲੇ ਅਜਿਹੇ ਲੋਕਾਂ ਦੀ ਗਿਣਤੀ ਦਿਨੋਂ-ਦਿਨ ਵਧ ਰਹੀ ਹੈ । ਸਿੱਧੇ-ਸਾਦੇ ਲੋਕਾਂ ਨੂੰ ਆਪਣੇ ਚੁੰਗਲ ਵਿੱਚ ਫਸਾ ਕੇ ਉਨ੍ਹਾਂ ਦਾ ਆਰਥਿਕ, ਮਾਨਸਿਕ ਅਤੇ ਸਰੀਰਕ ਸ਼ੋਸ਼ਣ ਕਰਨਾ ਅਜਿਹੇ ਪਾਖੰਡੀਆਂ ਲਈ ਖੇਡ ਬਣ ਗਿਆ ਹੈ ।

ਇਸੇ ਤਰ੍ਹਾਂ ਆਪਣਾ ਰਾਜਸੀ ਅਸਰ-ਰਸੂਖ਼ ਦਿਖਾ ਕੇ ਕਿਸੇ ਨੂੰ ਨੌਕਰੀ ਲਗਵਾਉਣ, ਕਿਸੇ ਨੂੰ ਵਿਦੇਸ਼ ਭੇਜਣ ਅਤੇ ਕਿਸੇ ਦੇ ਝਗੜੇ ਨੂੰ ਸੁਲਝਾਉਣ ਦਾ ਭਰੋਸਾ ਦੇ ਕੇ ਬਹੁਤੇ ਲੋਕ ਅੱਜਕੱਲ੍ਹ ਠੱਗੀਆਂ ਮਾਰਨ ਵਿੱਚ ਮੋਹਰੀ ਹਨ । ਦੇਸ਼ ਵਿੱਚ ਫ਼ੈਲੀ ਭ੍ਰਿਸ਼ਟਾਚਾਰ ਦੀ ਬਦਬੂ ਆਮ ਲੋਕਾਂ ਨੂੰ ਅਜਿਹੇ ਠੱਗਾਂ ਵੱਲ ਜਾਣ ਲਈ ਮਜਬੂਰ ਕਰਦੀ ਹੈ ਅਤੇ ਥੋੜ੍ਹਾ ਬਹੁਤਾ ਸਿਆਸੀ ਰਸੂਖ਼ ਰੱਖਣ ਵਾਲੇ ਅਜਿਹੇ ਲੋਕ ਸਰੇਆਮ ਠੱਗੀ ਮਾਰ ਕੇ ਵੀ ਬਿਨਾਂ ਕਿਸੇ ਡਰ-ਭੈਅ ਤੋਂ ਘੁੰਮਦੇ ਨਜ਼ਰ ਆਉਦੇ ਹਨ। ਅੱਜ ਧਾਰਮਿਕਤਾ ਅਤੇ ਸਿਆਸੀ ਰਸੂਖ਼ ਦਾ ਚੋਲਾ ਪਹਿਨ ਕੇ ਆਮ ਲੋਕਾਂ ਨਾਲ ਠੱਗੀਆਂ ਮਾਰ ਕੇ ਆਪਣਾ ਤੋਰੀ-ਫੁਲਕਾ ਚਲਾਉਣ ਵਾਲੇ ਲੋਕਾਂ ਤੋਂ ਸਾਵਧਾਨ ਹੋਣ ਦੀ ਲੋੜ ਹੈ।

**ਸੰਪਰਕ: 094670-95953**

# ਮਹਾਨ ਇਨਕਲਾਬੀ ਮਹੰਤ ਬੋਘ ਸਿੰਘ ਝਾੜ ਸਾਹਿਬ

**ਪਿਰਥੀਪਾਲ ਸਿੰਘ ਮਾੜੀਮੇਘਾ**



ਗਦਰੀ ਦੇਸ਼ ਭਗਤਾਂ ਨੇ ਅੰਗਰੇਜ਼ੀ ਹਕੂਮਤ ਵਿਰੁੱਧ ਗਦਰ ਭਾਵ ਕ੍ਰਾਂਤੀ ਨੂੰ ਅੰਜ਼ਾਮ ਦੇਣ ਵਾਸਤੇ ਗੁਰਦੁਆਰਾ ਝਾੜ ਸਾਹਿਬ ਦੇ ਇਨਕਲਾਬੀ ਮਹੰਤ ਬੋਘ ਸਿੰਘ ਨੂੰ ਗਦਰ ਪਾਰਟੀ ਨਾਲ ਜੋੜ ਕੇ ਗੁਰਦੁਆਰੇ ਵਿੱਚ ਗੁਪਤ ਅੱਡਾ ਬਣਾਇਆ ਹੋਇਆ ਸੀ। ਇਹ ਇਤਿਹਾਸਕ ਧਰੋਹਰ ਨੇੜੇ ਪਿੰਡ ਸਾਬਾਜ਼ਪੁਰ, ਜ਼ਿਲ੍ਹਾ ਤਰਨ ਤਾਰਨ ਵਿੱਚ ਹੈ। ਮਹੰਤ ਬੋਘ ਸਿੰਘ ਨੂੰ ਗਿਆਨ ਮਹੰਤ ਗੁੱਜਰ ਸਿੰਘ ਤੇ ਆਪਣੇ ਬਾਪ ਨੱਥਾ ਸਿੰਘ ਕੋਲੋਂ ਮਿਲਿਆ ਸੀ। ਬੋਘ ਸਿੰਘ ਛੋਟੀ ਉਮਰ ਵਿੱਚ ਹੀ ਗੁਰਦੁਆਰਾ ਝਾੜ ਸਾਹਿਬ ਦਾ ਮਹੰਤ ਬਣ ਗਿਆ ।

ਮਹੰਤ ਬੋਘ ਸਿੰਘ ਨੂੰ ਜਦੋਂ ਬਜਬਜ ਘਾਟ ਦੇ ਖ਼ੂਨੀ ਸਾਕੇ ਅਤੇ ਗ਼ਦਰੀਆਂ ਦੇ ਇਨਕਲਾਬੀ ਪ੍ਰੋਗਰਾਮ ਦੀ ਜਾਣਕਾਰੀ ਮਿਲੀ ਤਾਂ ਉਨ੍ਹਾ ਦਾ ਖੂਨ ਖੌਲ ਉੱਠਿਆ। ਆਪ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਫੋਟੋ ਅੱਗੇ ਨੰਗੀ ਤਲਵਾਰ ਲੈ ਕੇ ਉੱਚੀ-ਉੱਚੀ ਇਹ ਸ਼ਬਦ ਪੜ੍ਹਨ ਲੱਗੇ-'ਦੇਹ ਸ਼ਿਵਾ ਬਰ ਮੋਹੈ ਇਹੈ, ਸ਼ੁਭ ਕਰਮਨ ਤੇ ਕਬਹੂ ਨ ਟਰੂੰ ।' ਏਨੇ ਚਿਰ ਨੂੰ ਗੁਰਦੁਆਰੇ ਵਿੱਚ ਸੰਗਤ ਜੁੜ ਗਈ । ਆਪ ਬਾਹਰ ਆਏ ਤੇ ਗੁਰੂ ਗਰੰਥ ਸਾਹਿਬ ਅੱਗੇ ਮੱਥਾ ਟੇਕ ਕੇ ਸੰਗਤ ਨੂੰ ਬਜਬੱਜ ਘਾਟ ਦੀ ਸਾਰੀ ਵਿਥਿਆ ਦੱਸੀ । ਉਨ੍ਹਾ ਸੰਗਤ ਨੂੰ ਬੇਨਤੀ ਕੀਤੀ ਕਿ ਹੱਥ ਵਿੱਚ ਤਲਵਾਰਾਂ ਲੈ ਕੇ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਕੁੱਦੋ । ਇਹ ਐਲਾਨ ਵੀ ਕਰ ਦਿੱਤਾ ਕਿ ਗੁਰਦੁਆਰਾ ਅੱਜ ਤੋਂ ਬਾਅਦ ਇਕੱਲਾ ਧਾਰਮਿਕ ਕੇਂਦਰ ਨਹੀਂ, ਇਹ ਇਨਕਲਾਬੀ ਕੇਂਦਰ ਵੀ ਹੋਵੇਗਾ। ਇਸ ਐਲਾਨ ਤੋਂ ਬਾਅਦ ਮਹੰਤ ਬੋਘ ਸਿੰਘ ਗ਼ਦਰੀਆਂ ਨਾਲ ਜੁੜ ਗਏ ਅਤੇ ਗਦਰੀਆਂ ਦੀਆਂ ਮੀਟਿੰਗਾਂ ਵਿੱਚ ਹਿੱਸਾ ਲੈਣ ਲੱਗ ਪਏ।

ਗ਼ਦਰੀਆਂ ਦੀ ਮੀਟਿੰਗ ਪਿੰਡ ਖਾਸਾ, ਜ਼ਿਲ੍ਹਾ ਅੰਮ੍ਰਿਤਸਰ ਵਿੱਚ ਫੈਸਲਾ ਹੋ ਗਿਆ ਕਿ 15 ਨਵੰਬਰ 1914 ਨੂੰ ਗਦਰ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਇਨਕਲਾਬੀ ਕਾਰਜ ਦੀ ਪੂਰਤੀ ਲਈ ਨੌਜਵਾਨ ਗਦਰੀ ਕਰਤਾਰ ਸਿੰਘ ਸਰਾਭਾ, ਡਾਕਟਰ ਮਥਰਾ ਸਿੰਘ, ਪੰਡਤ ਜਗਤ ਰਾਮ, ਗਦਰੀ ਨਿਧਾਨ ਸਿੰਘ ਚੁੱਘਾ ਅਤੇ ਇਨਕਲਾਬੀ ਗੁੱਜਰ ਸਿੰਘ ਭਕਨਾ ਆਗੂ ਨਿਯੁਕਤ ਕੀਤੇ ਗਏ । ਹਥਿਆਰ ਨਾ ਪਹੁੰਚਣ ਕਰਕੇ ਗਦਰ ਨਾ ਹੋ ਸਕਿਆ। ਇਸੇ ਸਮੇਂ ਦੌਰਾਨ ਪੁਲਸ ਨੇ ਗੁਰਦੁਆਰਾ ਤਰਨ ਤਾਰਨ ਦੇ ਸਰੋਵਰ ਦੀਆਂ ਪ੍ਰਕਰਮਾਂ 'ਚੋਂ 7 ਗ਼ਦਰੀਆਂ ਨੂੰ ਫੜ ਲਿਆ, ਜਿਨ੍ਹਾਂ ਵਿੱਚ ਗੁੱਜਰ ਸਿੰਘ ਭਕਨਾ ਵੀ ਸੀ।

29 ਨਵੰਬਰ ਨੂੰ ਮਹੰਤ ਬੋਘ ਸਿੰਘ, ਗਦਰੀ ਲਾਲ ਸਿੰਘ ਭੂਰੇ ,ਸਤਿਨਾਮ ਸਿੰਘ ਸਮੇਤ ਕਈ ਗ਼ਦਰੀਆਂ ਨੇ ਮੀਟਿੰਗ ਕਰਕੇ ਹਰਨਾਮ ਸਿੰਘ ਅਤੇ ਇੰਦਰ ਸਿੰਘ ਨੂੰ ਮਾਲਵੇ ਦੇ ਗਦਰੀਆਂ ਨਾਲ ਸੰਪਰਕ ਕਰਨ ਵਾਸਤੇ ਭੇਜਿਆ। ਮਗਰੋਂ ਝਾੜ ਸਾਹਿਬ ਵਿਖੇ ਗ਼ਦਰੀਆਂ ਦੀਆਂ ਮੀਟਿੰਗਾਂ ਚਲਦੀਆਂ ਰਹੀਆਂ, ਜਿਨ੍ਹਾਂ ਵਿੱਚ ਮਹੰਤ ਬੋਘ ਸਿੰਘ ਤੇ ਉਨ੍ਹਾਂ ਦਾ ਛੋਟਾ ਭਰਾ ਸੰਤ ਜੱਸਾ ਸਿੰਘ ਹਿੱਸਾ ਲੈਂਦੇ ਰਹੇ। ਗਦਰੀ ਪ੍ਰੇਮ ਸਿੰਘ ਪਿੰਡ ਸੁਰਸਿੰਘ ਦੇ ਮੀਆਂਮੀਰ ਛਾਉਣੀ ਲਾਹੌਰ ਦੇ 23ਵੇਂ ਰਸਾਲੇ ਦੇ ਪੰਜਾਬੀ ਫੌਜੀਆਂ ਨਾਲ ਸੰਬੰਧ ਸਨ । ਛਾਉਣੀ ਦੇ ਗੁਰਦੁਆਰੇ ਵਿੱਚ ਲਾਂਸ ਦਫੇਦਾਰ ਲਛਮਣ ਸਿੰਘ ਚੂਸਲੇਵੜ ਦੀ ਅਗਵਾਈ ਹੇਠ ਫੌਜੀਆਂ ਦੇ ਇਕੱਠ ਵਿੱਚ ਫੈਸਲਾ ਹੋਇਆ ਕਿ 26 ਨਵੰਬਰ ਸ਼ਾਮ ਨੂੰ ਘੋੜ ਸਵਾਰ ਫੌਜ ਦੇ ਅੰਗਰੇਜ਼ ਅਫਸਰਾਂ ਨੂੰ ਮਾਰ ਕੇ ਹਥਿਆਰ ਤੇ ਮੈਗਜ਼ੀਨ ਲੁੱਟ ਕੇ ਗੁਰਦੁਆਰਾ ਝਾੜ ਸਾਹਿਬ ਵਿਖੇ ਗ਼ਦਰੀਆਂ ਨਾਲ ਮਿਲ ਜਾਣਗੇ । ਏਧਰ ਗੁਰਦੁਆਰੇ ਵਿੱਚ ਮਹੰਤ ਬੋਘ ਸਿੰਘ, ਜਗਤ ਸਿੰਘ, ਨਿਧਾਨ ਸਿੰਘ, ਹਰਨਾਮ ਸਿੰਘ, ਇੰਦਰ ਸਿੰਘ ਤੇ ਹੋਰ ਵੱਡੀ ਗਿਣਤੀ ਵਿੱਚ ਗਦਰੀ ਇਕੱਠੇ ਹੋਏ । ਇਥੋਂ ਗ਼ਦਰੀਆਂ ਤੇ ਸਿਪਾਹੀਆਂ ਨੇ ਪਿੰਡਾਂ 'ਚੋਂ ਲੋਕਾਂ ਨੂੰ ਨਾਲ ਲੈ ਕੇ ਇੱਕ ਵੱਡੇ ਹਜੂਮ ਦੀ ਸ਼ਕਲ ਵਿੱਚ 27 ਨਵੰਬਰ ਨੂੰ ਲਾਹੌਰ ਤੋਂ ਗਦਰ ਦੀ ਸ਼ੁਰੂਆਤ ਕਰਨੀ ਸੀ।

ਝਾੜ ਸਾਹਿਬ ਵਿਖੇ ਗਦਰੀ ਸਿਪਾਹੀਆਂ ਨੂੰ ਉਡੀਕਦੇ ਰਹੇ, ਪਰ ਛਾਉਣੀ ਦੇ ਗੁਰਦੁਆਰੇ ਦੇ ਗਰੰਥੀ ਮੂਲਾ ਸਿੰਘ ਵੱਲੋਂ ਸਿਪਾਹੀਆਂ ਨੂੰ ਭੁਚਲਾਉਣ ਕਰਕੇ ਉਹ ਆ ਨਾ ਸਕੇ। ਰੋਕਣ ਦੇ ਬਾਵਜੂਦ ਸਿਪਾਹੀ ਸੁੱਚਾ ਸਿੰਘ ਚੋਹਲਾ ਸਾਹਿਬ ਤੇ ਤਿੰਨ ਹੋਰ ਝਾੜ ਸਾਹਿਬ ਪਹੁੰਚ ਗਏ, ਪਰ ਗਦਰੀ ਉਡੀਕ ਕੇ ਉਥੋਂ ਜਾ ਚੁੱਕੇ ਸਨ। ਸਿਪਾਹੀ ਗ਼ਦਰੀਆਂ ਨੂੰ ਲੱਭਣ ਤੁਰ ਪਏ। ਗਦਾਰ ਕਪੂਰ ਸਿੰਘ ਪੱਧਰੀ ਨੇ ਸਿਪਾਹੀਆਂ ਨੂੰ ਫੜਵਾ ਦਿੱਤਾ ।

ਅੰਗਰੇਜ਼ਾਂ ਨੂੰ ਗ਼ਦਰੀਆਂ ਦੇ ਗੁਪਤ ਅੱਡੇ ਝਾੜ ਸਾਹਿਬ ਬਾਰੇ ਪਤਾ ਲੱਗ ਗਿਆ ਤੇ ਪੁਲਸ ਮਹੰਤ ਬੋਘ ਸਿੰਘ ਨੂੰ ਫੜਨ ਲਈ ਗੁਰਦੁਆਰੇ ਪਹੁੰਚ ਗਈ । ਪੁਲਸ ਨੂੰ ਵੇਖ ਕੇ ਇੱਕ ਸੇਵਕ ਨੇ ਮਹੰਤ ਬੋਘ ਸਿੰਘ ਨੂੰ ਜਾ ਦੱਸਿਆ। ਮਹੰਤ ਬੋਘ ਸਿੰਘ ਨੂੰ ਖਿਆਲ ਆਇਆ ਕਿ ਮੇਰੇ ਚੋਲੇ ਦੀ ਜੇਬ ਵਿੱਚ ਡਾਇਰੀ ਹੈ, ਜਿਸ 'ਤੇ ਗ਼ਦਰੀ ਦੇਸ਼ ਭਗਤਾਂ ਦੇ ਨਾਂਅ, ਪਤੇ ਅਤੇ ਗਦਰ ਕਰਨ ਦੀਆਂ ਸਾਰੀਆਂ ਸਕੀਮਾਂ ਲਿਖੀਆਂ ਹਨ। ਉਨ੍ਹਾਂ ਨੇ ਛੇਤੀ ਜੇਬ 'ਚੋਂ ਡਾਇਰੀ ਕੱਢੀ ਤੇ ਤਪਦੇ ਹੋਏ ਤੰਦੂਰ ਵਿੱਚ ਸੁੱਟ ਦਿੱਤੀ । ਥਾਣੇਦਾਰ ਤੇ ਸਿਪਾਹੀ ਘੋੜਿਆਂ ਤੋਂ ਉੱਤਰੇ ਅਤੇ ਥਾਣੇਦਾਰ ਨੇ ਸੇਵਕ ਨੂੰ ਦਬਕਾ ਮਾਰ ਕੇ ਪੁੱਛਿਆ-ਕਿਥੇ ਹੈ ਮਹੰਤ ਬੋਘ ਸਿੰਘ, ਜਿਹੜਾ ਅੰਗਰੇਜ਼ਾਂ ਨਾਲ ਟੱਕਰ ਲੈ ਰਿਹਾ ਜਿਨ੍ਹਾਂ ਦੇ ਰਾਜ ਵਿੱਚ ਸੂਰਜ ਨਹੀਂ ਡੁੱਬਦਾ । ਸੰਗਤ ਸਹਿਮ ਗਈ, ਪਰ ਮਹੰਤ ਬੋਘ ਸਿੰਘ ਅਡੋਲ ਰਹੇ।

ਮਹੰਤ ਨੇ ਆਪਣੇ ਮਿੱਠੇ ਸ਼ਬਦਾਂ ਵਿੱਚ ਪੁਲਸ ਨੂੰ ਕਿਹਾ ਕਿ ਗੁਰਦੁਆਰਾ ਸਾਹਿਬ ਮੱਥਾ ਟੇਕੋ ਤੇ ਸੇਵਕ ਤੁਹਾਨੂੰ ਲੰਗਰ ਛਕਾਉਂਦੇ ਹਨ, ਉਸ ਤੋਂ ਬਾਅਦ ਜੋ ਤੁਹਾਡਾ ਹੁਕਮ ਹੋਵੇਗਾ, ਦਾਸ ਉਸ ਦੀ ਪਾਲਣਾ ਕਰੇਗਾ । ਲੰਗਰ ਪਾਣੀ ਛਕਣ ਤੋਂ ਬਾਅਦ ਪੁਲਸ ਮਹੰਤ ਬੋਘ ਸਿੰਘ ਨੂੰ ਗ੍ਰਿਫਤਾਰ ਕਰਕੇ ਤਰਨ ਤਾਰਨ ਲੈ ਗਈ । ਜਾਣ ਲੱਗੇ ਬੋਘ ਸਿੰਘ ਸੰਗਤ ਨੂੰ ਆਖ ਗਏ ਕਿ ਗੁਰਦੁਆਰੇ ਬਾਰੇ ਜੋ ਵੀ ਸਲਾਹ ਲੈਣੀ ਹੋਵੇ ਭਾਈ ਜੱਸਾ ਸਿੰਘ ਤੋਂ ਲੈ ਲੈਣੀ ਹੈ । ਤਰਨ ਤਾਰਨ ਲਿਜਾ ਕੇ ਥਾਣੇਦਾਰ ਨੇ ਮਹੰਤ ਬੋਘ ਸਿੰਘ ਤੋਂ ਗਦਰ ਪਾਰਟੀ ਦੀ ਸਕੀਮ ਦੀ ਸੂਹ ਲੈਣ ਦੀ ਕੋਸ਼ਿਸ਼ ਕੀਤੀ । ਇਥੋਂ ਤੱਕ ਲਾਲਚ ਦਿੱਤਾ ਗਿਆ ਕਿ ਤੁਸੀਂ ਦੱਸ ਦਿਓ ਤੇ ਤੁਹਾਡਾ ਰਿਸ਼ਤਾ ਸੁੰਦਰ ਲੜਕੀ ਨਾਲ ਕਰਵਾ ਕੇ ਸ਼ਾਦੀ ਕਰਵਾ ਦਿੱਤੀ ਜਾਵੇਗੀ, ਤੁਸੀਂ ਸਾਰੀ ਉਮਰ ਆਨੰਦ ਮਾਣਿਓ ।

ਅੱਗੋਂ ਬੋਘ ਸਿੰਘ ਨੇ ਕਿਹਾ ਕਿ ਜਿੰਨੇ ਮਰਜ਼ੀ ਮੈਨੂੰ ਲਾਲਚ ਦਿਓ, ਭਾਵੇਂ ਮੇਰਾ ਮਾਸ ਜੰਮੂਰਾਂ ਨਾਲ ਤੋੜ ਸੁੱਟੋ, ਕਾਲੇ ਪਾਣੀ ਭੇਜ ਦਿਓ, ਪਰ ਮੇਰੇ ਕੋਲੋਂ ਦੇਸ਼ ਭਗਤ ਗ਼ਦਰੀਆਂ ਬਾਰੇ ਜਾਣਕਾਰੀ ਨਹੀਂ ਲੈ ਸਕਦੇ । ਥਾਣੇਦਾਰ ਨੇ ਜਦੋਂ ਵੇਖਿਆ ਕਿ ਇਹ ਤਾਂ ਕੁਝ ਵੀ ਨਹੀਂ ਦੱਸ ਰਿਹਾ । ਫਿਰ ਉਨ੍ਹਾ ਨੂੰ ਲੰਮੇ ਪਾ ਕੇ ਬਲਦਾਂ ਨਾਲ ਆਟਾ ਪੀਣ ਵਾਲੇ ਖਰਾਸ (ਚੱਕੀ) ਦਾ ਪੁੜ ਇਨਕਲਾਬੀ ਮਹੰਤ ਬੋਘ ਸਿੰਘ ਦੀ ਛਾਤੀ 'ਤੇ ਰੱਖਿਆ ਤੇ ਉੱਤੇ ਸਿਪਾਹੀ ਬਿਠਾ ਦਿੱਤਾ । ਦਸੰਬਰ ਦੀ ਕੜਾਕੇ ਦੀ ਠੰਢ ਵਿੱਚ ਬਰਫ ਵਿੱਚ ਲਾਇਆ ਗਿਆ। ਬੋਘ ਸਿੰਘ ਦਾ ਸਰੀਰ ਤੇ ਸੁੰਨ ਹੋ ਗਿਆ, ਪਰ ਉਸ ਨੇ ਗ਼ਦਰੀਆਂ ਬਾਰੇ ਕੋਈ ਜਾਣਕਾਰੀ ਨਾ ਦਿੱਤੀ। ਅਖੀਰ ਪੁਲਸ ਨੇ ਛੱਡ ਦਿੱਤਾ ਤੇ ਉਹ ਝਾੜ ਸਾਹਿਬ ਆ ਗਏ।

ਲਾਹੌਰ ਅਨਾਰਕਲੀ ਘਟਨਾ ਵਾਪਰਨ ਕਰਕੇ ਉਨ੍ਹਾ ਨੂੰ ਤੇ ਉਨ੍ਹਾ ਦੇ ਭਾਈ ਸੰਤ ਜੱਸਾ ਸਿੰਘ ਨੂੰ ਪੁਲਸ ਫੜ ਕੇ ਲੈ ਗਈ । ਫਿਰ ਤਸੀਹੇ ਦਿੱਤੇ ਗਏ, ਪਰ ਆਪ ਨੇ ਹੌਂਸਲਾ ਨਾ ਹਾਰਿਆ। ਲਾਹੌਰ ਮੁਕੱਦਮਾ ਚੱਲਿਆ ਤੇ ਇਸ ਕੇਸ ਵਿੱਚ 30 ਮਾਰਚ 1916 ਨੂੰ ਮਹੰਤ ਬੋਘ ਸਿੰਘ ਨੂੰ ਉਮਰ ਕੈਦ, ਜਾਇਦਾਦ ਜਬਤ ਅਤੇ ਕਾਲੇਪਾਣੀ ਦੀ ਸਜ਼ਾ ਹੋਈ । ਇਸ ਦੌਰਾਨ ਹਜ਼ਾਰੀ ਬਾਗ ਜੇਲ੍ਹ ਵਿੱਚ ਉਨ੍ਹਾ ਦੀ ਮੌਤ ਹੋ ਗਈ । ਉਨ੍ਹਾ ਦੇ ਛੋਟੇ ਭਾਈ ਸੰਤ ਜੱਸਾ ਸਿੰਘ ਨੂੰ ਤਿੰਨ ਸਾਲ ਕੈਦ ਦੀ ਸਜ਼ਾ ਦਿੱਤੀ ਗਈ। ਦੇਸ਼ ਭਗਤਾਂ ਦੀ ਮਾਤਾ ਜੱਸ ਕੌਰ ਨੂੰ ਵੀ ਪੁਲਸ ਦਾ ਤਸ਼ੱਦਦ ਝਲਣਾ ਪਿਆ।

**# ਸੰਪਰਕ : 98760-78731**

# ਟਰੇਡ ਯੂਨੀਅਨਾਂ ਵੱਲੋਂ ਪਹਿਲੀ ਨੂੰ ਕਾਲਾ ਦਿਨ ਮਨਾਉਣ ਦਾ ਐਲਾਨ : ਚੌਹਾਨ/ਘਰਾਂਗਣਾ

## ਰੋਸ ਮਾਰਚ ਉਪਰੰਤ ਮੋਦੀ ਸਰਕਾਰ ਦੀ ਫੂਕਾਂਗੇ ਅਰਥੀ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**
ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ ਉੱਤੇ ਪੰਜਾਬ ਦੀਆਂ ਟਰੇਡ ਯੂਨੀਅਨਾਂ ਵੱਲੋਂ ਪਹਿਲੀ ਅਪ੍ਰੈਲ ਨੂੰ ਚਾਰ ਲੇਬਰ ਕੋਡਾਂ ਦੇ ਵਿਰੋਧ 'ਚ ਕਾਲਾ ਦਿਵਸ ਮਨਾਉਣ ਦਾ ਐਲਾਨ ਕਰਦਿਆਂ ਸੰਘਰਸ਼ ਵਿੱਢਣ ਦਾ ਫੈਸਲਾ ਕੀਤਾ ਗਿਆ ਹੈ।ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਟਰੇਡ ਯੂਨੀਅਨਾਂ ਏਟਕ, ਬੂਟਾ ਸਿੰਘ ਬਰਨਾਲਾ ਏਕਟੂ, ਅਜੈਬ ਸਿੰਘ ਭੈਣੀ ਬਾਘਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਕ੍ਰਿਸ਼ਨ ਚੌਹਾਨ, ਮਜ਼ਦੂਰ ਮੁਕਤੀ ਮੋਰਚਾ ਦੇ ਬਲਵਿੰਦਰ ਸਿੰਘ ਘਰਾਂਗਣਾਂ, ਬੀ ਕੇ ਯੂ ਡਕੌਂਦਾ ਮਹਿੰਦਰ ਸਿੰਘ ਭੈਣੀਬਾਘਾ, ਪੰਜਾਬ ਕਿਸਾਨ ਯੂਨੀਅਨ ਦੇ ਸੁਖਚਰਨ ਸਿੰਘ ਦਾਨੇਵਾਲੀਆ ਆਦਿ ਆਗੂਆਂ ਵੱਲੋਂ ਇੱਕ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਆਗੂਆਂ ਨੇ ਕਿਹਾ ਕਿ 1 ਅਪ੍ਰੈਲ ਨੂੰ ਕਾਲਾ ਦਿਨ ਮਨਾਇਆ ਜਾਵੇਗਾ ਅਤੇ ਤੇਜਾ ਸਿੰਘ ਸੁਤੰਤਰ ਭਵਨ ਤੋਂ ਠੀਕਰੀਵਾਲਾ ਚੌਕ ਤੱਕ ਰੋਸ ਮਾਰਚ ਕਰਨ ਉਪਰੰਤ ਮੋਦੀ ਸਰਕਾਰ ਦੀ ਅਰਥੀ ਵੀ ਫੂਕੀ ਜਾਵੇਗੀ।

ਆਗੂਆਂ ਨੇ ਸੰਯੁਕਤ ਕਿਸਾਨ ਮੋਰਚਾ, ਮੁਲਾਜ਼ਮ, ਪੈਨਸ਼ਨਰਜ਼, ਸਕੀਮ ਵਰਕਰ ਤੇ ਠੇਕਾ ਅਧਾਰਿਤ ਮੁਲਾਜ਼ਮ ਜਥੇਬੰਦੀਆਂ ਨੂੰ ਵੀ ਸ਼ਾਮਲ ਹੋਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖ਼ੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਕੇਂਦਰ ਸਰਕਾਰ ਨੇ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਨ੍ਹਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਵੀ ਕੀਤਾ ਹੋਇਆ ਹੈ।ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ।ਪੱਕੀ ਨੌਕਰੀ ਦੀ ਥਾਂ 'ਫਿਕਸਡ ਟਰਮ ਇੰਪਲਾਇਮੈਂਟ' ਲਾਗੂ ਹੋਵੇਗਾ, ਨੌਕਰੀ ਦੀ ਸੁਰੱਖਿਆ ਖ਼ਤਮ ਹੋ ਜਾਵੇਗੀ।ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ।ਇਨ੍ਹਾਂ ਕੋਡਾਂ ਰਾਹੀਂ ਗਰੀਬੀ ਰੇਖਾ ਤੋਂ ਹੇਠਾਂ ਇਕ ਰਾਸ਼ਟਰੀ ਫਲੋਰ ਘੱਟੋ-ਘੱਟ ਮਜ਼ਦੂਰੀ ਨੂੰ ਕਾਨੂੰਨੀ ਜਾਮਾ ਪਹਿਨਾਇਆ ਜਾ ਰਿਹਾ ਹੈ।ਅਸੰਗਠਿਤ ਖੇਤਰ ਦੇ ਮਜ਼ਦੂਰਾਂ ਨੂੰ ਹੱਕਾਂ ਤੋਂ ਵੰਚਿਤ ਕੀਤਾ ਗਿਆ ਹੈ ਜੋ ਕਿ ਭਾਰਤੀ ਸੰਵਿਧਾਨ, ਅੰਤਰਰਾਸ਼ਟਰੀ ਮਜ਼ਦੂਰ ਮਿਆਰਾਂ ਤੇ ਮਨੁੱਖੀ ਅਧਿਕਾਰਾਂ ਖਿਲਾਫ਼ ਹੈ।ਮੀਟਿੰਗ ਦੌਰਾਨ ਰਾਜ ਸਿੰਘ ਨੰਬਰਦਾਰ, ਗੁਰਸੇਵਕ ਸਿੰਘ ਮਾਨਬੀਬੜੀਆਂ, ਭੋਲਾ ਸਿੰਘ ਗੁੜੱਦੀ, ਰਤਨ ਭੋਲਾ, ਬਲਵੰਤ ਸਿੰਘ ਫੱਕਰ ਆਦਿ ਆਗੂ ਹਾਜ਼ਰ ਸਨ।

## ਸੂਏ 'ਚੋਂ ਅਣਪਛਾਤੀ ਔਰਤ ਦੀ ਲਾਸ਼ ਮਿਲੀ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**



ਮ੍ਰਿਤਕ ਔਰਤ ਦਾ ਚਿਹਰਾ

ਬਠਿੰਡਾ-ਬਰਨਾਲਾ ਨੈਸ਼ਨਲ ਹਾਈਵੇ ਮਾਰਗ 'ਤੇ ਸਥਿਤ ਪਿੰਡ ਲਹਿਰਾਂ ਮਹੁੱਬਤ ਵਿਖੇ ਬਣੇ ਥਰਮਲ ਪਲਾਂਟ ਦੇ ਸੂਏ ਵਿੱਚੋਂ ਇੱਕ ਅਣਪਛਾਤੀ ਔਰਤ ਦੀ ਲਾਸ਼ ਮਿਲੀ ਹੈ। ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੁਲਿਸ ਚੌਕੀ ਭੁੱਚੋ ਮੰਡੀ ਤੋਂ ਇਤਲਾਹ ਮਿਲੀ ਕਿ ਥਰਮਲ ਪਲਾਂਟ ਦੇ ਸੂਏ ਵਿੱਚ ਬਣੇ ਜਾਲ ਵਿੱਚ ਇੱਕ ਅਣਪਛਾਤੀ ਔਰਤ ਦੀ ਲਾਸ਼ ਫਸੀ ਹੋਈ ਹੈ ਤਾਂ ਤੁਰੰਤ ਸਹਾਰਾ ਦੇ ਮੀਤ ਪ੍ਰਧਾਨ ਸੁਖਦੇਵ ਸਿੰਘ ਕਾਲਾ, ਸੁਖਚੈਨ ਸਿੰਘ ਸੁੱਖਾ ਤੇ ਗੁਰਤੇਜ ਸਿੰਘ ਕਾਲਾ ਸੰਸਥਾ ਦੀ ਐਂਬੂਲੈਂਸ ਸਮੇਤ ਘਟਨਾ ਸਥਾਨ 'ਤੇ ਪਹੁੰਚੇ। ਪੁਲਸ ਦੀ ਮੌਜੂਦਗੀ ਵਿੱਚ ਸੂਏ ਵਿੱਚੋਂ ਮ੍ਰਿਤਕ ਔਰਤ ਦੀ ਲਾਸ਼ ਨੂੰ ਸਹਾਰਾ ਵਰਕਰਾਂ ਨੇ ਬਾਹਰ ਕੱਢਿਆ। ਲਾਸ਼ ਦੋ ਦਿਨ ਪੁਰਾਣੀ ਜਾਪ ਰਹੀ ਹੈ। ਉਸ ਕੋਲੋਂ ਕੋਈ ਵੀ ਪਹਿਚਾਣ ਪੱਤਰ ਨਹੀਂ ਮਿਲਿਆ। ਮ੍ਰਿਤਕਾ ਦੀ ਉਮਰ 35-40 ਸਾਲ, ਕੱਦ 5 ਫੁੱਟ, ਉਸ ਦੇ ਫਿੱਕੇ ਪੀਲੇ ਰੰਗ ਦਾ ਸਲਵਾਰ ਸੂਟ, ਦੋਨੋਂ ਪੈਰਾਂ ਵਿੱਚ ਝਾਂਜਰਾਂ, ਖੱਬੇ ਹੱਥ ਦੀਆ ਉਂਗਲਾਂ ਵਿੱਚ 2 ਮੁੰਦਰੀਆਂ, ਨੱਕ ਵਿੱਚ ਵਾਲੀ, ਸਿਰ ਦੇ ਵਾਲਾਂ ਵਿੱਚ ਰਬੜ ਬੈਂਡ ਪਹਿਨਿਆ ਹੋਇਆ ਹੈ ਤੇ ਖੱਬੀ ਬਾਂਹ ਦੀ ਕਲਾਈ 'ਤੇ ਅੰਗਰੇਜ਼ੀ ਵਿੱਚ ਵਿੱਕੀ ਲਿਖਿਆ ਹੋਇਆ ਹੈ। ਲਾਸ਼ ਨੂੰ 72 ਘੰਟੇ ਸ਼ਨਾਖਤ ਲਈ ਸਿਵਲ ਹਸਪਤਾਲ ਰਾਮਪੁਰਾ ਫੂਲ ਦੀ ਮੋਰਚਰੀ ਵਿੱਚ ਰੱਖਿਆ ਗਿਆ ਹੈ। ਜੇਕਰ ਇਸ ਔਰਤ ਸਬੰਧੀ ਕਿਸੇ ਕੋਲੇ ਕੋਈ ਜਾਣਕਾਰੀ ਹੋਏ ਤਾਂ ਉਹ ਪੁਲਸ ਜਾਂ ਸਹਾਰਾ ਦੇ ਕੰਟਰੋਲ ਰੂਮ ਵਿੱਚ 99153-49056, 98569-72000 ਨੰਬਰਾਂ 'ਤੇ ਸੰਪਰਕ ਕੀਤਾ ਜਾਵੇ।

# ਚੁਣੀ ਗਈ ਸਰਕਾਰ ਚੋਣ ਮੈਨੀਫੈਸਟੋ 'ਚ ਕੀਤੇ ਵਾਅਦਿਆਂ ਨੂੰ ਲਾਗੂ ਕਰਨ ਲਈ ਕਾਨੂੰਨੀ ਤੌਰ 'ਤੇ ਪਾਬੰਦ ਹੋਵੇ : ਬਲਕਰਨ ਮੋਗਾ




**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰਗਤੀਸ਼ੀਲ ਮੰਚ ਪੰਜਾਬ ਦੇ ਸੂਬਾਈ ਪ੍ਰਧਾਨ ਬਲਕਰਨ ਮੋਗਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਰਤ ਨੂੰ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰੀ ਦੇਸ਼ ਹੋਣ ਦਾ ਮਾਣ ਹਾਸਲ ਹੈ, ਪਰ ਇਸ ਲੋਕਤੰਤਰੀ ਦੇਸ਼ ਵਿੱਚ ਵੀ ਲੋਕ ਹਰ ਵਾਰ ਰਾਜਨੀਤਕ ਪਾਰਟੀਆਂ ਦੇ ਝੂਠੇ ਵਾਅਦਿਆਂ ਨਾਲ ਠੱਗੇ ਜਾਂਦੇ ਹਨ।ਇਸ ਦਾ ਖ਼ਮਿਆਜ਼ਾ ਉਨ੍ਹਾਂ ਨੂੰ ਪੂਰੇ ਪੰਜ ਸਾਲ ਭੁਗਤਣਾ ਪੈਂਦਾ ਹੈ।ਪੰਜ ਸਾਲ ਬਹੁਤ ਲੰਬਾ ਸਮਾਂ ਹੈ।ਲੋਕਾਂ ਨਾਲ ਰਾਜਨੀਤਕ ਪਾਰਟੀਆਂ ਦੁਆਰਾ ਕੀਤੀ ਜਾਂਦੀ ਮਕਾਰੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।ਇਸ ਲਈ ਚੁਣੀ ਗਈ ਸਰਕਾਰ ਚੋਣ ਮੈਨੀਫੈਸਟੋ ਵਿੱਚ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਨ ਲਈ ਕਾਨੂੰਨੀ ਤੌਰ ਤੇ ਪਾਬੰਦ ਹੋਵੇ।ਜੇਕਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਹੁੰਦੇ ਤਾਂ ਵੋਟਰਾਂ ਨੂੰ ਬੇਵਿਸ਼ਵਾਸੀ ਮਤੇ ਰਾਹੀਂ ਜਨਮਤ ਸੰਗ੍ਰਹਿ ਰਾਹੀਂ ਚੁਣੇ ਨੁਮਾਇੰਦਿਆਂ ਨੂੰ ਉਨ੍ਹਾਂ ਦੇ ਕਾਰਜਕਾਲ ਪੂਰਾ ਹੋਣ ਤੋਂ ਪਹਿਲਾਂ ਵਾਪਸ ਬੁਲਾਉਣ ਦਾ ਅਧਿਕਾਰ (ਰਾਈਟ ਟੂ ਰੀਕਾਲ) ਦਿੱਤਾ ਜਾਵੇ।ਅਜਿਹੇ ਕਾਨੂੰਨਾਂ ਰਾਹੀਂ ਰਾਜਨੀਤੀ ਵਿੱਚ ਕਾਫੀ ਹੱਦ ਤੱਕ ਪਾਰਦਰਸ਼ਤਾ ਆ ਸਕਦੀ ਹੈ ਅਤੇ ਲੀਡਰਾਂ ਨੂੰ ਲੋਕਾਂ ਪ੍ਰਤੀ ਜਵਾਬਦੇਹ ਬਣਾਇਆ ਜਾ ਸਕਦਾ ਹੈ।ਪ੍ਰਗਤੀਸ਼ੀਲ ਮੰਚ ਪੰਜਾਬ ਪਿਛਲੇ ਅੱਠ ਸਾਲਾਂ ਤੋਂ ਇਹ ਕਾਨੂੰਨ ਬਣਾਉਣ ਦੀ ਮੰਗ ਲਗਾਤਾਰ ਉਠਾ ਰਹੀ ਹੈ।ਜ਼ਿਕਰਯੋਗ ਹੈ ਕਿ ਇਹ ਕਾਨੂੰਨ ਦੁਨੀਆ ਦੇ ਬਹੁਤ ਸਾਰੇ ਮੁਲਕਾਂ ਜਿਵੇਂ ਸਵਿਟਜ਼ਰਲੈਂਡ, ਵੈਨੇਜ਼ੁਏਲਾ, ਅਮਰੀਕਾ, ਕਨੇਡਾ ਆਦਿ ਵਿੱਚ ਵੀ ਕਿਸੇ ਨਾ ਕਿਸੇ ਰੂਪ ਵਿੱਚ ਲਾਗੂ ਹੈ।ਯਾਦ ਰਹੇ 11 ਫਰਵਰੀ 2026 ਨੂੰ ਰਾਜ ਸਭਾ ਮੈਂਬਰ ਸ਼੍ਰੀ ਰਾਘਵ ਚੱਢਾ ਜੀ ਨੇ ਵੀ ਸਿਫਰ ਕਾਲ ਦੌਰਾਨ ਇਹ ਮੁੱਦਾ ਉਠਾਇਆ ਸੀ।ਇਹ ਵੱਖਰੀ ਗੱਲ ਹੈ ਕਿ ਉਨ੍ਹਾਂ ਦੀ ਆਪਣੀ ਪਾਰਟੀ ਦੀ ਸਰਕਾਰ ਵਿੱਚ ਪਹਿਲਾਂ ਦਿੱਲੀ ਤੇ ਹੁਣ ਪੰਜਾਬ ਵਿੱਚ ਵੀ ਇਹ ਕਾਨੂੰਨ ਬਣਾਉਣ ਲਈ ਉਨ੍ਹਾਂ ਕੋਈ ਉਪਰਾਲਾ ਨਹੀਂ ਕੀਤਾ, ਪਰ ਪ੍ਰਗਤੀਸ਼ੀਲ ਮੰਚ ਦਾ ਵਿਸ਼ਵਾਸ ਹੈ ਕਿ ਇਹ ਲੋਕ ਹਿੱਤਾ ਦੀ ਅਸਲ ਜਮਹੂਰੀ ਮੰਗ ਹੈ।ਮੰਚ ਇਹ ਕਾਨੂੰਨ ਬਣਾਉਣ ਲਈ ਲਗਾਤਾਰ ਸਰਗਰਮੀ ਜਾਰੀ ਰੱਖੇਗਾ।

## ਖਾਲਸਾ ਦੀ ਹਾਈ ਕੋਰਟ 'ਚ ਦਾਇਰ ਪਟੀਸ਼ਨ ਨੂੰ ਰੱਦ ਕਰਨਾ ਮੰਦਭਾਗੀ ਘਟਨਾ : ਰਣੀਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਐਮਪੀ ਖਡੂਰ ਸਾਹਿਬ ਵੱਲੋਂ ਬਜਟ ਸੈਸ਼ਨ ਵਿੱਚ ਸ਼ਮੂਲੀਅਤ ਕਰਨ ਲਈ ਹਾਈਕੋਰਟ ਵਿੱਚ ਦਾਇਰ ਕੀਤੀ ਪਟੀਸ਼ਨ ਦੇ ਰੱਦ ਹੋਣ ਨਾਲ ਇੱਕ ਵਾਰ ਫਿਰ ਸਿੱਖ ਕੌਮ ਨੂੰ ਭਾਰਤ ਦੇਸ਼ ਵਿੱਚ ਬੇਗਾਨੇਪਣ ਦਾ ਅਹਿਸਾਸ ਕਰਵਾਇਆ ਗਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੁਝ ਦਿਨ ਪਹਿਲਾਂ ਅਕਾਲੀ ਦਲ (ਪੁਨਰ ਸੁਰਜੀਤੀ) ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਸ਼ਾਮਲ ਹੋਏ ਉੱਘੇ ਸਿਆਸਤਦਾਨ ਤੇ ਸਮਾਜ ਸੇਵੀ ਦਵਿੰਦਰ ਸਿੰਘ ਰਣੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਜਿੱਥੇ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਬਿਨਾਂ ਕਿਸੇ ਕਾਰਨ ਕਰੀਬ ਤਿੰਨ ਸਾਲ ਤੋਂ ਐਨਐਸਏ ਅਧੀਨ ਡਿਬਰੂਗੜ ਦੀ ਜੇਲ ਵਿੱਚ ਕੈਦ ਕੀਤਾ ਹੋਇਆ ਹੈ, ਉੱਥੇ ਮਾਨਯੋਗ ਹਾਈਕੋਰਟ ਵੱਲੋਂ ਖਡੂਰ ਸਾਹਿਬ ਹਲਕੇ ਤੋਂ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨ ਵਾਲੇ ਸਾਂਸਦ ਭਾਈ ਅੰਮ੍ਰਿਤ ਪਾਲ ਸਿੰਘ ਖਾਲਸਾ ਵੱਲੋਂ ਬਜਟ ਸੈਸ਼ਨ ਵਿੱਚ ਜਾਣ ਲਈ ਮਾਣਯੋਗ ਹਾਈ ਕੋਰਟ ਵਿੱਚ ਦਾਇਰ ਕੀਤੀ ਗਈ ਪਟੀਸ਼ਨ ਨੂੰ ਰੱਦ ਕਰਨ ਨਾਲ ਭਾਰਤ ਦੇਸ਼ ਦੀ ਕਾਨੂੰਨੀ ਪ੍ਰਣਾਲੀ ਤੇ ਵੀ ਪ੍ਰਸ਼ਨ ਚਿੰਨ੍ਹ ਲੱਗਾ ਹੈ।ਉਨ੍ਹਾਂ ਕਿਹਾ ਕਿ ਬੜੀ ਹੈਰਾਨੀ ਦੀ ਗੱਲ ਹੈ ਕਿ ਇੱਕ ਪਾਸੇ ਸੌਦਾ ਸਾਧ ਡੇਰੇ ਦੇ ਮੁਖੀ ਰਾਮ ਰਹੀਮ ਨੂੰ ਉਸ ਉਤੇ ਦੋਸ਼ ਸਾਬਿਤ ਹੋਣ ਦੇ ਬਾਵਜੂਦ ਵਾਰ ਵਾਰ ਪੈਰੋਲ ਦਿੱਤੀ ਜਾ ਰਹੀ ਹੈ, ਪਰ ਲੋਕਤੰਤਰੀ ਤਰੀਕੇ ਨਾਲ ਜਨਤਾ ਵੱਲੋਂ ਚੁਣੇ ਸਾਂਸਦ ਨੂੰ ਬਜਟ ਸੈਸ਼ਨ ਦੇ ਵਿੱਚ ਸ਼ਮੂਲੀਅਤ ਕਰਨ ਤੋਂ ਰੋਕਣਾ ਬਹੁਤ ਮੰਦਭਾਗੀ ਗੱਲ ਹੈ।

## ਕਾਤਰਾਂ

### ਹੈਰੋਇਨ ਤੇ ਕਾਰ ਸਮੇਤ ਕਾਬੂ

**ਮਲੋਟ/ਲੰਬੀ (ਓਮ ਪ੍ਰਕਾਸ਼ ਸੇਖੂ)**-ਐਸ.ਐਚ.ਓ ਥਾਣਾ ਕਬਰ ਵਾਲਾ ਹਰਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਚੌਕੀ ਪੰਨੀ ਵਾਲਾ ਫੱਤਾ ਦੇ ਇੰਚਾਰਜ ਵੇਦ ਪ੍ਰਕਾਸ਼ ਵੱਲੋਂ ਸਾਥੀ ਪੁਲਸ ਕਰਮਚਾਰੀਆਂ ਨਾਲ ਬੀਤੇ ਦਿਨ ਕਰਮਪੱਟੀ ਰੱਤਾ ਟਿੱਬਾ ਇਲਾਕੇ ਵਿੱਚ ਗਸ਼ਤ ਦੌਰਾਨ ਫੋਕਲ ਪੁਆਇੰਟ ਕਰਮ ਪੱਟੀ 'ਚ ਇੱਕ ਸ਼ੱਕੀ ਕਾਰ ਹੋਂਡਾ ਸਿਟੀ ਨੂੰ ਚੈੱਕ ਕੀਤਾ ਗਿਆ ਤਾਂ ਕਾਰ ਸਵਾਰ ਦੋ ਵਿਅਕਤੀਆਂ ਸ਼ਰਨਜੀਤ ਸਿੰਘ ਪੁੱਤਰ ਪ੍ਰਭਜੀਤ ਸਿੰਘ ਵਾਸੀ ਰੱਤਾ ਟਿੱਬਾ ਤੇ ਜਗਦੀਪ ਸਿੰਘ ਕਾਕਾ ਪੁੱਤਰ ਤਰਲੋਕ ਸਿੰਘ ਹਾਲ ਮਲੋਟ ਕੋਲੋਂ 8 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।ਇਸ ਸਬੰਧੀ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।ਚੌਂਕੀ ਇੰਚਾਰਜ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਅਗਲੇਰੀ ਜਾਂਚ ਕੀਤੀ ਜਾਵੇਗੀ।

### ਨਵਨੀਤ ਕੌਰ ਨੇ ਸੂਬਾਈ ਰੈਸਲਿੰਗ 'ਚ ਜਿੱਤਿਆ ਗੋਲਡ ਮੈਡਲ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਬਾਲਾ ਜੀ ਸਪੋਰਟਸ ਅਕੈਡਮੀ ਧੂਰੀ ਦੀ ਖਿਡਾਰਨ ਨਵਨੀਤ ਕੌਰ ਕਹੇਰੂ ਨੇ 28 ਮਾਰਚ ਨੂੰ ਮੁੱਲਾਂਪੁਰ (ਚੰਡੀਗੜ੍ਹ) ਵਿਖੇ ਲੜਕੀਆਂ ਦੀ ਹੋਈ ਪੰਜਾਬ ਰੈਸਲਿੰਗ ਚੈਂਪੀਅਨਸ਼ਿਪ 'ਚ 20 ਸਾਲ ਤੋਂ ਘੱਟ ਉਮਰ ਵਰਗ ਦੀਆਂ ਲੜਕੀਆਂ ਦੇ 53 ਕਿਲੋਗ੍ਰਾਮ ਭਾਰ ਵਰਗ ਦੇ ਮੁਕਾਬਲੇ 'ਚ ਭਾਗ ਲੈਂਦਿਆਂ ਗੋਲਡ ਮੈਡਲ ਪ੍ਰਾਪਤ ਕੀਤਾ।ਅਕੈਡਮੀ ਦੇ ਪ੍ਰਬੰਧਕ ਵੇਦ ਭਲਵਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਰੈਸਲਿੰਗ ਚੈਂਪੀਅਨਸ਼ਿਪ 'ਚ ਗੋਲਡ ਮੈਡਲ ਪ੍ਰਾਪਤ ਕਰਨ ਵਾਲੀ ਨਵਨੀਤ ਕੌਰ ਕਹੇਰੂ ਹੁਣ ਪੰਜਾਬ ਵੱਲੋਂ 10 ਤੋਂ 12 ਅਪ੍ਰੈਲ ਤੱਕ ਛੱਤੀਸਗੜ੍ਹ ਵਿਖੇ ਹੋਣ ਵਾਲੀ ਕੌਮੀ ਰੈਸਲਿੰਗ ਚੈਂਪੀਅਨਸ਼ਿਪ 'ਚ ਭਾਗ ਲਵੇਗੀ।ਉਨ੍ਹਾਂ ਦੱਸਿਆ ਕਿ ਅਕੈਡਮੀ 'ਚ 60/70 ਖਿਡਾਰੀ ਅਭਿਆਸ ਕਰਦੇ ਹਨ ਤੇ ਹੁਣ ਅਕੈਡਮੀ ਵੱਲੋਂ ਅਭਿਆਸ ਕਰਨ ਵਾਲੇ ਖਿਡਾਰੀਆਂ ਲਈ ਹੋਸਟਲ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

### ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਚੰਦਬਾਜਾ ਤੋਂ ਬੱਸ ਰਵਾਨਾ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚ-ਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾ ਦੇ ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਪਿੰਡ ਚੰਦਬਾਜਾ ਤੋਂ ਸ਼ਰਧਾਲੂਆਂ ਦੀ ਇੱਕ ਬੱਸ ਧਾਰਮਿਕ ਅਸਥਾਨਾਂ ਦੇ ਦਰਸ਼ਨ ਲਈ ਰਵਾਨਾ ਕੀਤੀ ਗਈ।ਇਸ ਮੌਕੇ ਪਿੰਡ ਦੇ ਸਰਪੰਚ ਆਦੇਸ਼ ਸਿੰਘ ਢਿੱਲੋਂ ਵੱਲੋਂ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਮਈ ਤੇ ਮੰਗਲਮਈ ਯਾਤਰਾ ਲਈ ਕਾਮਨਾ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਨਾਲ ਆਮ ਲੋਕਾਂ ਨੂੰ ਧਾਰਮਿਕ ਯਾਤਰਾ ਕਰਨ ਲਈ ਵੱਡੀ ਸਹੂਲਤ ਮਿਲ ਰਹੀ ਹੈ।

# ਸਵਰਗੀ ਦਰਸ਼ਨ ਕੁਮਾਰ ਬਾਂਸਲ ਨੂੰ ਸ਼ਰਧਾਂਜਲੀਆਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਅਨਾਜ ਮੰਡੀ ਪਾਤੜਾਂ ਵਿਖੇ ਬਤੌਰ ਆੜ੍ਹਤੀਆ ਕੰਮ ਕਰ ਰਹੇ ਸ਼ਹਿਰ ਦੇ ਸਮਾਜ ਸੇਵੀ ਆਗੂ ਦਰਸ਼ਨ ਕੁਮਾਰ ਬਾਂਸਲ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ ਪ੍ਰਾਚੀਨ ਸ਼ਿਵ ਮੰਦਿਰ ਦੇ ਸਿਉਵੰਤੀ ਹਾਲ ਵਿਖੇ ਹੋਇਆ।ਸ਼੍ਰੀ ਗਰੁੜ ਪਾਠ ਦੇ ਭੋਗ ਉਪਰੰਤ ਪੰਡਤ ਸ਼ਾਸਤਰੀ ਜੀ ਨੇ ਕਥਾ ਵਿਚਾਰਾਂ ਰਾਹੀਂ ਜਿੱਥੇ ਮਨੁੱਖ ਨੂੰ ਚੰਗੇ ਕਰਮ ਕਰਨ ਦਾ ਸੁਨੇਹਾ ਦਿੱਤਾ, ਉੱਥੇ ਬ੍ਰਹਮ ਕੁਮਾਰੀ ਆਸ਼ਰਮ ਪਾਤੜਾਂ ਤੋਂ ਬ੍ਰਹਮ ਕੁਮਾਰੀ ਮਮਤਾ ਭੈਣ ਤੇ ਰੂਹਾਨੀ ਭੈਣ ਨੇ ਸਵਰਗੀ ਦਰਸ਼ਨ ਕੁਮਾਰ ਬਾਂਸਲ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਕਿਹਾ ਕਿ ਅਜੋਕੇ ਸਮੇਂ ਨੂੰ ਗ੍ਰੰਥਾਂ ਤੇ ਸ਼ਾਸਤਰਾਂ ਵਿੱਚ ਕਲਯੁੱਗ ਦਾ ਸਮਾਂ ਕਿਹਾ ਗਿਆ ਹੈ।ਛੋਟੀ ਉਮਰ ਵਿੱਚ ਬਿਮਾਰੀਆਂ ਦਾ ਵਧਣਾ ਕਲਯੁਗ ਦਾ ਪ੍ਰਤੱਖ ਪ੍ਰਮਾਣ ਹੈ।ਇਸ ਤੋਂ ਇਲਾਵਾ ਸਮਾਗਮ ਦੌਰਾਨ ਵੱਖ-ਵੱਖ ਰਾਜਨੀਤਿਕ ਧਾਰਮਿਕ ਅਤੇ ਸਮਾਜਿਕ ਸ਼ਖ਼ਸ਼ੀਅਤਾਂ ਨੇ ਸਵਰਗੀ ਦਰਸ਼ਨ ਕੁਮਾਰ ਬਾਂਸਲ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਸਮਾਜਸੇਵੀ ਆਗੂ ਸੁਰਿੰਦਰ ਕੁਮਾਰ ਪੈਦ ਨੇ ਕਿਹਾ ਕਿ ਦਿਨੋ ਦਿਨ ਵੱਧਦੀਆਂ ਬਿਮਾਰੀਆਂ ਦਾ ਸਭ ਤੋਂ ਵੱਡਾ ਕਾਰਨ ਵਾਤਾਵਰਨ ਪ੍ਰਦੂਸ਼ਿਤ ਹੋਣਾ ਹੈ, ਇਸ ਲਈ ਹਰ ਇੱਕ ਮਨੁੱਖ ਨੂੰ ਜਿਸ ਕੋਲ ਵੀ ਜਗ੍ਹਾ ਹੈ ਰੁੱਖ ਲਗਾਉਣ ਵਾਲਾ ਧਿਆਨ ਦੇਣ ਦੇ ਨਾਲ ਨਾਲ ਮਿੱਟੀ ਤੇ ਪਾਣੀ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਚਾਹੀਦਾ ਹੈ। ਭਾਜਪਾ ਆਗੂ ਰਮੇਸ਼ ਕੁਮਾਰ ਕੁੱਕੂ ਨੇ ਦਰਸ਼ਨ ਕੁਮਾਰ ਬਾਂਸਲ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਨਿੱਘਾ ਸੁਭਾਅ ਲੋਕਾਂ ਲਈ ਪ੍ਰੇਰਨਾ ਸਰੋਤ ਹੈ।ਬਿਨਾਂ ਕਿਸੇ ਵੀ ਤਰ੍ਹਾਂ ਦੇ ਛਲ ਕਪਟ ਦੇ ਜੀਵਨ ਬਤੀਤ ਕਰਨ ਲਈ ਸਵਰਗੀ ਬਾਂਸਲ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।ਇਸ ਦੌਰਾਨ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਰਣਵੀਰ ਸਿੰਘ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਕੁਲਵੰਤ ਸਿੰਘ ਮੌਲਵੀਵਾਲਾ, ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ, ਸ਼ਹਿਰੀ ਪ੍ਰਧਾਨ ਸਤੀਸ਼ ਕੁਮਾਰ ਗਰਗ, ਲਾਲ ਚੰਦ ਲਾਲੀ, ਸ਼੍ਰੋਮਣੀ ਅਕਾਲੀ ਦਲ ਸਰਕਲ ਪਾਤੜਾਂ ਦਿਹਾਤੀ ਦੇ ਪ੍ਰਧਾਨ ਗੁਰਦੀਪ ਸਿੰਘ ਖਾਂਗ, ਸਾਬਕਾ ਸਰਪੰਚ ਚਰਨਜੀਤ ਸਿੰਘ ਭੁੱਲਰ, ਤੇਜਪਾਲ ਸ਼ਰਮਾ, ਸੰਦੀਪ ਕੁਮਾਰ ਕਾਲਾ, ਐਡਵੋਕੇਟ ਗੋਬਿੰਦ ਗਰਗ, ਰਾਕੇਸ਼ ਕੁਮਾਰ ਗੁਰਕੁਲ ਸਕੂਲ ਤੇ ਰੋਟੇਰੀਅਨ ਰਾਕੇਸ਼ ਕੁਮਾਰ ਗਰਗ ਆਦਿ ਹਾਜ਼ਰ ਸਨ।

## ਡਿਜੀਟਲ ਲਾਈਫ ਸਰਟੀਫਿਕੇਟ ਦੇਣ ਤੋਂ ਅਸਮਰੱਥ ਪੈਨਸ਼ਨਰਾਂ ਦੀ ਸਮੱਸਿਆ ਦਾ ਹੱਲ ਕਰੇ ਸਰਕਾਰ : ਚਾਹਲ, ਚਾਵਲਾ

**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਵੱਖ ਵੱਖ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਏ ਆਪਣੇ ਸਾਰੇ ਪੈਨਸ਼ਨਰਾਂ ਨੂੰ 31 ਮਾਰਚ 2026 ਤੱਕ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਜੀਵਨ ਪ੍ਰਮਾਣ ਐਪ 'ਤੇ ਸਾਰੇ ਪੈਨਸ਼ਨਰਾਂ ਨੂੰ ਆਪਣੇ ਬੈਂਕਾਂ ਵਿੱਚ ਜਾ ਕੇ ਸਬੰਧਤ ਖਜ਼ਾਨਾ ਦਫਤਰਾਂ ਵਿੱਚ ਜਾ ਕੇ ਜਾਂ ਸੇਵਾ ਕੇਂਦਰਾਂ ਵਿੱਚ ਜਾ ਕੇ ਸਬਮਿਟ ਕਰਨ ਦੀ ਹਦਾਇਤਾਂ ਜਾਰੀ ਕੀਤੀਆਂ ਸਨ ਤੇ ਡਿਜੀਟਲ ਲਾਈਫ ਸਰਟੀਫਿਕੇਟ 31 ਮਾਰਚ 2026 ਤੱਕ ਨਾ ਭਰਨ ਵਾਲੇ ਪੈਨਸ਼ਨਰਾਂ ਦੀ ਪੈਨਸ਼ਨ ਬੰਦ ਕਰਨ ਦੀ ਚਿਤਾਵਨੀ ਦਿੱਤੀ ਸੀ।ਆਗੂਆਂ ਨੇ ਦੱਸਿਆ ਕਿ ਕਈ ਪੈਨਸ਼ਨਰ ਆਪਣੀਆਂ ਪਰਿਵਾਰਕ ਮਜਬੂਰੀਆਂ ਕਰਕੇ ਆਪਣੇ ਬੱਚਿਆਂ ਕੋਲ ਜਾ ਕੇ ਵਿਦੇਸ਼ਾਂ ਵਿੱਚ ਰਹਿ ਰਹੇ ਹਨ।ਉਨ੍ਹਾਂ ਦੱਸਿਆ ਕਿ ਵਿਦੇਸ਼ਾਂ ਵਿੱਚ ਇਹ ਜੀਵਨ ਪ੍ਰਮਾਣ ਐਪ 'ਤੇ ਡਿਜੀਟਲ ਲਾਈਫ ਸਰਟੀਫਿਕੇਟ ਭਰਨ ਸਮੇਂ ਆਉਣ ਵਾਲਾ ਓ ਟੀ ਪੀ ਨਾ ਆਉਣ ਕਰਕੇ ਸਬੰਧਤ ਪੈਨਸ਼ਨਰ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਭਰਨ ਤੋਂ ਅਸਮਰੱਥ ਹੋਏ ਪਏ ਹਨ ਅਤੇ ਮਾਨਸਿਕ ਪ੍ਰੇਸ਼ਾਨੀ ਦੇ ਦੌਰ ਵਿੱਚੋਂ ਦੀ ਗੁਜ਼ਰ ਰਹੇ ਹਨ।ਇਸ ਤੋਂ ਇਲਾਵਾ ਕਈ ਪੈਨਸ਼ਨਰ ਬਿਰਧ ਅਵਸਥਾ ਵਿੱਚ ਹੋਣ ਕਾਰਨ ਜਾਂ ਸਰੀਰਕ ਬਿਮਾਰੀ ਦੀ ਅਵਸਥਾ ਕਾਰਨ ਚੱਲ ਫਿਰਨ ਤੋਂ ਵੀ ਅਸਮਰੱਥ ਹਨ।ਇਸ ਕਰਕੇ ਇਹ ਪੈਨਸ਼ਨਰ ਅਜੇ ਤੱਕ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਨਹੀਂ ਕਰਵਾ ਸਕੇ ਤੇ ਉਨ੍ਹਾਂ ਨੂੰ ਆਪਣੀ ਪੈਨਸ਼ਨ ਬੰਦ ਹੋਣ ਦਾ ਡਰ ਸਤਾ ਰਿਹਾ ਹੈ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਮਸਲੇ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਇਨ੍ਹਾਂ ਸਾਰੇ ਪੈਨਸ਼ਨਰਾਂ ਦਾ ਪਹਿਲਾਂ ਦੀ ਤਰ੍ਹਾਂ ਹੀ ਲਾਈਫ ਸਰਟੀਫਿਕੇਟ ਸਵੀਕਾਰ ਕੀਤਾ ਜਾਵੇ ਅਤੇ ਕਿਸੇ ਵੀ ਹਾਲਤ ਵਿੱਚ ਕਿਸੇ ਵੀ ਪੈਨਸ਼ਨਰ ਦੀ ਪੈਨਸ਼ਨ ਬੰਦ ਨਾ ਕੀਤੀ ਜਾਵੇ।

## ਸੇਵਾ-ਮੁਕਤੀ 'ਤੇ ਵਿਸ਼ੇਸ਼

# ਕਰਮਯੋਗੀ ਤੇ ਸਮਾਜ-ਸੇਵੀ ਸ਼ਖ਼ਸੀਅਤ ਬਲਜੀਤ ਸਿੰਘ ਸਿੱਧੂ ਪੰਡੋਰੀ



ਸਮਾਜ ਸੇਵਾ ਦੇ ਖੇਤਰ ਵਿੱਚ ਮੋਹਰੀ ਭੂਮਿਕਾ ਨਿਭਾਉਣ, ਸੂਚਨਾ ਤੇ ਲੋਕ ਸੰਪਰਕ ਵਿਭਾਗ ਵਿੱਚ ਆਪਣੀਆਂ ਨਿੱਗਰ ਸੇਵਾਵਾਂ ਦੇਣ ਵਾਲੇ ਬਲਜੀਤ ਸਿੰਘ ਸਿੱਧੂ ਪੰਡੋਰੀ ਅੱਜ ਆਪਣੀ ਸਰਕਾਰੀ ਸੇਵਾ ਤੋਂ ਮੁਕਤ ਹੋ ਰਹੇ ਹਨ।1 ਅਪ੍ਰੈਲ 1966 ਨੂੰ ਜ਼ਿਲ੍ਹਾ ਬਰਨਾਲਾ ਦੇ ਪਿੰਡ ਪੰਡੋਰੀ ਵਿਖੇ ਮਾਤਾ ਕਰਤਾਰ ਕੌਰ ਤੇ ਪਿਤਾ ਸ੍ਰ. ਪ੍ਰੀਤਮ ਸਿੰਘ ਸਿੱਧੂ ਦੇ ਗ੍ਰਹਿ ਵਿਖੇ ਜਨਮੇ ਬਲਜੀਤ ਸਿੰਘ ਦਾ ਜੀਵਨ ਸੰਘਰਸ਼, ਦਲੇਰੀ ਤੇ ਲੋਕ-ਸੇਵਾ ਦੀ ਇੱਕ ਮਿਸਾਲ ਰਿਹਾ ਹੈ।ਉਨ੍ਹਾਂ ਆਪਣੀ ਮੁੱਢਲੀ ਵਿੱਦਿਆ ਪਿੰਡ ਪੰਡੋਰੀ ਤੋਂ ਪ੍ਰਾਪਤ ਕੀਤੀ ਤੇ ਸਰਕਾਰੀ ਹਾਈ ਸਕੂਲ ਮਹਿਲ ਖ਼ੁਰਦ ਤੋਂ ਮੈਟ੍ਰਿਕ ਪਾਸ ਕੀਤੀ।ਆਪਣੀ ਕਿਰਤ ਦੀ ਸ਼ੁਰੂਆਤ ਉਨ੍ਹਾਂ ਓਸਵਾਲ ਫੈਕਟਰੀ ਤੋਂ ਕੀਤੀ, ਜਿੱਥੇ ਲਗਾਤਾਰ 15 ਸਾਲ ਉਨ੍ਹਾਂ ਨੇ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕੀਤਾ।ਜੀਵਨ ਦੇ ਸਫ਼ਰ ਵਿੱਚ ਸਾਲ 1992 ਦਾ ਉਹ 'ਕਾਲਾ ਦੌਰ' ਇੱਕ ਅਜਿਹਾ ਮੋੜ ਸੀ, ਜਦੋਂ ਉਨ੍ਹਾਂ ਦੇ ਪਿਤਾ ਬਾਬਾ ਪ੍ਰੀਤਮ ਸਿੰਘ ਜੀ ਦੋ ਸਾਥੀਆਂ ਸਮੇਤ ਸ਼ਹੀਦ ਹੋ ਗਏ।ਅਜਿਹੇ ਗਹਿਰੇ ਸਦਮੇ ਤੇ ਪਰਿਵਾਰਕ ਸੰਕਟ ਦੀ ਘੜੀ ਵਿੱਚ ਬਲਜੀਤ ਸਿੰਘ ਨੇ ਸਬਰ ਤੋਂ ਕੰਮ ਲਿਆ ਤੇ ਪੂਰੇ ਪਰਿਵਾਰ ਨੂੰ ਯੋਗ ਅਗਵਾਈ ਦੇ ਕੇ ਉਸ ਦੁੱਖ ਵਿੱਚੋਂ ਬਾਹਰ ਕੱਢਿਆ।ਸਰਕਾਰ ਵੱਲੋਂ ਉਨ੍ਹਾਂ ਨੂੰ 23 ਜੁਲਾਈ 2001 ਨੂੰ ਸੂਚਨਾ ਤੇ ਲੋਕ ਸੰਪਰਕ ਵਿਭਾਗ ਵਿੱਚ ਸਰਕਾਰੀ ਨੌਕਰੀ ਮਿਲੀ।ਉਨ੍ਹਾਂ ਦੀ ਪਹਿਲੀ ਤਾਇਨਾਤੀ ਜ਼ਿਲ੍ਹਾ ਦਫਤਰ ਸੰਗਰੂਰ ਵਿਖੇ ਹੋਈ।ਉਥੇ ਦੋ ਸਾਲ ਸੇਵਾ ਨਿਭਾਉਣ ਉਪਰੰਤ ਜ਼ਿਲ੍ਹਾ ਬਰਨਾਲਾ ਦਫ਼ਤਰ 'ਚ ਲਗਾਤਾਰ 22 ਸਾਲ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ।ਉਨ੍ਹਾਂ ਦੇ ਇਸ ਸਫ਼ਰ ਵਿੱਚ ਉਨ੍ਹਾਂ ਦੀ ਧਰਮ ਪਤਨੀ ਬੀਬੀ ਪਰਮਿੰਦਰ ਕੌਰ ਨੇ ਹਰ ਸੁੱਖ-ਦੁੱਖ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਸਾਥ ਦਿੱਤਾ।ਆਪਣੇ ਦੋਵੇਂ ਸਪੁੱਤਰਾਂ, ਸੁਖਵਿੰਦਰ ਸਿੰਘ ਕੈਨੇਡੀਅਨ ਹਰਵਿੰਦਰ ਸਿੰਘ ਸਿੱਧੂ ਨੂੰ ਉੱਚ ਵਿੱਦਿਆ ਦਿਵਾ ਕੇ ਸਮਾਜ ਦੇ ਕਾਬਿਲ ਬਣਾਉਣ ਵਿੱਚ ਵੀ ਉਨ੍ਹਾਂ ਨੇ ਪਿਤਾ ਵਜੋਂ ਅਹਿਮ ਭੂਮਿਕਾ ਨਿਭਾਈ।

ਬਲਜੀਤ ਸਿੰਘ ਸਿੱਧੂ ਦਾ ਜੀਵਨ ਸਿਰਫ਼ ਸਰਕਾਰੀ ਨੌਕਰੀ ਤੱਕ ਹੀ ਸੀਮਤ ਨਹੀਂ ਰਿਹਾ, ਸਗੋਂ ਉਹ ਸਮਾਜਿਕ ਸਰੋਕਾਰਾਂ ਨਾਲ ਵੀ ਡੂੰਘੇ ਜੁੜੇ ਰਹੇ।ਉਨ੍ਹਾਂ ਨੇ ਪਿੰਡ ਦੇ ਨੌਜਵਾਨਾਂ ਨੂੰ ਲਾਮਬੰਦ ਕਰਕੇ 'ਭਾਈ ਘਨੱਈਆ ਯੁਵਕ ਸੇਵਾਵਾਂ ਕਲੱਬ ਪੰਡੋਰੀ' ਦਾ ਗਠਨ ਕੀਤਾ।ਉਨ੍ਹਾਂ ਦੀਆਂ ਇਨ੍ਹਾਂ ਨਿਸ਼ਕਾਮ ਸੇਵਾਵਾਂ ਬਦਲੇ ਉਨ੍ਹਾਂ ਨੂੰ ਪੰਜਾਬ ਸਰਕਾਰ, ਡਿਪਟੀ ਕਮਿਸ਼ਨਰ ਬਰਨਾਲਾ ਤੇ ਵੱਖ-ਵੱਖ ਸਮਾਜਿਕ ਸੰਸਥਾਵਾਂ ਵੱਲੋਂ ਕਈ ਵਾਰ ਸਨਮਾਨਤ ਵੀ ਕੀਤਾ ਜਾ ਚੁੱਕਾ ਹੈ।

ਆਪਣੀ 25 ਸਾਲ ਦੀਆਂ ਸ਼ਾਨਦਾਰ ਸੇਵਾਵਾਂ ਉਪਰੰਤ ਅੱਜ 30 ਮਾਰਚ ਸੋਮਵਾਰ ਨੂੰ ਉਨ੍ਹਾਂ ਦੀ ਸੇਵਾ-ਮੁਕਤੀ ਮੌਕੇ ਮਹਿਲ ਕਲਾਂ (ਬਰਨਾਲਾ) ਵਿਖੇ ਇੱਕ ਵਿਸ਼ੇਸ਼ ਸਨਮਾਨ ਸਮਾਗਮ ਕਰਵਾਇਆ ਜਾ ਰਿਹਾ ਹੈ।ਅਸੀਂ ਅਰਦਾਸ ਕਰਦੇ ਹਾਂ ਕਿ ਸੇਵਾ-ਮੁਕਤੀ ਤੋਂ ਬਾਅਦ ਵੀ ਉਨ੍ਹਾਂ ਦਾ ਜੀਵਨ ਇਸੇ ਤਰ੍ਹਾਂ ਲੋਕ-ਭਲਾਈ ਦੇ ਕਾਰਜਾਂ ਲਈ ਸਮਰਪਤ ਰਹੇ।ਉਹ ਪਰਿਵਾਰ ਸਮੇਤ ਚੜ੍ਹਦੀ ਕਲਾ ਨਾਲ ਬੁਲੰਦੀਆਂ ਛੂਹਣ।

*- ਪ੍ਰਦੀਪ ਸਿੰਘ ਲੋਹਗੜ੍ਹ, ਮਹਿਲ ਕਲਾਂ*

# ਅਮਿਤ ਸ਼ਰਮਾ ਲਗਾਤਾਰ ਦੂਜੀ ਵਾਰ ਜ਼ਿਲ੍ਹਾ ਪ੍ਰੈੱਸ ਕਲੱਬ ਦੇ ਪ੍ਰਧਾਨ ਚੁਣੇ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**
ਜ਼ਿਲ੍ਹਾ ਪ੍ਰੈੱਸ ਕਲੱਬ (ਪ੍ਰਿੰਟ ਮੀਡੀਆ) ਫਰੀਦਕੋਟ ਦੀ ਇੱਕ ਮਹੱਤਵਪੂਰਨ ਜ਼ਿਲ੍ਹਾ ਪੱਧਰੀ ਮੀਟਿੰਗ ਗਿੱਲ ਸਵੀਟ ਹਾਊਸ ਦੇ ਮੀਟਿੰਗ ਹਾਲ ਵਿੱਚ ਹੋਈ।ਕਲੱਬ ਦੇ ਚੇਅਰਮੈਨ ਜਸਵੰਤ ਸਿੰਘ ਪੁਰਬਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਚੋਣ ਪ੍ਰਕਿਰਿਆ ਲੋਕਤੰਤਰੀ ਢੰਗ ਨਾਲ ਪੂਰੀ ਹੋਈ।ਅਮਿਤ ਸ਼ਰਮਾ ਨੇ ਬਹੁਮਤ ਨਾਲ ਜਿੱਤ ਪ੍ਰਾਪਤ ਕੀਤੀ।ਉਨ੍ਹਾਂ ਨੂੰ ਅਗਲੇ ਦੋ ਸਾਲਾਂ ਲਈ ਜ਼ਿਲ੍ਹਾ ਪ੍ਰਧਾਨ ਵਜੋਂ ਦੁਬਾਰਾ ਚੁਣਿਆ ਗਿਆ।ਪ੍ਰਧਾਨ ਦੇ ਅਹੁਦੇ ਲਈ ਵੋਟਿੰਗ ਸਾਰੇ ਪੱਤਰਕਾਰਾਂ ਦੀ ਮੌਜੂਦਗੀ ਵਿੱਚ ਕੀਤੀ ਗਈ।ਚੋਣ ਨਤੀਜਿਆਂ ਦਾ ਐਲਾਨ ਕਰਦੇ ਹੋਏ ਚੇਅਰਮੈਨ ਜਸਵੰਤ ਸਿੰਘ ਪੁਰਬਾ ਨੇ ਕਿਹਾ ਕਿ ਅਮਿਤ ਸ਼ਰਮਾ ਨੂੰ ਪੱਤਰਕਾਰ ਭਾਈਚਾਰੇ ਵੱਲੋਂ ਭਾਰੀ ਸਮਰਥਨ ਮਿਲਿਆ।ਉਨ੍ਹਾਂ ਨੇ ਨਵੇਂ ਚੁਣੇ ਗਏ ਪ੍ਰਧਾਨ ਨੂੰ ਉਨ੍ਹਾਂ ਦੀ ਜਿੱਤ 'ਤੇ ਵਧਾਈ ਦਿੱਤੀ ਤੇ ਉਮੀਦ ਪ੍ਰਗਟਾਈ ਕਿ ਉਹ ਭਵਿੱਖ ਵਿੱਚ ਪੱਤਰਕਾਰਾਂ ਦੇ ਹਿੱਤਾਂ ਦੀ ਸੇਵਾ ਕਰਦੇ ਰਹਿਣਗੇ।ਆਪਣੀ ਜਿੱਤ ਤੋਂ ਬਾਅਦ ਪੱਤਰਕਾਰਾਂ ਦਾ ਧੰਨਵਾਦ ਕਰਦੇ ਹੋਏ, ਅਮਿਤ ਸ਼ਰਮਾ ਨੇ ਕਿਹਾ ਕਿ ਮੈਂ ਆਪਣੇ ਸਾਰੇ ਸਾਥੀਆਂ ਦਾ ਮੇਰੇ 'ਤੇ ਭਰੋਸਾ ਕਰਨ ਲਈ ਧੰਨਵਾਦੀ ਹਾਂ।ਇਹ ਜਿੱਤ ਮੇਰੀ ਨਿੱਜੀ ਜਿੱਤ ਨਹੀਂ ਹੈ, ਸਗੋਂ ਸਮੁੱਚੇ ਪੱਤਰਕਾਰ ਭਾਈਚਾਰੇ ਦੀ ਏਕਤਾ ਦੀ ਜਿੱਤ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਉਹ ਕਲੱਬ ਦੀ ਮਜ਼ਬੂਤੀ ਤੇ ਬਿਹਤਰੀ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।ਉਨ੍ਹਾਂ ਐਲਾਨ ਕੀਤਾ ਕਿ ਕਲੱਬ ਦੀ ਨਵੀਂ ਕਮੇਟੀ ਦਾ ਜਲਦੀ ਹੀ ਵਿਸਥਾਰ ਕੀਤਾ ਜਾਵੇਗਾ ਤਾਂ ਜੋ ਪੱਤਰਕਾਰੀ ਨੂੰ ਦਰਪੇਸ਼ ਚੁਣੌਤੀਆਂ ਨੂੰ ਇਕੱਠੇ ਹੱਲ ਕੀਤਾ ਜਾ ਸਕੇ। ਇਸ ਚੋਣ ਮੀਟਿੰਗ ਵਿੱਚ ਹਰਪ੍ਰੀਤ ਚਾਨਾ, ਪਰਵਿੰਦਰ ਅਰੋੜਾ, ਹਰਮਿੰਦਰ ਮਿੰਢਾ, ਪ੍ਰਦੀਪ ਚਾਵਲਾ, ਜਗਦੀਸ਼ ਸਹਿਗਲ, ਨਰਿੰਦਰ ਬੈਹੜ, ਭੋਲਾ ਸ਼ਰਮਾ, ਤਰਸੇਮ ਚਾਨਾ, ਸਤੀਸ਼ ਬਾਗੀ, ਮਨਪ੍ਰੀਤ ਸਿੰਘ, ਅਲੈਗਜ਼ੈਂਡਰ ਡਿਸੂਜ਼ਾ, ਜਤਿੰਦਰ ਕੁਮਾਰ, ਪ੍ਰਦੀਪ ਗਰਗ, ਵਿਕਾਸ ਗਰਗ, ਡਾ. ਰਣਜੀਤ ਸਿੰਘ ਤੇ ਗੁਰਪ੍ਰੀਤ ਪੱਕਾ ਸਮੇਤ ਜ਼ਿਲ੍ਹੇ ਦੇ ਪ੍ਰਮੁੱਖ ਪੱਤਰਕਾਰ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਧਨਾਢ ਪਾਰਟੀਆਂ ਪੈਸੇ ਦੀ ਤਾਕਤ ਨਾਲ ਸੱਤਾ ਹਥਿਆਉਣ ਦੀ ਤਾਕ 'ਚ : ਭਿੰਡਰ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਇੰਜ. ਸੁਰਿੰਦਰ ਸਿੰਘ ਭਿੰਡਰ ਨੇ ਸਟੇਟ ਦਫ਼ਤਰ ਫ਼ਿਰੋਜ਼ਪੁਰ ਤੋਂ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਧਨਾਢ ਮਾਨਸਿਕਤਾ ਵਾਲੀਆਂ ਰਿਵਾਇਤੀ ਪਾਰਟੀਆਂ ਇਹ ਵਹਿਮ ਪਾਲੀ ਬੈਠੀਆਂ ਹਨ ਕਿ ਉਹ 2027 ਦੀ ਪੰਜਾਬ ਚੋਣ ਪੈਸੇ ਦੇ ਜ਼ੋਰ ਨਾਲ ਹਥਿਆ ਲੈਣਗੀਆਂ।ਉਹ ਗਰੀਬ ਵਰਗਾਂ ਦੇ ਵੋਟ ਬੈਂਕ ਨੂੰ ਆਪਣੀ ਜੇਬ ਵਿੱਚ ਸਮਝ ਕੇ ਚਲ ਰਹੇ ਹਨ ਤੇ ਉਨ੍ਹਾਂ ਨੂੰ ਗੁੰਮਰਾਹ ਕਰਨ 'ਚ ਲੱਗੇ ਹੋਏ ਹਨ, ਇਨ੍ਹਾਂ ਪਾਰਟੀਆਂ ਕੋਲ ਗਰੀਬਾਂ ਦੀ ਭਲਾਈ ਲਈ ਕੋਈ ਮੁੱਦਾ ਨਹੀਂ, ਸਿਰਫ਼ ਸੀ ਐੱਮ ਦੀ ਕੁਰਸੀ ਕਿਵੇਂ ਹੱਥਆਉਣੀ ਹੈ ਇਕ ਹੀ ਏਜੰਡਾ ਹੈ। ਇਨ੍ਹਾਂ ਪਾਰਟੀਆਂ ਦੇ ਨੇਤਾ ਆਪਣੀ ਦੂਸਰੀ ਕਤਾਰ ਦੀ ਲੀਡਰਸ਼ਿਪ ਨੂੰ ਹੱਲਾਸ਼ੇਰੀ ਦੇ ਰਹੇ ਹਨ ਕਿ ਪੈਸਾ ਤੇ ਨਸ਼ੇ ਜਮਾ ਰੱਖੋ।ਉਨ੍ਹਾ ਕਿਹਾ ਕਿ ਅਸੀਂ ਪੰਜਾਬ ਤੇ ਕੇਂਦਰੀ ਏਜੰਸੀਆਂ ਨੂੰ ਅਪੀਲ ਕਰਾਂਗੇ ਕਿ ਉਹ ਅਜਿਹੀਆਂ ਪਾਰਟੀਆਂ ਦੇ ਆਗੂਆਂ ਤੇ ਲੋਕਾਂ 'ਤੇ ਕਰੜੀ ਨਜ਼ਰ ਰੱਖਣ ਤਾਂ ਕਿ ਸਾਡੇ ਗੌਰਵਮਈ ਲੋਕਤੰਤਰ ਨੂੰ ਕਾਇਮ ਰੱਖਿਆ ਜਾ ਸਕੇ।

ਪੰਜਾਬ ਪ੍ਰਧਾਨ ਇੰਜ. ਭਿੰਡਰ ਨੇ ਕਿਹਾ ਕਿ ਪਿਛਲੇ ਸਮਿਆਂ ਵਿੱਚ ਵੋਟਾਂ ਦੀ ਖ਼ਰੀਦੋ ਫਰੋਕਤ ਤੇ ਭਾਰਤੀ ਸਿਆਸਤ ਵਿੱਚ ਗਲਤ ਅਨਸਰਾਂ ਦੀ ਐਂਟਰੀ ਹੋ ਜਾਣ ਕਾਰਨ ਗਰੀਬ ਵਰਗਾਂ ਦੇ ਹਿੱਤ ਸੁਰੱਖਿਅਤ ਨਹੀਂ ਰਹੇ।ਅੱਜ ਦੇਸ਼ ਵਿੱਚ ਸਰਮਾਏਦਾਰੀ ਦਾ ਬੋਲਬਾਲਾ ਹੈ।ਪੰਜਾਬ ਤੇ ਕੇਂਦਰ ਸਰਕਾਰ ਵਿੱਚ ਕਨੂੰਨ ਘਾੜਿਆ ਦੀ ਐਂਟਰੀ ਅਰਬਪਤੀਆਂ ਤੇ ਅਪਰਾਧੀਆਂ ਦੀ ਹੋ ਗਈ ਹੈ।ਇਹੋ ਪ੍ਰਮੁੱਖ ਕਾਰਨ ਹੈ ਕਿ ਗਰੀਬ ਵਰਗ ਦੀ ਕਿਤੇ ਵੀ ਸੁਣਵਾਈ ਨਹੀਂ ਹੋ ਰਹੀ।ਉਨ੍ਹਾ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਲੋਕਾਂ ਦਾ ਰਾਜ, ਲੋਕਾਂ ਲਈ ਤੇ ਸਭ ਲਈ ਬਰਾਬਰ ਮੌਕੇ, ਸਭ ਦਾ ਬਰਾਬਰ ਸਤਿਕਾਰ ਲਿਆਉਣ ਲਈ ਕੰਮ ਕਰ ਰਹੀ ਹੈ।ਪੰਜਾਬ ਪ੍ਰਧਾਨ ਨੇ ਕਿਹਾ ਕਿ ਬਹੁਤ ਜਲਦੀ ਇਮਾਨਦਾਰ ਲੋਕਾਂ/ਸੰਗਠਨਾਂ ਦਾ ਅਲਾਇੰਸ ਹੋਣ ਜਾ ਰਿਹਾ ਹੈ, ਜਿਸ ਦਾ ਐਲਾਨ 12 ਅਪ੍ਰੈਲ 2026 ਤੋਂ ਪਹਿਲਾਂ ਪਹਿਲਾਂ ਕਰ ਦਿੱਤਾ ਜਾਵੇਗਾ।ਅਸੀਂ ਗਰੀਬੀ, ਬੇਰੁਜ਼ਗਾਰੀ, ਮਹਿੰਗਾਈ ਤੇ ਨਸ਼ਿਆਂ ਦਾ ਖਾਤਮਾ ਕਰਨ ਲਈ ਕੰਮ ਕਰਾਂਗੇ।

# ਪ੍ਰਮਾਤਮਾ ਦੀ ਭਗਤੀ ਹੀ ਜੀਵਨ ਦਾ ਅਸਲ ਮਨੋਰਥ : ਸੁਰਜੀਤ ਸਿੰਘ ਨਸੀਲਾ



**ਸਮਾਣਾ (ਇਕਬਾਲ ਸਿੰਘ ਬੱਲ)**-ਸੰਤ ਨਿਰੰਕਾਰੀ ਮੰਡਲ ਦੇ ਕੇਂਦਰੀ ਗਿਆਨ ਪ੍ਰਚਾਰਕ ਮਹਾਤਮਾ ਸੁਰਜੀਤ ਸਿੰਘ ਨਸੀਲਾ ਨੇ ਸਮਾਣਾ ਵਿਖੇ ਪਟਿਆਲਾ ਰੋਡ 'ਤੇ ਨਵੇਂ ਬਣੇ ਨਿਰੰਕਾਰੀ ਸਤਿਸੰਗ ਭਵਨ ਵਿਖੇ ਆਯੋਜਿਤ ਵਿਸ਼ੇਸ਼ ਸਤਿਸੰਗ ਸਮਾਗਮ ਦੌਰਾਨ ਸੰਗਤਾਂ ਨੂੰ ਆਪਣੇ ਪ੍ਰਵਚਨਾ ਰਾਹੀਂ ਨਿਹਾਲ ਕੀਤਾ।ਇਸ ਮੌਕੇ ਆਪਣੇ ਪ੍ਰਵਚਨਾਂ ਵਿੱਚ ਉਨ੍ਹਾਂ ਨੇ ਮਾਨਵਤਾ, ਪ੍ਰੇਮ ਤੇ ਬ੍ਰਹਮ ਗਿਆਨ ਦੀ ਮਹੱਤਤਾ 'ਤੇ ਵਿਸ਼ੇਸ਼ ਜ਼ੋਰ ਦਿੱਤਾ।ਨਸੀਲਾ ਜੀ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਫ਼ਰਮਾਇਆ ਕਿ ਮਨੁੱਖਾ ਜਨਮ ਬਹੁਤ ਕੀਮਤੀ ਹੈ ਤੇ ਇਸ ਦਾ ਅਸਲ ਮਨੋਰਥ ਜਿਉਂਦੇ ਜੀਅ ਪ੍ਰਮਾਤਮਾ ਦੀ ਪਛਾਣ ਕਰਨਾ ਹੈ।ਉਨ੍ਹਾਂ ਕਿਹਾ ਕਿ ਗੁਰੂ ਤੇ ਗਿਆਨ ਤੋਂ ਬਿਨਾਂ ਇਨਸਾਨ ਦਾ ਜੀਵਨ ਪਸ਼ੂ ਸਮਾਨ ਹੁੰਦਾ ਹੈ, ਪਰ ਸਤਿਗੁਰੂ ਬ੍ਰਹਮ ਗਿਆਨ ਦੀ ਬਖ਼ਸ਼ਿਸ਼ ਕਰਕੇ ਮਨੁੱਖ ਨੂੰ ਅਸਲ 'ਇਨਸਾਨ' ਬਣਾ ਦਿੰਦੇ ਹਨ।ਬ੍ਰਹਮ ਗਿਆਨ ਦੀ ਪ੍ਰਾਪਤੀ ਨਾਲ ਜਿੱਥੇ ਮਨ ਨੂੰ ਪ੍ਰਮਾਤਮਾ ਦੀ ਸਮਝ ਆਉਂਦੀ ਹੈ, ਉੱਥੇ ਹੀ ਮਨ ਵਿੱਚ ਮਨੁੱਖਤਾ ਵਾਲੇ ਗੁਣ ਪੈਦਾ ਹੁੰਦੇ ਹਨ ਤੇ ਜੀਵਨ ਨੂੰ ਸੱਚਾ ਸਕੂਨ ਮਿਲਦਾ ਹੈ।

ਉਨ੍ਹਾਂ ਕਿਹਾ ਕਿ ਸਤਿਗੁਰੂ ਚੰਦਨ ਵਾਂਗ ਹੁੰਦੇ ਹਨ ਤੇ ਗੁਰਸਿੱਖ ਇਸ ਦੀ ਮਹਿਕ ਹੁੰਦੇ ਹਨ।ਜਦੋਂ ਇੱਕ ਸਿੱਖ ਗੁਰੂ ਦੇ ਦੱਸੇ ਮਾਰਗ 'ਤੇ ਚੱਲ ਕੇ ਮਨੁੱਖਤਾ ਵਾਲੇ ਗੁਣ ਪੇਸ਼ ਕਰਦਾ ਹੈ, ਤਾਂ ਉਹ 'ਸੰਤ' ਬਣ ਜਾਂਦਾ ਹੈ।ਭਗਤੀ ਅਸਲ ਵਿੱਚ ਮਨ ਦੀ ਪ੍ਰਸੰਨਤਾ ਹੈ।ਨਫ਼ਰਤ ਦੀਆਂ ਕੰਧਾਂ ਢਾਹ ਕੇ ਪਿਆਰ ਦੇ ਪੁਲ ਉਸਾਰਨਾ ਹੀ ਨਿਰੰਕਾਰੀ ਮਿਸ਼ਨ ਦਾ ਮੁੱਖ ਉਦੇਸ਼ ਹੈ।ਉਨ੍ਹਾਂ ਸੰਗਤਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਜੀਵਨ ਵਿੱਚ ਨਿਮਰਤਾ, ਸਹਿਣਸ਼ੀਲਤਾ ਤੇ ਵਿਸ਼ਵਾਸ ਵਰਗੇ ਗੁਣਾਂ ਨੂੰ ਅਪਣਾਉਣਾ ਚਾਹੀਦਾ ਹੈ।ਨਵੇਂ ਬਣੇ ਪਾਵਨ ਭਵਨ ਵਿਖੇ ਹੋਏ ਇਸ ਸਮਾਗਮ ਦੌਰਾਨ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੇ ਅੰਤ ਵਿੱਚ ਸਥਾਨਕ ਸੰਯੋਜਕ ਤੇ ਪ੍ਰਬੰਧਕਾਂ ਵੱਲੋਂ ਮਹਾਤਮਾ ਨਸੀਲਾ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਸਤਿਸੰਗ ਤੋਂ ਬਾਅਦ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਿਆ।

# ਸਕੂਲ ਆਫ਼ ਐਮੀਨੈਂਸ ਵਿਖੇ ਮਾਪੇ-ਅਧਿਆਪਕ ਮਿਲਣੀ ਦਾ ਸ਼ਾਨਦਾਰ ਆਯੋਜਨ

## ਸਿੱਖਿਆ ਖੇਤਰ 'ਚ ਪੰਜਾਬ ਸਰਕਾਰ ਲਿਆ ਰਹੀ ਕ੍ਰਾਂਤੀਕਾਰੀ ਬਦਲਾਅ : ਭੁੱਲਰ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਤਹਿਤ ਸਕੂਲ ਆਫ਼ ਐਮੀਨੈਂਸ ਫਿਰੋਜ਼ਪੁਰ ਵਿਖੇ ਮਾਪੇ-ਅਧਿਆਪਕ ਮਿਲਣੀ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਉਨ੍ਹਾਂ ਨਾਲ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਡਾ. ਸਤਿੰਦਰ ਸਿੰਘ (ਨੈਸ਼ਨਲ ਅਵਾਰਡੀ) ਤੇ ਉੱਪ ਜ਼ਿਲ੍ਹਾ ਸਿੱਖਿਆ ਅਧਿਕਾਰੀ (ਐਲੀਮੈਂਟਰੀ) ਕੋਮਲ ਅਰੋੜਾ ਸਮੇਤ ਹੋਰ ਵਿਭਾਗੀ ਅਧਿਕਾਰੀ ਵੀ ਹਾਜ਼ਰ ਰਹੇ।ਸਕੂਲ ਪ੍ਰਿੰਸੀਪਲ ਰਾਜੇਸ਼ ਮਹਿਤਾ ਨੇ ਆਏ ਮਹਿਮਾਨਾਂ ਦਾ ਰਸਮੀ ਰੂਪ ਵਿੱਚ ਸਵਾਗਤ ਕੀਤਾ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ, ਵਿਦਿਆਰਥੀਆਂ ਤੇ ਇਲਾਕੇ ਦੇ ਪਤਵੰਤਿਆਂ ਨੇ ਭਾਗ ਲਿਆ।ਮੁੱਖ ਮਹਿਮਾਨ ਰਣਬੀਰ ਸਿੰਘ ਭੁੱਲਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਵਿਚ ਬਦਲਾਅ ਲਿਆਉਣ ਲਈ ਵਚਨਬੱਧ ਹੈ ਤੇ ਮਾਪੇ-ਅਧਿਆਪਕ ਮਿਲਣੀਆਂ ਇਸ ਦਿਸ਼ਾ ਵਿੱਚ ਇਕ ਮੀਲ ਪੱਥਰ ਸਾਬਿਤ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਸਹੂਲਤਾਂ, ਤਜਰਬੇਕਾਰ ਅਧਿਆਪਕ ਤੇ ਸੁਧਰੇ ਹੋਏ ਸਿੱਖਣ ਮਾਹੌਲ ਨਾਲ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲਦ ਹੀ ਸਰਕਾਰੀ ਸਕੂਲਾਂ ਵਿੱਚ ਡਿਜੀਟਲ ਕ੍ਰਾਂਤੀ ਤੇ ਸਿੱਖਿਆ ਕ੍ਰਾਂਤੀ ਭਾਗ ਦੋ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਉੱਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਸਤਿੰਦਰ ਸਿੰਘ ਨੇ ਆਪਣੇ ਵਿਚਾਰਾਂ ਦੌਰਾਨ ਦੱਸਿਆ ਕਿ ਇਹ ਮਿਲਣੀਆਂ ਸਿਰਫ਼ ਇਕ ਰਸਮੀ ਪ੍ਰਕਿਰਿਆ ਨਹੀਂ, ਸਗੋਂ ਮਾਪਿਆਂ ਤੇ ਅਧਿਆਪਕਾਂ ਵਿਚਕਾਰ ਮਜ਼ਬੂਤ ਸਾਂਝ ਬਣਾਉਣ ਦਾ ਇਕ ਪ੍ਰਭਾਵਸ਼ਾਲੀ ਮਾਧਿਅਮ ਹਨ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਪੜ੍ਹਾਈ, ਹਾਜ਼ਰੀ ਤੇ ਸਮੂਹਕ ਵਿਕਾਸ ਬਾਰੇ ਖੁੱਲ੍ਹੀ ਚਰਚਾ ਕਰਨਾ ਇਸ ਦਾ ਮੁੱਖ ਉਦੇਸ਼ ਹੈ, ਜਿਸ ਨਾਲ ਬੱਚਿਆਂ ਦੀ ਪ੍ਰਗਤੀ ਨੂੰ ਹੋਰ ਨਿਖਾਰਿਆ ਜਾ ਸਕਦਾ ਹੈ।ਪ੍ਰਿੰਸੀਪਲ ਰਾਜੇਸ਼ ਮਹਿਤਾ ਨੇ ਸਮਾਗਮ ਦੌਰਾਨ ਸਕੂਲ ਵਿੱਚ ਉਪਲਬੱਧ ਆਧੁਨਿਕ ਸਹੂਲਤਾਂ ਤੇ ਸਿੱਖਣ ਦੇ ਨਵੇਂ ਤਰੀਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ, ਜਿਨ੍ਹਾਂ ਨੇ ਮਾਪਿਆਂ ਦਾ ਖਾਸ ਧਿਆਨ ਖਿੱਚਿਆ।ਸਮਾਗਮ ਦੌਰਾਨ ਮੋਹਰੀ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਦੇ ਉਤਸ਼ਾਹ ਨੂੰ ਹੋਰ ਵਧਾਇਆ ਗਿਆ।ਇਸ ਮੌਕੇ ਐਲਵਿਨ ਭੱਟੀ, ਰਾਜ ਬਹਾਦਰ ਸਿੰਘ ਗਿੱਲ, ਵਿਕਾਸ ਕੁਮਾਰ ਸਿੱਖਿਆ ਕੋਆਰਡੀਨੇਟਰ, ਅਧਿਆਪਕ ਮਲਕੀਤ ਸਿੰਘ ਹਰਾਜ, ਅਰਵਿੰਦ ਕੌਰ, ਮਧੂ ਨੰਦਾ, ਦਵਿੰਦਰ ਨਾਥ, ਭੁਪਿੰਦਰ ਕੌਰ, ਅਮਨਪ੍ਰੀਤ ਕੌਰ, ਵਰਿੰਦਰ ਕੌਰ, ਰਾਘਵ ਕਪੂਰ ਆਦਿ ਹਾਜ਼ਰ ਸਨ।

## ਸਟੇਟ ਪੱਧਰ 'ਤੇ ਖੇਡਾਂ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀ ਸਨਮਾਨਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**
ਭਾਈ ਘਨ੍ਹੱਈਆ ਜੀ ਯੁਵਕ ਸੇਵਾਵਾਂ ਕਲੱਬ ਪੰਡੋਰੀ ਵੱਲੋਂ ਸਮਾਜ ਸੇਵੀ ਸੁਖਦਰਸ਼ਨ ਸਿੰਘ ਬੋਪਾਰਾਏ ਦੇ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਪੰਡੋਰੀ ਦੇ ਪੰਜ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਨ੍ਹਾਂ ਬੱਚਿਆਂ ਵਿੱਚੋਂ ਜੈ ਵੀਰ ਸਿੰਘ ਤੇ ਸੁੱਖਪ੍ਰੀਤ ਸਿੰਘ ਵਿਦਿਆਰਥੀਆਂ ਨੇ ਸਟੇਟ ਪੱਧਰ 'ਤੇ ਆਪਣੇ ਸਕੂਲ ਤੇ ਪਿੰਡ ਦਾ ਨਾਂਅ ਰੌਸ਼ਨ ਕੀਤਾ।ਬਾਕੀ ਤਿੰਨ ਬੱਚਿਆਂ ਨੇ ਆਪਣੀ ਪੜ੍ਹਾਈ ਵਿੱਚੋਂ ਪੂਰੇ ਨੰਬਰ ਲੈ ਕੇ ਨਵੋਦਿਆ ਵਿਦਿਆਲਿਆ ਵਿੱਚ ਦਾਖਲ ਹੋਣ ਦਾ ਮਾਣ ਪ੍ਰਾਪਤ ਕੀਤਾ।ਸਰਕਾਰੀ ਪ੍ਰਾਇਮਰੀ ਸਕੂਲ ਵੱਲੋਂ ਕਰਵਾਏ ਗਏ ਸਾਲਾਨਾ ਇਨਾਮ ਵੰਡ ਸਮਾਗਮ ਵਿੱਚ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਹੋਰਨਾਂ ਨੂੰ ਵੀ ਮੱਲਾਂ ਮਾਰਨ ਦੀ ਅਪੀਲ ਕੀਤੀ।ਇਸ ਮੌਕੇ ਸਰਪੰਚ ਜਤਿੰਦਰਪਾਲ ਸਿੰਘ ਪੰਡੋਰੀ, ਮਨਜਿੰਦਰ ਸਿੰਘ ਜੰਡੂ, ਅਰਜਿੰਦਰ ਸਿੰਘ ਬੋਪਾਰਾਏ, ਮੈਂਬਰ ਸੁਪਿੰਦਰ ਸਿੰਘ, ਬਲਜੀਤ ਸਿੰਘ ਸਿੱਧੂ, ਭੋਲਾ ਸਿੰਘ ਮੌੜ ਨੇ ਸਕੂਲ ਲਈ ਆਰਥਿਕ ਸਹਿਯੋਗ ਕੀਤਾ।ਇਸ ਮੌਕੇ ਵਿਦਿਆਰਥੀਆਂ ਦੇ ਨਤੀਜਿਆਂ ਦਾ ਐਲਾਨ ਕੀਤਾ ਗਿਆ।ਅਖੀਰ ਵਿੱਚ ਸਕੂਲ ਮੁਖੀ ਸੁਰਜੀਤ ਸਿੰਘ, ਸਟਾਫ ਮੈਂਬਰਾਂ ਵੱਲੋਂ ਸਾਰੇ ਮਹਿਮਾਨਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਪ੍ਰਧਾਨ ਜਗਤਾਰ ਸਿੰਘ, ਕਰਮਜੀਤ ਸਿੰਘ ਗੋਰਾ ਬਾਬਾ, ਮਿਸਤਰੀ ਜੱਗੀ ਸਿੰਘ, ਅਰਜਿੰਦਰ ਸਿੰਘ ਬੋਪਾਰਾਏ, ਨਵਦੀਪ ਸਿੰਘ ਬਾਠ, ਪ੍ਰਧਾਨ ਹਰਵਿੰਦਰ ਸਿੰਘ ਸਿੱਧੂ, ਗੋਰਾ ਸਿੰਘ ਸਿੱਧੂ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਬਰਸਾਨਾ ਧਾਮ ਤੋਂ ਵ੍ਰਿੰਦਾਵਨ ਧਾਮ ਤੱਕ ਯਾਤਰਾ

## ਸੁਨਾਮ ਲਈ ਪਵਿੱਤਰ ਅਖੰਡ ਜਯੋਤੀ ਰਵਾਨਾ, 4 ਨੂੰ ਹੋਵੇਗਾ ਰਾਧਾ ਨਾਮ ਸੰਕੀਰਤਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**
ਸੁਨਾਮ ਸ਼ਹਿਰ ਵਿੱਚ 4 ਅਪ੍ਰੈਲ ਨੂੰ ਆਯੋਜਿਤ ਹੋਣ ਜਾ ਰਹੇ ਵਿਸ਼ਾਲ ਰਾਧਾ ਨਾਮ ਸੰਕੀਰਤਨ ਸਮਾਗਮ ਦੀਆਂ ਤਿਆਰੀਆਂ ਅਧਿਆਤਮਕ ਰੰਗਾਂ ਵਿੱਚ ਰੰਗੀਆਂ ਹੋਈਆਂ ਹਨ।ਇਸ ਸਬੰਧੀ ਉਸ ਵੇਲੇ ਇੱਕ ਬਹੁਤ ਹੀ ਪਵਿੱਤਰ ਤੇ ਅਲੌਕਿਕ ਪਲ ਦੇਖਣ ਨੂੰ ਮਿਲਿਆ, ਜਦੋਂ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸ੍ਰੀ ਰਾਧਾ ਰਾਣੀ ਮੰਦਰ, ਬਰਸਾਨਾ ਧਾਮ ਤੋਂ ਪਵਿੱਤਰ ਅਖੰਡ ਜਯੋਤੀ ਲੈ ਕੇ ਸ੍ਰੀ ਠਾਕੁਰ ਜੀ ਮੰਦਰ, ਵ੍ਰਿੰਦਾਵਨ ਧਾਮ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਵਿਧੀਵਤ ਪੂਜਾ-ਅਰਚਨਾ ਕਰਕੇ ਮੱਥਾ ਟੇਕਿਆ ਗਿਆ।ਇਸ ਮੌਕੇ ਕੈਬਨਿਟ ਮੰਤਰੀ ਦੇ ਮੀਡੀਆ ਸਲਾਹਕਾਰ ਜਤਿੰਦਰ ਜੈਨ ਵੀ ਉਨ੍ਹਾਂ ਦੇ ਨਾਲ ਸਨ।ਇਸ ਉਪਰੰਤ ਇਸ ਪਵਿੱਤਰ ਅਖੰਡ ਜਯੋਤੀ ਨੂੰ ਸੁਨਾਮ ਲਈ ਰਵਾਨਾ ਕੀਤਾ ਗਿਆ।ਜ਼ਿਕਰਯੋਗ ਹੈ ਕਿ ਸੁਨਾਮ ਸ਼ਹਿਰ ਵਿੱਚ 4 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਸਮਾਗਮ ਸ਼੍ਰੀ ਬਾਂਕੇ ਬਿਹਾਰੀ ਸੇਵਾ ਸੰਮਤੀ ਵੱਲੋਂ ਪ੍ਰਧਾਨ ਅੱਛਰੂ ਗੋਇਲ ਦੀ ਅਗਵਾਈ ਵਿੱਚ ਕਰਵਾਇਆ ਜਾ ਰਿਹਾ ਹੈ। ਇਸ ਪਵਿੱਤਰ ਅਵਸਰ ਦੌਰਾਨ ਕੈਬਨਿਟ ਮੰਤਰੀ ਨੇ ਬਰਸਾਨਾ ਧਾਮ ਵਿਖੇ ਰਾਧਾ ਰਾਣੀ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਲੋਕਾਂ ਦੀ ਖ਼ੁਸ਼ਹਾਲੀ ਤੇ ਸਮਾਜ ਵਿੱਚ ਪ੍ਰੇਮ ਅਤੇ ਸਾਂਝ ਬਣੀ ਰਹਿਣ ਦੀ ਅਰਚਨਾ ਕੀਤੀ।ਵ੍ਰਿੰਦਾਵਨ ਦੀ ਧਰਤੀ, ਜੋ ਭਗਵਾਨ ਕ੍ਰਿਸ਼ਨ ਜੀ ਨਾਲ ਸਬੰਧਤ ਹੈ, ਉੱਥੇ ਇਸ ਪਵਿੱਤਰ ਅਖੰਡ ਜਯੋਤੀ ਦਾ ਪਹੁੰਚਣਾ ਇਸ ਦੀ ਪਵਿੱਤਰਤਾ ਨੂੰ ਹੋਰ ਵੀ ਗਹਿਰਾਈ ਪ੍ਰਦਾਨ ਕਰਦਾ ਹੈ।

ਉਨ੍ਹਾਂ ਦੱਸਿਆ ਕਿ ਇਸ ਪਵਿੱਤਰ ਅਖੰਡ ਜਯੋਤੀ ਨੂੰ ਸੁਨਾਮ ਵਿਖੇ ਬੜੀ ਸ਼ਰਧਾ ਤੇ ਸਤਿਕਾਰ ਨਾਲ ਸਥਾਪਤ ਕੀਤਾ ਜਾਵੇਗਾ, ਜਿੱਥੇ ਰਾਧਾ ਨਾਮ ਸੰਕੀਰਤਨ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਭਗਤ ਜਨ ਇਕੱਠੇ ਹੋ ਕੇ ਰਾਧਾ-ਕ੍ਰਿਸ਼ਨ ਦੇ ਨਾਮ ਦਾ ਜਾਪ ਕਰਨਗੇ।ਇਹ ਸੰਕੀਰਤਨ ਸਿਰਫ਼ ਧਾਰਮਿਕ ਕ੍ਰਿਆ ਨਹੀਂ, ਸਗੋਂ ਆਤਮਿਕ ਉੱਚਾਈਆਂ ਨੂੰ ਛੂਹਣ ਦਾ ਇਕ ਸਾਧਨ ਹੈ, ਜੋ ਮਨੁੱਖ ਨੂੰ ਅੰਦਰੂਨੀ ਸ਼ਾਂਤੀ ਤੇ ਆਨੰਦ ਪ੍ਰਦਾਨ ਕਰਦਾ ਹੈ।ਇਸ ਮੌਕੇ ਭਗਤਾਂ ਵੱਲੋਂ ਰਾਧੇ ਰਾਧੇ ਦੇ ਜਾਪ ਨਾਲ ਪੂਰਾ ਮਾਹੌਲ ਭਗਤੀ ਰਸ ਵਿੱਚ ਰੰਗਿਆ ਹੋਇਆ ਸੀ।ਸੰਗਤ ਨੇ ਪਵਿੱਤਰ ਅਖੰਡ ਜਯੋਤੀ ਦੀ ਰਵਾਨਗੀ ਨੂੰ ਆਪਣੇ ਲਈ ਬੜਾ ਸੁਭਾਗਾ ਮੰਨਿਆ ਤੇ ਇਸਨੂੰ ਰਾਧਾ ਰਾਣੀ ਜੀ ਦੀ ਵਿਸ਼ੇਸ਼ ਕਿਰਪਾ ਵਜੋਂ ਸਵੀਕਾਰ ਕੀਤਾ।

ਸਮਾਗਮ ਦੇ ਆਯੋਜਕਾਂ ਨੇ ਦੱਸਿਆ ਕਿ 4 ਅਪ੍ਰੈਲ ਨੂੰ ਸੁਨਾਮ ਵਿਖੇ ਹੋਣ ਵਾਲਾ ਇਹ ਰਾਧਾ ਨਾਮ ਸੰਕੀਰਤਨ ਸਮਾਗਮ ਇਕ ਵਿਸ਼ਾਲ ਆਧਿਆਤਮਕ ਸਮਾਗਮ ਹੋਵੇਗਾ, ਜਿਸ ਵਿੱਚ ਦੂਰ-ਦੂਰ ਤੋਂ ਆਉਣ ਵਾਲੀ ਸੰਗਤ ਭਗਤੀ ਰਸ ਦਾ ਆਨੰਦ ਮਾਣੇਗੀ ਤੇ ਪਵਿੱਤਰ ਅਖੰਡ ਜਯੋਤੀ ਦੇ ਦਰਸ਼ਨ ਕਰਕੇ ਆਪਣਾ ਜੀਵਨ ਸਫਲ ਕਰੇਗੀ।

## ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨੇ ਲੋੜਵੰਦ ਬਜ਼ੁਰਗਾਂ ਨੂੰ ਦਿੱਤਾ ਸਾਮਾਨ



**ਨਾਭਾ (ਵਰਿੰਦਰ ਵਰਮਾ)**-ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਵੱਲੋਂ ਰਾਮਨੌਮੀ ਦੇ ਤਿਉਹਾਰ ਮੌਕੇ ਓਲਡ ਏਜ ਹੋਮ ਪਿੰਡ ਰੋਗਲਾ ਪਟਿਆਲਾ ਵਿਖੇ ਲੋੜਵੰਦ ਬਜ਼ੁਰਗਾਂ ਨੂੰ ਸੰਸਥਾ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਜਿਸ ਵਿੱਚ ਆਟਾ, ਸਰ੍ਹੋਂ ਦਾ ਤੇਲ, ਰਿਫਾਇੰਡ ਆਇਲ, ਸਰਫ਼, ਸ਼ੂਗਰ, ਮਸਾਲੇ, ਸਾਬਣ, ਚਾਵਲ ਤੋਂ ਇਲਾਵਾ ਹੋਰ ਰੋਜ਼ਾਨਾ ਵਰਤਣ ਵਾਲਾ ਲੋੜਵੰਦ ਸਾਮਾਨ ਦਿੱਤਾ ਗਿਆ।ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਸੰਸਥਾ ਵੱਲੋਂ ਸਾਰੇ ਸਹਯੋਗੀ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਇਹ ਉਮੀਦ ਕੀਤੀ ਕਿ ਇਸ ਤਰ੍ਹਾਂ ਹੀ ਇਹ ਸਟੇਟ ਐਵਾਰਡੀ ਸੰਸਥਾ ਮਾਨਵ ਸੇਵਾ ਉੱਤਮ ਸੇਵਾ ਵੱਲੋਂ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਦੀ ਰਹੇ ਤੇ ਇੰਨੇ ਘੱਟ ਸਮੇਂ ਵਿੱਚ ਸਮਾਜ ਸੇਵੀ ਲੋਕ ਮਦਦ ਲਈ ਅੱਗੇ ਆਉਂਦੇ ਰਹਿਣ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਲੋੜਵੰਦ ਨੂੰ ਕਿਸੇ ਪ੍ਰਕਾਰ ਦੀ ਕੋਈ ਜ਼ਰੂਰਤ ਹੁੰਦੀ ਹੈ ਤਾਂ ਉਹ ਸਾਡੇ ਨਾਲ ਸਿੱਧੇ ਤੌਰ 'ਤੇ ਜਾਂ 9878609811 ਮੋਬਾਇਲ ਨੰਬਰ 'ਤੇ ਸੰਪਰਕ ਕਰ ਸਕਦੇ ਹਨ।ਲੋੜਵੰਦ ਸਾਮਾਨ ਲੈਣ ਉਪਰੰਤ ਬਜ਼ੁਰਗਾਂ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਅਹੁਦੇਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਡਾਕਟਰ ਅਮਨਦੀਪ ਕੌਰ, ਮੈਡਮ ਰਜਨੀ ਮਿੱਤਲ, ਯਾਦਵਿੰਦਰ ਸਿੰਘ ਤੇ ਲਖਵਿੰਦਰ ਸਰੀਨ ਵੀ ਮੌਜੂਦ ਸਨ।

## ਗੁਰੂ ਨਾਨਕ ਮਾਡਲ ਸਕੂਲ ਵਿਖੇ ਫਾਇਰ ਸੇਫ਼ਟੀ ਜਾਗਰੂਕਤਾ ਪ੍ਰੋਗਰਾਮ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵਿਖੇ ਗੁਰੂ ਨਾਨਕ ਨੈਸ਼ਨਲ ਕਾਲਜ ਦੇ ਸਹਿਯੋਗ ਨਾਲ ਫਾਇਰ ਸੇਫ਼ਟੀ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ। ਪ੍ਰੋਗਰਾਮ ਦਾ ਉਦੇਸ਼ ਫਾਇਰ ਸੇਫ਼ਟੀ ਬਾਰੇ ਜਾਗਰੂਕਤਾ ਫੈਲਾਉਣਾ ਤੇ ਵਿਦਿਆਰਥੀਆਂ ਅਤੇ ਸਟਾਫ ਨੂੰ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਤਿਆਰ ਕਰਨਾ ਸੀ। ਸ੍ਰੀ ਵਿਪਿਨ ਕੁਮਾਰ ਤੇ ਸ੍ਰੀ ਅਸ਼ੋਕ ਵਰਮਾ ਨੇ ਸੈਸ਼ਨ ਦੀ ਅਗਵਾਈ ਕੀਤੀ ਤੇ ਕਾਲਜ ਦੇ 34 ਐੱਨ ਸੀ ਸੀ ਤੇ ਸਕੂਲ ਦੇ 26 ਐੱਨ ਸੀ ਸੀ ਕੈਡੇਟਾਂ ਨੂੰ ਸਿਖਲਾਈ ਦਿੱਤੀ, ਜਿਨ੍ਹਾਂ ਵਿੱਚ ਵੈਨ ਡਰਾਈਵਰ ਤੇ ਹੈਲਪਰ ਸ਼ਾਮਲ ਸਨ। ਉਨ੍ਹਾਂ ਫਾਇਰ ਸੇਫ਼ਟੀ ਦੇ ਮਹੱਤਵਪੂਰਨ ਨਿਯਮਾਂ ਦੀ ਵਿਆਖਿਆ ਕੀਤੀ ਤੇ ਹੱਥੀਂ ਸਿਖਲਾਈ ਵੀ ਦਿੱਤੀ। ਅੱਗ ਬੁਝਾਉਣ ਵਾਲੇ ਯੰਤਰਾਂ ਤੇ ਅੱਗ ਕੰਟਰੋਲ ਤਕਨੀਕਾਂ ਦੀ ਵਰਤੋਂ ਤੇ ਇੱਕ ਲਾਈਵ ਪ੍ਰਦਰਸ਼ਨ ਨੇ ਸੈਸ਼ਨ ਨੂੰ ਜਾਣਕਾਰੀ ਭਰਪੂਰ ਬਣਾਇਆ। ਸਕੂਲ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ, ਮੈਨਜਮੈਂਟ ਮੈਂਬਰ ਰਵਿੰਦਰ ਸਿੰਘ ਮਲਹਾਂਸ ਤੇ ਹੋਰ ਮੈਂਬਰ ਇਸ ਮੌਕੇ ਮੌਜੂਦ ਸਨ। ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਅਸਲ ਜੀਵਨ ਦੀਆਂ ਸਥਿਤੀਆਂ ਵਿੱਚ ਸੁਰੱਖਿਆ ਉਪਾਵਾਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਉਣ ਲਈ ਜ਼ਰੂਰੀ ਹਨ। ਸਕੂਲ ਡਾਇਰੈਕਟਰ ਰਪਿੰਦਰ ਕੌਰ ਬਰਾੜ ਨੇ ਐਮਰਜੈਂਸੀ ਦੌਰਾਨ ਸੁਰੱਖਿਆ ਜਾਗਰੂਕਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਅੰਤ ਵਿੱਚ ਸਕੂਲ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਨੇ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀ ਸਿਖਲਾਈ ਭਵਿੱਖ ਵਿੱਚ ਅਣਸੁਖਾਵੀਆਂ ਘਟਨਾਵਾਂ ਤੋਂ ਸੁਰੱਖਿਅਤ ਰੱਖਣ ਵਿੱਚ ਲਾਹੇਵੰਦ ਸਾਬਿਤ ਹੋਵੇਗੀ।

## ਸੁਪਰੀਮ ਸਕੂਲ ਵਿਖੇ 'ਗ੍ਰੈਜੂਏਸ਼ਨ ਸੈਰੇਮਨੀ' ਧੂਮਧਾਮ ਨਾਲ ਮਨਾਈ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਗ੍ਰੈਜੂਏਸ਼ਨ ਸੈਰੇਮਨੀ ਧੂਮ-ਧਾਮ ਨਾਲ ਮਨਾਈ ਗਈ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਮੋਹਨੀਸ਼ ਮਿਸ਼ਰਾ ਤੇ ਪ੍ਰਿੰਸੀਪਲ ਵੀਨਾ ਨਾਇਰ ਨੇ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਯੂ.ਕੇ.ਜੀ. ਕਲਾਸ ਦੀ ਗ੍ਰੈਜੂਏਸ਼ਨ ਸੈਰੇਮਨੀ ਦਾ ਆਯੋਜਨ ਵੀ ਬੜੇ ਧੂਮਧਾਮ ਨਾਲ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਪੇਸ਼ਕਾਰੀਆਂ ਕੀਤੀਆਂ ਗਈਆਂ।ਨਰਸਰੀ ਤੋਂ ਯੂ.ਕੇ.ਜੀ. ਦੇ ਅਧਿਆਪਕਾਂ ਨੇ ਮਾਪਿਆਂ ਨਾਲ ਵਿਦਿਆਰਥੀਆਂ ਦੀ ਪ੍ਰਗਤੀ ਰਿਪੋਰਟ ਸਾਂਝੀ ਕੀਤੀ ਤੇ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ।ਮਾਪਿਆਂ ਨੂੰ ਇਸ ਮਿਲਣੀ ਰਾਹੀਂ ਆਪਣੇ ਬੱਚਿਆਂ ਦੀ ਕਾਰਗੁਜ਼ਾਰੀ ਦਾ ਗਿਆਨ ਪ੍ਰਾਪਤ ਹੋਇਆ, ਜਿਸ ਦੀ ਉਨ੍ਹਾਂ ਨੇ ਭਰਪੂਰ ਸ਼ਲਾਘਾ ਕੀਤੀ।ਮਾਪਿਆਂ ਨੇ ਅਧਿਆਪਕਾਂ ਨਾਲ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਲੋੜੀਂਦੇ ਮਾਰਗ ਦਰਸ਼ਨ ਉੱਪਰ ਵੀ ਵਿਚਾਰ ਵਟਾਂਦਰਾ ਕੀਤਾ। ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਉਨ੍ਹਾਂ ਦੇ ਉਤਸ਼ਾਹ ਨੂੰ ਕਾਇਮ ਰੱਖਣ ਲਈ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ।ਮਾਪਿਆਂ ਨੇ ਪ੍ਰਿੰਸੀਪਲ ਤੇ ਅਧਿਆਪਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਕਰਕੇ ਹੀ ਸਾਡੇ ਬੱਚਿਆਂ ਦੇ ਉੱਜਵਲ ਭਵਿੱਖ ਦਾ ਨਿਰਮਾਣ ਹੋ ਰਿਹਾ ਹੈ।

## ਮਾਤਾ ਗਰਦੇਵ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ



**ਚੀਮਾ ਮੰਡੀ (ਰਵਿੰਦਰ ਚੀਮਾ)**-ਸਰਕਾਰੀ ਸਕੂਲ ਗੰਢੂਆਂ ਦੇ ਇੰਚਾਰਜ ਸੁਖਪਾਲ ਸਿੰਘ ਸਿੱਧੂ ਦੇ ਮਾਤਾ ਸਰਦਾਰਨੀ ਗਰਦੇਵ ਕੌਰ ਨਮਿਤ ਸ਼ਰਧਾਂਜਲੀ ਸਮਾਗਮ ਪਿੰਡ ਜਖੇਪਲ ਦੇ ਗੁਰਦੁਆਰਾ ਸਹਿਬ ਵਿਖੇ ਹੋਇਆ।ਇਸ ਮੌਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਸਿਆਸੀ ਜਥੇਬੰਦੀਆਂ ਦੇ ਆਗੂ ਤੇ ਇਲਾਕੇ ਦੇ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਇਸ ਸਮੇਂ ਕਾਂਗਰਸੀ ਆਗੂ ਰਾਜਿੰਦਰ ਸਿੰਘ ਰਾਜਾ ਬੀਰ ਕਲਾਂ, ਰਾਜਿੰਦਰ ਦੀਪਾ, ਐਡਵੋਕੇਟ ਗੁਰਤੇਗ ਸਿੰਘ ਪ੍ਰਧਾਨ ਜ਼ਿਲ੍ਹਾ ਯੂਥ ਕਾਂਗਰਸ, ਐਕਸੀਅਨ ਜੈ ਸਿੰਘ ਸਿੱਧੂ, ਰਵਿੰਦਰ ਬਾਂਸਲ ਚੇਅਰਮੈਨ ਮਾਡਰਨ ਕਾਲਜ ਬੀਰ ਕਲਾਂ, ਬਲਜੀਤ ਸਿੰਘ ਸਿੱਧੂ, ਅਮਰੀਕ ਸਿੰਘ ਗੰਢੂਆਂ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ, ਲਖਵਿੰਦਰ ਸਿੰਘ ਸਾਬਕਾ ਸਰਪੰਚ ਗੰਢੂਆਂ, ਬਿੰਦਰ ਬੈਨੀਪਾਲ, ਹਮੀਰ ਸਿੰਘ, ਦਲਜੀਤ ਸਿੰਘ, ਸੁਖਚੰਦ ਸਿੰਘ ਸੰਗਤਪੁਰਾ, ਵਰਿੰਦਰ ਕੌਰ ਡਾਇਟ ਪ੍ਰਿੰਸੀਪਲ ਸੰਗਰੂਰ, ਸਰਪੰਚ ਗੁਰਚਰਨ ਸਿੰਘ, ਪਵਿੱਤਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਰਣਜੀਤ ਸਿੰਘ ਛਾਜਲੀ, ਸੁਖਦੇਵ ਸਿੰਘ ਉੱਭਾਵਾਲ ਤੇ ਇਲਾਕੇ ਦੇ ਸਕੂਲਾਂ ਦੇ ਪ੍ਰਿੰਸੀਪਲ ਤੇ ਅਧਿਆਪਕ ਸ਼ਾਮਲ ਸਨ।

## ਫ਼ੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਫ਼ੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਮਾਨਸਾ ਦੀ ਇੱਕ ਜ਼ਰੂਰੀ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਬਿੱਕਰ ਸਿੰਘ ਮਾਖਾ ਦੀ ਪ੍ਰਧਾਨਗੀ ਹੇਠ ਵ/ਸ ਕਚਹਿਰੀਆਂ ਵਿਖੇ ਹੋਈ।ਮੀਟਿੰਗ ਦੌਰਾਨ ਵਿਚਾਰ ਵਟਾਂਦਰਾ ਕਰਨ ਉਪਰੰਤ ਫੈਸਲਾ ਕੀਤਾ ਗਿਆ ਕਿ ਜੋ ਪੀ ਡਬਲਯੂ ਡੀ ਤਾਲਮੇਲ ਸੰਘਰਸ਼ ਕਮੇਟੀ ਵੱਲੋਂ 16 ਅਪ੍ਰੈਲ ਨੂੰ ਐੱਚ ਓ ਡੀ ਦਫ਼ਤਰ ਮੁਹਾਲੀ ਵਿਖੇ ਸੂਬਾਈ ਰੈਲੀ ਕੀਤੀ ਜਾ ਰਹੀ ਹੈ, ਉਸ 'ਚ ਹੈੱਡ ਆਫਿਸ 'ਤੇ ਮੰਗ ਕੀਤੀ ਗਈ ਠੇਕੇ 'ਤੇ ਕੰਮ ਕਰਦੇ ਕਾਨਟ੍ਰੈਕਟ ਤੇ ਇੰਨਲਿਸਟਮੈਂਟ ਕਾਮੇ ਪੱਕੇ ਕੀਤੇ ਜਾਣ।ਦਰਜਾ ਚਾਰ ਟੈਸਟ ਪਾਸ ਕਰਮਚਾਰੀਆਂ ਨੂੰ ਦਰਜਾ ਤਿੰਨ 'ਚ ਪਦਉਨਤ ਕੀਤਾ ਜਾਵੇ।ਪਰੋਬੇਸਨ ਪੀਰਡ ਕਲੀਅਰ ਕੀਤੇ ਜਾਣ ਵਾਲੇ ਦਰਜਾ ਤਿੰਨ ਤੇ ਚਾਰ ਫੀਲਡ ਮੁਲਾਜ਼ਮਾਂ ਦੀਆਂ ਛੁੱਟੀਆਂ ਮਨਜ਼ੂਰ ਕਰਨ ਤੇ ਇਤਰਾਜ਼ਹੀਣਤਾ ਸਰਟੀਫਿਕੇਟ ਦੇਣਾ ਅਤੇ ਬਦਲੀਆਂ ਦਾ ਕੇਸ ਸੰਬੰਧਤ ਡੀ ਡੀ ਓ ਨੂੰ ਦਿੱਤਾ ਜਾਵੇ।ਉਕਤ ਤੋਂ ਇਲਾਵਾ ਮੰਗ ਪੱਤਰ 'ਚ ਦਰਜ ਮੰਗਾਂ ਨੂੰ ਵੀ ਮੀਟਿੰਗ ਕਰਕੇ ਹੱਲ ਕੀਤਾ ਜਾਵੇ।ਜੇਕਰ ਅਜਿਹਾ ਨਹੀਂ ਹੁੰਦਾ ਤਾਂ ਜ਼ਿਲ੍ਹਾ ਮਾਨਸਾ ਵੱਲੋਂ ਧਰਨੇ ਵਿੱਚ ਵੱਧ ਚੜ੍ਹ ਕੇ ਭਾਗ ਲਵੇਗਾ।ਮੀਟਿੰਗ 'ਚ ਸੂਬਾਈ ਕੈਸ਼ੀਅਰ ਹਿੰਮਤ ਸਿੰਘ ਦੂਲੋਵਾਲ, ਸੂਬਾਈ ਆਗੂ ਜਸਮੇਲ ਸਿੰਘ ਅਤਲਾ, ਜ਼ਿਲ੍ਹਾ ਆਗੂ ਸੁਖਵਿੰਦਰ ਸਿੰਘ ਸਰਦੂਲਗੜ੍ਹ, ਇਕਬਾਲ ਸਿੰਘ ਆਲੀਕੇ, ਸੁਰਜੀਤ ਸਿੰਘ ਯਾਦਵ, ਜਸਪ੍ਰੀਤ ਸਿੰਘ ਵਾਲੀਆ, ਗੁਰਸੇਵਕ ਸਿੰਘ ਭੀਖੀ, ਜਸਪ੍ਰੀਤ ਸਿੰਘ ਮਾਨਸਾ, ਰਾਮ ਸਿੰਘ ਆਈ ਬੀ ਸੁਖਵਿੰਦਰ ਸਿੰਘ ਅਲੀਸ਼ੇਰ, ਸੁਨੀਲ ਭੀਖੀ, ਨਿਰਮਲ ਸਿੰਘ ਰਮਦਿੱਤੇ ਵਾਲਾ ਆਦਿ ਆਗੂ ਹਾਜ਼ਰ ਸਨ।

## ਸੁਤੰਤਰਤਾ ਸੰਗਰਾਮੀ ਬੰਤਾ ਸਿੰਘ ਧਾਲੀਵਾਲ ਸਕੂਲ 'ਚ ਇਨਾਮ ਵੰਡੇ



**ਨਾਭਾ (ਵਰਿੰਦਰ ਵਰਮਾ)**-ਜ਼ਿਲ੍ਹਾ ਪਟਿਆਲਾ ਦੇ ਬਲਾਕ ਨਾਭਾ ਦੇ ਪਿੰਡ ਕਲਿਹਾਣਾ ਵਿਖੇ ਸੁਤੰਤਰਤਾ ਸੰਗਰਾਮੀ ਬੰਤਾ ਸਿੰਘ ਧਾਲੀਵਾਲ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਵਿਖੇ ਮਾਪੇ ਅਧਿਆਪਕ ਮਿਲਣੀ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਾਲਾਨਾ ਪੇਪਰਾਂ ਵਿੱਚ ਚੰਗਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਮਾਗਮ ਦੌਰਾਨ ਸੁਤੰਤਰਤਾ ਸੰਗਰਾਮੀ ਬੰਤਾ ਸਿੰਘ ਧਾਲੀਵਾਲ ਦੇ ਸਪੁੱਤਰ ਦਲਬੀਰ ਸਿੰਘ ਧਾਲੀਵਾਲ, ਸੇਵਾ ਸਿੰਘ ਧਾਲੀਵਾਲ ਭਤੀਜਾ, ਸਰਪੰਚ ਅਜੈਬ ਸਿੰਘ, ਮਾਸਟਰ ਪਰਮਜੀਤ ਸਿੰਘ, ਮਾਸਟਰ ਹਾਕਮ ਸਿੰਘ ਸਮੇਤ ਪਿੰਡ ਦੇ ਮੋਹਤਬਰ ਵਿਅਕਤੀਆਂ ਵੱਲੋਂ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਗਏ।ਸੁਤੰਤਰਤਾ ਸੰਗਰਾਮੀ ਪਰਿਵਾਰ ਵੱਲੋਂ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਛੋਟੀਆਂ ਕਲਾਸਾਂ ਵਿੱਚ ਚੰਗੀ ਵਿੱਦਿਆ ਪ੍ਰਾਪਤ ਕਰਕੇ ਪਿੰਡ ਦੇ ਬੱਚਿਆਂ ਨੇ ਅਧਿਆਪਕਾਂ ਤੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕੀਤਾ ਹੈ।ਚੰਗਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਮੈਡਲ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਸੁਤੰਤਰਤਾ ਸੰਗਰਾਮੀ ਪਰਿਵਾਰ ਵੱਲੋਂ ਆਉਣ ਵਾਲੇ ਸਮੇਂ ਵਿੱਚ ਸਕੂਲ ਦੀ ਦਿੱਖ ਸੰਵਾਰਨ ਲਈ ਵਿਸ਼ੇਸ਼ ਉਪਰਾਲੇ ਕਰਨ ਦੀ ਤਜਵੀਜ਼ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਪਟਿਆਲਾ ਤੇ ਜ਼ਿਲ੍ਹਾ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਸੁਤੰਤਰਤਾ ਸੰਗਰਾਮੀ ਬੰਤਾ ਸਿੰਘ ਧਾਲੀਵਾਲ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਵਿਖੇ ਬੱਚਿਆਂ ਦੇ ਖੇਡਣ ਲਈ ਗਰਾਊਂਡ ਤੇ ਹੋਰ ਸਾਮਾਨ ਦੀ ਪੂਰਤੀ ਕੀਤੀ ਜਾਵੇਗੀ ਤਾਂ ਜੋ ਦੇਸ਼ ਦਾ ਭਵਿੱਖ ਇਨ੍ਹਾਂ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਚੰਗੀ ਸਿਹਤ ਪ੍ਰਤੀ ਜਾਗਰੂਕ ਕੀਤਾ ਜਾ ਸਕੇ।ਸਕੂਲ ਅਧਿਆਪਕਾਂ ਨੇ ਆਏ ਪਤਵੰਤੇ ਸੱਜਣਾਂ ਦਾ ਵਿਸ਼ੇਸ਼ ਸਨਮਾਨ ਕਰਦਿਆਂ ਧੰਨਵਾਦ ਕੀਤਾ।

# ਮਾਈਨਰ ਟੁੱਟਣ ਕਾਰਨ 50 ਏਕੜ ਫਸਲ ਖਰਾਬ, ਕਿਸਾਨਾਂ ਵੱਲੋਂ ਮੁਆਵਜ਼ੇ ਦੀ ਮੰਗ



**ਸਿਰਸਾ (ਜਗਤਾਰ ਸਮਾਲਸਰ)**-ਲੰਘੀ ਰਾਤ ਇੱਥੋਂ ਦੇ ਨਾਥੂਸਰੀ ਚੌਪਟਾ ਖੇਤਰ ਵਿੱਚ ਹੰਜੀਰਾ ਪਿੰਡ ਦੇ ਨੇੜੇ ਕੁਤਾਨਾ ਮਾਈਨਰ ਅਚਾਨਕ ਟੁੱਟ ਗਿਆ।ਮਾਈਨਰ ਵਿੱਚ ਡੇਢ ਸੌ ਫੁੱਟ ਦਾ ਪਾੜ ਪੈ ਗਿਆ। ਇਸ ਕਾਰਨ ਹੰਜੀਰਾ ਤੇ ਜੋੜਕੀਆਂ ਪਿੰਡਾਂ ਦੇ ਕਿਸਾਨਾਂ ਦੀ 50 ਏਕੜ ਕਣਕ ਤੇ ਸਰ੍ਹੋਂ ਦੀਆਂ ਫ਼ਸਲਾਂ ਡੁੱਬ ਗਈਆਂ।ਮਾਈਨਰ ਟੁੱਟਣ ਦੀ ਜਾਣਕਾਰੀ ਮਿਲਣ ਤੇ ਸਿੰਚਾਈ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਮੌਕੇ 'ਤੇ ਪਹੁੰਚੇ ਤੇ ਮਾਈਨਰ ਨੂੰ ਨਹਿਰਨਾ ਹੈੱਡ ਤੋਂ ਬੰਦ ਕੀਤਾ ਗਿਆ।ਜਾਣਕਾਰੀ ਅਨੁਸਾਰ ਹੰਜੀਰਾ ਪਿੰਡ ਦੇ ਨੇੜੇ ਕੁਤਾਨਾ ਮਾਈਨਰ ਵਿੱਚ ਸ਼ੁੱਕਰਵਾਰ ਰਾਤ 2 ਵਜੇ ਦੇ ਕਰੀਬ ਬੁਰਜੀ ਨੰਬਰ 54,000 ਦੇ ਨੇੜੇ ਪਾੜ ਪੈ ਗਿਆ।ਕਿਸਾਨਾਂ ਨੇ ਸਿੰਚਾਈ ਵਿਭਾਗ ਦੇ ਕਰਮਚਾਰੀਆਂ ਨੂੰ ਪਾੜ ਦੀ ਸੂਚਨਾ ਦਿੱਤੀ।ਪਾੜ ਦੀ ਜਾਣਕਾਰੀ ਮਿਲਣ 'ਤੇ ਸਿੰਚਾਈ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਮੌਕੇ 'ਤੇ ਪਹੁੰਚੇ।ਬਾਅਦ ਵਿੱਚ ਨਹਿਰਾਨਾ ਹੈੱਡ ਤੋਂ ਮਾਈਨਰ ਨੂੰ ਬੰਦ ਕਰਕੇ ਪਾੜ ਨੂੰ ਭਰਨ ਦਾ ਕੰਮ ਸ਼ੁਰੂ ਕੀਤਾ ਗਿਆ।ਮਾਈਨਰ ਵਿੱਚ ਪਾੜ ਕਾਰਨ ਲਗਭੱਗ 50 ਏਕੜ ਕਣਕ ਤੇ ਸਰ੍ਹੋਂ ਦੀ ਫਸਲ ਵਿੱਚ ਪਾਣੀ ਭਰ ਗਿਆ।

ਕਿਸਾਨਾਂ ਨੇ ਦੱਸਿਆ ਕਿ ਇਸ ਸਮੇਂ ਫਸਲਾਂ ਪੱਕੀਆਂ ਹੋਈਆਂ ਹਨ, ਜਿਸ ਕਾਰਨ ਉਨ੍ਹਾਂ ਦਾ ਕਾਫ਼ੀ ਵਿੱਤੀ ਨੁਕਸਾਨ ਹੋਇਆ ਹੈ।ਕਿਸਾਨਾਂ ਨੇ ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ ਦਿੱਤੇ ਜਾਣ ਦੀ ਮੰਗ ਕੀਤੀ ਹੈ।

## ਸਰਕਾਰ ਨੇ ਚਾਰ ਸਾਲਾਂ 'ਚ ਪੰਜਾਬ ਵਿੱਚ ਵੱਡੇ ਬਦਲਾਅ ਲਿਆਂਦੇ : ਸਵਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ 'ਤੇ ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਤੇ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੁਜ਼ਗਾਰ, ਉਦਯੋਗਿਕ ਵਿਕਾਸ, ਬੁਨਿਆਦੀ ਢਾਂਚੇ ਵਿੱਚ ਪੰਜਾਬ ਸਰਕਾਰ ਵੱਲੋਂ ਵੱਡੇ ਬਦਲਾਅ ਲਿਆਂਦੇ ਗਏ ਹਨ।ਹਲਕੇ ਦੇ ਪਿੰਡ ਰਾਮਪੁਰਾ ਤੇ ਖੁਈਖੇੜਾ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਸਵਨਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਆਪਣੇ ਹਰ ਇੱਕ ਵਾਅਦੇ ਨੂੰ ਪੂਰਾ ਕਰਕੇ ਵਿਖਾਇਆ ਹੈ ਤੇ ਲੋਕਾਂ ਦੇ ਹਿੱਤ ਲਈ ਹੀ ਕੰਮ ਕੀਤੇ ਹਨ।ਉਨ੍ਹਾਂ ਕਿਹਾ ਕਿ ਸਿਹਤ ਦੇ ਖੇਤਰ ਵਿਚ ਕ੍ਰਾਂਤੀਕਾਰੀ ਬਦਲਾ ਲਿਆਂਦੇ ਹੋਏ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ, ਜਿਸ ਤਹਿਤ ਹਰ ਵਰਗ ਦੇ ਹਰੇਕ ਨਾਗਰਿਕ ਲਈ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਤੇ ਐੱਸ ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ।ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ।ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਿਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ।ਇਸ ਮੌਕੇ ਪਿੰਡ ਦੇ ਸਰਪੰਚ, ਮੈਂਬਰਾਂ ਤੋਂ ਇਲਾਵਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਫਰਵਾਹੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਸਰਕਾਰੀ ਹਾਈ ਸਕੂਲ ਫਰਵਾਹੀ ਵਿਖੇ ਮੈਗਾ ਪੀਟੀਐੱਮ ਦਾ ਆਯੋਜਨ ਸਕੂਲ ਇੰਚਾਰਜ ਅਸ਼ੋਕ ਕੁਮਾਰ ਗਰਗ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਦਾ ਨਤੀਜਾ 100% ਤੇ ਸ਼ਾਨਦਾਰ ਰਿਹਾ।ਛੇਵੀਂ ਕਲਾਸ ਵਿੱਚੋਂ ਪਹਿਲੇ ਸਥਾਨ 'ਤੇ ਵੰਦਨਾ ਰੁਪਾਲ, ਦੂਜੇ ਸਥਾਨ 'ਤੇ ਸੋਫੀਆ ਪਰਵੀਨ ਤੇ ਤੀਜਾ ਸਥਾਨ ਆਮਨਾ ਬੇਗਮ ਅਤੇ ਤਰਨਜੀਤ ਸਿੰਘ ਨੇ ਪ੍ਰਾਪਤ ਕੀਤਾ।ਸੱਤਵੀਂ ਜਮਾਤ ਵਿੱਚੋਂ ਪਹਿਲੇ ਸਥਾਨ 'ਤੇ ਮੁਹੰਮਦ ਫਰਹਾਨ, ਦੂਜੇ ਸਥਾਨ 'ਤੇ ਨਵਜੋਤ ਕੌਰ ਤੇ ਤੀਜੇ ਸਥਾਨ 'ਤੇ ਨਵਜੋਤ ਕੌਰ ਪੁੱਤਰੀ ਸੰਦੀਪ ਸਿੰਘ ਤੇ ਰਾਧਿਕਾ ਮਨੀ।ਨੌਵੀਂ ਏ ਜਮਾਤ ਵਿੱਚੋਂ ਪਹਿਲੇ ਸਥਾਨ 'ਤੇ ਮਹਿਕਪ੍ਰੀਤ ਕੌਰ ਦੂਜੇ ਸਥਾਨ ਤੇ ਸਮਨੀਕ ਕੌਰ ਤੇ ਤੀਜੇ ਸਥਾਨ 'ਤੇ ਅਰਸ਼ਪ੍ਰੀਤ ਕੌਰ ਅਤੇ ਨੌਵੀਂ ਬੀ ਵਿੱਚੋਂ ਪਹਿਲੇ ਸਥਾਨ 'ਤੇ ਪਰਮਿੰਦਰ ਸਿੰਘ, ਦੂਜੇ ਸਥਾਨ 'ਤੇ ਮਮਤਾ ਤੇ ਤੀਜੇ ਸਥਾਨ 'ਤੇ ਮਨਪ੍ਰੀਤ ਸਿੰਘ ਰਿਹਾ।ਮਾਪਿਆਂ ਨੇ ਇਸ ਮੈਗਾ ਪੀਟੀਐੱਮ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਤੇ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ।

## ਅਵਾਰਾ ਕੁੱਤਿਆਂ ਦੇ ਹਮਲੇ 'ਚ ਮੋਟਰਸਾਈਕਲ ਸਵਾਰ ਗੰਭੀਰ ਜ਼ਖ਼ਮੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼ਹਿਰ ਅੰਦਰ ਅਵਾਰਾ ਪਸ਼ੂਆਂ ਤੇ ਕੁੱਤਿਆਂ ਦੀ ਵਧਦੀ ਦਹਿਸ਼ਤ ਦਰਮਿਆਨ ਬੀਤੀ ਰਾਤ ਇੱਕ ਖ਼ੌਫ਼ਨਾਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਸਥਾਨਕ ਮਾਲੇਰਕੋਟਲਾ ਰੋਡ 'ਤੇ ਅਵਾਰਾ ਕੁੱਤਿਆਂ ਦੇ ਇੱਕ ਵੱਡੇ ਝੁੰਡ ਨੇ ਇੱਕ ਮੋਟਰਸਾਈਕਲ ਸਵਾਰ ਨੌਜਵਾਨ 'ਤੇ ਹਮਲਾ ਕਰ ਦਿੱਤਾ, ਜਿਸ ਕਾਰਨ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਜ਼ਖ਼ਮੀ ਦੀ ਪਛਾਣ ਸਥਾਨਕ ਧਰਮਪੁਰਾ ਮੁਹੱਲਾ ਦੇ ਨਿਵਾਸੀ ਅਭਿਸ਼ੇਕ ਸ਼ਰਮਾ ਪੁੱਤਰ ਸੁਨੀਲ ਸ਼ਰਮਾ ਵਜੋਂ ਹੋਈ ਹੈ।ਜ਼ਖ਼ਮੀ ਨੌਜਵਾਨ ਦੇ ਰਿਸ਼ਤੇਦਾਰ ਮਾਥੁਰ ਸ਼ਰਮਾ ਲੱਕੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਭਿਸ਼ੇਕ ਸ਼ਰਮਾ ਦੇਰ ਰਾਤ ਕਰੀਬ 01:30 ਵਜੇ ਆਪਣੇ ਕੰਮਕਾਜ ਤੋਂ ਫ਼ਾਰਗ ਹੋ ਕੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਘਰ ਪਰਤ ਰਿਹਾ ਸੀ।ਜਦੋਂ ਉਹ ਸ਼ੂਗਰ ਮਿੱਲ ਦੇ ਮੁੱਖ ਗੇਟ ਦੇ ਨੇੜੇ ਪਹੁੰਚਿਆ ਤਾਂ ਅਚਾਨਕ 15/20 ਅਵਾਰਾ ਕੁੱਤਿਆਂ ਦੇ ਇੱਕ ਝੁੰਡ ਨੇ ਉਸ ਨੂੰ ਚਾਰੋਂ ਪਾਸਿਓਂ ਘੇਰ ਲਿਆ।ਕੁੱਤਿਆਂ ਨੇ ਬੜੀ ਬੇਰਹਿਮੀ ਨਾਲ ਉਸ 'ਤੇ ਹਮਲਾ ਬੋਲ ਦਿੱਤਾ।ਆਪਣੇ ਆਪ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਜਦੋਂ ਅਭਿਸ਼ੇਕ ਨੇ ਬਚਣ ਦੀ ਕੋਸ਼ਿਸ਼ ਕੀਤੀ ਤਾਂ ਸੜਕ 'ਤੇ ਚੱਲ ਰਹੇ ਉਸਾਰੀ ਕਾਰਜ ਕਾਰਨ ਉੱਥੇ ਪਏ ਰੋੜੇ-ਵੱਟਿਆਂ ਉੱਪਰ ਮੋਟਰਸਾਈਕਲ ਸਲਿੱਪ ਹੋ ਗਿਆ, ਜਿਸ ਕਾਰਨ ਉਹ ਸੜਕ 'ਤੇ ਬੁਰੀ ਤਰ੍ਹਾਂ ਡਿੱਗ ਪਿਆ।ਉਨ੍ਹਾਂ ਦੱਸਿਆ ਕਿ ਇਸ ਹਮਲੇ 'ਚ ਅਭਿਸ਼ੇਕ ਸ਼ਰਮਾ ਦੇ ਸਰੀਰ ਤੇ ਮੂੰਹ ਦੇ ਕਈ ਹਿੱਸਿਆਂ 'ਤੇ ਫਰੈਕਚਰ ਵੀ ਹੋਏ ਹਨ।ਮਾਥੁਰ ਸ਼ਰਮਾ ਲੱਕੀ ਤੇ ਇਲਾਕਾ ਨਿਵਾਸੀਆਂ ਨੇ ਨਗਰ ਕੌਂਸਲ ਧੂਰੀ ਤੇ ਸਥਾਨਕ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਦੀਆਂ ਮੁੱਖ ਸੜਕਾਂ 'ਤੇ ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ।

## ਜਥੇਦਾਰ ਮੂੰਮ ਦੇ ਪੋਤੇ ਦਾ ਦੇਹਾਂਤ, ਅੰਤਿਮ ਸੰਸਕਾਰ ਅੱਜ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-



ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਆਗੂ ਸਵ: ਜਥੇਦਾਰ ਚੇਤਨ ਸਿੰਘ ਮੂੰਮ ਦੇ ਪਰਿਵਾਰ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਨੌਜਵਾਨ ਪੋਤਰੇ ਬਲਰਾਜ ਸਿੰਘ ਸੇਖੋਂ ਪੁੱਤਰ ਕਰਮਜੀਤ ਸਿੰਘ ਸੇਖੋਂ ਦਾ ਭਰ ਜੁਆਨੀ 'ਚ ਅਚਾਨਕ ਦਿਹਾਂਤ ਹੋ ਗਿਆ।ਇਸ ਦੁੱਖ ਦੀ ਘੜੀ 'ਚ ਵੱਖ ਵੱਖ ਰਾਜਨੀਤਕ, ਧਾਰਮਿਕ ਤੇ ਸਮਾਜਿਕ ਆਗੂਆਂ ਨੇ ਪੀੜਤ ਸੇਖੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

ਮ੍ਰਿਤਕ ਨੌਜਵਾਨ ਬਲਰਾਜ ਸਿੰਘ ਦਾ ਅੰਤਿਮ ਸੰਸਕਾਰ ਪਰਿਵਾਰਕ ਮੈਂਬਰਾਂ ਦੇ ਵਿਦੇਸ਼ ਤੋਂ ਪਰਤਣ ਬਾਅਦ 30 ਮਾਰਚ ਸੋਮਵਾਰ ਨੂੰ ਸਵੇਰੇ 11 ਵਜੇ ਪਿੰਡ ਮੂੰਮ (ਬਰਨਾਲਾ) ਵਿਖੇ ਕੀਤਾ ਜਾਵੇਗਾ।

# ਵਿਧਾਇਕ ਦੇਵ ਮਾਨ ਵੱਲੋਂ ਦੁਲੱਦੀ 'ਚ ਮੁਹੱਲਾ ਕਲੀਨਿਕ ਦਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਕ੍ਰਾਂਤੀਕਾਰੀ ਤੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਦੀ ਸਿਹਤ ਸਹੂਲਤਾਂ ਨੂੰ ਲੈ ਕੇ ਵੱਡੇ ਪੱਧਰ ਤੇ ਉਪਰਾਲੇ ਕੀਤੇ ਜਾ ਰਹੇ ਹਨ।ਇਸ ਲੜੀ ਦੇ ਤਹਿਤ ਹਲਕਾ ਨਾਭਾ ਦੇ ਨੇੜਲੇ ਪਿੰਡ ਦੁਲੱਦੀ ਵਿਖੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਮੁਹੱਲਾ ਕਲੀਨਿਕ ਦਾ ਰਸਮੀਂ ਉਦਘਾਟਨ ਕੀਤਾ ਗਿਆ।ਉਦਘਾਟਨ ਕਰਨ ਉਪਰੰਤ ਉਨ੍ਹਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਇਹ ਮੁਹੱਲਾ ਕਲੀਨਿਕ ਦਿੱਲੀ ਮਾਡਲ 'ਤੇ ਅਧਾਰਤ ਹਨ, ਜੋ ਆਮ ਲੋਕਾਂ ਨੂੰ ਘਰ ਦੇ ਨੇੜੇ ਮੁਫ਼ਤ ਇਲਾਜ, ਟੈਸਟ ਤੇ ਦਵਾਈਆਂ ਪ੍ਰਦਾਨ ਕਰਦੇ ਹਨ, ਜਿਸ ਦਾ ਉਦੇਸ਼ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਸਹੂਲਤਾਂ ਨੂੰ ਬਿਹਤਰ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਇਸ ਆਮ ਆਦਮੀ ਕਲੀਨਿਕ ਵਿੱਚ ਹਰ ਤਰ੍ਹਾਂ ਦੀਆਂ ਬਿਮਾਰੀਆਂ ਦੇ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਣਗੇ ਤੇ ਆਮ ਬਿਮਾਰੀਆਂ ਦੀਆਂ ਦਵਾਈਆਂ ਵੀ ਮਰੀਜ਼ਾਂ ਨੂੰ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ।ਦੇਵ ਮਾਨ ਨੇ ਕਿਹਾ ਕਿ ਦਵਾਈਆਂ ਦੀ ਕੋਈ ਘਾਟ ਨਹੀਂ ਹੈ, ਉਨ੍ਹਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਰਾ ਇਲਾਜ ਮੁਫ਼ਤ ਹੈ।ਕਿਸੇ ਨੂੰ ਵੀ ਕੋਈ ਪੈਸਾ ਨਹੀਂ ਦੇਣਾ ਪਵੇਗਾ।ਉਨ੍ਹਾਂ ਸਾਰਿਆਂ ਲਈ ਇਲਾਜ ਉਪਲਬਧ ਹੋਵੇਗਾ, ਜਿਨ੍ਹਾਂ ਦੇ ਨਾਮ ਕਾਰਡ 'ਤੇ ਸੂਚੀਬੱਧ ਹਨ।ਦੇਵ ਮਾਨ ਨੇ ਕਿਹਾ ਕਿ ਇਨ੍ਹਾਂ ਕਲੀਨਿਕਾਂ ਵਿੱਚ ਮਰੀਜ਼ਾਂ ਦਾ ਮੁਫ਼ਤ ਇਲਾਜ ਹੁੰਦਾ ਹੈ ਤੇ ਲਗਭਗ 41 ਤਰ੍ਹਾਂ ਦੇ ਟੈਸਟ ਮੁਫ਼ਤ ਕੀਤੇ ਜਾਂਦੇ ਹਨ।

ਇਸ ਮੌਕੇ ਭੁਪਿੰਦਰ ਸਿੰਘ ਕੱਲਰਮਾਜਰੀ, ਸਿਮਰਨ ਚੌਹਾਨ, ਸਰਪੰਚ ਗੁਰਜੰਟ ਸਿੰਘ ਦੁਲੱਦੀ, ਡਾ. ਮੋਨਿਕਾ ਸੂਦ ਸੀਨੀਅਰ ਮੈਡੀਕਲ ਅਫਸਰ ਬਲਾਕ ਭਾਦਸੋਂ, ਡਾ. ਰਮਨੀਕ ਲੋਚਮ ਮੈਡੀਕਲ ਅਫਸਰ ਪੀਐਚਸੀ ਕਕਰਾਲਾ, ਜੋਰਾ ਸਿੰਘ ਹੈਲਥ ਇੰਸਪੈਕਟਰ ਕਕਰਾਲਾ, ਡਾ. ਹਰਸ਼ ਪ੍ਰੀਤ ਸਿੰਘ ਮੈਡੀਕਲ ਅਫਸਰ ਦੁਲੱਦੀ, ਗੁਰਦੀਪ ਸਿੰਘ ਫਾਰਮੇਸੀ ਅਫਸਰ ਦੁਲੱਦੀ, ਰੇਖਾ ਰਾਣੀ ਸੀਏ, ਨਰਿੰਦਰ ਸਿੰਘ ਹੈਲਪਰ ਦੁਲੱਦੀ, ਕਰਨ ਬਾਂਗਾ ਫਾਰਮੇਸੀ ਅਫਸਰ ਕਕਰਾਲਾ, ਸੰਦੀਪ ਕੁਮਾਰ ਸਾਧੋਹੇੜੀ, ਸੁਖਜੀਤ ਕੌਰ ਸਾਧੋਹੇੜੀ ਸਿਹਤ ਕਰਮਚਾਰੀ ਤੇ ਸਮੂਹ ਆਸ਼ਾ ਵਰਕਰ ਅਤੇ ਪਿੰਡ ਦੇ ਮੋਹਤਬਰ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਲਾਲ ਸਿੰਘ ਦੇ ਦੇਹਾਂਤ 'ਤੇ ਸਿਮਰਨਜੀਤ ਮਾਨ ਵੱਲੋਂ ਦੁੱਖ ਦਾ ਪ੍ਰਗਟਾਵਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰ. ਲਾਲ ਸਿੰਘ ਸਾਬਕਾ ਵਜ਼ੀਰ ਪੰਜਾਬ ਸ਼ਨੀਵਾਰ ਅਚਾਨਕ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ, ਜਿਸ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਸੰਬੰਧੀਆਂ ਨੂੰ ਇਕ ਅਸਹਿ ਘਾਟਾ ਪਿਆ ਹੈ।ਸਾਨੂੰ ਵੀ ਉਨ੍ਹਾਂ ਦੇ ਚਲੇ ਜਾਣ 'ਤੇ ਗਹਿਰਾ ਸਦਮਾ ਪਹੁੰਚਿਆ ਹੈ।ਉਹ ਇੱਕ ਨੇਕ ਤੇ ਇਮਾਨਦਾਰ ਇਨਸਾਨ ਸਨ।ਅਸੀਂ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਜਿੱਥੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ, ਉੱਥੇ ਪਰਿਵਾਰਕ ਮੈਂਬਰਾਂ, ਸੰਬੰਧੀਆਂ ਤੇ ਇਲਾਕਾ ਨਿਵਾਸੀਆਂ ਨੂੰ ਗੁਰੂ ਦੇ ਭਾਣੇ ਵਿੱਚ ਵਿਚਰਣ ਦੀ ਸ਼ਕਤੀ ਦੀ ਬਖਸ਼ਿਸ਼ ਕਰਨ ਦੀ ਅਰਜੋਈ ਵੀ ਕਰਦੇ ਹਾਂ।ਇਸ ਦੁੱਖ ਦਾ ਪ੍ਰਗਟਾਵਾ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ੍ਰ. ਲਾਲ ਸਿੰਘ ਦੇ ਪਰਿਵਾਰ ਤੇ ਇਲਾਕਾ ਨਿਵਾਸੀਆ ਨਾਲ ਦੁੱਖ ਸਾਂਝਾ ਕਰਦੇ ਹੋਏ ਤੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਦੇ ਹੋਏ ਕੀਤਾ।

# ਰੰਗਮੰਚ ਸਿਰਫ਼ ਕਲਾ ਨਹੀਂ, ਲੋਕ ਚੇਤਨਾ ਦਾ ਵੀ ਵਾਹਕ ਹੈ : ਡਾ. ਜਗਦੀਪ ਸਿੰਘ

### ਪੰਜਾਬੀ ਯੂਨੀਵਰਸਿਟੀ 'ਚ ਮਨਾਇਆ ਵਿਸ਼ਵ ਰੰਗਮੰਚ ਦਿਵਸ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਰੰਗਮੰਚ ਤੇ ਫਿਲਮ ਪ੍ਰੋਡਕਸ਼ਨ ਵਿਭਾਗ ਤੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਵੱਲੋਂ ਵਿਸ਼ਵ ਰੰਗਮੰਚ ਦਿਵਸ ਮੌਕੇ ਵੱਖ-ਵੱਖ ਸਮਾਗਮ ਕਰਵਾਏ ਗਏ।ਵਿਸ਼ਵ ਰੰਗਮੰਚ ਦਿਵਸ ਦੇ ਇਹ ਸਮਾਗਮ ਪਿਛਲੇ ਦਿਨੀਂ ਦੁਨੀਆਂ ਤੋਂ ਰੁਖ਼ਸਤ ਹੋਏ ਪੰਜਾਬੀ ਯੂਨੀਵਰਸਿਟੀ ਦੇ ਪ੍ਰੋਫੈਸਰ ਤੇ ਰੰਗਮੰਚ ਦੀ ਵੱਡੀ ਹਸਤੀ ਡਾ. ਨਵਨਿੰਦਰਾ ਬਹਿਲ ਨੂੰ ਸਮਰਪਤ ਕੀਤੇ ਗਏ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਨ੍ਹਾਂ ਸਮਾਗਮਾਂ ਦੀ ਪ੍ਰਧਾਨਗੀ ਕਰਦੇ ਹੋਏ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਆਪਣੇ ਸਥਾਪਨਾ ਸਮੇਂ ਤੋਂ ਹੀ ਰੰਗਮੰਚੀ ਗਤੀਵਿਧੀਆਂ ਨਾਲ ਜੁੜੀ ਹੋਈ ਹੈ।ਇਸ ਨੇ ਪੰਜਾਬੀ ਦੇ ਵੱਡੇ ਨਾਟਕਕਾਰ ਤੇ ਰੰਗਕਰਮੀ ਪੈਦਾ ਕੀਤੇ ਹਨ।ਉਨ੍ਹਾਂ ਕਿਹਾ ਕਿ ਰੰਗਮੰਚ ਸਿਰਫ ਕਲਾ ਨਹੀਂ, ਬਲਕਿ ਲੋਕ ਚੇਤਨਾ ਦਾ ਵੀ ਵਾਹਕ ਹੈ।ਕਰਵਾਏ ਗਏ ਸਮਾਗਮਾਂ ਦੀ ਲੜੀ ਵਿੱਚ ਉੱਘੇ ਨਾਟਕਕਾਰ ਬਲਵਿੰਦਰ ਬੁੱਲਟ ਦੇ ਨਾਟਕ 'ਬਾਰਾ ਸਿੰਗਾ ਮੋਰ' ਦਾ ਨਾਟ ਪਾਠ ਕਰਵਾਇਆ ਤੇ ਇਸ 'ਤੇ ਚਰਚਾ ਕਰਵਾਈ ਗਈ। ਬਲਵਿੰਦਰ ਬੁਲਟ ਦੇ ਨਾਟਕ ਬਾਰੇ ਹੋਈ ਚਰਚਾ ਵਿੱਚ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ ਡਾ. ਰਜਿੰਦਰ ਲਹਿਰੀ ਨੇ ਕਿਹਾ ਕਿ ਬੁਲਟ ਦਾ ਨਾਟਕ ਲੋਕ ਕਹਾਣੀਆਂ ਦੇ ਮੈਟਾਫਰ ਰਾਹੀਂ ਆਧੁਨਿਕ ਸਥਿਤੀਆਂ 'ਤੇ ਚੋਟ ਕਰਦਾ ਹੈ।ਰੰਗਮੰਚ ਤੇ ਫਿਲਮ ਪ੍ਰੋਡਕਸ਼ਨ ਵਿਭਾਗ ਦੇ ਮੁਖੀ ਡਾ. ਜਸਪਾਲ ਕੌਰ ਦਿਓਲ ਨੇ ਸਵਾਗਤੀ ਸ਼ਬਦਾਂ ਦੌਰਾਨ ਕਿਹਾ ਕਿ ਰੰਗਮੰਚ ਬੰਦੇ ਨੂੰ ਕਲਾਤਮਕ ਪੱਧਰ 'ਤੇ ਹੀ ਅਮੀਰ ਨਹੀਂ ਕਰਦਾ, ਬਲਕਿ ਉਸ ਦੀ ਸ਼ਖ਼ਸੀਅਤ ਨੂੰ ਵੀ ਸੰਵਾਰਦਾ ਹੈ।ਪੰਜਾਬੀ ਭਾਸ਼ਾ ਵਿਕਾਸ ਵਿਭਾਗ ਦੇ ਮੁਖੀ ਡਾ. ਗੁਰਸੇਵਕ ਸਿੰਘ ਲੰਬੀ ਨੇ ਕਿਹਾ ਕਿ ਪੰਜਾਬੀ ਨਾਟਕ ਤੇ ਰੰਗਮੰਚ ਦਾ ਸਫਰ ਇੱਕ ਸਦੀ ਤੋਂ ਵਧੇਰੇ ਹੋ ਚੁੱਕਾ ਹੈ ਤੇ ਇਸ ਨੇ ਪੰਜਾਬੀ ਸਮਾਜ ਨੂੰ ਸੇਧ ਦੇਣ ਵਿੱਚ ਗੌਲਣਯੋਗ ਭੂਮਿਕਾ ਨਿਭਾਈ ਹੈ।

ਉੱਘੇ ਫਿਲਮਕਾਰ ਜਰਨੈਲ ਸਿੰਘ ਦੇ ਵਿਸ਼ੇਸ਼ ਸ਼ੋਅ ਵਿੱਚ ਜਰਨੈਲ ਸਿੰਘ ਨੇ ਪੰਜਾਬ ਦੀ ਵਿਰਾਸਤ 'ਲੋਕ ਬੁਝਾਰਤਾਂ' ਦੀ ਜੁਗਤ ਰਾਹੀਂ ਨੈਤਿਕ ਸਿੱਖਿਆ ਉੱਤੇ ਜ਼ੋਰ ਦਿੱਤਾ।ਇਸ ਮੌਕੇ ਡਾ. ਰਿਤੂ ਲਹਿਲ, ਡੀਨ ਖੋਜ ਡਾ. ਸੁਨੀਤਾ ਧੀਰ, ਡਾ. ਗੁਰਚਰਨ, ਡਾ. ਕੁਲਪਿੰਦਰ ਸ਼ਰਮਾ ਆਦਿ ਹਾਜ਼ਰ ਸਨ।

# ਵਾਹਗਾ ਬਾਰਡਰ 'ਤੇ ਰੈਲੀ ਦੇ ਲਗਾਏ ਟੈਂਟ ਨੂੰ ਉਖਾੜਨਾ ਵਿਧਾਨਕ ਹੱਕਾਂ ਨੂੰ ਕੁਚਲਣ ਦੇ ਤੁਲ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਪੰਜਾਬ ਦੇ ਮਾਲੀ ਹਾਲਾਤਾਂ ਨੂੰ ਬਿਹਤਰ ਬਣਾਉਣ ਹਿੱਤ 28 ਮਾਰਚ ਨੂੰ ਵਾਹਗਾ ਬਾਰਡਰ ਉੱਤੇ ਵਿਸ਼ਾਲ ਰੈਲੀ ਰੱਖੀ ਗਈ ਸੀ ਤਾਂ ਕਿ ਇਸ ਰੋਸ ਰੈਲੀ ਰਾਹੀਂ ਹੁਕਮਰਾਨਾਂ ਦੇ ਬੋਲੇ ਕੰਨਾਂ ਤੱਕ ਇਹ ਆਵਾਜ਼ ਪਹੁੰਚਾਈ ਜਾ ਸਕੇ ਕਿ ਜਦੋਂ ਹੁਕਮਰਾਨਾਂ ਵੱਲੋਂ ਗੁਜਰਾਤ ਦੀਆਂ ਸਰਹੱਦਾਂ ਰਾਹੀਂ ਵਪਾਰ ਪਾਕਿਸਤਾਨ ਰਾਹੀਂ ਕੀਤਾ ਜਾਂਦਾ ਹੈ ਤਾਂ ਪੰਜਾਬ ਦੇ ਜ਼ਿਮੀਦਾਰਾਂ, ਛੋਟੇ ਵਪਾਰੀਆਂ, ਛੋਟੇ ਕਾਰਖਾਨੇਦਾਰਾਂ ਵੱਲੋਂ ਉਤਪਾਦ ਕੀਤੀਆਂ ਜਾਣ ਵਾਲੀਆਂ ਆਪਣੀਆਂ ਫਸਲਾਂ ਤੇ ਉਤਪਾਦਾਂ ਦਾ ਵਪਾਰ ਵਾਹਗਾ ਬਾਰਡਰ ਰਾਹੀਂ ਅਰਬ ਮੁਲਕਾਂ ਵਿੱਚ ਕੀਤਾ ਜਾ ਸਕੇ ਅਤੇ ਇਨ੍ਹਾਂ ਆਪਣੇ ਉਤਪਾਦਾਂ ਦੀ ਉਨ੍ਹਾਂ ਨੂੰ ਸਹੀ ਕੀਮਤ ਪ੍ਰਾਪਤ ਹੋ ਕੇ ਉਹ ਆਪਣੇ ਪਰਿਵਾਰਾਂ ਤੇ ਪੰਜਾਬ ਸੂਬੇ ਦੀ ਮਾਲੀ ਹਾਲਤ ਨੂੰ ਬਿਹਤਰ ਬਣਾ ਸਕਣ, ਪਰ ਬਹੁਤ ਦੁੱਖ ਤੇ ਅਫਸੋਸ ਹੈ ਕਿ ਜੋ ਅਸੀਂ ਵਾਹਗਾ ਸਰਹੱਦ ਉਤੇ ਇਕ ਪ੍ਰਾਈਵੇਟ ਜ਼ਿਮੀਦਾਰ ਤੋਂ ਜ਼ਮੀਨ ਲੈ ਕੇ ਆਪਣੀ ਰੈਲੀ ਲਈ ਪੰਡਾਲ 'ਤੇ ਟੈਂਟ ਲਗਾਇਆ ਸੀ, ਉਸ ਨੂੰ ਬੀ.ਐੱਸ.ਐੱਫ. ਦੇ ਅਧਿਕਾਰੀਆਂ ਨੇ ਪੁੱਟ ਕੇ ਸਾਡੇ ਜਮਹੂਰੀਅਤ ਪੱਖੀ ਵਿਧਾਨਕ ਉਨ੍ਹਾਂ ਹੱਕਾਂ ਦਾ ਘੋਰ ਉਲੰਘਣ ਕੀਤਾ ਹੈ, ਜਿਸ ਰਾਹੀਂ ਕੋਈ ਵੀ ਸਿਆਸੀ ਪਾਰਟੀ ਜਾਂ ਕਿਸੇ ਸੂਬੇ ਦੇ ਨਿਵਾਸੀ ਅਮਨਮਈ ਤੇ ਜਮਹੂਰੀਅਤ ਢੰਗ ਨਾਲ ਅਜਿਹੀਆਂ ਰੈਲੀਆਂ, ਧਰਨੇ, ਰੋਸ ਦਿਖਾਵੇ ਕਰਨ ਦਾ ਅਧਿਕਾਰ ਹਾਸਲ ਹੈ, ਉਸ ਨੂੰ ਕੁਚਲਿਆ ਗਿਆ ਹੈ, ਜੋ ਕਿ ਵਿਧਾਨ ਦੀ ਘੋਰ ਉਲੰਘਣਾ ਹੈ, ਜਿਸ ਦੀ ਪਾਰਟੀ ਜਿੱਥੇ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ, ਉਥੇ ਬੀ.ਐੱਸ.ਐੱਫ. ਦੇ ਅਧਿਕਾਰੀਆਂ ਵੱਲੋਂ ਕੀਤੇ ਗਏ ਗੈਰ-ਕਾਨੂੰਨੀ ਅਮਲ ਵਿਰੁੱਧ ਕਾਰਵਾਈ ਹੋਣੀ ਬਣਦੀ ਹੈ ਤਾਂ ਕਿ ਕਿਸੇ ਵੀ ਸਿਆਸੀ ਪਾਰਟੀ ਜਾਂ ਸੂਬੇ ਦੇ ਨਿਵਾਸੀਆਂ ਦੇ ਜਮਹੂਰੀ ਹੱਕਾਂ ਨੂੰ ਕੋਈ ਅਧਿਕਾਰੀ ਕੁਚਲ ਨਾ ਸਕੇ।ਇਹ ਵਿਚਾਰ ਸ੍ਰ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਵਾਹਗਾ ਬਾਰਡਰ ਉਤੇ ਸਰਹੱਦਾਂ ਨੂੰ ਵਪਾਰ ਲਈ ਖੁਲਵਾਉਣ ਲਈ ਕੀਤੀ ਰੈਲੀ ਦੇ ਪੰਡਾਲ ਨੂੰ ਬੀ.ਐੱਸ.ਐੱਫ. ਦੇ ਅਧਿਕਾਰੀਆਂ ਵੱਲੋਂ ਪੁੱਟ ਦੇਣ ਉੱਤੇ ਤਿੱਖਾ ਰੋਸ ਜ਼ਾਹਰ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਜਦੋਂ ਸਾਨੂੰ ਵਿਧਾਨ ਦੀ ਧਾਰਾ 14 ਬਰਾਬਰਤਾ ਦੇ ਆਧਾਰ 'ਤੇ ਅਤੇ ਧਾਰਾ 19 ਰਾਹੀਂ ਜੋ ਆਪਣੇ ਵਿਚਾਰ ਪ੍ਰਗਟ ਕਰਨ, ਰੈਲੀਆਂ ਕਰਨ, ਧਰਨੇ ਲਗਾਉਣ ਦੀ ਇਜਾਜ਼ਤ ਦਿੰਦੀ ਹੈ, ਉਸ ਨੂੰ ਕੁੱਚਲ ਕੇ ਵਿਧਾਨ ਦਾ ਬੀ.ਐੱਸ.ਐੱਫ. ਦੇ ਅਧਿਕਾਰੀਆਂ ਵੱਲੋਂ ਘੋਰ ਅਪਮਾਨ ਕੀਤਾ ਗਿਆ ਹੈ।ਜਦੋਂਕਿ ਸਾਡੀਆਂ ਅਜਿਹੀਆਂ ਰੈਲੀਆਂ ਤੇ ਧਰਨੇ ਜਮਹੂਰੀਅਤ ਕਦਰਾਂ ਕੀਮਤਾਂ ਨੂੰ ਮੁੱਖ ਰੱਖਦੇ ਹੋਏ ਅਮਨਮਈ ਢੰਗਾਂ ਨਾਲ ਨਿਰੰਤਰ ਕੀਤੇ ਜਾਂਦੇ ਆ ਰਹੇ ਹਨ, ਜੋ ਕਿ ਸਾਡਾ ਵਿਧਾਨਕ ਅਧਿਕਾਰ ਵੀ ਹੈ।

# ਸਤਪਾਲ ਪੰਜੋਲਾ ਨੇ ਸਨੌਰ ਹਲਕੇ ਤੋਂ ਦਾਅਵੇਦਾਰੀ ਕੀਤੀ ਪੇਸ਼



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਵਿੱਚ ਭਾਜਪਾ ਦੇ ਸੀਨੀਅਰ ਆਗੂ ਸਤਪਾਲ ਪੂਨੀਆ (ਪੰਜੋਲਾ) ਵੱਲੋਂ ਕੀਤੀ ਗਈ ਪ੍ਰੈੱਸ ਕਾਨਫ਼ਰੰਸ ਦੌਰਾਨ ਸਿਆਸੀ ਮਾਹੌਲ ਗਰਮਾ ਗਿਆ।ਇਸ ਮੌਕੇ ਉਨ੍ਹਾਂ ਖੁੱਲ੍ਹੇ ਤੌਰ 'ਤੇ ਹਲਕੇ ਤੋਂ ਆਪਣੀ ਦਾਅਵੇਦਾਰੀ ਪੇਸ਼ ਕਰਦਿਆਂ ਕਿਹਾ ਕਿ ਉਹ ਲੋਕਾਂ ਨਾਲ ਮਜ਼ਬੂਤ ਜੁੜਾਵ ਦੇ ਆਧਾਰ 'ਤੇ ਚੋਣ ਮੈਦਾਨ ਵਿੱਚ ਉਤਰਣ ਲਈ ਤਿਆਰ ਹਨ।ਸਤਪਾਲ ਪੂਨੀਆ ਨੇ ਦੱਸਿਆ ਕਿ ਪਿਛਲੇ ਮਹੀਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨਾਲ ਉਨ੍ਹਾਂ ਦੀ ਮੁਲਾਕਾਤ ਹੋਈ ਸੀ, ਜਿਸ ਦੌਰਾਨ ਉਨ੍ਹਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਟਿਕਟ ਦੇਣ ਦੇ ਸੰਕੇਤ ਦਿੱਤੇ ਗਏ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਉਨ੍ਹਾਂ ਨੂੰ ਹਲਕੇ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਸੁਣਨ ਤੇ ਲੋਕਾਂ ਨਾਲ ਜੁੜੇ ਰਹਿਣ ਲਈ ਵੀ ਕਿਹਾ ਗਿਆ। ਉਨ੍ਹਾਂ ਦਾਅਵਾ ਕੀਤਾ ਕਿ ਮੁੱਖ ਮੰਤਰੀ ਨਾਇਬ ਸੈਣੀ ਵੱਲੋਂ ਉਨ੍ਹਾਂ ਨੂੰ ਕਈ ਵਾਰ ਬੁਲਾ ਕੇ ਹਲਕੇ ਦੀ ਸਥਿਤੀ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਨਾਲ ਇਹ ਸਪੱਸ਼ਟ ਹੁੰਦਾ ਹੈ ਕਿ ਪਾਰਟੀ ਉਨ੍ਹਾਂ 'ਤੇ ਭਰੋਸਾ ਕਰ ਰਹੀ ਹੈ। ਪ੍ਰੈੱਸ ਕਾਨਫ਼ਰੰਸ ਦੌਰਾਨ ਉਨ੍ਹਾਂ ਹਲਕਾ ਸਨੌਰ ਵਿੱਚ ਹੋ ਰਹੇ ਵਿਕਾਸ ਕਾਰਜਾਂ 'ਤੇ ਵੀ ਸਵਾਲ ਖੜ੍ਹੇ ਕੀਤੇ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਦੇ ਦਾਅਵੇ ਜ਼ਮੀਨੀ ਹਕੀਕਤ ਨਾਲ ਮੇਲ ਨਹੀਂ ਖਾਂਦੇ ਤੇ ਲੋਕ ਅਜੇ ਵੀ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਹਨ। ਉਨ੍ਹਾਂ ਹਲਕਾ ਵਿਧਾਇਕ ਪਠਾਨਮਾਜਰਾ ਤੇ ਹਲਕਾ ਇੰਚਾਰਜ ਰਣਜੋਧ ਹਡਾਣਾ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਦੋਵੇਂ ਹੀ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਨਹੀਂ ਉੱਤਰ ਰਹੇ।ਅੰਤ ਵਿੱਚ ਸਤਪਾਲ ਪੂਨੀਆ (ਪੰਜੋਲਾ) ਨੇ ਕਿਹਾ ਕਿ ਜੇ ਉਨ੍ਹਾਂ ਨੂੰ ਮੌਕਾ ਮਿਲਦਾ ਹੈ ਤਾਂ ਉਹ ਹਲਕਾ ਸਨੌਰ ਦੇ ਸਰਵਾਂਗੀਣ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰਨਗੇ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਗੇ।

# ਮਾਨ ਸਰਕਾਰ ਨੇ 4 ਸਾਲਾਂ 'ਚ ਸੂਬੇ ਦਾ ਚਹੁੰਪੱਖੀ ਵਿਕਾਸ ਕੀਤਾ : ਬਰਸਟ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 4 ਸਾਲਾਂ ਦੇ ਕਾਰਜਕਾਲ ਦੌਰਾਨ ਇਤਿਹਾਸਕ ਫੈਸਲੇ ਲੈਂਦਿਆਂ ਹੋਇਆ ਸੂਬੇ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ, ਜਿਸ ਤੋਂ ਲੋਕ ਬਹੁਤ ਖੁਸ਼ ਹਨ।ਮਾਨ ਸਰਕਾਰ ਨੇ ਇਨ੍ਹਾਂ ਚਾਰ ਸਾਲਾਂ ਵਿੱਚ ਆਪਣੀਆਂ ਸਾਰੀਆਂ ਗਰੰਟੀਆਂ ਪੂਰੀ ਕੀਤੀਆਂ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰ. ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਤੇ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ ਪੰਜਾਬ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਕੀਤਾ ਗਿਆ।ਇਸ ਮੌਕੇ ਹਲਕੇ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਵੱਡੀ ਗਿਣਤੀ ਵਿੱਚ ਲੋਕ ਪਹੁੰਚੇ।ਸ੍ਰ. ਬਰਸਟ ਨੇ ਸਾਰਿਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਤੇ ਮੌਕੇ 'ਤੇ ਹੀ ਇਨ੍ਹਾਂ ਦਾ ਨਿਪਟਾਰਾ ਕੀਤਾ। ਇਸ ਮੌਕੇ ਪਹੁੰਚੇ ਲੋਕਾਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ ਤੇ ਚੇਅਰਮੈਨ ਦਾ ਧੰਨਵਾਦ ਕੀਤਾ।

ਚੇਅਰਮੈਨ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਇਲਾਕਾ ਨਿਵਾਸੀਆਂ ਦੀਆਂ ਸਮੱਸਿਆਵਾਂ ਨੂੰ ਨੇੜੇ ਤੋਂ ਸੁਣਨਾ ਤੇ ਤੁਰੰਤ ਹੱਲ ਕਰਨਾ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਹਰ ਸਮੇਂ ਲੋਕਾਂ ਦੇ ਨਾਲ ਖੜੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਕ ਪਾਸੇ ਜਿੱਥੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉੱਥੇ ਹੀ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਤੋਂ 65 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਤੋਹਫ਼ਾ ਦਿੱਤਾ ਗਿਆ ਹੈ, ਜਿਸ ਦੇ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਾਪਤ ਹੋਣਗੇ।ਇਸ ਤੋਂ ਇਲਾਵਾ ਮਹਿਲਾਵਾਂ ਨੂੰ ਮੁਫ਼ਤ ਬਸ ਸਫ਼ਰ ਦੀ ਸਹੂਲਤ ਦਿੱਤੀ ਜਾ ਰਹੀ ਹੈ।ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਜਿੱਥੇ ਆਮ ਆਦਮੀ ਕਲੀਨਿਕ ਬਣਾਏ ਗਏ ਹਨ, ਉੱਥੇ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਤੇ ਕੈਸ਼ਲੈਸ ਇਲਾਜ ਦੀ ਸਹੂਲਤ ਹੈ ਤੇ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਤੋਂ ਲੋਕ ਬਹੁਤ ਖੁਸ਼ ਹਨ।ਇਸ ਮੌਕੇ ਬਲਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਹਰਵਿੰਦਰ ਸਿੰਘ ਚੇਅਰਮੈਨ ਮਾਰਕਿਟ ਕਮੇਟੀ, ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਸੋਮ ਚੰਦ ਸੋਮੀ ਸਰਪੰਚ ਤਰਖਾਣ ਮਾਜਰਾ, ਸੂਬਾ ਸਿੰਘ ਸਰਪੰਚ ਢੈਂਠਲ ਸਮੇਤ ਸੈਂਕੜਿਆਂ ਦੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

# ਵਿਧਾਇਕ ਵੱਲੋਂ ਦੋ ਹੋਰ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ

### ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣਾ ਸਰਕਾਰ ਦਾ ਫਰਜ਼ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਅਤੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨਜ਼ਦੀਕ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੁਹਿੰਮ ਤਹਿਤ ਅੱਜ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ, ਜਿਸ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ 2 ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਸ੍ਰ. ਜਗਦੀਪ ਸਿੰਘ ਕਾਕਾ ਬਰਾੜ ਐੱਮ.ਐੱਲ.ਏ. ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤਾ ਗਿਆ, ਜਿਨ੍ਹਾਂ ਵਿੱਚੋਂ ਇੱਕ ਗੁਰਦੁਆਰਾ ਸਾਂਝੀਵਾਲ ਗਾਂਧੀ ਨਗਰ ਸ੍ਰੀ ਮੁਕਤਸਰ ਵਿਖੇ ਤੇ ਇੱਕ ਰੈਣ ਬਸੇਰਾ ਗੋਨਿਆਣਾ ਰੋਡ ਵਿਖੇ ਬਣਾਇਆ ਗਿਆ ਹੈ।ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਸਰਕਾਰ ਦੀ ਪਹਿਲਕਦਮੀ ਨਾਲ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਇਨ੍ਹਾਂ ਕਲੀਨਿਕਾਂ ਨੂੰ ਬਣਾਇਆ ਗਿਆ ਹੈ, ਜਿਸ ਵਿੱਚ ਤਜਰਬੇਕਾਰ ਡਾਕਟਰ ਤੇ ਸਟਾਫ ਰਾਹੀਂ ਆਮ ਲੋਕਾਂ ਇਲਾਜ, ਦਵਾਈਆਂ, ਲੈਬ ਟੈਸਟ ਆਦਿ ਮੁਫਤ ਹੋਣਗੇ।

ਇਸ ਸਮੇਂ ਡਾ: ਸੁਨੀਲ ਕੁਮਾਰ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਇਹ ਆਦਮੀ ਕਲੀਨਿਕ ਲੋਕਾਂ ਲਈ ਵਧੀਆ ਸਿਹਤ ਸਹੂਲਤਾਂ ਦੇਣ ਲਈ ਬਹੁਤ ਲਾਹੇਵੰਦ ਹੋਣਗੇ।ਇਸ ਸਮੇਂ ਸੁਰਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਮੁਖਤਿਆਰ ਸਿੰਘ, ਦਰਸ਼ਨ ਸਿੰਘ ਕਪੂਰ, ਸੁਰਿੰਦਰਪਾਲ ਸਿੰਘ, ਬੀਰਬਲ ਸਿੰਘ ਤੇ ਸਿਹਤ ਵਿਭਾਗ ਤੋਂ ਡਾ: ਦੁਪਿੰਦਰ ਕੁਮਾਰ ਡੀ.ਐੱਮ.ਸੀ., ਡਾ: ਰਾਜੀਵ ਕੁਮਾਰ ਐੱਸ.ਐੱਮ.ਓ. ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ, ਡਾ: ਹਰਕੀਰਤਨ ਸਿੰਘ ਜ਼ਿਲ੍ਹਾ ਐਪੀਡੀਮੋਲੋਜਿਸਟ, ਦੀਪਕ ਕੁਮਾਰ ਡੀ.ਪੀ.ਐੱਮ., ਲਾਲ ਚੰਦ ਮਾਸ ਮੀਡੀਆ, ਭੁਪਿੰਦਰ ਸਿੰਘ ਸੀਨੀਅਰ ਸਹਾਇਕ ਤੇ ਗੁਰਪ੍ਰੀਤ ਸਿੰਘ ਪੀ ਏ ਟੂ ਸਿਵਲ ਸਰਜਨ ਹਾਜ਼ਰ ਸਨ ।

# ਸਕੂਲ 'ਚ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਇਨਾਮ ਵੰਡ ਸਮਾਰੋਹ

### ਵਾਹਿਗੁਰੂ ਜੀ ਦੇ ਸ਼ੁਕਰਾਨੇ ਲਈ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ




**ਜਲਾਲਾਬਾਦ (ਬਲਵਿੰਦਰ ਸਿੰਘ)**-ਪੰਜਾਬ ਪਬਲਿਕ ਸਕੂਲ ਵਿੱਚ ਚਾਲੂ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਆਧਿਆਤਮਕ ਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਬੀਤੇ ਸੈਸ਼ਨ ਦੇ ਸ਼ਾਨਦਾਰ ਨਤੀਜਿਆਂ ਲਈ ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।ਸਮਾਗਮ ਵਿੱਚ ਵਿਦਿਆਰਥੀਆਂ, ਮਾਪਿਆਂ ਤੇ ਸਟਾਫ ਨੇ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ।ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਨਾਲ ਜੋੜਿਆ ਗਿਆ ਤੇ ਸਕੂਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।

ਉਪਰੰਤ ਸਕੂਲ ਵਿੱਚ ਇਨਾਮ ਵੰਡ ਸਮਾਰੋਹ ਦੀ ਸ਼ੁਰੂਆਤ ਚੇਅਰਮੈਨ ਸ੍ਰ. ਹਰਚਰਨ ਸਿੰਘ ਬਰਾੜ ਤੇ ਪ੍ਰਿੰਸੀਪਲ ਮੈਡਮ ਸੰਜੂ ਬੱਬਰ ਵੱਲੋਂ ਜੋਤ ਜਗਾ ਕੇ ਕੀਤੀ ਗਈ।ਸਮਾਰੋਹ ਦੌਰਾਨ ਸਾਲਾਨਾ ਨਤੀਜਿਆਂ ਤੇ ਵੱਖ-ਵੱਖ ਗਤੀਵਿਧੀਆਂ ਵਿੱਚ ਪ੍ਰਥਮ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਨਿਵਾਜਿਆ ਗਿਆ।ਇਸ ਦੇ ਨਾਲ ਹੀ ਸਕੂਲ ਦੇ ਸਟਾਫ ਨੂੰ ਵੀ ਉਨ੍ਹਾਂ ਦੀ ਮਿਹਨਤ ਲਈ ਸਨਮਾਨਤ ਕੀਤਾ ਗਿਆ।

ਪ੍ਰਿੰਸੀਪਲ ਮੈਡਮ ਸੰਜੂ ਬੱਬਰ ਨੇ ਕਿਹਾ ਕਿ ਸਕੂਲ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਾਨਦਾਰ ਰਿਹਾ ਹੈ।ਚੇਅਰਮੈਨ ਸ੍ਰ. ਹਰਚਰਨ ਸਿੰਘ ਬਰਾੜ ਨੇ ਕਿਹਾ ਕਿ ਪ੍ਰਿੰਸੀਪਲ ਦੀ ਯੋਗ ਅਗਵਾਈ ਤੇ ਸਟਾਫ ਦੀ ਲਗਨ ਨਾਲ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਨਵੀਆਂ ਉਚਾਈਆਂ ਛੂਹ ਰਹੇ ਹਨ।ਇਸ ਮੌਕੇ ਡਾ. ਮੰਦਰ ਸਿੰਘ ਨੇ ਸਕੂਲ ਦੇ ਮਾਣਮੱਤੇ ਇਤਿਹਾਸ ਤੇ ਇਲਾਕੇ ਲਈ ਇਸ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਸਮਾਰੋਹ ਦੌਰਾਨ ਸਟੇਜ ਦਾ ਸੰਚਾਲਨ ਅਭਿਸ਼ੇਕ ਕਲਿਆਣ ਤੇ ਮੈਡਮ ਪ੍ਰਿਯੰਕਾ ਵੱਲੋਂ ਕੀਤਾ ਗਿਆ।

# ਤੁਰ ਗਿਆ ਨੱਥੂਵਾਲੀਆ ਨਾਹਰ

ਉਦੋਂ ਮੈਂ ਮਸੀਂ ਨੌਂ-ਦਸ ਸਾਲਾਂ ਦਾ ਹੋਵਾਂਗਾ, ਪਿੰਡ ਦੇ ਸ਼ਾਕਮਾਲ ਵਾਲੇ ਛੱਪੜ ਦੇ ਨਾਲ਼ ਖਾਲੀ ਪਏ ਥਾਂ ਵਿੱਚ ਉਸ ਦੀ ਡਰਾਮਾ ਪਾਰਟੀ ਨੇ ਨਾਟਕ ਕੀਤੇ ਸਨ। ਭਲੇ ਦਿਨਾਂ ਦੀਆਂ ਇਹਨਾਂ ਰਾਤਾਂ 'ਚ ਪਿੰਡ ਤੋਂ ਇਲਾਵਾ ਆਲੇ-ਦੁਆਲੇ ਦੇ ਪਿੰਡਾਂ 'ਚੋਂ ਵੀ ਸੈਂਕੜੇ ਲੋਕ ਵਹੀਰਾਂ ਘੱਤ ਕੇ ਨੱਥੂਵਾਲੀਏ ਨਾਹਰ ਦੀ ਪਾਰਟੀ ਦੇ ਡਰਾਮੇ ਵੇਖਣ ਆਏ ਸਨ।

ਨਾਟਕਾਂ ਜਾਂ ਉਪੇਰਿਆਂ ਦੀ ਤਾਂ ਸਾਨੂੰ ਉਦੋਂ ਕੋਈ ਸਮਝ ਨਹੀਂ ਸੀ ਪੈਂਦੀ, ਪਰ ਕਈ ਗੀਤਾਂ ਦੇ ਬੋਲ ਜ਼ਰੂਰ ਸਮਝ ਆ ਜਾਂਦੇ। ਹੋਰ ਤਾਂ ਸਭ ਕੁਝ ਭੁੱਲ-ਭੁਲਾ ਗਿਆ, ਪਰ ਇੱਕ ਡਰਾਮੇ ਦੀ ਧੁੰਦਲੀ ਜਿਹੀ ਯਾਦ ਅੱਜ ਤੱਕ ਵੀ ਉਵੇਂ ਜਿਵੇਂ ਅੱਖਾਂ ਦੇ ਸਾਹਮਣੇ ਹੈ। ਨਾਟਕ ਜ਼ਰੂਰ ਮਹਿੰਗਾਈ ਸੰਬੰਧੀ ਹੋਵੇਗਾ। ਸਟੇਜ 'ਤੇ ਮੀਆਂ-ਬੀਵੀ ਲੜ ਰਹੇ ਸਨ। ਪਤਨੀ ਵੱਲੋਂ ਗੀਤ ਦੇ ਬੋਲ ਬੋਲੇ ਸਨ:

ਮੈਂ ਤਾਂ ਹੰਭਗੀ ਪਾਲਦੀ ਕੱਟੀਆਂ ਵੇ,
ਕਿੱਥੇ ਜਾਂਦੀਆਂ ਤੇਰੀਆਂ ਖੱਟੀਆਂ ਵੇ।
ਸੱਚੀ ਗੱਲ 'ਤੇ ਤਿਊੜੀਆਂ ਕਿਉਂ ਵੱਟੀਆਂ ਵੇ,
ਕੰਨਾਂ ਨੂੰ ਘੜਾ ਦੇ ਵਾਲੀਆਂ, ਪਾਈ ਫਿਰਨ ਗੁਆਂਢਣ ਜੱਟੀਆਂ ਵੇ।

ਨਾਟਕ ਵਾਲੀ ਔਰਤ ਵਾਰ-ਵਾਰ ਆਪਣੇ ਲਈ ਵਧੀਆ ਸੂਟ, ਜੁੱਤੀ ਤੇ ਕੰਨਾਂ ਲਈ ਵਾਲੀਆਂ ਲਿਆ ਕੇ ਦੇਣ ਲਈ ਜ਼ਿੱਦ ਕਰ ਰਹੀ ਸੀ, ਪਰ ਉਸ ਦਾ ਘਰ ਵਾਲਾ, ਜੋ ਕਿ ਮਹਾਤੜ ਜਿਹਾ ਕਿਸਾਨ ਹੁੰਦਾ ਹੈ, ਆਪਣੀ ਮਾੜੀ ਕਿਸਾਨੀ ਤੇ ਗਰੀਬੀ ਦਾ ਰੋਣਾ ਰੋਂਦਾ ਸਰਕਾਰ ਨੂੰ ਕੋਸਦਾ ਹੈ। ਉਹ ਪਤਨੀ ਦੀ ਮੰਗ ਦੀਆਂ ਚੀਜ਼ਾਂ ਲਿਆ ਕੇ ਦੇਣ ਤੋਂ ਨਾਂਹ ਕਰ ਦਿੰਦਾ ਹੈ ਤਾਂ ਦੋਵਾਂ 'ਚ ਤਕਰਾਰ ਵਧ ਜਾਂਦਾ ਹੈ। ਪਤਨੀ ਗੁੱਸੇ ਹੋ ਕੇ ਪੇਕੇ ਜਾਣ ਲਈ ਤਿਆਰੀ ਕੱਸ ਲੈਂਦੀ ਹੈ।

'ਸਾਂਭ ਆਵਦਾ ਚੀਂਗਰ ਬੋਟ, ਮੈਂ ਤਾਂ ਚੱਲੀ ਆਂ ਪੇਕੇ।' ਉਹ ਗੁੱਸੇ ਨਾਲ ਹੱਥ 'ਚ ਫੜਿਆ ਸਮਾਨ ਘਰ ਵਾਲੇ ਦੇ ਪੈਰਾਂ 'ਚ ਚਲਾ ਮਾਰਦੀ ਹੈ।

ਪਿੰਡ ਵਾਲੇ ਪ੍ਰੋਗਰਾਮ ਤੋਂ ਬਾਅਦ ਨੱਥੂਵਾਲੀਏ ਦੇ ਹੋਰ ਵੀ ਕਈ ਡਰਾਮੇ ਵੇਖੇ। ਜਦੋਂ ਕਦੇ ਉਸ ਦੀ ਨਾਟਕ ਟੋਲੀ ਸਾਡੇ ਪਿੰਡ ਜਾਂ ਨੇੜੇ-ਤੇੜੇ ਦੇ ਕਿਸੇ ਪਿੰਡ 'ਚ ਡਰਾਮਾ ਕਰਨ ਆਉਂਦੀ ਤਾਂ ਟੋਲੀ ਦੀ ਕੱਪੜਿਆਂ ਵਾਲੀ ਤੇ ਹੋਰ ਨਿੱਕਸੁੱਕ ਵਾਲੀ ਟਰੰਕੀ ਬਾਵੇ ਦੇ ਟੈਂਪੂ 'ਤੇ ਸਫਰ ਕਰਦੀ। ਇਹ ਟਰੰਕੀ ਕਈ ਕਈ ਦਿਨ ਸਾਡੇ ਘਰ ਵੀ ਪਈ ਰਹਿੰਦੀ। ਅਸੀਂ ਨਿੱਕੇ ਨਿਆਣੇ ਘਰਦਿਆਂ ਤੋਂ ਚੋਰੀ ਚੋਰੀ ਟਰੰਕੀ ਖੋਹਲ ਕੇ ਵੇਖਦੇ, ਜਿਸ ਵਿੱਚ ਨਕਲੀ ਦਾੜ੍ਹੀ-ਮੁੱਛਾਂ, ਜ਼ਨਾਨਾ ਸੂਟ, ਪੁਲਸ ਦੀਆਂ ਵਰਦੀਆਂ, ਨਕਲੀ ਬੰਦੂਕਾਂ ਅਤੇ ਮੇਕਅੱਪ ਆਦਿ ਦਾ ਸਮਾਨ ਹੁੰਦਾ। ਇਸ ਡਰਾਮਾ ਮੰਡਲੀ 'ਚ ਸਾਡਾ ਦੂਰ ਦਾ ਇੱਕ ਰਿਸ਼ਤੇਦਾਰ ਵੀ ਸ਼ਾਮਲ ਸੀ, ਜਿਸ ਕਰਕੇ ਇਹ ਟੋਲੀ ਚਾਹ-ਪਾਣੀ ਵੀ ਸਾਡੇ ਘਰੋਂ ਪੀਂਦੀ।

ਡਰਾਮਾ ਟੀਮ ਦੇ ਮੁੰਡੇ ਇੱਕ ਅੱਧਖੜ ਉਮਰ ਦੇ ਮਧਰੇ ਕੱਦ ਵਾਲੇ ਬੰਦੇ ਨੂੰ ਬਾਈ ਨਾਹਰ—ਬਾਈ ਨਾਹਰ ਆਖਦੇ। ਉਹ ਗੰਭੀਰ ਜਿਹਾ ਬੰਦਾ ਬਹੁਤ ਘੱਟ ਬੋਲਦਾ ਸੀ, ਜਿਵੇਂ ਮੂੰਹ 'ਚ ਜ਼ੁਬਾਨ ਹੀ ਨਾ ਹੋਵੇ। ਹੌਲੀ-ਹੌਲੀ ਸਾਨੂੰ ਪਤਾ ਲੱਗ ਗਿਆ ਕਿ ਇਹ ਬੰਦਾ ਤਾਂ ਉਹੀ ਹੈ, ਜਿਹੜਾ ਰਾਤ ਨਾਟਕ ਵਾਲੀ ਸਟੇਜ 'ਤੇ ਘਰਵਾਲੀ ਨਾਲ ਖਹਿਬੜ ਰਿਹਾ ਸੀ। ਅੱਡੋ-ਅੱਡ ਡਰਾਮਿਆਂ 'ਚ ਇਹ ਬੰਦਾ ਕਦੇ ਕਿਸਾਨ, ਕਦੇ ਮਜ਼ਦੂਰ, ਕਦੇ ਛੋਟਾ ਦੁਕਾਨਦਾਰ ਤੇ ਕਦੇ ਬੇਰੁਜ਼ਗਾਰ ਨੌਜਵਾਨ ਬਣ ਕੇ ਤਕੜੇ ਜ਼ਿਮੀਦਾਰਾਂ, ਆੜ੍ਹਤੀਆਂ, ਪੁਲਸ ਵਾਲਿਆਂ ਜਾਂ ਹੋਰ ਅਫਸਰਾਂ ਨਾਲ ਟੱਕਰ ਲੈਂਦਾ ਰਹਿੰਦਾ ਸੀ।

ਇਹ ਉਹਨਾਂ ਦਿਨਾਂ ਦੀਆਂ ਗੱਲਾਂ ਨੇ, ਜਦੋਂ ਪਿੰਡਾਂ 'ਚ ਖੱਬੀਆਂ ਪਾਰਟੀਆਂ ਦੇ ਜਲਸਿਆਂ ਵੇਲੇ ਭਾਰੀ ਭੀੜਾਂ ਜੁੜ ਜਾਂਦੀਆਂ ਸਨ, ਭਾਵੇਂ ਕਿ ਭੀੜ 'ਚ ਜ਼ਿਆਦਾ ਲੋਕ ਡਰਾਮੇ ਵੇਖਣ ਵਾਲੇ ਹੀ ਆਉਂਦੇ ਸਨ। ਡਰਾਮਿਆਂ ਦੇ ਵਿਚਕਾਰ ਪਾਰਟੀ ਦੇ ਵੱਡੇ ਲੀਡਰ ਅਵਤਾਰ ਸਿੰਘ ਮਲਹੋਤਰਾ, ਮਦਨ ਲਾਲ ਦੀਦੀ, ਜੋਗਿੰਦਰ ਭਸੀਨ, ਸੁਰਜੀਤ ਸਿੰਘ ਭੰਗਾਲੀ ਵਰਗੇ ਲੋਕਾਂ ਨੂੰ ਸੰਬੋਧਨ ਕਰਦੇ। ਤਿਰੰਗੇ ਝੰਡੇ ਅਤੇ ਗਊ-ਵੱਛੇ ਦੇ ਚੋਣ ਨਿਸ਼ਾਨ ਵਾਲੀ ਕਾਂਗਰਸ ਉਦੋਂ ਇਕੱਠ ਕਰਨ ਲਈ ਲੁਧਿਆਣਾ ਮਾਰਕਾ ਗਾਉਣ ਵਾਲੀਆਂ ਜੋੜੀਆਂ ਨੂੰ ਵਰਤਦੀ। ਨੀਲੀਆਂ ਪੱਗਾਂ ਵਾਲੇ ਅਕਾਲੀ ਕਵੀਸ਼ਰੀ, ਢਾਡੀ ਜੱਥਿਆਂ ਦੀ ਸਹਾਇਤਾ ਲੈਂਦੇ। ਖੱਬੀਆਂ ਪਾਰਟੀਆਂ ਵੱਲੋਂ ਲੋਕਾਂ ਨੂੰ ਆਪਣੇ ਜਲਸਿਆਂ ਵੱਲ ਖਿੱਚਣ ਲਈ ਨਾਟਕ ਮੰਡਲੀਆਂ ਦਾ ਸਹਾਰਾ ਲਿਆ ਜਾਂਦਾ। ਇਹਨਾਂ ਟੀਮਾਂ 'ਚ ਬੇਹੱਦ ਪੜ੍ਹੇ-ਲਿਖੇ ਤੇ ਮੰਝੇ ਹੋਏ ਨਾਟਕਕਾਰ/ਅਦਾਕਾਰ ਵੀ ਹੁੰਦੇ, ਨੱਥੂਵਾਲੀਏ ਨਾਹਰ ਵਰਗੇ ਅੱਧਪੜ੍ਹੇ ਵੀ ਅਤੇ ਬਚਿੱਤਰ ਸਿੰਘ ਅਨਪੜ੍ਹ ਆਸੀ ਵਾਲੇ ਵਰਗੇ ਸਕੂਲੀ ਪੜ੍ਹਾਈ ਤੋਂ ਕੋਰੇ ਲੋਕ ਵੀ। ਜੇਕਰ ਇੱਕ ਪਾਸੇ ਪਾਰਟੀਆਂ ਦੀਆਂ ਸਟੇਜਾਂ 'ਤੇ ਅਮਰਜੀਤ ਗੁਰਦਾਸਪੁਰੀ ਜਾਂ ਗੁਰਦਿਆਲ ਨਿਰਮਾਣ ਵਰਗਿਆਂ ਦੀ ਆਵਾਜ਼ ਟੁਣਕਦੀ ਤਾਂ ਦੂਜੇ ਪਾਸੇ ਬਚਿੱਤਰ ਅਨਪੜ੍ਹ ਤੇ ਮਲਕੀਤ ਨੱਥੋਕੇ ਵਰਗੇ ਦੇ ਸਿੱਧੇ-ਸਾਧੇ ਬੋਲ ਲੋਕਾਂ ਨੂੰ ਬੰਨ੍ਹੀ ਰੱਖਦੇ। ਇੱਕ ਪਾਸੇ ਤੇਰਾ ਸਿੰਘ ਚੰਨ, ਜਗਦੀਸ਼ ਫਰਿਆਦੀ ਤੇ ਜੋਗਿੰਦਰ ਬਾਹਰਲੇ ਵਰਗੇ ਪ੍ਰਤੀਬੱਧ ਲੇਖਕਾਂ, ਵਿਦਵਾਨਾਂ ਦੇ ਉਪੇਰੇ ਲੋਕਾਂ ਨੂੰ ਖਿੱਚ ਪਾਉਂਦੇ ਤਾਂ ਦੂਸਰੇ ਪਾਸੇ ਗੁਰਸ਼ਰਨ ਜੱਸਲ ਵਰਗਿਆਂ ਦੇ ਮੌਕੇ 'ਤੇ ਘੜੇ ਉਪੇਰੇ ਲੋਕਾਂ ਨੂੰ ਮੱਲੋਮੱਲੀ ਪੰਡਾਲ 'ਚ ਬਹਾਈ ਰੱਖਦੇ।

ਮੇਰੀ ਨਾਹਰ ਨਾਲ ਦਿਨੋਂ-ਦਿਨ ਦੋਸਤੀ ਗੂੜ੍ਹੀ ਹੋਣ ਲੱਗੀ। ਉਸ ਨੂੰ ਆਪਣੇ ਵਕਤਾਂ ਦੀਆਂ ਗੱਲਾਂ ਸੁਣਾਉਣ ਨਾਲ ਸਕੂਨ ਮਿਲਦਾ। ਉਹ ਮੇਰੇ ਕੋਲ ਦਫ਼ਤਰ ਆ ਜਾਂਦਾ। ਚੀਮੇ ਪਿੰਡ ਆਪਣੀ ਕਿਸੇ ਰਿਸ਼ਤੇਦਾਰੀ 'ਚ ਆਇਆ ਉਹ ਮੇਰੇ ਘਰ ਵੀ ਆ ਜਾਂਦਾ। ਬਾਘਾ ਪੁਰਾਣਾ ਦੇ ਪਿੰਡਾਂ ਵੱਲੀਂ ਗਿਆ ਮੈਂ ਵੀ ਉਸ ਦੇ ਘਰ ਚਲੇ ਜਾਂਦਾ। ਅੱਧ ਕੱਚੇ-ਪੱਕੇ ਘਰ ਦੀਆਂ ਭੁਰਦੀਆਂ ਕੰਧਾਂ ਨੱਥੂਵਾਲੀਏ ਨਾਹਰ ਦੀ ਆਰਥਿਕ ਹਾਲਤ ਦੀ ਗਵਾਹੀ ਭਰਦੀਆਂ। ਮੈਂ ਨਾਹਰ ਦੇ ਜਜ਼ਬੇ 'ਤੇ ਹੈਰਾਨ ਹੁੰਦਾ। ਉਸ ਦੇ ਘਰ ਦੀਆਂ ਕੰਧਾਂ ਬੇਸ਼ੱਕ ਖੁਰ ਰਹੀਆਂ ਸਨ, ਪਰ ਪਾਰਟੀ ਪ੍ਰਤੀ ਉਸ ਦਾ ਵਿਸ਼ਵਾਸ਼ ਉਕਾ ਹੀ ਨਹੀਂ ਸੀ ਖੁਰਿਆ।

ਕੋਈ ਵਕਤ ਸੀ ਜਦੋਂ ਨੱਥੂਵਾਲੀਏ ਨਾਹਰ ਦੇ ਡਰਾਮੇ ਵੇਖਣ ਲਈ ਲੋਕ ਹਜ਼ਾਰਾਂ ਦੀ ਗਿਣਤੀ 'ਚ ਜੁੜਦੇ ਸਨ। ਲਹੂ ਰੰਗੀਆਂ ਝੰਡੀਆਂ ਨਾਲ ਭਰਿਆ ਪੰਡਾਲ ਵੇਖ ਕੇ ਲੱਗਦਾ, ਜਿਵੇਂ ਕਿਧਰੋਂ ਲਾਲ ਹਨੇਰੀ ਚੜ੍ਹ ਆਈ ਹੋਵੇ। ਨਾਹਰ ਦਾ ਦਿਲ ਵੇਖ-ਵੇਖ ਕੇ ਬਾਗੋਬਾਗ ਹੁੰਦਾ। ਉਸ ਦੀ ਆਪਣੀ ਤੰਗੀ-ਤੁਰਸ਼ੀ ਤੇ ਭੁੱਖਮਰੀ ਕਿਧਰੇ ਦੂਰ ਉੱਡ ਜਾਂਦੀ।

ਨੱਥੂਵਾਲੀਏ ਦੀ ਮਾਂ ਤੇ ਪਤਨੀ ਦੋਵੇਂ ਸਾਰਾ ਸਾਲ ਮਿੱਟੀ ਨਾਲ ਮਿੱਟੀ ਹੋਈਆਂ ਰਹਿੰਦੀਆਂ। ਵੱਟਾਂ ਤੋਂ ਪਸ਼ੂਆਂ ਲਈ ਘਾਹ ਖੋਤਦੀਆਂ। ਦੁੱਧ ਵੇਚ ਗੁਜ਼ਾਰਾ ਚਲਾਉਂਦੀਆਂ। ਨਾਹਰ ਫਕੀਰ ਬਣ ਗਲ ਬਗਲੀ ਪਾਈ ਇੱਕ ਪਿੰਡ ਤੋਂ ਦੂਜੇ ਪਿੰਡ ਅਤੇ ਇੱਕ ਸੂਬੇ ਤੋਂ ਦੂਜੇ ਸੂਬੇ 'ਚ ਤੁਰਿਆ ਰਹਿੰਦਾ। ਘਰ ਵੱਲੋਂ ਉਕਾ ਹੀ ਬੇਪਰਵਾਹ। ਉਸ ਦੀ ਗੈਰਹਾਜ਼ਰੀ ਚ ਸਾਂਭ-ਸੰਭਾਲ ਤੇ ਦਵਾ-ਦਾਰੂ ਖੁਣੋ ਤਿੰਨ ਬੱਚੇ ਰੱਬ ਨੂੰ ਪਿਆਰੇ ਹੋ ਗਏ। ਬੱਚਿਆਂ ਨੂੰ ਨਾ ਚੰਗੀ ਖੁਰਾਕ ਜੁੜੀ ਨਾ ਵਧੀਆ ਡਾਕਟਰ ਤੋਂ ਦਵਾਈ ਦੁਆਈ ਜਾ ਸਕੀ। ਜੁਆਕਾਂ ਦੀ ਮੌਤ ਵੇਲੇ ਤਾਂ ਉਹ ਘਰ ਵੀ ਨਹੀਂ ਸੀ। ਰਿਸ਼ਤੇਦਾਰ ਹੀ ਚੁੱਕ ਕੇ ਸਸਕਾਰ ਕਰ ਆਏ। ਜਦੋਂ ਨਾਹਰ ਮਹੀਨੇ-ਦੋ ਮਹੀਨਿਆਂ ਬਾਅਦ ਘਰ ਆਇਆ, ਘਰਵਾਲੀ ਦੀਆਂ ਅੱਖਾਂ 'ਚੋਂ ਤਾਂ ਅੱਥਰੂ ਵੀ ਸੁੱਕ ਗਏ ਸਨ।

ਨਾਹਰ ਤਾਂ ਬਾਪ ਦੀ ਅਰਥੀ ਨੂੰ ਮੋਢਾ ਵੀ ਨਹੀਂ ਸੀ ਦੇ ਸਕਿਆ। ਉਹ ਜ਼ੀਰੇ ਤੇ ਮੱਲਾਂਵਾਲੇ ਦੇ ਇਲਾਕੇ 'ਚ ਨਾਟਕ ਕਰਨ ਗਿਆ ਸੀ। ਉੱਥੋਂ ਅੱਗੇ ਦੀ ਅੱਗੇ ਤੁਰੇ ਗਏ। ਅਚਾਨਕ ਬਿਮਾਰ ਹੋਇਆ ਬਾਪ ਪੁੱਤ ਨੂੰ ਮਿਲਣ ਲਈ ਤੜਪਦਾ ਚੜ੍ਹਾਈ ਕਰ ਗਿਆ। ਘਰਦਿਆਂ ਨਾਹਰ ਨੂੰ ਭਾਲਣ ਲਈ ਬੰਦਾ ਮੱਲਾਂਵਾਲੇ ਵੱਲੀਂ ਭੇਜਿਆ, ਪਰ ਨਾਹਰ ਕਿੱਥੋਂ ਲੱਭਦਾ? ਫਕੀਰਾਂ ਦਾ ਕਿਹੜਾ ਦੇਸ਼ ਤੇ ਕਿਹੜਾ ਟਿਕਾਣਾ? ਉਦੋਂ ਕਿਹੜਾ ਅੱਜ ਵਾਂਗੂੰ ਮੋਬਾਇਲ ਫੋਨ ਹੁੰਦੇ ਸਨ।

ਮੈਂ ਅਕਸਰ ਉਸ 'ਤੇ ਹੈਰਾਨ ਹੋ ਜਾਂਦਾ ਹਾਂ, ਉਸ ਨੂੰ ਕਿਸੇ 'ਤੇ ਗਿਲ਼ਾ ਹੀ ਨਹੀਂ ਹੁੰਦਾ। ਨੱਥੂਵਾਲੀਏ ਦੇ ਜੁਆਕ ਲੋਕਾਂ ਦੇ ਖੇਤਾਂ ਵਿੱਚੋਂ ਪਸ਼ੂਆਂ ਲਈ ਮਧਾਨਾ ਖੋਤਦੇ ਰਹੇ।ਨਾਹਰ ਦਾ ਕਿਰਤੀ ਟੱਬਰ ਜੇਠ-ਹਾੜ੍ਹ ਦੀ ਪਿੰਡਾ ਸਾੜ ਸੁੱਟਣ ਵਾਲੀ ਧੁੱਪ 'ਚ ਝੋਨਾ ਲਾਉਂਦਾ ਹੁੰਦਾ ਸੀ। ਉਹਨਾਂ ਦੀਆਂ ਜਵਾਨ ਧੀਆਂ ਵਿਸਾਖ ਦੇ ਮਹੀਨੇ ਕਣਕ ਦੇ ਵੱਢਾਂ 'ਚੋਂ ਸਿਲੇ ਚੁਗਦੀਆਂ ਘਰ ਦੇ ਸੱਖਣੇ ਭੜੋਲੇ ਭਰਨ ਦੇ ਆਹਰ 'ਚ ਜੁੱਟੀਆਂ ਰਹਿੰਦੀਆਂ।

ਆਜ਼ਾਦੀ ਵਾਲੇ ਵਰ੍ਹੇ ਬਾਘਾ ਪੁਰਾਣਾ ਤਹਿਸੀਲ ਦੇ ਪਿੰਡ ਨੱਥੂਵਾਲਾ 'ਚ ਜੰਮੇ ਜੋਗਿੰਦਰ ਨੇ ਅਜੇ ਸਕੂਲ 'ਚ ਪੜ੍ਹਦਿਆਂ ਲਘੂਤਮ-ਮਹੱਤਮ ਦੇ ਸਵਾਲ ਹੀ ਸਿੱਖੇ ਸਨ ਕਿ ਉਸ ਨੂੰ ਘਰ ਦੀ ਗਰੀਬੀ ਨੇ ਸਕੂਲ ਛੱਡਣ ਲਈ ਮਜਬੂਰ ਕਰ ਦਿੱਤਾ ਤੇ ਉਹ ਗਰੀਬੀ ਦਾ ਲਘੂਤਮ ਕਰਨ ਦੇ ਸੁਫਨੇ ਲੈਣ ਲੱਗਾ। ਉਹਨਾਂ ਦਿਨਾਂ 'ਚ ਉਹ ਸਕੂਲ ਦੀਆਂ ਬਾਲ ਸਭਾਵਾਂ 'ਚ ਬਾਪੂ ਗਾਂਧੀ ਵੱਲੋਂ ਚਰਖਾ ਕੱਤ ਕੇ ਲਿਆਂਦੀ ਆਜ਼ਾਦੀ ਦੇ ਗੀਤ ਗਾਉਂਦਾ ਹੁੰਦਾ ਸੀ। ਬਾਪੂ ਗਾਂਧੀ ਦੇ ਚਰਖੇ ਨੂੰ ਭੁੱਲ ਕੇ ਉਹ ਆਪਣੇ ਕਿਰਤੀ ਬਾਪ ਕਪੂਰ ਸਿਹੁੰ ਨਾਲ ਕੰਮ ਕਰਵਾਉਣ ਲੱਗਿਆ। ਇੱਕ ਦਿਨ ਬਾਪ ਉਸ ਨੂੰ ਵੱਛਾ ਵੇਚਣ ਲਈ ਚੜਿਕ ਦੀ ਮਸ਼ਹੂਰ ਮੰਡੀ ਨਾਲ ਲੈ ਗਿਆ। ਮੰਡੀ ਕਾਹਦੀ ਮੇਲਾ ਹੁੰਦਾ ਸੀ। ਚਾਂਦੀ ਰਾਮ ਚਾਂਦੀ ਉਦੋਂ ਸਟਾਰ ਗਾਇਕ ਸੀ। ਮੇਲੇ 'ਚ ਚਾਂਦੀ ਰਾਮ ਚਾਂਦੀ ਦੀ ਗਾਇਕੀ 'ਤੇ ਆਧਾਰਤ 'ਜਿੰਦਾ ਡਾਂਸ' ਦਿਖਾਇਆ ਜਾ ਰਿਹਾ ਸੀ। ਪਿਉ-ਪੁੱਤ ਦੀ ਜੋੜੀ ਨੇ ਅੱਠ ਆਨੇ ਦੀ ਟਿਕਟ ਲੈ ਕੇ 'ਜਿੰਦਾ ਡਾਂਸ' ਵੇਖਿਆ। ਏਥੋਂ ਹੀ ਗਭਰੇਟ ਹੁੰਦੇ ਜਾ ਰਹੇ ਜੋਗਿੰਦਰ ਦੇ ਅੰਦਰ ਗਾਇਕੀ ਵਾਲੀ ਤਾਰ ਟੁਣਕਣ ਲੱਗੀ। ਉਸ ਨੇ ਚਾਂਦੀ ਰਾਮ ਚਾਂਦੀ ਨੂੰ ਉਸਤਾਦ ਜਾ ਧਾਰਿਆ। ਉਹ ਜੋਗਿੰਦਰ ਸਿੰਘ ਨਾਹਰ ਤੋਂ ਨੱਥੂਵਾਲੀਆ ਨਾਹਰ ਬਣ ਗਿਆ।

ਉਦੋਂ ਚਾਂਦੀ ਰਾਮ ਚਾਂਦੀ ਲੁਧਿਆਣੇ ਦਾ ਸਭ ਤੋਂ ਮਹਿੰਗਾ ਗਾਇਕ ਸੀ। ਜੋਗਿੰਦਰ ਸਿੰਘ ਨਾਹਰ ਹੁਣ ਨੱਥੂਵਾਲੀਆ ਨਾਹਰ ਵਜੋਂ ਆਸੀ ਵਾਲੇ ਗੀਤਕਾਰ ਬਚਿੱਤਰ ਅਨਪੜ੍ਹ ਅਤੇ ਗੁਰਚਰਨ ਜੱਸਲ ਨਾਲ ਰਲ ਕੇ ਮਾਲਵੇ ਦੇ ਪਿੰਡਾਂ 'ਚ ਗਾਹ ਪਾਉਣ ਲੱਗਾ। ਉਹਦੀ ਟੀਮ ਰਾਜਸਥਾਨ ਦੇ ਮਾਰੂਥਲੀ ਟਿੱਬਿਆਂ 'ਚ ਵੀ ਡਰਾਮੇ ਕਰਨ ਲੱਗੀ। ਵਿਧਾਨ ਸਭਾ ਅਤੇ ਪਾਰਲੀਮੈਂਟ ਦੀਆਂ ਚੋਣਾਂ 'ਚ ਨੱਥੂਵਾਲੀਏ ਦਾ ਡਰਾਮਾ ਸਕੁਐਡ ਦਿਨ-ਰਾਤ ਇੱਕ ਕਰ ਦਿੰਦਾ। ਕਾਮਰੇਡ ਤੇਜਾ ਸਿੰਘ ਸੁਤੰਤਰ, ਕਾਮਰੇਡ ਭਾਨ ਸਿੰਘ ਭੌਰਾ, ਕਾਮਰੇਡ ਮੁਨਸ਼ਾ ਸਿੰਘ, ਸੱਗੜ ਸਿੰਘ, ਕਾਮਰੇਡ ਵਧਾਵਾ ਰਾਮ ਫਾਜ਼ਿਲਕਾ, ਜਲਾਲਾਬਾਦ ਵਾਲਾ ਕਾਮਰੇਡ ਮਹਿਤਾਬ ਸਿੰਘ, ਕਾਮਰੇਡ ਸਰਬਣ ਸਿੰਘ ਫਤਿਹਗੜ੍ਹ ਕੋਰੋਟਾਣਾ ਸਮੇਤ ਅਨੇਕਾਂ ਕਾਮਰੇਡਾਂ ਦੀਆਂ ਚੋਣਾਂ 'ਚ ਨੱਥੂਵਾਲੀਏ ਦੀ ਡਰਾਮਾ ਪਾਰਟੀ ਜਾਨ ਮਾਰ ਕੇ ਕੰਮ ਕਰਦੀ ਰਹੀ। ਨੱਥੂਵਾਲੀਆ ਮੌਕੇ 'ਤੇ ਹੀ ਉਪੇਰਾ ਤਿਆਰ ਕਰ ਲੈਂਦਾ। ਉਸ ਦੇ ਬੇਰੁਜ਼ਗਾਰੀ, ਅੰਧ-ਵਿਸ਼ਵਾਸ਼, ਪੁਲਸ ਟਾਊਟ, ਚੋਰ ਤੇ ਕੁੱਤੀ, ਟੈਕਸਾਂ ਦੀ ਭਰਮਾਰ, ਦੁਖੀ ਪਰਵਾਰ ਵਰਗੇ ਸਾਦ-ਮੁਰਾਦੇ ਉਪੇਰੇ ਪੇਂਡੂ ਲੋਕਾਂ 'ਤੇ ਜਾਦੂ ਵਰਗਾ ਅਸਰ ਕਰਦੇ।

ਨਾਹਰ ਦੀ ਜ਼ਿੰਦਗੀ ਦੀ ਸ਼ਾਮ ਭਲੇ ਹੀ ਢਲ਼ ਗਈ ਸੀ, ਪਰ ਉਸ ਦੀਆਂ ਅੱਖਾਂ 'ਚ ਅੰਤ ਤੱਕ ਸੂਹੀ ਸਵੇਰ ਵਰਗੀ ਲਿਸ਼ਕ ਰਹੀ। ਅੱਧ-ਪੱਕੇ ਘਰ ਦੇ ਕੋਠੜਿਆਂ ਦੀਆਂ ਭੁਰਦੀਆਂ ਕੰਧਾਂ ਵੱਲ ਵੇਖ ਕੇ ਉਸ ਦੇ ਅੰਦਰੋਂ ਹਾਉਕਾ ਨਿਕਲਦਾ, ਪਰ ਪਾਰਟੀ ਲਈ ਲਾਏ ਸਾਲਾਂ 'ਤੇ ਰੱਤੀ ਭਰ ਵੀ ਅਫਸੋਸ ਨਾ ਹੁੰਦਾ। ਰੰਬਾ ਤੇ ਪੱਲੀ ਕੱਛੇ ਮਾਰ ਕੇ ਸਾਰੀ ਉਮਰ ਲੋਕਾਂ ਦੀਆਂ ਵੱਟਾਂ ਤੋਂ ਘਾਹ ਖੋਤ ਕੇ ਚੁੱਲ੍ਹਾ-ਚੌਂਕਾ ਚਲਾਉਂਦੀ ਰਹੀ ਜੀਵਨ ਸਾਥਣ ਉਸ ਲਈ ਦੇਵੀ ਤੋਂ ਘੱਟ ਨਹੀਂ ਸੀ। ਮਨਜੀਤ ਕੌਰ ਦੀਆਂ ਅੱਖਾਂ ਦੀ ਜੋਤ ਮੱਧਮ ਹੋ ਗਈ, ਜਿਸ ਕਰਕੇ ਡਿੱਗ ਪੈਣ ਦੇ ਡਰੋਂ ਤੁਰਨੋਂ ਵੀ ਆਹਰੀ ਹੈ। ਨਾਹਰ ਘਰੇ ਬੱਝ ਗਿਆ। ਚਾਹ ਕੇ ਵੀ ਉਸ ਤੋਂ ਬਹੁਤਾ ਅੰਦਰ-ਬਾਹਰ ਨਾ ਜਾ ਹੁੰਦਾ। ਦੋਵੇਂ ਜੀਅ ਬੀਤੇ ਦੀਆਂ ਯਾਦਾਂ ਫਰੋਲਦੇ ਦਿਨ ਲੰਘਾਈ ਜਾਂਦੇ। ਬੁਢਾਪਾ ਪੈਨਸ਼ਨ ਚੁੱਲ੍ਹਾ ਬਾਲੀ ਰੱਖਦੀ। ਕੈਨੇਡਾ ਵਾਲੇ ਬਲਜਿੰਦਰ ਲੇਲਣੇ ਦੀ ਕੀਤੀ ਮਦਦ ਨੇ ਦੇਣੇ-ਲੈਣੇ ਲੁਹਾ ਦਿੱਤੇ। ਫਿਰ ਮਨਜੀਤ ਕੁਰ ਅਗਲੇ ਜਹਾਨੀ ਤੁਰ ਗਈ। ਨੱਥੂਵਾਲੀਆ ਇਕੱਲਾ ਰਹਿ ਗਿਆ।

ਆਪਣੀ ਸਾਰੀ ਜ਼ਿੰਦਗੀ ਪਾਰਟੀ ਨੂੰ ਸਮਰਪਤ ਰਿਹਾ ਜੋਗਿੰਦਰ ਸਿੰਘ ਨਾਹਰ ਬੀਤੀ 19 ਮਾਰਚ ਨੂੰ ਸਦਾ ਲਈ ਵਿਛੜ ਗਿਆ।

-ਗੁਰਮੀਤ ਕੜਿਆਲਵੀ, ਸੰਪਰਕ 98726-40994

## ਕਾਂਗਰਸ ਵੱਲੋਂ ਪਿੰਡ ਪੱਧਰੀ ਮੀਟਿੰਗਾਂ ਦਾ ਸਿਲਸਿਲਾ ਜਾਰੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਵੱਲੋਂ ਹਲਕਾ ਸ਼ੁਤਰਾਣਾ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਪਿੰਡ ਪੱਧਰੀ ਮੀਟਿੰਗਾਂ ਦਾ ਸਿਲਸਿਲਾ ਤੇਜ਼ ਕਰ ਦਿੱਤਾ ਹੈ।ਜਾਣਕਾਰੀ ਦਿੰਦਿਆਂ ਕਾਂਗਰਸ ਦੇ ਸੀਨੀਅਰ ਆਗੂ ਨਛੱਤਰ ਸਿੰਘ ਅਰਾਈਂ ਮਾਜਰਾ ਨੇ ਦੱਸਿਆ ਕਿ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ ਤੇ ਕਾਂਗਰਸ ਨਾਲ ਵਰਕਰਾਂ ਨੂੰ ਜੋੜਨ ਲਈ ਪਿੰਡ ਪੱਧਰੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਇਸੇ ਕੜੀ ਤਹਿਤ ਅੱਜ ਪਿੰਡ ਮੌਲਵੀਵਾਲਾ ਵਿਖੇ ਮਰਹੂਮ ਆਗੂ ਨਵਾਬ ਸਿੰਘ ਦੇ ਭਰਾ ਦਵਿੰਦਰ ਸਿੰਘ ਦੇ ਘਰ ਵਿਸ਼ੇਸ਼ ਮੀਟਿੰਗ ਰੱਖੀ ਗਈ, ਜਿਸ ਵਿੱਚ ਵਰਕਰਾਂ ਦੀਆਂ ਜ਼ਿੰਮੇਵਾਰੀਆਂ ਸਮਝਦੇ ਹੋਏ ਵੋਟਰਾਂ ਨੂੰ ਆਪਣੇ ਪੱਖ ਵਿੱਚ ਕਰਨ ਤੇ ਅਕਾਲੀ ਜਾਂ ਆਮ ਆਦਮੀ ਪਾਰਟੀ ਵੱਲੋਂ ਕੀਤੇ ਗਏ ਨਾ ਪੂਰੇ ਕੀਤੇ ਵਾਅਦੇ ਬਾਰੇ ਜਾਣਕਾਰੀ ਵੀ ਦਿੱਤੀ ਗਈ। ਇਸ ਮੌਕੇ ਉਨ੍ਹਾਂ ਨਾਲ ਹਰਜੀਤ ਸਿੰਘ, ਸ਼ੇਖਰ ਚੰਦਰ ਵਾਇਸ ਪ੍ਰਧਾਨ, ਭੁਪਿੰਦਰ ਸਿੰਘ, ਯਾਦਵਿੰਦਰ ਸਿੰਘ, ਰੁਪਿੰਦਰ ਸਿੰਘ, ਭਗਵਾਨ ਸਿੰਘ ਨਾਗਰੀ, ਪੱਪੂ ਪਾਤੜਾਂ, ਹੈਪੀ ਮਵੀ ਆਦਿ ਹਾਜ਼ਰ ਸਨ।

## ਐੱਮ ਏ ਐੱਮ ਪਬਲਿਕ ਸਕੂਲ 'ਚ ਡਿਗਰੀ ਵੰਡ ਸਮਾਰੋਹ




**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਵਿੱਚ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਦੀ ਅਗਵਾਈ ਹੇਠ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮੁੱਖ ਉਦੇਸ਼ ਮੌਜੂਦਾ ਸੈਸ਼ਨ ਦੌਰਾਨ ਵਿਦਿਆਰਥੀਆਂ ਦੀ ਅਕਾਦਮਿਕ ਅਤੇ ਸਮੁੱਚੀ ਪ੍ਰਗਤੀ ਬਾਰੇ ਮਾਪਿਆਂ ਨਾਲ ਵਿਚਾਰ-ਵਟਾਂਦਰਾ ਕਰਨਾ ਸੀ।ਇਸ ਦੋ ਰੋਜ਼ਾ ਸਲਾਨਾ ਮਾਪੇ-ਅਧਿਆਪਕ ਮਿਲਣੀ ਦੌਰਾਨ ਫਾਊਂਡੇਸ਼ਨਲ ਸਟੇਜ ਦੇ ਯੂ.ਕੇ.ਜੀ, ਪ੍ਰਾਇਮਰੀ ਵਿੰਗ ਦੇ ਪੰਜਵੀਂ ਤੇ ਮਿਡਲ ਵਿੰਗ ਦੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਡਿਗਰੀ ਵੰਡ ਸਮਾਰੋਹ ਵੀ ਕਰਵਾਇਆ ਗਿਆ।ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪੁੱਜੇ ਇੰਦਰਜੀਤ ਕੌਰ, ਸਕੂਲ ਪ੍ਰੈਜ਼ੀਡੈਂਟ ਅਨਿਲ ਵਰਮਾ, ਮੈਨੇਜਰ ਰਮਨਦੀਪ ਸਿੰਘ ਤੇ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਪਾਸੋਂ ਆਪਣੇ ਸਰਟੀਫਿਕੇਟ ਪ੍ਰਾਪਤ ਕੀਤੇ।ਮੀਟਿੰਗ ਦੌਰਾਨ ਨਰਸਰੀ ਤੋਂ ਨੌਵੀਂ ਤੇ ਗਿਆਰਵੀਂ ਜਮਾਤ ਦੇ ਅਧਿਆਪਕਾਂ ਵੱਲੋਂ ਜਿੱਥੇ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੇ ਅਕਾਦਮਿਕ ਪ੍ਰਦਰਸ਼ਨ, ਅਨੁਸ਼ਾਸਨ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ, ਉੱਥੇ ਹੀ ਉਨ੍ਹਾਂ ਨੇ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ ਵੱਲ ਵਧੇਰੇ ਧਿਆਨ ਦੇਣ ਤੇ ਸਕੂਲ ਨਾਲ ਨਿਰੰਤਰ ਸਹਿਯੋਗ ਬਣਾਈ ਰੱਖਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਅਧਿਆਪਕਾਂ ਨੇ ਨਵੇਂ ਸੈਸ਼ਨ ਲਈ ਸਕੂਲ ਦੀਆਂ ਭਵਿੱਖੀ ਯੋਜਨਾਵਾਂ ਬਾਰੇ ਮਾਪਿਆਂ ਨਾਲ ਵਿਚਾਰ-ਵਟਾਂਦਰਾ ਕਰਕੇ ਉਨ੍ਹਾਂ ਦੇ ਕੀਮਤੀ ਸੁਝਾਅ ਵੀ ਪ੍ਰਾਪਤ ਕੀਤੇ।ਇਸ ਦੇ ਨਾਲ ਹੀ ਪੂਰੇ ਸੈਸ਼ਨ ਦੌਰਾਨ ਸਾਰੀਆਂ ਜਮਾਤਾਂ ਵਿੱਚ ਵਧੀਆ ਅਕਾਦਮਿਕ ਪ੍ਰਦਰਸ਼ਨ ਕਰਨ, ਸਭ ਤੋਂ ਵੱਧ ਦਿਨ ਹਾਜ਼ਰ ਰਹਿਣ, ਵਧੀਆ ਅਨੁਸ਼ਾਸਨ ਬਣਾਈ ਰੱਖਣ, ਟੀਮ ਵਰਕ, ਰਚਨਾਤਮਕ ਗਤੀਵਿਧੀਆਂ ਤੇ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਰਟੀਫਿਕੇਟ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਸਮਾਰੋਹ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਨੇ ਵਿਸ਼ੇਸ਼ ਮਹਿਮਾਨ, ਸਕੂਲ ਮੈਨੇਜਮੈਂਟ, ਸਮੂਹ ਸਟਾਫ਼ ਤੇ ਮਾਪਿਆਂ ਵੱਲੋਂ ਇਸ ਸਾਰੇ ਪ੍ਰੋਗਰਾਮ ਨੂੰ ਸਫਲਤਾ ਪੂਰਵਕ ਨਪੇਰੇ ਚੜ੍ਹਾਉਣ ਲਈ ਦਿੱਤੇ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ।

## ਗੋਬਿੰਦਗੜ੍ਹ ਤੇ ਨਸਰਾਲੀ ਦੇ ਸਰਕਾਰੀ ਸਕੂਲਾਂ 'ਚ ਮਾਪੇ-ਅਧਿਆਪਕ ਮਿਲਣੀ

### ਓ.ਐੱਸ.ਡੀ. ਗੁਲਸ਼ਨ ਛਾਬੜਾ ਨੇ ਕੀਤੀ ਵਿਸ਼ੇਸ਼ ਤੌਰ 'ਤੇ ਸ਼ਿਰਕਤ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਪੀ. ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਗੜ੍ਹ (ਲੜਕੇ), ਗੋਬਿੰਦਗੜ੍ਹ (ਕੰਨਿਆਂ) ਤੇ ਸਪ੍ਰਸ ਨਸਰਾਲੀ ਵਿੱਚ ਆਯੋਜਿਤ ਮੈਗਾ ਮਾਪੇ-ਅਧਿਆਪਕ ਮਿਲਣੀ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਵਿੰਦਰ ਕੌਰ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਓ.ਐੱਸ.ਡੀ. ਗੁਲਸ਼ਨ ਛਾਬੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਬੋਲਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਵਿੰਦਰ ਕੌਰ ਨੇ ਕਿਹਾ ਕਿ ਮੈਗਾ ਮਾਪੇ-ਅਧਿਆਪਕ ਮਿਲਣੀ ਵਿੱਚ ਵਿਦਿਆਰਥੀ ਦੇ ਸਾਲਾਨਾ ਨਤੀਜੇ ਦੇ ਨਾਲ ਉਨ੍ਹਾਂ ਦੀ ਚੰਗੀ ਸਿਹਤ ਬਾਰੇ, ਅਨੁਸ਼ਾਸਨ, ਖੇਡਾਂ, ਰਚਨਾਤਮਕਤਾ, ਨਸ਼ੇ ਵਿਰੁੱਧ ਤੇ ਟੀਕਾਕਰਨ ਬਾਰੇ ਮਾਪਿਆਂ ਨਾਲ ਚਰਚਾ ਕੀਤੀ ਜਾਂਦੀ ਹੈ।ਇਸ ਮੌਕੇ ਗੁਲਸ਼ਨ ਛਾਬੜਾ ਨੇ ਦੱਸਿਆ ਕਿ ਹੁਣ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਗਈ ਹੈ ਤੇ ਸਰਕਾਰ ਵੱਲੋਂ ਮਿਲ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਓ।ਸ੍ਰੀ ਛਾਬੜਾ ਨੇ ਸਕੂਲਾਂ ਦੇ ਇਨਫਰਾਸਟਰਕਚਰ ਦੇ ਸੁਧਾਰ ਬਾਰੇ ਸਰਕਾਰ ਵੱਲੋਂ ਕੀਤੇ ਗਏ ਉਪਰਾਲਿਆਂ ਦੀ ਚਰਚਾ ਕੀਤੀ ਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿੱਚ ਬੱਚਿਆਂ ਨੂੰ ਉਸਾਰੂ ਵਿੱਦਿਅਕ ਮਾਹੌਲ ਦੇਣ ਲਈ ਸਕੂਲਾਂ ਦੇ ਢਾਂਚੇ ਵਿੱਚ ਲਗਾਤਾਰ ਸੁਧਾਰ ਕੀਤਾ ਗਿਆ ਹੈ।ਉਨ੍ਹਾਂ ਇਸ ਮੈਗਾ ਮਾਪੇ-ਅਧਿਆਪਕ ਮਿਲਣੀ ਦੌਰਾਨ ਸਰਕਾਰੀ ਸਕੂਲ ਵਿੱਚ ਨਵੇਂ ਲਗਾਏ ਇੰਟਰਐਕਟਿਵ ਪੈਨਲ ਦੀ ਵੀ ਸ਼ਲਾਘਾ ਕੀਤੀ।

## ਸਰਕਾਰੀ ਸਕੂਲ ਵਿਖੇ ਸੁਖਜਿੰਦਰ ਕਾਉਣੀ ਵੱਲੋਂ ਸ਼ੈੱਡ ਦਾ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸਮਿੰਦਰ ਪਾਲ/ਓਮ ਪ੍ਰਕਾਸ਼ ਸ਼ੇਖੂ/ਪੂਜਾ)**-ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਸਿੱਖਿਆ ਕ੍ਰਾਂਤੀ ਅਧੀਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਲਮਗੜ੍ਹ ਵਿਖੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਸੁਖਜਿੰਦਰ ਸਿੰਘ ਕਾਉਣੀ ਵੱਲੋਂ 5 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਬਹੁਮੰਤਵੀ ਸ਼ੈੱਡ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਬੋਲਦਿਆਂ ਸ. ਕਾਉਣੀ ਨੇ ਕਿਹਾ ਕਿ ਇਹ ਬਹੁਮੰਤਵੀ ਸ਼ੈੱਡ ਬੱਚਿਆਂ ਦੇ ਮਿਡ-ਡੇ ਮੀਲ ਖਾਣੇ ਲਈ, ਅਧਿਆਪਕ-ਮਾਪੇ ਮਿਲਣੀ ਲਈ, ਸਵੇਰ ਦੀ ਸਭਾ ਲਈ ਤੇ ਸਕੂਲ ਵਿੱਚ ਕਰਵਾਏ ਜਾਣ ਵਾਲੇ ਛੋਟੇ ਫੰਕਸ਼ਨਾਂ ਲਈ ਕੰਮ ਆਵੇਗਾ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਲਗਾਤਾਰ ਨੁਹਾਰ ਬਦਲੀ ਜਾ ਰਹੀ ਹੈ।ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਨੂੰ ਸੁਖ-ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਬੱਚਿਆਂ ਨੂੰ ਸਕੂਲਾਂ ਵਿੱਚ ਵੀ ਘਰਾਂ ਵਰਗਾ ਸੁਖਾਵਾਂ ਮਾਹੌਲ ਮਿਲਦਾ ਰਹੇ।ਇਸ ਮੌਕੇ ਸਮੂਹ ਸਟਾਫ ਵੱਲੋਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ. ਸੁਖਜਿੰਦਰ ਸਿੰਘ ਕਾਉਣੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਰਿਪੀ ਛਾਬੜਾ, ਮਾਸਟਰ ਦਿਲਬਾਗ ਸਿੰਘ, ਮਾ. ਨਵਦੀਪ ਸਿੰਘ, ਮਾ. ਗੁਰਮੀਤ ਸਿੰਘ, ਜਗਦੀਪ ਸਿੰਘ ਸਰਪੰਚ, ਅਮਰਿੰਦਰ ਸਿੰਘ ਮੌੜ, ਚੇਅਰਮੈਨ ਸਿਮਰਜੀਤ ਸਿੰਘ ਲੱਖੇਵਾਲੀ, ਪਰਮਜੀਤ ਸਿੰਘ ਮੈਂਬਰ ਜ਼ਿਲ੍ਹਾ ਯੋਜਨਾ ਕਮੇਟੀ ਸ੍ਰੀ ਮੁਕਤਸਰ ਸਾਹਿਬ ਹਾਜ਼ਰ ਸਨ।

## ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਮੇਹਰ ਸਪੋਰਟਸ ਕਲੱਬ ਨੇ ਕੀਤਾ ਸਨਮਾਨਤ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਸਰਕਾਰੀ ਪ੍ਰਾਇਮਰੀ ਸਕੂਲ ਬੁੱਟਰ ਦੌਧਰ ਗਰਬੀ ਵਿਖੇ ਸਾਲਾਨਾ ਪ੍ਰੀਖਿਆ ਨਤੀਜਿਆਂ ਮੌਕੇ ਸਮਾਜ-ਸੇਵੀ ਸੰਸਥਾ ਮੇਹਰ ਸਪੋਰਟਸ ਐਂਡ ਵੈੱਲਫੇਅਰ ਕਲੱਬ ਦੌਧਰ ਵੱਲੋਂ ਪਹਿਲੀ ਤੋਂ ਪੰਜਵੀਂ ਕਲਾਸ ਵਿੱਚੋਂ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸਕੂਲ ਬੈਗ, ਲੰਚ ਬੌਕਸ, ਰਜਿਸਟਰ, ਕਾਪੀਆਂ, ਪਾਣੀ ਵਾਲੀ ਬੋਤਲ, ਪਿੰਨ, ਜੁਮੈਟਰੀ ਬੌਕਸ ਤੋਂ ਇਲਾਵਾ ਪੜ੍ਹਾਈ ਲਿਖਾਈ ਨਾਲ ਸਬੰਧਤ ਸਮੱਗਰੀ ਤਕਸੀਮ ਕੀਤੀ ਗਈ।ਉਕਤ ਸਾਦੇ ਤੇ ਪ੍ਰਭਾਵਸ਼ਾਲੀ ਸਿੱਖਿਆ ਸਮਾਗਮ ਮੌਕੇ ਸਰਪੰਚ ਜਗਜੀਤ ਸਿੰਘ ਬਰਾੜ, ਸਰਪੰਚ ਸੁਖਦੀਪ ਸਿੰਘ ਸਿੱਧੂ ਸੀਪਾ ਦੌਧਰ, ਮੁੱਖ ਅਧਿਆਪਕ ਗੁਰਪ੍ਰੀਤ ਸਿੰਘ, ਬਲਵੀਰ ਸਿੰਘ ਚੌਕੀ ਇੰਚਾਰਜ ਲੋਪੋ ਵੱਲੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ 15 ਬੱਚਿਆਂ ਨੂੰ ਸਨਮਾਨਤ ਕਰਦਿਆਂ ਸੰਸਥਾ ਦੇ ਇਸ ਕਾਰਜ ਦੀ ਭਰਪੂਰ ਸਰਾਹਨਾ ਕੀਤੀ ਗਈ।ਇਸ ਮੌਕੇ ਮੁੱਖ ਅਧਿਆਪਕ ਗੁਰਪ੍ਰੀਤ ਸਿੰਘ ਤੇ ਕਲੱਬ ਮੈਂਬਰ ਡਾ. ਕਰਮਜੀਤ ਸਿੰਘ ਦੌਧਰ ਵੱਲੋਂ ਸਨਮਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਮੀਦ ਕਰਦੇ ਹਾਂ ਕਿ ਇਹ ਬੱਚੇ ਭਵਿੱਖ ਵਿੱਚ ਵੀ ਪੜ੍ਹਾਈ ਵਿੱਚ ਹੋਰ ਵਧੇਰੇ ਮੰਜ਼ਲਾਂ ਨੂੰ ਛੂਹਦੇ ਹੋਏ ਆਪਣੇ ਪਿੰਡ, ਮਾਪਿਆਂ ਤੇ ਸਕੂਲ ਦਾ ਨਾਮ ਚਮਕਾਉਣਗੇ।ਇਸ ਮੌਕੇ ਬੱਚੀ ਅਵਨੀਤ ਕੌਰ ਵੱਲੋਂ ਪੜ੍ਹਾਈ ਲਿਖਾਈ ਨਾਲ ਸਬੰਧਤ ਬੋਲੀ ਕਵਿਤਾ ਨੂੰ ਇਕੱਤਰਤਾ ਵੱਲੋਂ ਖੂਬ ਪਸੰਦ ਕੀਤਾ ਗਿਆ।ਇਸ ਮੌਕੇ ਅਧਿਆਪਕ ਗੁਰਮੀਤ ਸਿੰਘ, ਕੁਲਦੀਪ ਸਿੰਘ ਸਿੱਧੂ (ਕੀਪਾ) ਕਲੱਬ ਮੈਂਬਰ ਬਚਿੱਤਰ ਸਿੰਘ ਖਾਲਸਾ, ਗੁਰਦੀਪ ਸਿੰਘ ਬਰਾੜ, ਗੁਰਜਿੰਦਰ ਸਿੰਘ ਗੋਗਾ, ਅਧਿਆਪਕ ਹਰਜੀਤ ਸਿੰਘ, ਟੀਚਰ ਦਵਿੰਦਰ ਕੌਰ, ਟੀਚਰ ਅਮਨਦੀਪ ਕੌਰ ਤੋਂ ਇਲਾਵਾ ਪਤਵੰਤੇ ਸੱਜਣਾਂ 'ਚ ਸ਼ਿੰਗਾਰਾ ਸਿੰਘ ਮੈਂਬਰ ਪੰਚਾਇਤ, ਜਗਰੂਪ ਸਿੰਘ, ਡਾ. ਜਗਦੀਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਾਪੇ ਤੇ ਵਿਦਿਆਰਥੀ ਹਾਜ਼ਰ ਸਨ।

## ਦੋ ਰੋਜ਼ਾ ਰਾਸ਼ਟਰੀ ਹਰਨੀਆਂ ਕਾਨਫਰੰਸ ਸਮਾਪਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਦੋ-ਰੋਜ਼ਾ ਚੌਥੀ ਰਾਸ਼ਟਰੀ ਹਰਨੀਆ ਕਾਨਫਰੰਸ ਯੰਗ ਐੱਚ ਐੱਸ ਆਈ ਸੀ ਓ ਐਨ 2026 ਸਮਾਪਤ ਹੋਈ। ਇਸ ਦਾ ਉਦੇਸ਼ ਸਹਿਯੋਗ, ਨਵੀਨਤਾ ਅਤੇ ਸਾਂਝੀ ਮੁਹਾਰਤ ਰਾਹੀਂ ਹਰਨੀਆ ਸਰਜਰੀ ਦੇ ਭਵਿੱਖ ਨੂੰ ਆਕਾਰ ਦੇਣਾ ਸੀ। ਇਹ ਕਾਨਫਰੰਸ ਹਰਨੀਆ ਸੋਸਾਇਟੀ ਆਫ਼ ਇੰਡੀਆ ਦੀ ਅਗਵਾਈ ਹੇਠ ਐਸੋਸੀਏਸ਼ਨ ਆਫ਼ ਸਰਜਨਜ਼ ਆਫ਼ ਇੰਡੀਆ ਦੇ ਪੰਜਾਬ ਚੈਪਟਰ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਸੀ। ਕਾਨਫਰੰਸ ਦੇ ਪ੍ਰਬੰਧਕ ਚੇਅਰਮੈਨ ਡਾ. ਅਨੁਪਮ ਗੋਇਲ ਨੇ ਕਿਹਾ, ਹਰ ਐਡੀਸ਼ਨ ਦੇ ਨਾਲ, ਅਸੀਂ ਇਸਦੀ ਅਕਾਦਮਿਕ ਮਹੱਤਤਾ ਅਤੇ ਪਹੁੰਚ ਨੂੰ ਮਜ਼ਬੂਤ ਕੀਤਾ ਹੈ। ਸਾਨੂੰ ਚੰਡੀਗੜ੍ਹ ਵਿੱਚ ਚੌਥੀ ਕਾਨਫਰੰਸ ਦੀ ਮੇਜ਼ਬਾਨੀ ਕਰਨ ਦਾ ਮਾਣ ਹੈ, ਕਿਉਂਕਿ ਅਸੀਂ ਦੇਸ਼ ਭਰ ਦੇ ਕੁਝ ਸਭ ਤੋਂ ਵਧੀਆ ਸਰਜੀਕਲ ਦਿਮਾਗਾਂ ਨੂੰ ਇਕੱਠਾ ਕੀਤਾ।

ਡਾ. ਗੋਇਲ ਨੇ ਅੱਗੇ ਕਿਹਾ ਕਿ ਕਾਨਫਰੰਸ ਦਾ ਉਦੇਸ਼ ਤਜਰਬੇਕਾਰ ਤੇ ਉੱਭਰ ਰਹੇ ਸਰਜਨਾਂ ਦੋਵਾਂ ਨੂੰ ਗਿਆਨ ਦਾ ਆਦਾਨ-ਪ੍ਰਦਾਨ ਕਰਨ, ਗੁੰਝਲਦਾਰ ਮਾਮਲਿਆਂ 'ਤੇ ਚਰਚਾ ਕਰਨ ਅਤੇ ਅਤਿ-ਆਧੁਨਿਕ ਸਰਜੀਕਲ ਤਕਨੀਕਾਂ ਦੀ ਪੜਚੋਲ ਕਰਨ ਲਈ ਇੱਕ ਗਤੀਸ਼ੀਲ ਪਲੇਟਫਾਰਮ ਪ੍ਰਦਾਨ ਕਰਨਾ ਸੀ। ਉਨ੍ਹਾਂ ਦੱਸਿਆ ਕਿ ਕਾਨਫਰੰਸ ਤੋਂ ਕਲੀਨਿਕਲ ਅਭਿਆਸ ਨੂੰ ਹੋਰ ਵਧਾਉਣ ਅਤੇ ਸਰਜੀਕਲ ਭਾਈਚਾਰੇ ਦੇ ਅੰਦਰ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਉਮੀਦ ਹੈ।

## ਮੁੱਖ ਮੰਤਰੀ ਨੇ ਖੇਡਾਂ, ਬੁਨਿਆਦੀ ਢਾਂਚੇ, ਸਿਹਤ ਤੇ ਸਿੱਖਿਆ ਪ੍ਰੋਜੈਕਟਾਂ ਦਾ ਕੀਤਾ ਐਲਾਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਗੋਹਾਨਾ ਵਿਧਾਨ ਸਭਾ ਖੇਤਰ ਲਈ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਐਲਾਨ ਕੀਤਾ। ਸਰਕਾਰ ਨੇ ਪੂਰੇ ਰਾਜ ਵਿੱਚ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਵਾਲੇ ਵਿਕਾਸ ਅਤੇ ਬੁਨਿਆਦੀ ਢਾਂਚੇ (ਇੰਫਰਾਸਟ੍ਰਕਚਰ) ਨੂੰ ਵਧਾਉਣ ਦੇ ਆਪਣੇ ਵਾਅਦੇ ਨੂੰ ਮੁੜ ਮਜ਼ਬੂਤ ਕੀਤਾ।

ਮੁੱਖ ਮੰਤਰੀ ਨੇ ਗੋਹਾਨਾ ਵਿੱਚ ਆਯੋਜਿਤ ਧੰਨਵਾਦ ਅਤੇ ਵਿਕਾਸ ਰੈਲੀ ਵਿੱਚ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਖੇਡ ਸਟੇਡੀਅਮ ਬਣਾਉਣ ਦਾ ਐਲਾਨ ਕੀਤਾ। ਉਨ੍ਹਾਂ ਡਰੇਨ ਨੰਬਰ 8 'ਤੇ ਭਗਵਾਨ ਪਰਸ਼ੂਰਾਮ ਵਿਰਾਸਤੀ ਪਾਰਕ ਦੇ ਨਾਲ ਜੌਗਿੰਗ ਟਰੈਕ ਤੇ ਜ਼ਮੀਨ ਮੁਹੱਈਆ ਹੋਣ 'ਤੇ ਪੀ ਪੀ ਪੀ ਮੋਡ 'ਤੇ ਕਮਰਸ਼ੀਅਲ ਦੇ ਨਾਲ ਇੱਕ ਮਲਟੀ-ਸਟੋਰੀ ਪਾਰਕਿੰਗ ਬਣਾਉਣ ਦਾ ਵੀ ਐਲਾਨ ਕੀਤਾ।ਮੁੱਖ ਮੰਤਰੀ ਨੇ ਭਗਤ ਫੂਲ ਸਿੰਘ ਸਰਕਾਰੀ ਮੈਡੀਕਲ ਕਾਲਜ ਖਾਨਪੁਰ ਕਲਾਂ ਵਿੱਚ ਪੀ ਪੀ ਪੀ ਮੋਡ 'ਤੇ ਇੱਕ ਕਾਰਡੀਓ ਕੈਥ ਲੈਬ ਬਣਾਉਣ ਦਾ ਐਲਾਨ ਕੀਤਾ।

## ਲੋਕ ਸੇਵਾ ਸੁਸਾਇਟੀ ਵੱਲੋਂ ਅੱਖਾਂ ਦਾ ਮੁਫਤ ਅਪ੍ਰੇਸ਼ਨ ਕੈਂਪ



**ਜਗਰਾਉਂ (ਅਮਿਤ ਖੰਨਾ)**-ਸਵਰਗਵਾਸੀ ਸਰਲਾ ਵਰਮਾ ਤੇ ਸਵਰਗਵਾਸੀ ਹਰਬੰਸ ਲਾਲ ਵਰਮਾ ਦੀ ਯਾਦ ਵਿੱਚ ਵਰਮਾ ਪਰਿਵਾਰ ਦੇ ਸਹਿਯੋਗ ਨਾਲ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ 75ਵਾਂ ਅੱਖਾਂ ਦਾ ਮੁਫਤ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਣ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲੰਮਿਆਂ ਵਾਲਾ ਬਾਗ ਜਗਰਾਉਂ ਵਿਖੇ ਲਗਾਏ ਅੱਖਾਂ ਦੇ 75ਵੇਂ ਮੁਫਤ ਆਪ੍ਰੇਸ਼ਨ ਕੈਂਪ ਦਾ ਉਦਘਾਟਨ ਅਸ਼ੋਕ ਵਰਮਾ ਨੇ ਕੀਤਾ। ਅਸ਼ੋਕ ਵਰਮਾ ਨੇ ਲੋਕ ਸੇਵਾ ਸੁਸਾਇਟੀ ਵੱਲੋਂ ਜਗਰਾਉਂ ਇਲਾਕੇ ਵਿੱਚੋਂ ਅੰਨ੍ਹੇਪਣ ਨੂੰ ਦੂਰ ਕਰਨ ਲਈ ਹਰ ਮਹੀਨੇ ਦੇ ਅਖੀਰਲੇ ਐਤਵਾਰ ਨੂੰ ਲਗਾਏ ਜਾਂਦੇ ਕੈਂਪ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਵਰਮਾ ਪਰਿਵਾਰ ਵੱਲੋਂ ਸੁਸਾਇਟੀ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਵੀ ਦਿੱਤਾ। ਕੈਂਪ ਵਿੱਚ ਸ਼ੰਕਰਾ ਹਸਪਤਾਲ ਮੁੱਲਾਂਪੁਰ ਦੀ ਟੀਮ ਵੱਲੋਂ 202 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨ ਉਪਰੰਤ 70 ਮਰੀਜ਼ਾਂ ਦੀ ਚੋਣ ਕੀਤੀ, ਜਿਨ੍ਹਾਂ ਦੇ ਆਪ੍ਰੇਸ਼ਨ ਆਉਂਦੇ ਇੱਕ-ਦੋ ਦਿਨਾਂ ਵਿੱਚ ਸ਼ੰਕਰਾ ਹਸਪਤਾਲ ਜਗਰਾਉਂ ਮੁੱਲਾਂਪੁਰ ਵਿਖੇ ਕਰਵਾਏ ਜਾਣਗੇ। ਇਸ ਮੌਕੇ ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ ਤੇ ਕੰਵਲ ਕੱਕੜ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪ੍ਰੋਜੈਕਟ ਕੈਸ਼ੀਅਰ ਰਜੀਵ ਗੁਪਤਾ, ਲੋਕੇਸ਼ ਟੰਡਨ, ਭਾਰਤ ਭੂਸ਼ਣ ਬਾਂਸਲ, ਵਿਸ਼ਾਲ ਗੋਇਲ, ਕੈਪਟਨ ਨਰੇਸ਼ ਵਰਮਾ, ਆਰ ਕੇ ਗੋਇਲ, ਕਪਲ ਸ਼ਰਮਾ, ਅਨਿਲ ਮਲਹੋਤਰਾ ਆਦਿ ਸੋਸਾਇਟੀ ਮੈਂਬਰ ਹਾਜ਼ਰ ਸਨ।

## ਵਿਧਾਇਕ ਛੀਨਾ ਵੱਲੋਂ ਮੁਹੱਲਾ ਕਲੀਨਿਕ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**-ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਵਾਰਡ ਨੰਬਰ 35 ਤੇ 38 ਵਿੱਚ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਛੀਨਾ ਨੇ ਕਿਹਾ ਕਿ ਇਹ ਕਲੀਨਿਕ ਇਲਾਕੇ ਦੇ ਲੋਕਾਂ ਨੂੰ ਮੁਫ਼ਤ, ਸੁਵਿਧਾਜਨਕ ਤੇ ਭਰੋਸੇਯੋਗ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਾਂ ਦੀ ਸਿਹਤ ਤੇ ਭਲਾਈ ਸਰਕਾਰ ਦੀ ਪਹਿਲ ਹੈ ਤੇ ਆਮ ਆਦਮੀ ਕਲੀਨਿਕ ਇਸ ਵਚਨਬੱਧਤਾ ਨੂੰ ਮਜ਼ਬੂਤੀ ਨਾਲ ਦਰਸਾਉਂਦੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਤੱਕ ਵਧੀਆ ਸਿਹਤ ਸੇਵਾਵਾਂ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਹਰ ਨਾਗਰਿਕ ਨੂੰ ਸਮੇਂ 'ਤੇ ਇਲਾਜ ਮਿਲ ਸਕੇ।ਇਸ ਮੌਕੇ ਇਲਾਕਾ ਨਿਵਾਸੀਆਂ ਤੇ ਪਾਰਟੀ ਵਰਕਰਾਂ ਵੱਲੋਂ ਭਰਪੂਰ ਸਹਿਯੋਗ ਤੇ ਸਨਮਾਨ ਦੇਣ 'ਤੇ ਵਿਧਾਇਕ ਛੀਨਾ ਨੇ ਸਭ ਦਾ ਦਿਲੋਂ ਧੰਨਵਾਦ ਕੀਤਾ।

## ਸਾਬਕਾ ਮੰਤਰੀ ਲਾਲ ਸਿੰਘ ਦੇ ਦਿਹਾਂਤ 'ਤੇ ਵੱਖ ਵੱਖ ਆਗੂਆਂ ਨੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੀਨੀਅਰ ਸਾਬਕਾ ਕੈਬਨਿਟ ਮੰਤਰੀ ਲਾਲ ਸਿੰਘ, ਜਿਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ, ਦੀ ਮ੍ਰਿਤਕ ਦੇਹ ਨੂੰ ਪਟਿਆਲ਼ਾ ਵਿਖੇ ਉਨ੍ਹਾ ਦੀ ਰਿਹਾਇਸ਼ ਵਿਖੇ ਉਨ੍ਹਾਂ ਦੇ ਚਾਹੁਣ ਵਾਲਿਆਂ ਲਈ ਅੰਤਿਮ ਦਰਸ਼ਨ ਕਰਨ ਲਈ ਰੱਖਿਆ ਗਿਆ। ਵੱਖ ਵੱਖ ਪਾਰਟੀਆਂ ਆਗੂਆਂ ਵੱਲੋਂ ਉਨ੍ਹਾਂ ਦੇ ਸਪੁੱਤਰ ਰਾਜਿੰਦਰ ਸਿੰਘ ਸਾਬਕਾ ਵਿਧਾਇਕ ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਮਹਿਲਾ ਕਾਂਗਰਸ ਦੀ ਸੂਬਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਜਸਵਿੰਦਰ ਸਿੰਘ ਰੰਧਾਵਾ, ਪੱਤਰਕਾਰ ਰਾਜੇਸ਼ ਪੰਜੋਲਾ, ਆੜ੍ਹਤੀਆ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਹਰਦਿਆਲ ਸਿੰਘ ਕੰਬੋਜ ਸਾਬਕਾ ਐੱਮ ਐੱਲ ਏ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਸਾਬਕਾ ਪ੍ਰਧਾਨ ਸਮਸ਼ੇਰ ਸਿੰਘ ਦੂਲੋ, ਸਾਬਕਾ ਮੰਤਰੀ ਬ੍ਰਹਮ ਮਹਿੰਦਰਾ, ਸਾਬਕਾ ਮੰਤਰੀ ਬੀਬੀ ਉਪਿੰਦਜੀਤ ਕੌਰ, ਕਿਸਾਨ ਯੂਨੀਅਨ ਦੇ ਆਗੂ ਸਤਨਮਸਿੰਘ ਬਹਿਰੂ, ਸਾਬਕਾ ਐੱਮ ਐੱਲ ਏ ਨਿਰਮਲ ਸਿੰਘ ਸ਼ਤਰਾਣਾ, ਚੌਧਰੀ ਨਿਰਮਲ ਸਿੰਘ ਭੱਟੀਆਂ, ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਜਗਜੀਤ ਸਿੰਘ ਦਰਦੀ, ਜਗਤਾਰ ਸਿੰਘ ਰਾਜਲਾ, ਸੀਤਲ ਸਿੰਘ, ਸਾਬਕਾ ਡੀ ਜੀ ਪੀ ਜਸਕਰਨ ਸਿੰਘ, ਰਾਈਸ ਮਿੱਲਰਜ਼ ਪੰਜਾਬ ਦੇ ਜਨਰਲ ਸਕੱਤਰ ਸਤ ਪ੍ਰਕਾਸ਼ ਗੋਇਲ, ਅਕਾਲੀ ਆਗੂ ਤੇਜਿੰਦਰ ਪਾਲ ਸਿੰਘ ਸੰਧੂ, ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਧਰਮ ਸਿੰਘ ਪਹਾੜਪੁਰ, ਨਰਿੰਦਰ ਸ਼ਰਮਾ ਮੇਅਰ ਵਿਸ਼ਨੂੰ ਸ਼ਰਮਾ, ਕਾਂਗਰਸ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁੱਗਲ ਸਾਬਕਾ ਚੇਅਰਮੈਨ ਜੀਤ ਸਿੰਘ ਮੀਰਾਂਪੁਰ, ਦਮੋਦਰ ਸਿੰਘ ਸ਼ਮਸ਼ੇਰ ਸਿੰਘ ਗੋਪਾਲ ਸਵੀਟ, ਵਿਜੈ ਗੌਤਮ, ਸਾਬਕਾ ਚੇਅਰਮੈਨ ਕੇ ਕੇ ਸ਼ਰਮਾ, ਸੁਰਿੰਦਰ ਮਿੱਤਲ ਬਲਬੇੜਾ, ਹਰਮੇਲ ਸਿੰਘ ਮਕੌੜ, ਰਾਜ ਡਕਾਲਾ, ਸੁਰਿੰਦਰ ਖੇੜਕੀ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂਆਂ ਵੱਲੋਂ ਪਰਵਾਰ ਨਾਲ ਆਪਣੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

## ਧਾਲੀਵਾਲ ਨੇ ਸਵਰਗੀ ਗਗਨਦੀਪ ਸਿੰਘ ਰੰਧਾਵਾ ਦੇ ਘਰ ਪਹੁੰਚ ਕੇ ਦੁੱਖ ਦਾ ਕੀਤਾ ਪ੍ਰਗਟਾਵਾ

### ਕਿਹਾ-ਸਰਕਾਰ ਪਰਵਾਰ ਦੇ ਨਾਲ ਖੜ੍ਹੀ



**ਅੰਮ੍ਰਿਤਸਰ**-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਸਵਰਗੀ ਐੱਮ ਡੀ ਗਗਨਦੀਪ ਸਿੰਘ ਰੰਧਾਵਾ ਦੇ ਜੱਦੀ ਨਿਵਾਸ ਪਿੰਡ ਥੋਬਾ (ਵਿਧਾਨ ਸਭਾ ਹਲਕਾ ਅਜਨਾਲਾ) ਵਿਖੇ ਪਹੁੰਚ ਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਧਾਲੀਵਾਲ ਨੇ ਸੋਗਗ੍ਰਸਤ ਪਰਿਵਾਰ ਅਤੇ ਖ਼ਾਸ ਕਰਕੇ ਉਨ੍ਹਾਂ ਦੀ ਪਤਨੀ ਨਾਲ ਸਮਾਂ ਬਿਤਾਇਆ ਅਤੇ ਇਸ ਔਖੀ ਘੜੀ ਵਿੱਚ ਉਨ੍ਹਾਂ ਨੂੰ ਹੌਸਲਾ ਦਿੱਤਾ।ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕੁਲਦੀਪ ਧਾਲੀਵਾਲ ਨੇ ਕਿਹਾ ਕਿ ਗਗਨਦੀਪ ਸਿੰਘ ਰੰਧਾਵਾ ਦਾ ਬੇਵਕਤੀ ਦੇਹਾਂਤ ਸਮਾਜ ਅਤੇ ਵਿਭਾਗ ਲਈ ਇੱਕ ਅਜਿਹਾ ਘਾਟਾ ਹੈ ਜਿਸ ਨੂੰ ਕਦੇ ਪੂਰਾ ਨਹੀਂ ਜਾ ਸਕਦਾ। ਉਨ੍ਹਾਂ ਨੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਅਤੇ ਉਨ੍ਹਾਂ ਦੀ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪੂਰੀ ਮਜ਼ਬੂਤੀ ਨਾਲ ਉਨ੍ਹਾਂ ਦੇ ਨਾਲ ਖੜ੍ਹੀ ਹੈ।ਧਾਲੀਵਾਲ ਨੇ ਦੱਸਿਆ ਕਿ ਭਲਕੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਸ਼ਰਧਾਂਜਲੀ ਸਮਾਗਮ ਹਨ। ਇਸੇ ਦੇ ਮੱਦੇਨਜ਼ਰ ਉਨ੍ਹਾਂ ਨੇ ਨਿਵਾਸ ਸਥਾਨ 'ਤੇ ਪਹੁੰਚ ਕੇ ਨਤਮਸਤਕ ਹੋ ਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

## ਐੱਨ ਐੱਸ ਐੱਸ ਕੈਂਪ 'ਚ ਮੈਂਟਲ ਹੈੱਲਥ ਐਂਡ ਸਟ੍ਰੈੱਸ ਮੈਨੇਜਮੈਂਟ ਵਿਸ਼ੇ 'ਤੇ ਲੈਕਚਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਐਜੂਕੇਸ਼ਨ ਗਿੱਦੜਬਾਹਾ ਵਿਖੇ ਚੱਲ ਰਹੇ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਦੇ ਪੰਜਵੇਂ ਦਿਨ ਦੌਰਾਨ ਵਲੰਟੀਅਰਜ਼ ਲਈ ਮੈਂਟਲ ਹੈਲਥ ਐਂਡ ਸਟ੍ਰੈੱਸ ਮੈਨੇਜਮੈਂਟ ਵਿਸ਼ੇ 'ਤੇ ਲੈਕਚਰ ਕੀਤਾ ਗਿਆ।ਇਸ ਮੌਕੇ ਗਿੱਦੜਬਾਹਾ ਸਿਵਲ ਹਸਪਤਾਲ ਵਿਖੇ ਤੈਨਾਤ ਨਿਊਰੋ ਡਾਕਟਰ ਵਰੁਣ ਬਾਂਸਲ ਨੇ ਵਲੰਟੀਅਰਜ਼ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਉਨ੍ਹਾਂ ਜਿੱਥੇ ਵਲੰਟੀਅਰਜ਼ ਨੂੰ ਮਾਨਸਿਕ ਰੋਗਾਂ ਤੋਂ ਬਚਾਅ ਲਈ ਉਪਾਅ ਦੱਸੇ, ਉੱਥੇ ਹੀ ਉਨ੍ਹਾਂ ਵਲੰਟੀਅਰਜ਼ ਨੂੰ ਮਾਨਸਿਕ ਸਿਹਤ ਬਾਰੇ ਜਾਗਰੂਕ ਵੀ ਕੀਤਾ, ਨਾਲ ਹੀ ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਤੇ ਐੱਨ ਐੱਸ ਐੱਸ ਵਰਗੇ ਕੈਂਪ ਵਿੱਚ ਭਾਗ ਲੈਣ ਲਈ ਵੀ ਪ੍ਰੇਰਿਤ ਕੀਤਾ। ਕਾਲਜ ਦੇ ਪ੍ਰਿੰਸੀਪਲ ਗੁਰਮੇਲ ਸਿੰਘ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਕੈਂਪ ਦੀਆਂ 7 ਰੋਜ਼ਾ ਗਤੀਵਿਧੀਆਂ ਤੋਂ ਜਾਣੂ ਕਰਵਾਇਆ, ਉੱਥੇ ਹੀ ਵਲੰਟੀਅਰਜ਼ ਨੂੰ ਡਾਕਟਰ ਸਾਹਿਬ ਵੱਲੋਂ ਦਿੱਤੇ ਸੰਦੇਸ਼ 'ਤੇ ਅਮਲ ਕਰਨ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਪ੍ਰੋਗਰਾਮ ਅਫ਼ਸਰ ਪ੍ਰੋ. ਪ੍ਰਭਜੋਤ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।


## ਕਲਾਸੀਫਾਈਡ ਇਸ਼ਤਿਹਾਰ

### COURT NOTICE

(U/o 5 Rule 20 CPC)
In the Court of Kamini
Civil Judge (Junior Division),
Rupnagar
CNR No. PBRO02-000292-2024
Next Date :- 09-04-2026
Bhag Singh
Vs.
Punjab State Through Collector
Publication Issued to :
Davinder Kaur
Spouse : Amritpal Singh
Ward No.13, Morinda, Distt. Rupnagar.

In above titled case the defendant(s)/ respondent(s) could not be served. It is ordered that defendant(s)/respondent(s) should appear in person or through counsel on 09.04.2026 at 10:00 a.m.

For details logon to https://highcourtchd.gov.in/?mod=district_notice&district=Rupnagar

Civil Judge (Junior Division),
Rupnagar
Dated this day of 25-03-2026

### Change of Name

I Sarabjit Kaur W/o Kuljinder Singh resident of V. Gulelra PO Bianpur Distt. Gurdaspur have changed my name from Sarabjit Kaur to Sarbjit Kaur concerned note please.

I Nitish S/o Jai Chand resident of H No 875 Ward No 17 Geeta Bhawan Road Gurdaspur have changed my name from Nitish to Nitish Bhardwaj concerned note please.

I Nancy Guglani W/o Puneet ,R/o 738/9, Islam Ganj, Jalandhar have changed my name from Nancy Guglani to Nancy after marriage.

I Rishab Kumar Kapoor S/O Sanjeev Kapoor R/o H.No. 14 A, Radisson Enclave, PO Grain Market, Jalandhar-144008, Punjab, have changed my name from Rishab Kumar Kapoor to Rishab Kapoor in which given name Rishab and surname as Kapoor. All concerned please note.

I Sanjeev Kumar Kapoor S/O Om Parkash Kapoor R/o H.No. 14 A, Radisson Enclave, PO Grain Market, Jalandhar-144008, Punjab, have changed my name from Sanjeev Kumar Kapoor to Sanjeev Kapoor. All concerned please note.

I, Kanchan Bala, W/o Davinderjit Singh D/o Tarsem Lal R/o Vill Santpur Gorsian Teh. Dasuya Distt. Hoshiarpur declare that my name earlier written as "Kanchan Bala" in given name is now split as Given Name "Kanchan" and Surname "Bala" for all official purposes.

I, Manpreet Singh S/o Baljeet Singh R/o A-48, Navyug Colony, Nandanpur Road, Maqsudan, P.O. Grain Market, Jalandhar, Punjab-144008 have changed my name from Manpreet Singh to Given Name Manpreet & Surname as Singh. All concerned please note.

### Change of Name

I, Satwant Singh son of Nirmal Dass resident of H. No. 20 Dhina, P.O. Jalandhar Cantt. Distt. Jalandhar have changed my name from Satwant Singh to Kamaljit Kumar. All concern may note please.

I, Babli d/o Gurcharan Singh Saggu w/o Rajesh Sahota r/o H.No. 59, New Ashok Nagar, Street No.5, Near Shehnai Palace, Jalandhar-144002, Punjab have changed my name as Rajni Sahota. All Please Note.

I, Kulwinder s/o Joginder Nath Sahota r/o H.No.59, New Ashok Nagar, Street No.5, Near Shehnai Palace, Jalandhar-144002, Punjab have changed my name as Rajesh Sahota. All Please Note.

I, Kanu w/o Shri Narayan r/o Mohinder Singh Colony, Vill.Birring, Distt.Jalandhar-144005, Punjab have changed my name from Kanu to Seema Narayan. All Please Note.

I, Sham Singh s/o Surain Singh r/o VPO. Khudda, Distt. Hoshiarpur-144305, Punjab have changed my name to Singh Sham. All Please Note.

I, Amanpreet Singh S/o Gurdeep Singh R/o Village Sandhar Jagir, Po. Khalu, Distt. Kapurthala have changed my name from Amanpreet Singh to Singh Amanpreet. All Please Note.

I, hitherto known as Ind Kaur W/o S.R Mahey R/o H.No. 241, Bank Enclave, PH. 1, Model Town, Jalandhar, Punjab, 144001 have changed my name and shall hereafter be known as Inderjit Kaur.

I, Amarjeet Kaur W/o Sunny Bhatti R/o H.No. 1241, Bootan Pind, Po. Model Town, Jalandhar have changed my name read as Given name Amarjeet and Surname as Kaur. All Please Note.

### Change of Name

I, Aarushi Chowdhry d/o Gagan Chowdhry w/o Abhay Malhotra r/o h.no.33, Mission Compound, Near Deo Office, Jalandhar, Punjab have changed my name to Aarushi Malhotra, after marriage. All Please Note.

I Sukhwinder Singh S/o Kashmir Singh R/o VPO chaudhariwal teh Batala district Gurdaspur I declare that sukhjinder is my given name and Singh is my surname please concern note.

### ਬੇਦਖਲੀ ਨੋਟਿਸ

ਅਸੀਂ, ਹਰਦੀਪ ਸਿੰਘ ਪੁੱਤਰ ਰਾਉ ਸਿੰਘ ਅਤੇ ਰਵਿੰਦਰ ਕੌਰ ਪਤਨੀ ਹਰਦੀਪ ਸਿੰਘ,ਵਾਸੀ ਪਿੰਡ ਤਰਸਿੱਕਾ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਣਯੋਧ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

### ਆਮ ਸੂਚਨਾ

ਇਕ ਮੋਟਰ ਕੁਨੈਕਸ਼ਨ 10 ਹਾਰਸ ਪਾਵਰ ਖਾਤਾ ਨੰ: ਏ. ਪੀ.19-0531, ਜੋ ਸੁਰਿੰਦਰ ਕੌਰ ਪਤਨੀ ਹਾਕਮ ਸਿੰਘ ਦੇ ਨਾਂਅ 'ਤੇ ਚੱਲ ਰਿਹਾ ਹੈ। ਮੈਂ ਮਨਜਿੰਦਰ ਕੌਰ ਪੁੱਤਰੀ ਹਾਕਮ ਸਿੰਘ ਪਤਨੀ ਗੁਰਮੇਲ ਸਿੰਘ ਵਰਾਸਤ ਮੁਤਾਬਕ ਵਾਰਸਾਂ ਵਿਚੋਂ ਮੈਂ ਇਕੱਲੀ ਵਾਰਸ ਹਾਂ। ਮਹਿਕਮੇ ਦੀਆਂ ਹਦਾਇਤਾਂ ਮੁਤਾਬਕ ਉਪਰੋਕਤ ਕੁਨੈਕਸ਼ਨ ਮਨਜਿੰਦਰ ਕੌਰ ਦੇ ਨਾਂਅ ਕੀਤਾ ਜਾਣਾ ਹੈ। ਇਤਰਾਜ਼ 15 ਦਿਨਾਂ ਵਿਚ ਮਮਦੋਟ ਪਾਵਰ ਕਾਰਪੋਰੇਸ਼ਨ ਦੇ ਦਫ਼ਤਰ ਨੂੰ ਲਿਖਤੀ ਪੇਸ਼ ਕਰੋ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਰਿਸ਼ੀ ਅਪਾਰਟਮੈਂਟ ਵਿਖੇ ਓਪਨ ਜਿੰਮ ਦਾ ਉਦਘਾਟਨ

**ਮੋਹਾਲੀ (ਗੁਰਜੀਤ ਬਿੱਲਾ)**- ਰਿਸ਼ੀ ਅਪਾਰਟਮੈਂਟ, ਸੈਕਟਰ-70 ਮੋਹਾਲੀ ਵਿਖੇ ਲਗਭਗ ਪੰਜ ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਓਪਨ ਜਿਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ



ਹਲਕਾ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਅਤੇ ਜ਼ਿਲ੍ਹਾ ਯੋਜਨਾ ਬੋਰਡ ਮੋਹਾਲੀ ਦੀ ਚੇਅਰਪਰਸਨ ਮਿਸ ਪ੍ਰਭਜੋਤ ਕੌਰ ਨੇ ਸਾਂਝੇ ਤੌਰ 'ਤੇ ਜਿਮ ਦਾ ਉਦਘਾਟਨ ਕੀਤਾ, ਜਦਕਿ ਕੌਂਸਲਰ ਸੁਖਦੇਵ ਸਿੰਘ ਪਟਵਾਰੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਕੁਲਵੰਤ ਸਿੰਘ ਨੇ ਕਿਹਾ ਕਿ ਅਜਿਹੇ ਓਪਨ ਜਿਮ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਦੇ ਹਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਵੀ ਮਦਦਗਾਰ ਸਾਬਤ ਹੁੰਦੇ ਹਨ।ਮਿਸ ਪ੍ਰਭਜੋਤ ਕੌਰ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲਾਂ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਸਰਕਾਰ ਵੱਲੋਂ ਕੀਤੇ ਗਏ ਵਿਕਾਸ ਕਾਰਜਾਂ ਦਾ ਰਿਪੋਰਟ ਕਾਰਡ ਵੀ ਪੇਸ਼ ਕੀਤਾ। ਕੌਂਸਲਰ ਸੁਖਦੇਵ ਸਿੰਘ ਪਟਵਾਰੀ ਨੇ ਦੱਸਿਆ ਕਿ ਇਹ ਜਿਮ ਉਨ੍ਹਾਂ ਦੇ ਲਗਾਤਾਰ ਯਤਨਾਂ ਨਾਲ ਸੰਭਵ ਹੋਇਆ ਹੈ ਅਤੇ ਇਲਾਕੇ ਦੇ ਵਿਕਾਸ ਲਈ ਉਹ ਅੱਗੇ ਵੀ ਇਸ ਤਰ੍ਹਾਂ ਦੇ ਕੰਮ ਜਾਰੀ ਰੱਖਣਗੇ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਸਤਪਾਲ ਸਿੰਘ ਘੁੰਮਣ ਵੱਲੋਂ ਨਿਭਾਈ ਗਈ। ਅੰਤ ਵਿੱਚ ਰਿਸ਼ੀ ਅਪਾਰਟਮੈਂਟ ਓਨਰਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਅਤੇ ਰਿਹਾਇਸ਼ੀਆਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਜੀ. ਐਸ. ਸੇਠੀ, ਰੂਪਇੰਦਰ ਸਿੰਘ ਸਰਾਓ, ਹਰਪ੍ਰੀਤ ਸਿੰਘ, ਪੁਨੀਤ ਭਾਰਦਵਾਜ, ਤਜਿੰਦਰ ਸਿੰਘ ਕੁਲਾਰ, ਸੁਨੀਤਾ ਟਿੱਕੂ, ਇੰਦਰਾਵਤੀ ਚੋਬੇ, ਸੁਖਵਿੰਦਰ ਕੌਰ, ਸਿੰਮੀ ਬਖਸ਼ੀ, ਸੰਦੀਪ ਕੌਰ, ਸੁਨੀਤਾ ਗਰਗ, ਸਵਰਨਜੀਤ ਸ਼ਰਮਾ, ਦਰਸ਼ਨ ਸਿੰਘ ਮਲਵਈ, ਐਚ. ਐਸ. ਬੈਂਸ, ਰਕੇਸ਼ ਕੌਂਸਲ, ਜੀ. ਪੀ. ਐਸ. ਸੰਧੂ ਅਤੇ ਜਸਵੰਤ ਸਿੰਘ ਲਹਿਰਾ, ਵਰੁਣ ਪਾਹਵਾ, ਵਿਕਰਮ ਭੱਟ, ਵੀ ਡੀ ਸਿੰਗਲਾ, ਮੁਕੁਲ ਪਾਉਲ, ਜਸਬੀਰ ਸਿੰਘ, ਇਕਬਾਲ ਕੌਰ ਪਰਮਜੀਤ ਸਿੰਘ ਚੀਮਾ ਸਮੇਤ ਹੋਰ ਵੀ ਕਈ ਸ਼ਖਸੀਅਤਾਂ ਮੌਜੂਦ ਸਨ।

# ਪਵਿੱਤਰ ਵੇਈਂ ਦੀ ਸਾਂਭ-ਸੰਭਾਲ ਦੀ 40 ਪਿੰਡਾਂ ਨੇ ਚੁੱਕੀ ਜ਼ੁੰਮੇਵਾਰੀ

**ਸੁਲਤਾਨਪੁਰ ਲੋਧੀ (ਨਰਿੰਦਰ ਸੋਨੀਆ/ਪ੍ਰਦੀਪ ਸਿੰਘ)**- ਪਵਿੱਤਰ ਵੇਈਂ ਦੀ ਸਾਂਭ-ਸੰਭਾਲ ਦੀ ਇਲਾਕੇ ਦੇ 40 ਪਿੰਡਾਂ ਨੇ ਜ਼ੁੰਮੇਵਾਰੀ ਚੁੱਕਦਿਆਂ ਅਹਿਦ ਕੀਤਾ ਕਿ ਉਹ ਇਸ ਵੇਈਂ ਨੂੰ ਮੁੜ ਪਲੀਤ ਨਹੀਂ ਹੋਣ ਦੇਣਗੇ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿੱਚ ਇਲਾਕੇ ਦੇ ਪੰਚਾਂ-ਸਰਪੰਚਾਂ ਤੇ ਹੋਰ ਮੋਹਤਬਰਾਂ ਦੇ ਹੋਏ ਭਰਵੇਂ ਇੱਕਠ ਨੂੰ ਸੰਬੋਧਨ ਕਰਦਿਆ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਪਵਿੱਤਰ ਵੇਈਂ ਕੁਦਰਤ ਦਾ ਅਨਮੋਲ ਤੋਹਫ਼ਾ ਹੈ। ਜਿਹੜਾ ਸੁਲਤਾਨਪੁਰ ਲੋਧੀ ਅਤੇ ਆਲੇ-ਦੁਆਲੇ ਦੇ ਪਿੰਡਾਂ ਨੂੰ ਬਖ਼ਸ਼ਿਸ਼ ਹੋਇਆ ਹੈ। ਇਸ ਮੌਕੇ ਹਾਜ਼ਰ 40 ਤੋਂ ਵੱਧ ਪਿੰਡਾਂ ਦੇ ਲੋਕਾਂ ਨੇ ਇੱਕਜੁਟਤਾ ਨਾਲ ਇਹ ਅਹਿਦ ਕੀਤਾ ਕਿ ਉਹ ਬਾਬੇ ਨਾਨਕ ਦੇ ਚਰਨਾਂ ਦੀ ਛੋਹ ਪ੍ਰਾਪਤ ਪਵਿੱਤਰ ਵੇਈਂ ਨੂੰ ਮੁੜ ਪਲੀਤ ਨਹੀਂ ਹੋਣ ਦੇਣਗੇ। ਬੀਤੇ ਦਿਨੀ ਪਵਿੱਤਰ ਵੇਈਂ ਕਿਨਾਰੇ ਕੋਈ ਚੋਰੀ ਛੁਪੇ ਕੂੜੇ ਦਾ ਢੇਰ ਲਾ ਗਿਆ ਸੀ। ਇਸ ਘਟਨਾ ਨੂੰ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਬੜੀ ਗੰਭੀਰਤਾ ਨਾਲ ਲਿਆ ਸੀ। ਉਨ੍ਹਾਂ ਨੇ ਸੁਲਤਾਨਪੁਰ ਲੋਧੀ ਦੇ ਐਸ ਡੀ ਐਮ,



ਐਕਸੀਅਨ ਪੰਜਾਬ ਪਰਦੂਸ਼ਣ ਕੰਟਰੋਲ ਬੋਰਡ, ਕਾਰਜ ਸਾਧਕ ਅਫ਼ਸਰ ਅਤੇ ਡੀ ਐਸ ਪੀ ਨੂੰ ਮੌਕੇ 'ਤੇ ਲਿਜਾ ਕੇ ਦਿਖਾਇਆ ਸੀ ਕਿ ਕਿਵੇਂ ਲੋਕ ਬੇਖੌਫ਼ ਹੋ ਕੇ ਪਵਿੱਤਰ ਵੇਈਂ ਦੁਆਲੇ ਗੰਦਗੀ ਦੇ ਢੇਰ ਮੁੜ ਲਗਾਉਣ ਲੱਗ ਪਏ ਹਨ। ਸੰਤ ਸੀਚੇਵਾਲ ਨੇ ਕੂੜਾ ਸੁੱਟਣ ਦੀ ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਹੀ ਇਲਾਕੇ ਦੇ ਲੋਕਾਂ ਦੀ ਮੀਟਿੰਗ ਕਰਨ ਦਾ ਫੈਸਲਾ ਕੀਤਾ ਸੀ।ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵੇਈਂ ਕਿਨਾਰੇ ਸੀਸੀਟੀਵੀ ਕੈਮਰੇ ਲਗਾਉਣ ਦਾ ਫੈਸਲਾ ਵੀ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਪਲੀਤ ਹੋ ਚੁੱਕੀ ਨਦੀਂ ਨੂੰ ਸੰਗਤਾਂ ਨੇ ਆਪਣੇ ਹੱਥੀ ਸੇਵਾ ਕਰਕੇ 25 ਸਾਲਾਂ ਦੇ ਲੰਮੇ ਅਰਸੇ ਵਿੱਚ ਇਸ ਨੂੰ ਮੁੜ ਨਿਰਮਲ ਧਾਰਾ ਵਿੱਚ ਬਦਲ ਦਿੱਤਾ ਹੈ। ਇੱਕਠ ਵਿੱਚ ਹਾਜ਼ਰ ਸਰਪੰਚਾਂ ਵਿੱਚੋਂ ਸਿੱਧਵਾ ਦੋਨਾ ਦੇ ਸਰਪੰਚ ਸੁਖਵਿੰਦਰ ਸਿੰਘ ਨੇਕੀ, ਚੱਕ ਚੇਲਾ ਦੇ ਸਰਪੰਚ ਜੋਗਾ ਸਿੰਘ, ਸੂਜੋਕਾਲੀਆ ਦੇ ਸਰਪੰਚ ਬਲਕਾਰ ਸਿੰਘ, ਜੈਨਪੁਰ ਤੋਂ ਸਰਪੰਚ ਮੇਜਰ ਸਿੰਘ, ਮੇਵਾ ਸਿੰਘ ਵਾਲਾ ਤੋਂ ਸਰਪੰਚ ਸੁਖਵਿੰਦਰ ਸਿੰਘ, ਆਹਲੀ ਕਲਾਂ ਤੋਂ ਸਰਪੰਚ ਸ਼ਮਸ਼ੇਰ ਸਿੰਘ, ਮਹੱਬਲੀਪੁਰ ਤੋਂ ਸਰਪੰਚ ਬੀਬੀ ਕਾਜਲ, ਖੈੜਾ ਦੋਨਾ ਤੋਂ ਸਰਪੰਚ ਕਮਲਜੀਤ ਸਿੰਘ ਅਤੇ ਅਲਉਦੀਪੁਰ ਤੋਂ ਸਰਪੰਚ ਸਤਨਾਮ ਸਿੰਘ ਨੇ ਇੱਕਸੁਰ ਹੁੰਦਿਆ ਕਿਹਾ ਕਿ ਉਹ ਬਾਬੇ ਨਾਨਕ ਦੀ ਵੇਈਂ ਦੀ ਸਾਂਭ-ਸੰਭਾਲ ਲਈ ਆਪੋ ਆਪਣੇ ਪਿੰਡਾਂ ਵਿੱਚੋਂ ਜਥਿਆਂ ਦੇ ਰੂਪ ਵਿੱਚ ਸੰਗਤਾਂ ਨੂੰ ਭੇਜਣਗੇ।

# ਦਿਹਾਤੀ ਮਜ਼ਦੂਰ ਸਭਾ ਵੱਲੋਂ 8 ਨੂੰ ਵੱਡੇ ਇਕੱਠ ਦਾ ਐਲਾਨ

**ਸੁਲਤਾਨਪੁਰ ਲੋਧੀ (ਧਾਲੀਵਾਲ/ ਸੋਨੀਆ/ ਪ੍ਰਦੀਪ)**- ਮਜ਼ਦੂਰਾਂ ਦੇ ਹੱਕਾਂ ਅਤੇ ਉਨ੍ਹਾਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਲੈ ਕੇ ਦਿਹਾਤੀ ਮਜ਼ਦੂਰ ਸਭਾ ਵੱਲੋਂ 8 ਅਪ੍ਰੈਲ ਨੂੰ ਇੱਕ ਵੱਡੇ ਇਕੱਠ ਦੇ ਰੂਪ ਵਿੱਚ ਵਿਸ਼ਾਲ ਸੂਬਾਈ ਰੈਲੀ ਸ਼ਹੀਦ ਭਗਤ ਸਿੰਘ ਆਡੀਟੋਰੀਅਮ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਵੇਗੀ ।ਇਸ ਸਬੰਧੀ ਆਗੂਆਂ ਵੱਲੋਂ ਇੱਕ ਪੋਸਟਰ ਜਾਰੀ ਕੀਤਾ ਗਿਆ । ਆਗੂਆਂ ਨੇ ਮਜ਼ਦੂਰ ਵਰਗ ਅਤੇ ਆਮ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।ਇਸ ਇਕੱਠ ਦਾ ਮੁੱਖ ਮਕਸਦ ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਉਜਾਗਰ ਕਰਨਾ ਅਤੇ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣਾ ਹੈ। ਮੰਚ ਨਾਲ ਜੁੜੇ ਆਗੂਆਂ ਮੁਤਾਬਕ, ਮਜ਼ਦੂਰ ਵਰਗ ਅੱਜ ਵੀ ਰੋਜ਼ਗਾਰ ਦੀ ਕਮੀ, ਘੱਟ ਮਜ਼ਦੂਰੀ ਅਤੇ ਸਮਾਜਿਕ ਸੁਰੱਖਿਆ ਦੀ ਘਾਟ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ।ਇਕੱਠ ਦੌਰਾਨ ਵੱਖ-ਵੱਖ ਜਥੇਬੰਦੀਆਂ ਦੇ ਪ੍ਰਤੀਨਿਧੀ ਆਪਣੇ ਵਿਚਾਰ ਰੱਖਣਗੇ ਅਤੇ ਮਜ਼ਦੂਰਾਂ ਦੀ ਭਲਾਈ ਲਈ ਢੁੱਕਵੇਂ ਕਦਮ ਚੁੱਕਣ ਦੀ ਮੰਗ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਕਿ ਇਹ ਇਕੱਠ ਮਜ਼ਦੂਰਾਂ ਦੀ ਏਕਤਾ ਅਤੇ ਹੱਕਾਂ ਲਈ ਲੜਾਈ ਨੂੰ ਮਜ਼ਬੂਤ ਕਰੇਗਾ। ਇਸ ਮੌਕੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਹਰਬੰਸ ਮੱਟੂ ਅਤੇ ਰਣਜੀਤ ਸਿੰਘ ਰਾਣਾ ਨੇ ਦੱਸਿਆ ਕਿ ਕੇਂਦਰੀ ਤੇ ਪੰਜਾਬ ਸਰਕਾਰ ਦੀਆਂ ਕਿਰਤੀ ਮਾਰੂ ਲੋਕ ਦੋਖੀ ਨੀਤੀਆਂ ਦੇ ਵਿਰੁੱਧ ਦੀ ਗੱਲ ਹੋਵੇਗੀ। ਵੀਬੀ ਜੀ ਰਾਮ ਜੀ ਕਾਨੂੰਨ ਰੱਦ ਕਰਕੇ ਮਨਰੇਗਾ ਕਾਨੂੰਨ ਬਹਾਲ ਕਰਨ ਵਾਸਤੇ, ਬੁਢਾਪਾ, ਵਿਧਵਾ, ਅੰਗਹੀਣ, ਆਸ਼ਰਿਤ ਪੈਨਸ਼ਨ 5 ਹਜ਼ਾਰ ਰੁਪਏ ਮਹੀਨਾ ਕਰਨ ਅਤੇ ਗ਼ਰੀਬਾਂ ਸਿਰ ਚੜ੍ਹਿਆ ਹਰ ਕਿਸਮ ਦਾ ਕਰਜ਼ਾ ਮਾਫ ਕਰਵਾਉਣ ਨੂੰ ਲੈ ਕੇ ਵੀ ਵਿਚਾਰ ਕੀਤੇ ਜਾਣਗੇ।ਉਨ੍ਹਾਂ ਨੇ ਮਜ਼ਦੂਰ ਵਰਗ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਅੰਦੋਲਨ ਨੂੰ ਕਾਮਯਾਬ ਬਣਾਇਆ ਜਾਵੇ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਨੂੰ ਜਲਦ ਤੋਂ ਜਲਦ ਮਨਵਾਇਆ ਜਾ ਸਕੇ। ਇਸ ਮੌਕੇ ਨਿਰਮਲ ਮਲਸੀਆਂ, ਪਰਮਜੀਤ ਰੰਧਾਵਾ, ਦਲਵੀਰ ਸਹੋਤਾ, ਦਰਸ਼ਨ ਨਹਾਰ, ਗੁਰਨਾਮ ਸਿੰਘ ਦਾਊਦ, ਬਲਦੇਵ ਸਿੰਘ ਨੂਰਪੁਰੀ, ਸ਼ਮਸ਼ੇਰ ਸਿੰਘ ਬਟਾਲਾ ਆਦਿ ਹਾਜ਼ਰ ਸਨ।

# ਸੰਜਨਾ ਕਲੇਰ ਤੇ ਸਿਮਰਨ ਨੇ ਸਕੂਲ 'ਚੋਂ ਮਾਰੀ ਬਾਜ਼ੀ

**ਬਲਾਚੌਰ/ ਪੋਜੇਵਾਲ ( ਜਸਵਿੰਦਰ ਬੈਂਸ / ਰਾਮ ਲਾਲ)**- ਸਰਕਾਰੀ ਮਿਡਲ ਸਮਾਰਟ ਸਕੂਲ ਸਿਆਣਾ ਵਿਖੇ 'ਮੈਗਾ ਮਾਪੇ-ਅਧਿਆਪਕ ਮਿਲਣੀ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਾਲਾਨਾ ਨਤੀਜਾ ਘੋਸ਼ਿਤ ਕੀਤਾ ਗਿਆ, ਜਿਸ ਵਿੱਚ




ਵਿਦਿਆਰਥੀਆਂ ਨੇ ਵੱਡੀਆਂ ਪ੍ਰਾਪਤੀਆਂ ਹਾਸਲ ਕੀਤੀਆਂ। ਸਮਾਗਮ ਵਿੱਚ ਮਾਪਿਆਂ ਨੇ ਆਪਣੇ ਬੱਚਿਆਂ ਦੀ ਵਿੱਦਿਅਕ ਪ੍ਰਗਤੀ ਬਾਰੇ ਜਾਣਕਾਰੀ ਸਾਂਝੀ ਕੀਤੀ।ਕਲਾਸ 6ਵੀਂ ਵਿੱਚੋਂ ਸੰਜਨਾ ਕਲੇਰ ਨੇ ਪਹਿਲਾ, ਹਰਲੀਨ ਕੌਰ ਨੇ ਦੂਜਾ, ਜਦਕਿ ਪ੍ਰਭਨੂਰ ਸ਼ੀਂਹਮਾਰ, ਗੌਰੀ ਕੁਮਾਰੀ ਅਤੇ ਦਿਵਿਆਂਸ਼ੀ ਵਾਲੀਆ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ 7ਵੀਂ ਕਲਾਸ ਵਿੱਚੋਂ ਸਿਮਰਨ ਨੇ ਪਹਿਲਾ, ਪ੍ਰਭਜੋਤ ਕੌਰ ਨੇ ਦੂਜਾ ਅਤੇ ਜੈਸਮੀਨ ਕਲੇਰ ਤੇ ਪ੍ਰੀਤ ਵਾਲੀਆ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਹਰਲੀਨ, ਸਿਮਰਨ, ਜਾਨਵੀ, ਲਵਪ੍ਰੀਤ, ਹੁਸਨਪ੍ਰੀਤ ਸਿੰਘ ਅਤੇ ਲਵਲੀਨ ਕੌਰ ਦਾ ਪ੍ਰਦਰਸ਼ਨ ਵੀ ਸ਼ਲਾਘਾਯੋਗ ਰਿਹਾ।ਸਕੂਲ ਮੁਖੀ ਮਨੋਜ ਕੁਮਾਰ ਨੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਪ੍ਰਗਤੀ ਕਾਰਡ ਅਤੇ ਇਨਾਮ ਵੰਡ ਕੇ ਸਨਮਾਨਤ ਕੀਤਾ। ਇਸ ਦੌਰਾਨ ਪੀ.ਟੀ.ਏ. ਅਧਿਆਪਕਾ ਜਯੋਤੀ ਕਲੇਰ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਅਧਿਆਪਕ ਰਣਵੀਰ ਸਿੰਘ ਅਤੇ ਸੰਜੀਵ ਕੁਮਾਰ ਨੇ ਕਿਹਾ ਕਿ ਸਕੂਲ ਦਾ ਮੁੱਖ ਮਕਸਦ ਬੱਚਿਆਂ ਨੂੰ ਮਿਆਰੀ ਸਿੱਖਿਆ ਦੇ ਕੇ ਉਨ੍ਹਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ।ਇਸ ਮੌਕੇ ਐਸ.ਐਮ.ਸੀ. ਚੇਅਰਪਰਸਨ ਚਰਨਜੀਤ ਕੌਰ, ਸਮਾਜ ਸੇਵੀ ਅਸ਼ੋਕ ਕੁਮਾਰ ਅਤੇ ਹਰਦੀਪ ਸਿੰਘ ਨੇ ਸਕੂਲ ਦੇ ਪ੍ਰਬੰਧਾਂ ਦੀ ਪ੍ਰਸ਼ੰਸਾ ਕੀਤੀ। ਸਮਾਗਮ ਵਿੱਚ ਬੀ.ਆਰ.ਪੀ. ਜਸਵੀਰ ਪਾਲ ਸਿੰਘ, ਕੰਪਿਊਟਰ ਅਧਿਆਪਕਾ ਹਰਸ਼ਿੰਦਰ ਕੌਰ, ਪੀ.ਟੀ.ਏ. ਮੈਂਬਰ ਮਮਤਾ, ਇੰਦਰਜੀਤ ਕੌਰ, ਰੇਨੂੰ, ਪਿੰਕੀ ਦੇਵੀ, ਧਰਮਿੰਦਰ ਅਤੇ ਮਿਡ-ਡੇ-ਮੀਲ ਵਰਕਰ ਵੀ ਹਾਜ਼ਰ ਸਨ। ਸਕੂਲ ਪ੍ਰਬੰਧਕਾਂ ਨੇ ਸਾਰੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਐਪਸੋ ਵੱਲੋਂ ਚੰਡੀਗੜ੍ਹ ਵਿਖੇ 'ਸਾਮਰਾਜ ਵਿਰੋਧੀ ਦਿਵਸ' ਸੈਮੀਨਾਰ

**ਚੰਡੀਗੜ੍ਹ (ਗਿਆਨ ਸੈਦਪੁਰੀ, ਗੁਰਜੀਤ ਬਿੱਲਾ)**- ਵਿਸ਼ਵ ਭਰ ਦੇ 100 ਤੋਂ ਵੱਧ ਦੇਸ਼ਾਂ ਵਿੱਚ ਸ਼ਾਂਤੀ ਲਈ ਕਾਰਜਸ਼ੀਲ ਸੰਸਥਾ ਵਰਲਡ ਪੀਸ ਕੌਂਸਲ ਦੀ ਭਾਰਤੀ ਇਕਾਈ 'ਆਲ ਇੰਡੀਆ ਪੀਸ ਐਂਡ ਸੋਲੀਡੈਰਿਟੀ



ਆਰਗਨਾਈਜੇਸ਼ਨ' (ਐਪਸੋ) ਦੇ ਪੰਜਾਬ ਯੂਨਿਟ ਵੱਲੋਂ ਅੱਜ ਚੰਡੀਗੜ੍ਹ ਦੇ ਚੀਮਾ ਭਵਨ ਵਿਖੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਸ ਸਮਾਗਮ ਨੂੰ 'ਸਾਮਰਾਜ ਵਿਰੋਧੀ ਦਿਵਸ' ਵਜੋਂ ਮਨਾਉਂਦਿਆਂ ਬੁਲਾਰਿਆਂ ਨੇ ਅਜੋਕੇ ਦੌਰ ਦੀਆਂ ਚੁਣੌਤੀਆਂ ਵਿਰੁੱਧ ਆਵਾਜ਼ ਬੁਲੰਦ ਕੀਤੀ।ਸੈਮੀਨਾਰ ਦੇ ਮੁੱਖ ਬੁਲਾਰੇ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਪੋਲੀਟੀਕਲ ਸਾਇੰਸ ਵਿਭਾਗ ਦੇ ਸਾਬਕਾ ਮੁਖੀ ਪ੍ਰੋਫੈਸਰ ਮੁਹੰਮਦ ਖਾਲਿਦ ਨੇ ਆਪਣੇ ਸੰਬੋਧਨ ਵਿੱਚ ਬਸਤੀਵਾਦ ਅਤੇ ਸਾਮਰਾਜਵਾਦ ਦੇ ਖ਼ਤਰਨਾਕ ਪ੍ਰਭਾਵਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਉਨ੍ਹਾਂ ਕਿਹਾ, ਅਮਰੀਕੀ ਸਾਮਰਾਜਵਾਦ ਨੇ ਇਰਾਕ, ਲੀਬੀਆ ਅਤੇ ਈਰਾਨ ਵਰਗੇ ਮੁਲਕਾਂ ਨੂੰ ਨਿਸ਼ਾਨਾ ਬਣਾ ਕੇ ਜੋ ਲੁੱਟਤੰਤਰ ਸਥਾਪਿਤ ਕੀਤਾ ਹੈ, ਉਸ ਵਿਰੁੱਧ ਵਿਸ਼ਵ ਪੱਧਰ 'ਤੇ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਅਹਿਮ ਲੋੜ ਹੈ। ਭਗਤ ਸਿੰਘ ਦੇ ਵਿਚਾਰ ਅੱਜ ਵੀ ਸਾਨੂੰ ਇਸ ਆਰਥਿਕ ਗੁਲਾਮੀ ਵਿਰੁੱਧ ਲੜਨ ਦੀ ਰਾਹ ਦਿਖਾਉਂਦੇ ਹਨ। ਸਮਾਗਮ ਦੀ ਪ੍ਰਧਾਨਗੀ ਐਪਸੋ ਦੇ ਪੈਟਰਨ ਪ੍ਰੋਫੈਸਰ ਰਵਿੰਦਰ ਸ਼ਰਮਾ ਨੇ ਕੀਤੀ ਅਤੇ ਸਟੇਜ ਸੰਚਾਲਨ ਜਨਰਲ ਸਕੱਤਰ ਪੰਜਾਬ ਰੌਸ਼ਨ ਲਾਲ ਮੋਦਗਿਲ ਨੇ ਕੀਤਾ। ਮੁੱਖ ਬੁਲਾਰੇ ਨੇ ਦੇਸ਼ ਵਿੱਚ ਵਧ ਰਹੀ ਫਿਰਕਾਪ੍ਰਸਤੀ ਅਤੇ ਪੂੰਜੀਵਾਦੀ ਹਮਲਿਆਂ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਫ਼ ਤਰਕਸ਼ੀਲਤਾ ਅਤੇ ਧਰਮ-ਨਿਰਪੱਖਤਾ ਨਾਲ ਹੀ ਬਣਾਇਆ ਜਾ ਸਕਦਾ ਹੈ।ਇਸ ਮੌਕੇ ਐਪਸੋ ਦੇ ਨੈਸ਼ਨਲ ਜਨਰਲ ਸਕੱਤਰ ਹਰਚੰਦ ਸਿੰਘ ਬਾਠ, ਜਰਨਲ ਸਕੱਤਰ ਪੰਜਾਬ ਰੌਸ਼ਨ ਲਾਲ ਮੋਦਗਿਲ, ਪ੍ਰੋ. ਬਲਵਿੰਦਰ ਸਿੰਘ ਟਿਵਾਣਾ, ਜਨਰਲ ਸਕੱਤਰ ਐਡਵੋਕੇਟ ਜਸਪਾਲ ਸਿੰਘ ਦੱਪਰ ਅਤੇ ਸਕੱਤਰ ਐਪਸੋ ਪੰਜਾਬ ਐਡਵੋਕੇਟ ਲਵਨੀਤ ਠਾਕੁਰ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਬੁਲਾਰਿਆਂ ਨੇ ਇੱਕ ਸੁਰ ਵਿੱਚ ਕਿਹਾ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਆਮ ਲੋਕਾਂ ਨੂੰ ਉਨ੍ਹਾਂ ਦੇ ਇਨਕਲਾਬੀ ਵਿਚਾਰਾਂ ਨਾਲ ਜੋੜੀਏ ਅਤੇ ਦੇਸ਼ ਦੀ ਅਸਲ ਆਰਥਿਕ ਤੇ ਸਮਾਜਿਕ ਆਜ਼ਾਦੀ ਦੀ ਲੜਾਈ ਨੂੰ ਤੇਜ਼ ਕਰੀਏ।ਸਮਾਗਮ ਦੇ ਅੰਤ ਵਿੱਚ ਸਮੂਹ ਹਾਜ਼ਰੀਨ ਵੱਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਦੇਸ਼ ਦੀ ਏਕਤਾ, ਅਖੰਡਤਾ ਤੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਦਾ ਅਹਿਦ ਲਿਆ ਗਿਆ।

## ਲਾਇਲਪੁਰ ਖਾਲਸਾ ਕਾਲਜ ਨੇ ਜਿੱਤਿਆ ਲੋਕ ਗੀਤ 'ਚੋਂ ਪਹਿਲਾ ਸਥਾਨ

**ਜਲੰਧਰ (ਸ਼ੈਲੀ ਐਲਬਰਟ)** ਉੱਤਰੀ ਭਾਰਤ ਦੀ ਸਿਰਮੌਰ ਵਿਦਿਅਕ ਸੰਸਥਾ ਲਾਇਲਪੁਰ ਖਾਲਸਾ ਕਾਲਜ ਜਲੰਧਰ ਆਪਣੇ ਖੇਡ, ਵਿਦਿਅਕ ਅਤੇ ਸੱਭਿਆਚਾਰਕ ਖੇਤਰ ਵਿਚ ਮਾਣਮੱਤੀਆਂ ਪ੍ਰਾਪਤੀਆਂ ਕਰਦਾ ਆ ਰਿਹਾ ਹੈ।ਇਸੇ ਲੜੀ ਦੇ ਅੰਤਰਗਤ ਕਾਲਜ ਦੇ ਪੋਸਟ



ਗ੍ਰੈਜੂਏਟ ਸੰਗੀਤ ਵਿਭਾਗ ਦੀ ਐਮ ਏ ਮਿਊਜ਼ਿਕ ਵੋਕਲ ਦੀ ਵਿਦਿਆਰਥਣ ਨੇਹਾ ਸਹੋਤਾ ਨੇ ਰੋਟਰੀ ਕਲੱਬ ਜਲੰਧਰ ਵਲੋਂ ਕਰਵਾਏ ਗਏ ਲੋਕ ਗੀਤ ਮੁਕਾਬਲਿਆਂ ਵਿਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ।ਇਸ ਲੋਕ ਗੀਤ ਮੁਕਾਬਲੇ ਵਿਚ 11 ਵਿਦਿਅਕ ਸੰਸਥਾਂਵਾਂ ਨੇ ਹਿੱਸਾ ਲਿਆ। ਕਾਲਜ ਦੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਨੇਹਾ ਸਹੋਤਾ ਅਤੇ ਸੰਗੀਤ ਵਿਭਾਗ ਨੂੰ ਇਸ ਪ੍ਰਾਪਤੀ ਦੇ ਲਈ ਵਧਾਈ ਦਿੱਤੀ।ਇਸ ਮੌਕੇ ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਸੁਖਦੇਵ ਸਿੰਘ, ਪ੍ਰੋ. ਕਿਰਨ ਅਮਰ ਅਤੇ ਸ੍ਰੀ ਭਾਗਵਤ ਕੁਮਾਰ ਵੀ ਹਾਜ਼ਰ ਸਨ।

## ਸ੍ਰੀ ਹਨੂੰਮਾਨ ਜਨਮ ਉਤਸਵ ਪ੍ਰੋਗਰਾਮ 2 ਨੂੰ

**ਫਗਵਾੜਾ (ਜਸਵਿੰਦਰ ਢੱਡਾ)**- ਸ੍ਰੀ ਕ੍ਰਿਸ਼ਨ ਵੈਲਫੇਅਰ ਸੋਸਾਇਟੀ ਫਗਵਾੜਾ ਅਤੇ ਸਰਵ ਸ਼ਕਤੀ ਸੈਨਾ ਵਲੋਂ ਵਰਮਾਨੀ ਪਰਵਾਰ ਦੇ ਸਹਿਯੋਗ ਨਾਲ ਸ੍ਰੀ ਹਨੂੰਮਾਨ ਜਨਮ ਉਤਸਵ 2 ਅਪ੍ਰੈਲ ਨੂੰ ਜੀ ਟੀ ਰੋਡ ਫਗਵਾੜਾ ਦੇ ਸ੍ਰੀ ਹਨੂੰਮਾਨਗੜ੍ਹੀ ਮੰਦਰ ਵਿਖੇ ਬਹੁਤ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ।



ਜਾਣਕਾਰੀ ਦਿੰਦਿਆਂ ਰਮਨ ਸ਼ਰਮਾ ਨੇ ਦੱਸਿਆ ਕਿ ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10:00 ਵਜੇ ਹਵਨ ਨਾਲ ਹੋਵੇਗੀ। ਇਸ ਤੋਂ ਬਾਅਦ ਸ਼ਾਮ 5:30 ਤੋਂ 7:00 ਵਜੇ ਤੱਕ ਸੁੰਦਰਕਾਂਡ ਦਾ ਪਾਠ ਹੋਵੇਗਾ, ਜਿਸ ਤੋਂ ਬਾਅਦ ਭਜਨ ਸੰਕੀਰਤਨ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਭਜਨ ਗਾਇਕ ਜਸਵੀਰ ਮਾਹੀ ਭਗਵਾਨ ਹਨੂੰਮਾਨ ਅਤੇ ਭਗਵਾਨ ਸ੍ਰੀ ਰਾਮ ਦੀ ਉਸਤਤ ਗਾਇਨ ਕਰਨਗੇ। ਉਨ੍ਹਾਂ ਇਹ ਵੀ ਦੱਸਿਆ ਕਿ ਸਵੇਰੇ 11:00 ਵਜੇ ਤੋਂ ਭੰਡਾਰਾ ਵੀ ਲਗਾਇਆ ਜਾਵੇਗਾ। ਇਸ ਮੌਕੇ ਹਨੂੰਮਾਨ ਗੜ੍ਹੀ ਮੰਦਰ ਦੇ ਚੇਅਰਮੈਨ ਬਲਦੇਵ ਰਾਜ ਸ਼ਰਮਾ, ਐਡਵੋਕੇਟ ਰਵਿੰਦਰ ਸ਼ਰਮਾ, ਰਮਨ ਸ਼ਰਮਾ, ਅਵਤਾਰ ਪੰਮਾ, ਰਾਜੇਸ਼ ਸ਼ਰਮਾ, ਰਾਜ ਕੁਮਾਰ, ਨਿਸ਼ਾਂਤ ਸ਼ਰਮਾ, ਰਜਤ ਭਾਰਦਵਾਜ, ਪਾਰਸ ਭਾਰਦਵਾਜ ਆਦਿ ਵੀ ਮੌਜੂਦ ਸਨ।

# ਸਰਵਿਸਿਜ਼ ਕਲੱਬ 'ਚ ਨਵੀਨੀਕ੍ਰਿਤ ਜਿੰਮ ਦਾ ਡਿਪਟੀ ਕਮਿਸ਼ਨਰ ਨੇ ਕੀਤਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਰਵਿਸਿਜ਼ ਕਲੱਬ, ਹੁਸ਼ਿਆਰਪੁਰ ਵਿੱਚ ਜ਼ਿਲ੍ਹਾ ਓਲੰਪਿਕ ਐਸੋਸੀਏਸ਼ਨ ਵੱਲੋਂ ਚਲਾਏ ਜਾ ਰਹੇ ਲਗਭਗ 30 ਲੱਖ ਰੁਪਏ ਦੀ ਲਾਗਤ ਨਾਲ ਨਵੀਨੀਕ੍ਰਿਤ ਕੀਤੇ ਜਿਮ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਪਹਿਲ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਫਿਟਨੈੱਸ ਅਤੇ ਖੇਡ ਗਤੀਵਿਧੀਆਂ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਜਿਮ ਦੇ ਨਵੀਨੀਕਰਨ ਕੰਮ ਵਿੱਚ ਸੈਂਚਰੀ ਪਲਾਈਵੁੱਡ ਵੱਲੋਂ ਖ਼ਾਸ ਸਹਿਯੋਗ ਦਿੱਤਾ ਗਿਆ ਹੈ। ਉਨ੍ਹਾਂ ਕੰਪਨੀ ਦੇ ਚੇਅਰਮੈਨ ਪਦਮ ਸ੍ਰੀ ਸੱਜਣ ਭਜਨਕਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਨਿੱਜੀ ਖੇਤਰ ਦੇ ਸਹਿਯੋਗ ਨਾਲ ਇਸ ਤਰ੍ਹਾਂ ਦੇ ਪ੍ਰੋਜੈਕਟ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਸਹਾਇਕ ਹੁੰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਇਸ ਜਿਮ ਦੀ ਨਵੀਂ ਤਰ੍ਹਾਂ ਸ਼ੁਰੂਆਤ ਕੀਤੀ ਗਈ ਹੈ,ਜਿਸ ਵਿੱਚ ਆਧੁਨਿਕ ਮਸ਼ੀਨਾਂ ਅਤੇ ਵਿਸ਼ਵ ਪੱਧਰੀ ਸੁਵਿਧਾਵਾਂ ਸ਼ਾਮਲ ਕੀਤੀਆਂ ਗਈਆਂ



ਹਨ। ਉਨ੍ਹਾਂ ਦੱਸਿਆ ਕਿ ਇੱਥੇ ਬਹੁਤ ਹੀ ਵਾਜਿਬ ਫੀਸ 'ਤੇ ਉੱਚ ਪੱਧਰੀ ਫਿਟਨੈੱਸ ਸੁਵਿਧਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਮਹਿਲਾਵਾਂ ਲਈ ਖ਼ਾਸ ਤੌਰ 'ਤੇ ਮੁਫ਼ਤ ਫਿਟਨੈੱਸ ਸੈਸ਼ਨਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਨਾਲ ਵੱਧ ਤੋਂ ਵੱਧ ਮਹਿਲਾਵਾਂ ਫਿਟਨੈੱਸ ਗਤੀਵਿਧੀਆਂ ਨਾਲ ਜੁੜ ਸਕਣ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਏ ਜਾ ਰਹੇ 'ਯੁੱਧ ਨਸ਼ਿਆਂ ਦੇ ਵਿਰੁੱਧ' ਅਭਿਆਨ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਇਸ ਪਹਿਲ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਫਿਟਨੈੱਸ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ 1 ਅਪ੍ਰੈਲ ਤੋਂ ਸਰਵਿਸਿਜ਼ ਕਲੱਬ ਵਿੱਚ ਸਥਿਤ ਸਵਿਮਿੰਗ ਪੂਲ ਦੀ ਵੀ ਸ਼ੁਰੂਆਤ ਕੀਤੀ ਜਾਵੇਗੀ । ਇਸ ਮੌਕੇ ਸਹਾਇਕ ਕਮਿਸ਼ਨਰ ਓਏਸ਼ੀ ਮੰਡਲ, ਜ਼ਿਲ੍ਹਾ ਖੇਡ ਅਧਿਕਾਰੀ ਗੁਰਪ੍ਰੀਤ ਸਿੰਘ, ਸਕੱਤਰ ਰੈੱਡ ਕ੍ਰਾਸ ਸੋਸਾਇਟੀ ਮੰਗੇਸ਼ ਸੂਦ, ਸੰਯੁਕਤ ਸਕੱਤਰ ਆਦਿਤਿਆ ਰਾਣਾ, ਮੈਨੇਜਰ ਸਰਵਿਸਿਜ਼ ਕਲੱਬ ਰਮਿੰਦਰ ਸਿੰਘ, ਸੈਂਚਰੀ ਪਲਾਈਵੁੱਡ ਦੇ ਐਚਆਰ ਹੈੱਡ ਬੀ.ਐਸ. ਜਾਇਸਵਾਲ, ਪ੍ਰੋਜੈਕਟ ਹੈੱਡ ਬੀ.ਐਲ. ਸ਼ਰਮਾ ਅਤੇ ਐਚਆਰ ਮੈਨੇਜਰ ਰੋਹਿਤ ਸ਼ਰਮਾ ਸਮੇਤ ਹੋਰ ਪਤਵੰਤੇ ਵਿਅਕਤੀ ਹਾਜ਼ਰ ਸਨ।

# ਸ਼ਹੀਦ ਕਾਂਸ਼ੀ ਰਾਮ ਸਮੇਤ ਕੌਮੀ ਸ਼ਹੀਦਾਂ ਦੀ ਯਾਦ 'ਚ ਨਾਟਕ ਮੇਲਾ ਕਰਵਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਗ਼ਦਰੀ ਬਾਬੇ ਵਿਚਾਰਧਾਰਕ ਮੰਚ ਖਰੜ ਅਤੇ ਸ਼ਹੀਦ ਕਾਂਸ਼ੀ ਰਾਮ ਮੈਮੋਰੀਅਲ ਕਲੱਬ ਮੜੌਲੀ ਕਲਾਂ ਵਲੋਂ ਗ਼ਦਰ ਪਾਰਟੀ ਦੇ ਬਾਨੀ ਸ਼ਹੀਦ ਕਾਂਸ਼ੀ ਰਾਮ ਮੜੌਲੀ ਕਲਾਂ, ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਸ਼ਹੀਦੀ ਨੂੰ ਸਮਰਪਤ ਜੰਗ ਵਿਰੋਧੀ ਸਮਾਗਮ ਮੜੌਲੀ ਕਲਾਂ (ਮੋਰਿੰਡਾ) ਵਿਖੇ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਸਬੰਧੀ ਕਲੱਬ ਦੇ ਪ੍ਰਧਾਨ ਐਡਵੋਕੇਟ ਤਾਰਾ ਸਿੰਘ ਚਾਹਲ ਨੇ ਦੱਸਿਆ ਜੰਗ ਵਿਰੋਧੀ ਸਮਾਗਮ ਦੌਰਾਨ 27 ਮਾਰਚ ਸ਼ਾਮ 5 ਵਜੇ ਤੋਂ ਸ਼ਾਮ 7 ਵਜੇ ਤੱਕ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਹੋਰਨਾਂ ਤੋਂ ਇਲਾਵਾ ਡਾ. ਕੁਲਦੀਪ ਸਿੰਘ ਦੀਪ , ਡਾ. ਅਰਵਿੰਦ ਕੌਰ ਕਾਕੜਾ ਅਤੇ ਅਰਸ਼ਦੀਪ ਸਿੰਘ ਪ੍ਰਧਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਮੈਮੋਰੀਅਲ ਕਲੱਬ ਖਰੜ ਨੇ ਸੰਬੋਧਨ ਕਰਦਿਆਂ ਦੇਸ਼ ਦੀ ਜਨਤਾ ਨੂੰ ਫਿਰਕਾਪ੍ਰਸਤ ਪਾਰਟੀਆਂ, ਦੇਸ਼ ਦੇ ਦੁਸ਼ਮਣਾਂ ਦੀ ਪਹਿਚਾਣ ਕਰਨ ਅਤੇ ਸ਼ਹੀਦਾਂ ਦੇ ਅਧੂਰੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਇਕਮੁੱਠ ਹੋਣ ਦਾ ਸੱਦਾ



ਦਿੱਤਾ। ਸੈਮੀਨਾਰ ਦੀ ਸਮਾਪਤੀ ਉਪਰੰਤ ਸ਼ਾਮ 7 ਵਜੇ ਡਾ. ਸੋਮਪਾਲ ਹੀਰਾ ਦੀ ਨਿਰਦੇਸ਼ਨਾ ਹੇਠ ਨਾਟਕ- ਛੱਲਾ ਰਾਹੀਂ ਰੋਜ਼ਗਾਰ ਦੀ ਭਾਲ ਵਿਚ ਵਿਦੇਸ਼ਾਂ ਵਿਚ ਜਾ ਰਹੇ ਨੌਜਵਾਨਾਂ ਦੀ ਦੁਰਦਸ਼ਾ ਬਿਆਨ ਕੀਤੀ ਗਈ ਅਤੇ ਲੋਕ ਹਿਤ ਰੰਗ ਮੰਚ ਖਟੜਾ ਵਲੋਂ ਟੋਨੀ ਖਟੜਾ ਦੀ ਨਿਰਦੇਸ਼ਨਾ ਹੇਠ ਸਰਹੱਦਾਂ ਹੋਰ ਵੀ ਨੇ ਨਾਟਕ ਰਾਹੀਂ ਸਰਹੱਦਾਂ 'ਤੇ ਦੇਸ਼ ਦੀ ਰਾਖੀ ਕਰਦੇ ਜਵਾਨਾਂ ਅਤੇ ਨਸ਼ੇ ਦੀ ਲਤ ਨਾਲ ਮਰ ਰਹੇ ਨੌਜਵਾਨਾਂ ਦੇ ਜੀਵਨ ਅਧਾਰਿਤ ਨਾਟਕ ਪੇਸ਼ ਕੀਤੇ । ਇਸ ਮੌਕੇ ਪ੍ਰਬੰਧਕ ਐਡਵੋਕੇਟ ਤਾਰਾ ਸਿੰਘ ਚਾਹਲ, ਹਰਨਾਮ ਸਿੰਘ ਡੱਲਾ, ਸੁਖਵਿੰਦਰ ਸਿੰਘ ਦੁਮਣਾ, ਇੰਜੀਨੀਅਰ ਭੁਪਿੰਦਰ ਸਿੰਘ ਮਦਨਹੇੜੀ ਵਲੋਂ ਪ੍ਰਸਿੱਧ ਸਾਹਿਤਕਾਰ ਕੁਲਦੀਪ ਸਿੰਘ ਦੀਪ, ਡਾ ਅਰਵਿੰਦਰ ਕੌਰ ਕਾਕੜਾ, ਸ਼ਹੀਦ ਕਾਂਸ਼ੀ ਰਾਮ ਦੇ ਪੜਪੋਤੇ ਕੇਵਲ ਜੋਸ਼ੀ, ਪਿੰਡ ਦੇ ਸਰਪੰਚ ਗੁਰਮੀਤ ਸਿੰਘ ਬਾਰੂ, ਨਾਟਕ ਟੀਮਾਂ ਦੇ ਨਿਰਦੇਸ਼ਕ ਡਾ. ਸੋਮਪਾਲ ਹੀਰਾ ਅਤੇ ਟੋਨੀ ਖਟੜਾ ਆਦਿ ਕਲਾਕਾਰਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਪੰਚ, ਸਰਪੰਚ ਪਤਵੰਤੇ ਸੱਜਣ , ਰੰਗਕਰਮੀ ਅਤੇ ਇਨਕਲਾਬੀ ਸੋਚ ਦੇ ਧਾਰਨੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸਾਰਗ ਸਮਾਰਟ ਸਕੂਲ 'ਚ ਸੀਨੀਅਰ ਕੇ ਜੀ ਕਲਾਸ ਦਾ ਗ੍ਰੈਜੂਏਸ਼ਨ ਸਮਾਰੋਹ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)**- ਸਾਰਗ ਸਮਾਰਟ ਸਕੂਲ ਵਿੱਚ ਕੇ.ਜੀ. ਕਲਾਸ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸਮਾਰੋਹ ਆਯੋਜਿਤ ਕੀਤਾ ਗਿਆ।



ਇਸ ਮੌਕੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਦੀ ਸਰਗਰਮ ਭਾਗੀਦਾਰੀ ਦੇਖਣ ਨੂੰ ਮਿਲੀ। ਪ੍ਰਿੰਸੀਪਲ ਰਾਜਿੰਦਰ ਕੌਰ ਨੇ ਮਾਪਿਆਂ, ਅਧਿਆਪਕਾਂ ਦੇ ਸਹਿਯੋਗ ਅਤੇ ਯੋਗਦਾਨ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਸਭਨਾਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਅਗਲੀ ਜਮਾਤ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ ਸਾਰਗ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਅਮਰਜੀਤ ਸਿੰਘ ਕਲਸੀ ਵੱਲੋਂ ਬੱਚਿਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਵੰਡੇ ਗਏ।ਸਮਾਰੋਹ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਕੋਆਰਡੀਨੇਟਰ ਗੁਰਿੰਦਰ ਕੌਰ ਅਤੇ ਉਨ੍ਹਾਂ ਦੀ ਸਮੂਹ ਟੀਮ ਨੇ ਆਪਣੀ ਅਹਿਮ ਭੂਮਿਕਾ ਅਦਾ ਕੀਤੀ।

## ਸਾਮਰਾਜਵਾਦ ਜੰਗਾਂ, ਸ਼ੋਸ਼ਣ ਤੇ ਜਬਰ ਦਾ ਜਨਮਦਾਤਾ : ਰਾਣਾ

**ਬਲਾਚੌਰ (ਜਸਵਿੰਦਰ ਬੈਂਸ)** ਅਮਰੀਕਨ ਸਾਮਰਾਜੀ ਜੁੰਡਲੀ ਵੱਲੋਂ ਈਰਾਨ ਤੇ ਠੋਸੇ ਗਏ ਜੰਗ ਨੇ ਭਾਰਤ ਸਮੇਤ ਪੂਰੀ ਦੁਨੀਆ ਦੀ ਮਾਨਵਤਾ ਲਈ ਵੱਡਾ ਸੰਕਟ ਖੜਾ ਕਰ ਦਿੱਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਕ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ



ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਇਸ ਖਾੜੀ ਦੇਸ਼ਾਂ ਵਿੱਚ ਚੱਲ ਰਹੀ ਭਿਆਨਕ ਜੰਗ ਕਾਰਨ ਸੰਸਾਰ ਦੇ ਸਾਰੇ ਮੁਲਕਾਂ ਦੇ ਲੋਕਾਂ ਨੂੰ ਮਹਿੰਗਾਈ, ਬੇਰੁਜ਼ਗਾਰੀ, ਤੇਲ ਅਤੇ ਗੈਸ ਦੀ ਕਿੱਲਤ, ਮਾਰੂ ਬਿਮਾਰੀਆਂ ਅਤੇ ਭੁੱਖ ਮਰੀ ਵਰਗੇ ਸੰਕਟਾਂ ਵਿੱਚੋਂ ਗੁਜਰਨਾ ਪਵੇਗਾ। ਜੰਗ ਕਾਰਨ ਹਜ਼ਾਰਾਂ ਬੇਗੁਨਾਹ ਲੋਕਾਂ, ਬੱਚਿਆਂ ਔਰਤਾਂ ਅਤੇ ਬਜ਼ੁਰਗਾਂ ਨੂੰ ਅਜਾਈ ਮੌਤ ਦੇ ਮੂੰਹ ਵਿੱਚ ਧੱਕਿਆ ਜਾ ਰਿਹਾ ਹੈ। ਇਸੇ ਤਰ੍ਹਾਂ ਕੁਦਰਤੀ ਸਰੋਤਾਂ ਦੀ ਭਾਰੀ ਤਬਾਹੀ ਤੇ ਵਾਤਾਵਰਨ ਵਿੱਚ ਫੈਲ ਰਹੀਆਂ ਜਹਿਰਾਂ ਸਮੁੱਚੀ ਮਾਨਵਤਾ ਦਾ ਜੀਅ ਦਾ ਜੰਜਾਲ ਬਣ ਰਹੀਆਂ ਹਨ। ਇਹ ਜੰਗ ਬਸਤੀਵਾਦੀ ਦੌਰ ਨੂੰ ਤੇਜ਼ੀ ਨਾਲ ਦੁਨੀਆਂ ਵਿੱਚ ਲਾਗੂ ਕਰੇਗੀ।ਹੁਣੇ ਹੋਈ ਭਾਰਤ ਪਾਕ ਜੰਗ ਵਿੱਚ ਸੀਜ ਫਾਇਰ ਦਾ ਐਲਾਨ ਅਮਰੀਕਨ ਸਰਕਾਰ ਵੱਲੋਂ ਹੋਣਾ, ਭਾਰਤ ਦੇ ਲੋਕਾਂ ਨੂੰ ਜੰਜੀਰਾਂ ਵਿੱਚ ਬੰਨ ਕੇ ਅਮਰੀਕਾ ਤੋਂ ਭਾਰਤ ਭੇਜਣਾ, ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਦੇ ਖਰੜੇ ਦਾ ਐਲਾਨ ਵੀ ਸਿਰਫ ਅਮਰੀਕਾ ਵੱਲੋਂ ਹੋਣਾ ਅਤੇ ਤੇਲ ਕਿਸ ਮੁਲਕ ਤੋਂ ਖਰੀਦਣਾ ਹੈ ਇਹ ਹਦਾਇਤ ਵੀ ਅਮਰੀਕਾ ਵੱਲੋਂ ਹੋਣੀ, ਕੁਝ ਨਵ ਵਸਤੀਵਾਦੀ ਦੌਰ ਦੇ ਸੰਕੇਤ ਹਨ ਅਤੇ ਭਾਰਤ ਅੰਦਰ ਇਸ ਤਰ੍ਹਾਂ ਹੋਣਾ ਦੇਸ਼ ਦੇ ਲੋਕਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।

# ਪੰਜਾਬ ਸਰਕਾਰ ਨੇ 4 ਸਾਲਾਂ 'ਚ ਇਤਿਹਾਸਕ ਫੈਸਲੇ ਲੈ ਕੇ ਹਰ ਖੇਤਰ 'ਚ ਕੀਤੇ ਕ੍ਰਾਂਤੀਕਾਰੀ ਬਦਲਾਅ : ਟੀਨੂੰ

**ਜਲੰਧਰ (ਸੁਰਿੰਦਰ ਕੁਮਾਰ)** ਪੰਜਾਬ ਸਰਕਾਰ ਦੇ 4 ਸਾਲ ਪੂਰੇ ਹੋਣ 'ਤੇ ਚਲਾਈ ਜਾ ਰਹੀ ਮੁਹਿੰਮ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਤਹਿਤ ਇਥੇ ਨਹਿਰ ਕਲੋਨੀ, ਆਦਮਪੁਰ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਕੇ ਦਿਖਾਇਆ ਹੈ।ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹਰ ਖੇਤਰ ਵਿਚ ਇਤਿਹਾਸਕ ਫੈਸਲੇ ਲੈ ਕੇ ਕ੍ਰਾਂਤੀਕਾਰੀ ਬਦਲਾਅ ਕੀਤੇ ਹਨ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿਹਤ, ਸਿੱਖਿਆ, ਰੋਜ਼ਗਾਰ, ਉਦਯੋਗਿਕ ਵਿਕਾਸ ਅਤੇ ਬੁਨਿਆਦੀ ਢਾਂਚੇ ਸਮੇਤ ਹੋਰ ਪ੍ਰਮੁੱਖ ਖੇਤਰਾਂ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡੇਰਾ ਸੱਚਖੰਡ ਬੱਲਾਂ ਨੇੜੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਬਣਾਉਣ ਦਾ ਵਾਅਦਾ ਵੀ ਜਲਦ ਪੂਰਾ ਕੀਤਾ ਜਾ ਰਿਹਾ ਹੈ।ਸ੍ਰੀ ਟੀਨੂੰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਿਹਤ ਦੇ ਖੇਤਰ ਵਿੱਚ ਵੱਡੇ ਸੁਧਾਰ ਕੀਤੇ ਹਨ। ਆਮ ਆਦਮੀ ਕਲੀਨਿਕਾਂ ਰਾਹੀਂ ਜਿਥੇ ਲੋਕਾਂ ਨੂੰ ਮੁਫ਼ਤ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉਥੇ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਵਰ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿਥੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਚਲਾ ਕੇ ਨਸ਼ਿਆਂ ਦੇ ਕਾਰੋਬਾਰੀਆਂ 'ਤੇ ਵੱਡੇ ਪੱਧਰ 'ਤੇ ਸ਼ਿਕੰਜਾ ਕੱਸਿਆ ਗਿਆ ਹੈ, ਉਥੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤ ਕੀਤਾ ਗਿਆ ਹੈ।

# ਆਮ ਆਦਮੀ ਪਾਰਟੀ ਨੇ ਸਾਰੇ ਵਾਅਦੇ ਚਾਰ ਸਾਲਾਂ 'ਚ ਪੂਰੇ ਕੀਤੇ : ਜਸਵੀਰ ਰਾਜਾ

**ਅੱਡਾ ਸਰਾਂ (ਜਸਵੀਰ ਕਾਜਲ)**- ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੀਆਂ ਚੋਣਾਂ ਸਮੇਂ ਕੀਤੇ ਸਾਰੇ ਵਾਅਦੇ ਇਨ੍ਹਾਂ ਚਾਰ ਸਾਲਾਂ ਵਿੱਚ ਪੂਰੇ ਕੀਤੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਟਾਂਡਾਂ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਪਿੰਡ ਕੰਧਾਲਾ ਜੱਟਾਂ ਵਿਖੇ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਸਰਕਾਰ ਦੇ ਨਾਲ ਤਹਿਤ ਕਰਵਾਏ ਇਕ ਸੰਵਾਦ ਪ੍ਰੋਗਰਾਮ ਸਮੇ ਪਿੰਡ ਦੀ ਪੰਚਾਇਤ ਤੇ ਸਮੂਹ ਪਿੰਡ ਵਾਸੀਆਂ ਕਰਦਿਆਂ ਕੀਤਾ। ਉਨ੍ਹਾਂ ਕਿਹਾ ਮੁੱਖ ਮੰਤਰੀ ਪੰਜਾਬ ਵਿਚ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਰਿਕਾਰਡ ਤੋੜ ਵਿਕਾਸ ਹੋਇਆ ਉਨ੍ਹਾਂ ਕਿਹਾ ਤੁਹਾਡੇ ਪਿੰਡ ਵਿੱਚ ਵੀ ਛੱਪੜ ਦਾ ਕੰਮ ਚੱਲ ਰਿਹਾ ਹੈ ਅਤੇ ਸਰਕਾਰੀ ਸਕੂਲ ਦੀ ਗਰਾਊਂਡ ਵਿੱਚ ਸਟੇਡੀਅਮ ਬਣ ਰਿਹਾ ਹੈ ਅਤੇ ਪੰਚਾਇਤ ਘਰ ਦਾ ਕੰਮ ਚਲ ਰਹੇ ਹਨ ਅਤੇ ਜੋ ਹੋਰ ਵੀ ਪਿੰਡ ਦੇ ਅਧੂਰੇ ਕੰਮ ਰਹਿਦੇ ਹਨ ਜਲਦੀ ਹਲ ਕੀਤੇ ਜਾਣਗੇ। ਉਨ੍ਹਾਂ ਕਿਹਾ ਤੁਸੀ ਵਿਕਾਸ ਕਰੋ




ਗ੍ਰਾਂਟਾ ਦੀ ਥੋੜ ਨਹੀਂ ਆਉਣ ਦਿਤੀ ਜਾਵੇਗੀ ਆਪ ਪਾਰਟੀ ਸਰਕਾਰ ਦੀਆਂ ਚੰਗੀਆਂ ਨੀਤੀਆਂ ਨੂੰ ਦੇਖਦੇ ਹੋਏ ਪਿੰਡ ਦੀ ਪੰਚਾਇਤ ਸਰਪੰਚ ਹਰਪ੍ਰੀਤ ਕੌਰ, ਮਨਦੀਪ ਸਿੰਘ ਮੰਨਾ, ਪੰਚ ਇੰਦਰਜੀਤ ਸਿੰਘ, ਪੰਚ ਤਰਸੇਮ ਸਿੰਘ, ਪੰਚ ਬਲਦੇਵ ਸਿੰਘ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਈ ਪੰਚਾਇਤ ਦਾ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿਲ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਧੰਨਵਾਦ ਕੀਤਾ। ਇਸ ਮੌਕੇ ਸੁਖਵਿੰਦਰ ਜੀਤ ਸਿੰਘ ਝਾਵਰ ਚੈਅਰਮੈਨ ਬਲਾਕ ਸੰਮਤੀ ਟਾਡਾਂ, ਪੰਚ ਪਵਨਦੀਪ ਕੋਰ ਬਲਾਕ ਸੰਮਤੀ ਮੈਬਰ ਕੰਧਾਲਾ ਜੱਟਾਂ, ਸਰਪੰਚ ਹਰਪ੍ਰੀਤ ਕੋਰ, ਪੰਚ ਇੰਦਰਜੀਤ ਸਿੰਘ, ਪੰਚ ਸੁਚਾ ਸਿੰਘ, ਨੰਬਰਦਾਰ, ਪੰਚ ਤਰਸੇਮ ਸਿੰਘ, ਪੰਚ ਵਰਿੰਦਰ ਸਿੰਘ, ਪੰਚ ਬਲਦੇਵ ਸਿੰਘ, ਪੰਚ ਰਾਜ ਕੁਮਾਰੀ, ਪੰਚ ਦਰਸਨਾ ਕੋਰ, ਅੰਮ੍ਰਿਪਾਲ ਸਿੰਘ ਪ੍ਰਧਾਨ, ਕੈਪਟਨ ਹਰੀ ਉਮ ਸਿੰਘ, ਅਮਰੀਕ ਸਿੰਘ, ਸਾਬਕ ਬਲਾਕ ਸੰਮਤੀ ਮੈਬਰ, ਮਨਜੀਤ ਸਿੰਘ ਧਾਲੀਵਾਲ, ਨੰਬਰਦਾਰ ਜਸਵਿੰਦਰ ਸਿੰਘ, ਨੰਬਰਦਾਰ ਭੁਪਿੰਦਰ ਸਿੰਘ, ਦਲਵੀਰ ਸਿੰਘ ਬਾਵਾ ਜਗਜੀਤ ਸਿੰਘ,ਲਾਡਾ, ਤਜਿੰਦਰ ਬਿਲਾ, ਅਸਵਨੀ ਕੁਮਾਰ ਪ੍ਰਧਾਨ ਅੱਡਾ ਸਰਾਂ, ਡੈਪੀ ਸਰਾਂ ਅਤੇ ਹੋਰ ਨਗਰ ਦੇ ਪਤਵੰਤੇ ਹਾਜਰ ਸਨ।

# ਯਮੁਨਾ ਨੂੰ ਸਾਫ ਅਤੇ ਪ੍ਰਦੂਸ਼ਣ ਮੁਕਤ ਬਣਾਉਣ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮੈਂਬਰ ਸਕੱਤਰ ਸ੍ਰੀ ਯੋਗੇਸ਼ ਕੁਮਾਰ ਨੇ ਯਮੁਨਾ ਨੂੰ ਸਵੱਛ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਨਿਰਦੇਸ਼ ਦਿੱਤੇ ਹਨ। ਗੁਰੂਗ੍ਰਾਮ ਵਿੱਚ ਚੱਲ ਰਹੇ ਕੰਮਾਂ ਨੂੰ ਹੋਰ ਤੇਜ਼ੀ ਦੇਣ ਲਈ ਹਰਿਆਣਾ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮੈਂਬਰ ਸਕੱਤਰ ਯੋਗੇਸ਼ ਕੁਮਾਰ ਨੇ ਸ਼ੁੱਕਰਵਾਰ ਨੂੰ ਵਿਕਾਸ ਸਦਨ ਵਿੱਚ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਨਾਲਿਆਂ (ਡਰੇਨਾਂ) ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਤਿਆਰ ਕੀਤੀ ਗਈ ਕਾਰਜ ਯੋਜਨਾ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ।ਮੈਂਬਰ ਸਕੱਤਰ ਸ੍ਰੀ ਯੋਗੇਸ਼ ਕੁਮਾਰ ਨੇ ਹਰਿਆਣਾ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਗੁਰੂਗ੍ਰਾਮ ਮਹਾਨਗਰ ਵਿਕਾਸ ਅਥਾਰਟੀ (ਜੀ ਐਮ ਡੀ ਏ) ਦੇ ਅਧਿਕਾਰੀਆਂ ਤੋਂ ਕੰਮ ਦੀ ਪ੍ਰਗਤੀ ਬਾਰੇ ਵਿਸਥਾਰ ਰਿਪੋਰਟ ਲੈਣ ਬਾਅਦ ਨਿਰਦੇਸ਼ ਦਿੱਤੇ ਕਿ ਸਾਰੇ ਪ੍ਰੋਜੈਕਟਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਪੂਰਾ ਕਰਦੇ ਹੋਏ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਨਤੀਜੇ ਯਕੀਨੀ ਬਣਾਏ ਜਾਣ।

## ਨਗਰ ਨਿਗਮ ਚੋਣਾਂ ਦਾ ਐਲਾਨ ਜਲਦ ਹੋਣ ਦੀ ਸੰਭਾਵਨਾ : ਕੁਲਵੰਤ ਸਿੰਘ

**ਮੋਹਾਲੀ (ਗੁਰਜੀਤ ਬਿੱਲਾ)**- ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੋਹਾਲੀ ਹਲਕੇ ਦੇ ਉਹਨਾਂ 13 ਪਿੰਡਾਂ ਦੇ ਸਰਪੰਚਾਂ ਨੂੰ 5-5 ਲੱਖ ਰੁਪਏ ਦੇ ਚੈਕ ਵੰਡੇ ਗਏ, ਜਿਨ੍ਹਾਂ ਵਿੱਚ ਸਰਬਸੰਮਤੀ ਨਾਲ ਪੰਚਾਇਤਾਂ ਬਣੀਆਂ ਸਨ। ਸੈਕਟਰ-79 ਵਿਖੇ ਆਪਣੇ ਦਫ਼ਤਰ ਵਿੱਚ ਪ੍ਰੈਸ



ਕਾਨਫ਼ਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਜਦੋਂ ਤੋਂ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਉਸ ਸਮੇਂ ਤੋਂ ਹੀ ਰਾਜ ਦੇ ਲੋਕਾਂ ਨਾਲ ਕੀਤੇ ਵਾਅਦੇ ਅਤੇ ਗਾਰੰਟੀਆਂ ਇਕ-ਇਕ ਕਰਕੇ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਪੰਚਾਇਤਾਂ ਬਣੀਆਂ ਸਨ ਤਾਂ ਐਲਾਨ ਕੀਤਾ ਗਿਆ ਸੀ ਕਿ ਜੋ ਵੀ ਪਿੰਡ ਸਰਬਸੰਮਤੀ ਨਾਲ ਪੰਚਾਇਤ ਬਣਾਏਗਾ, ਉਸਨੂੰ ਇਨਾਮ ਵਜੋਂ 5 ਲੱਖ ਰੁਪਏ ਦਿੱਤੇ ਜਾਣਗੇ, ਤਾਂ ਜੋ ਪਿੰਡਾਂ ਦੇ ਵਿਕਾਸ ਨੂੰ ਹੋਰ ਮਜ਼ਬੂਤੀ ਮਿਲੇ। ਉਨ੍ਹਾਂ ਦੱਸਿਆ ਕਿ ਧੀਰਪੁਰ, ਰਾਇਪੁਰ ਖੁਰਦ, ਗਿੱਧੜਪੁਰ, ਮਿੱਡੇ ਮਾਜਰਾ, ਸਫੀਪੁਰ, ਮਟਰਾਂ, ਸੈਣੀ ਮਾਜਰਾ, ਕੇਲੋ, ਦਾਇਰਾ, ਜਗਤਪੁਰਾ ਅਤੇ ਨਿਊ ਲਾਂਡਰਾਂ ਸਮੇਤ ਕੁੱਲ 13 ਪਿੰਡਾਂ ਨੂੰ ਇਹ ਰਕਮ ਜਾਰੀ ਕੀਤੀ ਗਈ ਹੈ।

# ਦਸਵੀਂ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ



ਦਸਵੀਂ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ । ਉਪਰੰਤ ਧਾਰਮਿਕ ਸਮਾਗਮ ਵਿੱਚ ਭਾਈ ਮਲਕੀਤ ਸਿੰਘ ਦੇ ਇੰਟਰਨੈਸ਼ਨਲ ਪੰਥਕ ਢਾਡੀ ਜਥੇ ਨੇ ਹਿੰਦ ਦੀ ਚਾਦਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਅਤੇ ਸ਼ਹਾਦਤ ਤੋਂ ਬਾਅਦ ਉਨ੍ਹਾਂ ਦੇ ਪਵਿਤਰ ਸੀਸ ਨੂੰ ਭਾਈ ਜੇਤਾ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਲਿਆਉਣ ਦੇ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਏ। ਭਾਈ ਸਤਿੰਦਰਬੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਇਲਾਹੀ ਬਾਣੀ ਨਾਲ ਗਵਾ ਕੇ ਸੰਗਤਾਂ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਮੁੱਖ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਭਾਈ ਲੱਖੀ ਸ਼ਾਹ ਵਣਜਾਰਾ ਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਬਾਅਦ ਉਨਾਂ ਦੇ ਧੜ ਦਾ ਸਸਕਾਰ ਕਰਨ ਬਾਰੇ ਸੰਗਤਾਂ ਨੂੰ ਦੱਸਿਆ। ਉਨ੍ਹਾਂ ਦੱਸਿਆ ਕਿ ਜਿਥੇ ਸ੍ਰੀ ਤੇਗ ਬਹਾਦਰ ਜੀ ਦਾ ਸਸਕਾਰ ਕੀਤਾ ਗਿਆ ਉਥੇ ਅੱਜ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਸੁਸ਼ੋਭਿਤ ਹਨ। ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ । ਦਸਵੀਂ ਦੇ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ । ਹਰ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ । ਇਸ ਦਿਨ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ ।

# ਰਿਆਤ ਬਾਹਰਾ ਪ੍ਰੋਫੈਸ਼ਨਲ 'ਵਰਸਿਟੀ 'ਚ 15ਵਾਂ ਸਾਲਾਨਾ ਐਥਲੈਟਿਕਸ ਤੇ ਸਪੋਰਟਸ ਮੇਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ 15ਵਾਂ ਸਾਲਾਨਾ ਐਥਲੈਟਿਕਸ ਅਤੇ ਸਪੋਰਟਸ ਮੇਲਾ ਬੜੇ ਹੀ ਉਤਸ਼ਾਹ, ਜੋਸ਼ ਅਤੇ ਖੇਡ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਇਹ ਸਮਾਗਮ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਦੀ ਸਰਪ੍ਰਸਤੀ ਅਤੇ ਵਾਈਸ ਚਾਂਸਲਰ ਡਾ. (ਪ੍ਰੋ.) ਚੰਦਰ ਮੋਹਨ ਦੀ ਅਗਵਾਈ ਹੇਠ ਸੰਪੰਨ ਹੋਇਆ। ਇਸ ਖੇਡ ਮੇਲੇ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲੈਂਦੇ ਹੋਏ ਆਪਣੇ ਹੁਨਰ, ਅਨੁਸ਼ਾਸਨ ਅਤੇ ਮੁਕਾਬਲੇ ਦੀ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁੱਖ ਮਹਿਮਾਨ ਵਜੋਂ ਇੰਸਪੈਕਟਰ ਮੀਨਾ ਕੇ. ਪਵਾਰ , ਅੰਤਰਰਾਸ਼ਟਰੀ ਵੇਟਲਿਫਟਰ ਅਤੇ ਆਇਰਨ ਲੇਡੀ ਖਿਤਾਬ ਜੇਤੂ, ਸ਼ਾਮਲ ਹੋਏ।ਇਸ ਮੌਕੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਖੇਡਾਂ ਨਾ ਸਿਰਫ਼ ਸਰੀਰਕ ਤੰਦਰੁਸਤੀ ਲਈ ਜ਼ਰੂਰੀ ਹਨ, ਸਗੋਂ ਇਹ ਵਿਅਕਤੀਗਤ ਵਿਕਾਸ, ਅਨੁਸ਼ਾਸਨ ਅਤੇ ਟੀਮ ਭਾਵਨਾ ਨੂੰ ਵੀ ਮਜ਼ਬੂਤ ਕਰਦੀਆਂ ਹਨ। ਇਸ ਦੌਰਾਨ ਵਾਈਸ ਚਾਂਸਲਰ ਡਾ. (ਪ੍ਰੋ.) ਚੰਦਰ ਮੋਹਨ ਨੇ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ



ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਮਾਪਨ ਸਮਾਰੋਹ ਦੌਰਾਨ ਯੂਨੀਵਰਸਿਟੀ ਸਕੂਲ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਨੇ ਓਵਰਆਲ ਚੈਂਪੀਅਨਸ਼ਿਪ ਟਰਾਫੀ ਆਪਣੇ ਨਾਮ ਕੀਤੀ, ਜਦਕਿ ਯੂਨੀਵਰਸਿਟੀ ਸਕੂਲ ਆਫ ਲਾਅ ਰਨਰ-ਅੱਪ ਰਿਹਾ।ਇਸ ਮੌਕੇ ਯੂਨੀਵਰਸਿਟੀ ਸਕੂਲ ਆਫ ਐਜੂਕੇਸ਼ਨ ਐਂਡ ਫਿਜ਼ੀਕਲ ਐਜੂਕੇਸ਼ਨ ਦੇ ਹਰਸ਼ਦੀਪ ਨੂੰ ਬੈਸਟ ਮੇਲ ਐਥਲੀਟ ਅਤੇ ਯੂਨੀਵਰਸਿਟੀ ਸਕੂਲ ਆਫ ਕੰਪਿਊਟਰ ਐਪਲੀਕੇਸ਼ਨਜ਼ ਦੀ ਜਸਵੀਰ ਕੌਰ ਨੂੰ ਬੈਸਟ ਫੀਮੇਲ ਐਥਲੀਟ ਐਲਾਨਿਆ ਗਿਆ।ਇਸ ਸਪੋਰਟਸ ਮੀਟ ਦੇ ਕੋਆਰਡੀਨੇਟਰ ਡਾ. ਪਰਮ ਪ੍ਰੀਤ (ਡਾਇਰੈਕਟਰ ਸਪੋਰਟਸ ) ਰਹੇ । ਇਸ ਮੌਕੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਖੰਨਾ, ਐਕਸ-ਕਮਾਂਡੈਂਟ ਪ੍ਰਦੀਪ ਡੋਗਰਾ ਅਤੇ ਜ਼ਿਲ੍ਹਾ ਐਥਲੈਟਿਕਸ ਕੋਚ ਬਲਬੀਰ ਸਿੰਘ ਸਮੇਤ ਪਿੰਡਾਂ ਦੇ ਸਰਪੰਚ, ਵਕੀਲ, ਯੂਨੀਵਰਸਿਟੀ ਦੇ ਪ੍ਰਿੰਸੀਪਲ, ਡੀਨ, ਵਿਭਾਗ ਮੁਖੀ ਦੇ ਇਲਾਵਾ ਸਮੂਹ ਸਟਾਫ ਮੌਜੂਦ ਰਿਹਾ।

## ਲੋੜਵੰਦ ਮਰੀਜ਼ਾਂ ਨੂੰ ਦੰਦਾਂ ਦੇ ਡੈਂਚਰ ਵੰਡੇ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਡੇਰਾ ਲੋਹ ਲੰਗਰ ਗੁਰਦੁਆਰਾ ਸੁਸਾਇਟੀ ਪਿੰਡ ਨੰਗਲ ਖੁਰਦ ਵੱਲੋਂ ਲੋੜਵੰਦ ਮਰੀਜ਼ਾਂ ਨੂੰ ਦੰਦਾਂ ਦੇ ਡੈਂਚਰ ਵੰਡੇ ਗਏ। ਇਸ ਸਬੰਧੀ ਜਾਣਕਾਰੀ



ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਡੇਰਾ ਬਿਸ਼ਨਪੁਰੀ ਨੰਗਲ ਖੁਰਦ ਵਿਖੇ ਹਰ ਸ਼ਨੀਵਾਰ ਨੂੰ ਸ਼ਾਮੀ 3 ਤੋਂ 5 ਵਜੇ ਤੱਕ ਡਾਕਟਰ ਵਰੁਨ ਸਹੋਤਾ ਅਤੇ ਡਾਕਟਰ ਪਰਮਿੰਦਰ ਕੌਰ ਵਿਸ਼ੇਸ਼ ਤੌਰ ਤੇ ਪਹੁੰਚਦੇ ਹਨ। ਇਸ ਮੌਕੇ ਮਰੀਜ਼ਾਂ ਦੀਆ ਦੰਦਾਂ, ਸਕਿਨ ਅਤੇ ਹੋਰ ਬਿਮਾਰੀਆਂ ਦਾ ਚੈੱਕ ਕਰਕੇ ਮੁਫਤ ਦਵਾਈ ਦਿਤੀ ਜਾਂਦੀ ਹੈ। ਸੰਤ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਪਿੰਡ ਨੰਗਲ ਖੁਰਦ ਵਿਖੇ ਇੱਕ ਨਵਾਂ ਹਸਪਤਾਲ ਉਸਾਰਿਆ ਜਾ ਰਿਹਾ ਹੈ। ਹਸਪਤਾਲ ਦੇ ਬਣਨ ਨਾਲ ਇਲਾਕੇ ਨੂੰ ਭਰਪੂਰ ਫਾਇਦਾ ਹੋਵੇਗਾ। ਉਹਨਾਂ ਦੱਸਿਆ ਕਿ ਸੁਸਾਇਟੀ ਦੇ ਮੈਂਬਰ ਸੁਸਾਇਟੀ ਦੇ ਕੰਮ ਕਾਰ ਨੂੰ ਹੋਰ ਵੀ ਉਸਾਰੂ ਢੰਗ ਨਾਲ ਚਲਾਉਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰਦੇ ਰਹਿੰਦੇ ਹਨ।

# ਗੋਲਡੀ ਬਰਾੜ ਦੇ ਨਾਂਅ 'ਤੇ 2 ਕਰੋੜ ਦੀ ਫਿਰੌਤੀ ਮੰਗਣ ਵਾਲੇ 2 ਮੁਲਜ਼ਮ ਗ੍ਰਿਫਤਾਰ

**ਜਲੰਧਰ, (ਸ਼ੈਲੀ ਐਲਬਰਟ)**- ਜਲੰਧਰ ਦਿਹਾਤੀ ਪੁਲਿਸ ਵੱਲੋਂ ਗੋਲਡੀ ਬਰਾੜ ਦੇ ਨਾਂਅ 'ਤੇ ਇੱਕ ਐੱਨ ਆਰ ਆਈ ਬਜ਼ੁਰਗ ਜੋੜੇ ਤੋਂ 2 ਕਰੋੜ ਰੁਪਏ ਦੀ ਫਿਰੌਤੀ ਮੰਗਣ ਵਾਲੇ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ। ਸੀਨੀਅਰ ਪੁਲਿਸ ਕਪਤਾਨ ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਸਮਾਜ ਵਿਰੋਧੀ ਤੱਤਾਂ ਤੇ ਰੰਗਦਾਰੀ ਮੰਗਣ ਵਾਲਿਆਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਪੁਲਿਸ ਕਪਤਾਨ (ਤਫਤੀਸ਼) ਵਿਨੀਤ ਅਹਲਾਵਤ, ਉਪ ਪੁਲਿਸ ਕਪਤਾਨ, ਸਬ-ਡਵੀਜ਼ਨ ਨਕੋਦਰ ਉਂਕਾਰ ਸਿੰਘ ਬਰਾੜ ਅਤੇ ਡੀ.ਐਸ.ਪੀ (ਤਫਤੀਸ਼) ਇੰਦਰਜੀਤ ਸਿੰਘ ਦੀ ਦੇਖ-ਰੇਖ ਹੇਠ ਇੱਕ ਵਿਸ਼ੇਸ਼ ਟੀਮ ਗਠਿਤ ਕੀਤੀ ਗਈ। ਇਸ ਟੀਮ ਵਿੱਚ ਸੀ ਆਈ ਏ ਇੰਚਾਰਜ ਇੰਸਪੈਕਟਰ ਪੁਸ਼ਪ ਬਾਲੀ ਅਤੇ ਸਬ-ਇੰਸਪੈਕਟਰ ਦਿਲਬਾਗ ਸਿੰਘ, ਮੁੱਖ ਅਫ਼ਸਰ ਥਾਣਾ ਸਦਰ ਨਕੋਦਰ ਵੀ ਸ਼ਾਮਲ ਸਨ।ਟੀਮ ਵੱਲੋਂ ਆਧੁਨਿਕ, ਮਨੁੱਖੀ ਅਤੇ ਟੈਕਨੀਕਲ ਢੰਗਾਂ ਦੀ ਵਰਤੋਂ ਕਰਦੇ ਹੋਏ ਪਿੰਡ ਸ਼ੰਕਰ ਵਿੱਚ ਰਹਿੰਦੇ ਇੱਕ ਐੱਨ ਆਰ ਆਈ ਬਜ਼ੁਰਗ ਜੋੜੇ ਤੋਂ 2 ਕਰੋੜ ਰੁਪਏ ਦੀ ਫਿਰੌਤੀ ਮੰਗਣ ਵਾਲੇ 2 ਮੁਲਜ਼ਮਾਂ ਨੂੰ ਟ੍ਰੇਸ ਕਰਕੇ ਗ੍ਰਿਫਤਾਰ ਕੀਤਾ ਗਿਆ।ਮੀਡੀਆ ਨੂੰ ਜਾਣਕਾਰੀ ਦਿੰਦਿਆਂ ਪੁਲਿਸ ਕਪਤਾਨ (ਤਫਤੀਸ਼) ਵਿਨੀਤ ਅਹਲਾਵਤ ਨੇ ਦੱਸਿਆ ਕਿ 21 ਮਾਰਚ 2026 ਨੂੰ ਬਲਜਿੰਦਰ ਕੌਰ ਪਤਨੀ ਪਵਿੱਤਰ ਸਿੰਘ ਵਾਸੀ ਪਿੰਡ ਸ਼ੰਕਰ, ਥਾਣਾ ਸਦਰ ਨਕੋਦਰ ਨੇ ਦਰਖ਼ਾਸਤ ਦਿੱਤੀ ਕਿ 12 ਮਾਰਚ 2026 ਨੂੰ ਕਰੀਬ 11:30 ਵਜੇ



ਰਾਤ ਸਮੇਂ ਉਸ ਦੇ ਪਤੀ ਨੂੰ ਇੱਕ ਅਣਪਛਾਤੇ ਵਿਦੇਸ਼ੀ ਨੰਬਰ ਤੋਂ ਫੋਨ ਆਇਆ, ਜਿਸ ਵਿੱਚ ਕਾਲਰ ਨੇ ਆਪਣੇ ਆਪ ਨੂੰ ਗੋਲਡੀ ਬਰਾੜ ਗਰੁੱਪ ਨਾਲ ਸੰਬੰਧਿਤ ਦੱਸਦਿਆਂ 2 ਕਰੋੜ ਰੁਪਏ ਦੀ ਮੰਗ ਕੀਤੀ ਅਤੇ 10 ਦਿਨਾਂ ਵਿੱਚ ਪੈਸੇ ਤਿਆਰ ਰੱਖਣ ਲਈ ਕਿਹਾ, ਨਹੀਂ ਤਾਂ ਗੰਭੀਰ ਨਤੀਜਿਆਂ ਦੀ ਧਮਕੀ ਦਿੱਤੀ।ਇਸ ਤੋਂ ਬਾਅਦ 21. ਮਾਰਚ 2026 ਨੂੰ ਉਸ ਦੇ ਪੁੱਤਰ ਰਣਜੀਤ ਸਿੰਘ, ਜੋ ਕਿ ਵਿਦੇਸ਼ ਵਿੱਚ ਰਹਿੰਦਾ ਹੈ, ਨੇ ਦੱਸਿਆ ਕਿ ਉਸ ਨੂੰ ਵੀ ਇੱਕ ਵਿਦੇਸ਼ੀ ਨੰਬਰ ਤੋਂ ਕਾਲ ਅਤੇ ਵਟਸਐਪ ਮੈਸੇਜ ਪ੍ਰਾਪਤ ਹੋਇਆ, ਜਿਸ ਵਿੱਚ ਇੱਕ ਦਿਨ ਵਿੱਚ 1.5 ਕਰੋੜ ਰੁਪਏ ਦੀ ਮੰਗ ਕੀਤੀ ਗਈ ਅਤੇ ਧਮਕੀ ਦਿੱਤੀ ਗਈ ਕਿ ਪਿੰਡ ਸ਼ੰਕਰ ਵਿੱਚ ਉਸ ਦੇ ਘਰ 'ਤੇ ਗੋਲੀਆਂ ਚਲਾਈਆਂ ਜਾਣਗੀਆਂ। ਦੋਸ਼ੀਆਂ ਵੱਲੋਂ ਉਸਦੀ ਜਾਇਦਾਦ ਬਾਰੇ ਵੀ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਇੱਕ ਫਾਰਚੂਨਰ ਗੱਡੀ ਅਤੇ ਵੱਡੀ ਕੋਠੀ ਦਾ ਜ਼ਿਕਰ ਸੀ।ਇਸ ਸ਼ਿਕਾਇਤ ਦੇ ਆਧਾਰ 'ਤੇ ਮੁਕੱਦਮਾ ਥਾਣਾ ਸਦਰ ਨਕੋਦਰ, ਜ਼ਿਲ੍ਹਾ ਜਲੰਧਰ ਵਿੱਚ ਦਰਜ ਕੀਤਾ ਗਿਆ।ਤਫਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਸ਼ਿਕਾਇਤਕਰਤਾ ਦਾ ਪੁੱਤਰ ਰਣਜੀਤ ਸਿੰਘ ਵਿਦੇਸ਼ ਵਿੱਚ ਰਹਿੰਦਾ ਹੈ, ਜਦਕਿ ਉਸਦੇ ਬਜ਼ੁਰਗ ਮਾਤਾ-ਪਿਤਾ ਪਿੰਡ ਸ਼ੰਕਰ ਵਿੱਚ ਰਹਿੰਦੇ ਹਨ। ਮੁਲਜ਼ਮ ਤੀਰਥ ਸਿੰਘ, ਜੋ ਕਿ ਸਹੁਰੇ ਪਰਵਾਰ ਵੱਲੋਂ ਰਿਸ਼ਤੇਦਾਰ ਹੈ ਤੇ ਕਨੇਡਾ ਦਾ ਵਸਨੀਕ ਹੈ, ਫਰਵਰੀ ਮਹੀਨੇ ਵਿੱਚ ਆਪਣੇ ਪਰਵਾਰ ਸਮੇਤ ਭਾਰਤ ਆਇਆ ਸੀ। ਉਸਨੇ ਜਸ਼ਨਦੀਪ ਸਿੰਘ ਉਰਫ ਜਸ਼ਨ, ਜੋ ਕਿ ਪਿੰਡ ਧਰਮਕੋਟ ਦਾ ਟੈਕਸੀ ਡਰਾਈਵਰ ਹੈ, ਨਾਲ ਮਿਲ ਕੇ ਸਾਜ਼ਿਸ਼ ਰਚੀ।ਤੀਰਥ ਸਿੰਘ ਵੱਲੋਂ ਪੀੜਤ ਪਰਵਾਰ ਦੀ ਆਰਥਿਕ ਹਾਲਤ ਅਤੇ ਜਾਇਦਾਦ ਬਾਰੇ ਅੰਦਰੂਨੀ ਜਾਣਕਾਰੀ ਦਿੱਤੀ ਗਈ। ਮੁਲਜ਼ਮਾਂ ਨੇ ਧਮਕੀਆਂ ਦੇ ਕੇ ਪੈਸੇ ਵਸੂਲ ਕਰਨ ਦੀ ਯੋਜਨਾ ਬਣਾਈ। ਯੋਜਨਾ ਅਨੁਸਾਰ ਜਸ਼ਨਦੀਪ ਸਿੰਘ ਨੂੰ 25 ਲੱਖ ਰੁਪਏ ਅਤੇ ਤੀਰਥ ਸਿੰਘ ਨੂੰ 1.25 ਕਰੋੜ ਰੁਪਏ ਮਿਲਣੇ ਸਨ।ਜਸ਼ਨਦੀਪ ਸਿੰਘ ਵੱਲੋਂ ਆਨਲਾਈਨ ਅੰਤਰਰਾਸ਼ਟਰੀ ਈ-ਸਿਮ ਪ੍ਰਾਪਤ ਕਰਕੇ ਆਪਣੇ ਘਰ ਤੋਂ ਹੀ ਕਾਲਾਂ ਅਤੇ ਮੈਸੇਜ ਭੇਜੇ ਜਾਂਦੇ ਸਨ। ਤੀਰਥ ਸਿੰਘ, ਜੋ ਕਿ ਵਿਦੇਸ਼ ਵਿੱਚ ਟਰਾਂਸਪੋਰਟ ਦਾ ਚੰਗਾ ਕਾਰੋਬਾਰ ਕਰਦਾ ਹੈ, ਪੈਸੇ ਦੇ ਲਾਲਚ ਵਿੱਚ ਆ ਕੇ ਇਸ ਅਪਰਾਧ ਵਿੱਚ ਸ਼ਾਮਲ ਹੋ ਗਿਆ।ਦੋਵੇਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ, ਤਾਂ ਜੋ ਹੋਰ ਡੂੰਘਾਈ ਨਾਲ ਤਫਤੀਸ਼ ਕੀਤੀ ਜਾ ਸਕੇ।

# ਬੈਂਸ ਦੀ ਅਗਵਾਈ ਹੇਠ ਨੰਗਲ ਤਰੱਕੀ ਦੇ ਨਵੇਂ ਦੌਰ ਵੱਲ

## ਕਰੋੜਾਂ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟਾਂ ਦੀ ਹੋਵੇਗੀ ਰਸਮੀ ਸ਼ੁਰੂਆਤ : ਕੈਬਨਿਟ ਮੰਤਰੀ

**ਨੰਗਲ ਭਲਾਣ (ਸੁਰਜੀਤ ਸਿੰਘ ਢੇਰ, ਹਰਭਜਨ ਸਿੰਘ ਢਿੱਲੋਂ)**- ਨੰਗਲ ਲਈ 31 ਮਾਰਚ ਦਾ ਦਿਨ ਇਤਿਹਾਸਕ ਸਾਬਤ ਹੋਣ ਜਾ ਰਿਹਾ ਹੈ, ਜੋ ਆਉਣ ਵਾਲੀਆਂ ਪੀੜੀਆਂ ਵੱਲੋਂ ਵੀ ਯਾਦ ਰੱਖਿਆ ਜਾਵੇਗਾ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਣਥੱਕ ਮਿਹਨਤ ਅਤੇ ਵਚਨਬੱਧਤਾ ਸਦਕਾ ਨੰਗਲ ਵਿੱਚ ਵਿਕਾਸ ਦੀ ਇੱਕ ਨਵੀਂ ਲਹਿਰ ਦਿਖਾਈ ਦੇ ਰਹੀ ਹੈ। ਇਸ ਦਿਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਈ ਮਹੱਤਵਪੂਰਨ ਪ੍ਰੋਜੈਕਟਾਂ ਦੀ ਰਸਮੀ ਸ਼ੁਰੂਆਤ ਕੀਤੀ ਜਾਵੇਗੀ, ਜੋ ਨਾ ਸਿਰਫ ਇਲਾਕੇ ਦੇ ਢਾਂਚਾਗਤ ਵਿਕਾਸ ਨੂੰ ਮਜ਼ਬੂਤ ਕਰਨਗੇ, ਸਗੋਂ ਲੋਕਾਂ ਦੀ ਜੀਵਨਸ਼ੈਲੀ ਵਿੱਚ ਵੀ ਸੁਧਾਰ ਲਿਆਉਣਗੇ। ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ, ਭਾਸ਼ਾ ਅਤੇ ਸੂਚਨਾ ਤੇ ਲੋਕ ਸੰਪਰਕ ਪੰਜਾਬ ਨੇ ਐੱਨ ਐੱਫ ਐੱਲ ਗਰਾਊਂਡ ਵਿੱਚ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਮੌਕੇ ਦੱਸਿਆ ਕਿ 10 ਕਰੋੜ ਰੁਪਏ ਦੀ ਲਾਗਤ ਨਾਲ ਉੱਤਰੀ ਭਾਰਤ ਦਾ ਪਹਿਲਾ ਗਲਾਸ ਬ੍ਰਿਜ ਨੰਗਲ ਵਿੱਚ ਬਣਾਇਆ ਜਾ ਰਿਹਾ ਹੈ। ਇਹ ਪ੍ਰੋਜੈਕਟ ਟੂਰਿਜ਼ਮ ਨੂੰ ਵਧਾਵੇਗਾ ਅਤੇ ਸਥਾਨਕ ਅਰਥਵਿਵਸਥਾ ਨੂੰ ਮਜ਼ਬੂਤ ਕਰੇਗਾ।



ਇਸ ਦੇ ਨਾਲ ਹੀ 23 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਸ਼ਹੀਦ ਕੈਪਟਨ ਅਮੋਲ ਕਾਲੀਆ ਸੈਂਟਰ ਆਫ ਐਕਸੀਲੈਂਸ ਨੌਜਵਾਨਾਂ ਲਈ ਰੋਜ਼ਗਾਰ ਅਤੇ ਕਿੱਤਾ ਸਿਖਲਾਈ ਦੇ ਨਵੇਂ ਰਾਹ ਖੋਲ੍ਹੇਗਾ, ਜਿਸ ਵਿੱਚ ਡਰੋਨ ਟ੍ਰੇਨਿੰਗ ਅਤੇ ਏਅਰ ਹੋਸਟਸ ਵਰਗੀਆਂ ਆਧੁਨਿਕ ਟਰੇਡਾਂ ਸ਼ੁਰੂ ਕੀਤੀਆਂ ਜਾਣਗੀਆਂ। 17 ਕਰੋੜ ਰੁਪਏ ਦੀ ਲਾਗਤ ਨਾਲ ਸ਼ੁੱਧ ਪੀਣਯੋਗ ਪਾਣੀ ਦੀ ਸਪਲਾਈ ਲਈ ਇੱਕ ਵੱਡਾ ਪ੍ਰੋਜੈਕਟ ਸ਼ੁਰੂ ਕੀਤਾ ਜਾਵੇਗਾ, ਜਿਸ ਨਾਲ ਨੰਗਲ ਵਾਸੀਆਂ ਨੂੰ ਸ਼ੁੱਧ ਜਲ ਸਪਲਾਈ ਦੀ ਸਹੂਲਤ ਪ੍ਰਾਪਤ ਹੋਵੇਗੀ। ਸਕੂਲ ਆਫ ਐਮੀਨੈਂਸ ਵਿੱਚ 500 ਸਮਰੱਥਾ ਵਾਲੇ ਆਡੀਟੋਰੀਅਮ ਦੀ ਉਸਾਰੀ ਵੀ ਕੀਤੀ ਜਾ ਰਹੀ ਹੈ, ਜੋ ਵਿਦਿਆਰਥੀਆਂ ਲਈ ਅਕਾਦਮਿਕ ਅਤੇ ਸਾਂਸਕ੍ਰਿਤਿਕ ਗਤੀਵਿਧੀਆਂ ਦਾ ਕੇਂਦਰ ਬਣੇਗਾ। ਇਹ ਸਾਰੇ ਪ੍ਰੋਜੈਕਟ ਮਿਲ ਕੇ ਨੰਗਲ ਦੇ ਵਿਕਾਸ ਨੂੰ ਯਕੀਨੀ ਬਣਾਉਣਗੇ ਅਤੇ ਇਲਾਕੇ ਦੀ ਤਸਵੀਰ ਨੂੰ ਨਵਾਂ ਰੂਪ ਦੇਣਗੇ। ਐੱਨ ਐੱਫ ਐੱਲ ਗਰਾਊਂਡ ਵਿੱਚ ਹੋਣ ਵਾਲੀ ਮੈਗਾ ਵਿਕਾਸ ਰੈਲੀ ਵੀ ਇਸ ਦਿਨ ਦੀ ਖਾਸ ਪਹਿਚਾਣ ਬਣੇਗੀ। ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਹੋਵੇਗੀ ਅਤੇ ਇਹ ਰੈਲੀ ਨੰਗਲ ਦੇ ਇਤਿਹਾਸ ਵਿੱਚ ਇੱਕ ਨਵਾਂ ਅਧਿਆਇ ਲਿਖੇਗੀ ਜਿਸ ਨੂੰ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਸੰਬੋਧਨ ਕਰਨਗੇ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਖੁਦ ਇਸ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈ ਰਹੇ ਹਨ, ਤਾਂ ਜੋ ਹਰ ਪ੍ਰਬੰਧ ਸੁਚੱਜੇ ਢੰਗ ਨਾਲ ਹੋ ਸਕੇ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਆਵੇ।

# ਸਾਲਾਨਾ ਸੈਣੀ ਸੰਮੇਲਨ 4 ਨੂੰ

**ਰੂਪਨਗਰ (ਸੈਣੀ)**- ਸੈਣੀ ਭਵਨ ਰੂਪਨਗਰ ਦਾ 42ਵਾਂ ਸਾਲਾਨਾ ਸੈਣੀ ਸੰਮੇਲਨ 4 ਅਪ੍ਰੈਲ ਨੂੰ ਸਵੇਰੇ 8 ਵਜੇ ਤੋਂ ਦੁਪਿਹਰ 2 ਵਜੇ ਤੱਕ ਮਨਾਇਆ ਜਾ ਰਿਹਾ ਹੈ। ਕਾਕਾ ਰਾਮ ਸੈਣੀ ਚੈਰੀਟੇਬਲ ਟਰੱਸਟ ਵੱਲੋ ਮਨਾਏ ਜਾ ਰਹੇ ਇਸ ਸੰਮੇਲਨ ਦੇ ਮੁੱਖ ਮਹਿਮਾਨ ਤਰਸੇਮ ਸੈਣੀ ਪ੍ਰਧਾਨ ਆਲ ਇੰਡਿਆ ਰਾਇਸ ਸ਼ੈਲਰਜ਼ ਐਸੋਸੀਏਸ਼ਨ ਹੋਣਗੇ ਜਦੋਕਿ ਸੰਮੇਲਨ ਵਿੱਚ ਵਿਸ਼ੇਸ਼ ਮਹਿਮਾਨਾਂ ਵਜੋ ਤੇਜਦੀਪ ਸਿੰਘ ਸੈਣੀ ਸੰਯੁਕਤ ਸਕੱਤਰ ਆਮ ਰਾਜ ਪ੍ਰਬੰਧ ਪੰਜਾਬ ਸਰਕਾਰ, ਰਾਮ ਕੁਮਾਰ ਚੇਅਰਮੈਨ ਪੰਜਾਬ ਰਾਜ ਸੈਣੀ ਭਲਾਈ ਬੋਰਡ, ਅਮਰਜੀਤ ਸਿੰਘ ਸੈਣੀ ਸਾਬਕਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ, ਇੰਜ. ਭਗਵਾਨ ਸਿੰਘ (ਰਿਟਾ.) ਖੇਤਰੀ ਵਾਤਾਵਰਣ ਅਧਿਕਾਰੀ, ਹਰਿਆਣਾ, ਬਘੇਲ ਸਿੰਘ ਐੱਮ ਡੀ ਰੋਪੜ ਪ੍ਰੋਪਰਟੀਜ਼ ਐਂਡ ਬਿਲਡਰਜ਼ ਪਹੁੰਚ ਰਹੇ ਹਨ।ਸੰਸਥਾ ਦੇ ਚੇਅਰਮੈਨ ਡਾ. ਅਜਮੇਰ ਸਿੰਘ ਤੰਬੜ ਨੇ ਪ੍ਰਬੰਧਾ ਬਾਰੇ ਕੀਤੀ ਪ੍ਰਬੰਧਕੀ ਕਮੇਟੀ ਦੀ ਮੀਟਿੰਗ ਦੌਰਾਨ ਦੱਸਿਆ ਕਿ ਸੰਮੇਲਨ ਦਾ ਅਰੰਭ ਸਵੇਰੇ 8 ਵਜੇ ਪਾਠ ਸ੍ਰੀ ਸੁਖਮਨੀ ਸਾਹਿਬ ਜੀ ਨਾਲ ਹੋਵੇਗਾ। ਸੰਮੇਲਨ ਦੌਰਾਨ ਸੈਣੀ ਭਵਨ ਦੀ ਸਾਲਾਨਾ ਕਾਰਗੁਜ਼ਾਰੀ ਦੀ ਰਿਪੋਰਟ ਪੇਸ਼ ਕੀਤੀ ਜਾਵੇਗੀ, ਪੰਜਾਬ ਵਿੱਚ ਪੱਛੜੀਆ ਸ਼੍ਰੇਣੀਆਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਬਾਰੇ ਵਿਸ਼ੇ ਤੇ ਵਿਚਾਰ ਵਟਾਂਦਰਾ, ਸੈਣੀ ਬਰਾਦਰੀ ਦੇ ਨਵੇਂ ਚੁਣੇ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰਾ ਤੇ ਸੈਣੀ ਸਖਸ਼ਿਅਤਾਂ ਦਾ ਸਨਮਾਨ, ਸਮਾਜਿਕ ਸਮੱਸਿਆਵਾ ਬਾਰੇ ਮਤੇ, ਸਿੱਖਿਆਰਥਣਾ ਨੂੰ ਸਰਟੀਫਿਕੇਟਾਂ ਦੀ ਵੰਡ, ਮੈਗਜ਼ੀਨ ਸੈਣੀ ਸੰਸਾਰ ਦਾ 60ਵਾਂ ਅੰਕ ਲੋਕਅਰਪਣ ਕਰਨ ਤੋਂ ਇਲਾਵਾ ਸਭਿਆਚਾਰਕ ਪ੍ਰੋਗਰਾਮ ਦੀ ਹੋਵੇਗਾ। ਸਭ ਲਈ ਚਾਹ-ਪਾਣੀ ਤੇ ਦੁਪਿਹਰ ਦੇ ਖਾਣੇ ਦਾ ਵੀ ਪ੍ਰਬੰਧ ਹੋਵੇਗਾ। ਮੀਟਿੰਗ ਵਿੱਚ ਸੰਸਥਾ ਦੇ ਪ੍ਰਧਾਨ ਰਾਜਿੰਦਰ ਸਿੰਗ ਨਨੂਆ, ਸਕਤਰ ਬਲਬੀਰ ਸਿੰਘ ਸੈਣੀ ਤੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਕੈਪਟਨ ਹਾਕਮ ਸਿੰਘ, ਗੁਰਮੁੱਖ ਸਿੰਘ ਸੈਣੀ, ਰਾਮ ਸਿੰਘ ਸੈਣੀ, ਅਮਰਜੀਤ ਸਿੰਘ, ਡਾ. ਜਸਵੰਤ ਕੌਰ ਸੈਣੀ, ਰਾਜਿੰਦਰ ਸੈਣੀ, ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਜਗਦੇਵ ਸਿੰਘ, ਦਲਜੀਤ ਸਿੰਘ, ਰਾਜਿੰਦਰ ਸਿੰਘ ਗਿਰਨ, ਡਾ. ਹਰਚਰਨ ਦਾਸ ਸੇਰ, ਸੁਰਿੰਦਰ ਸਿੰਘ, ਹਰਦੀਪ ਸਿੰਘ ਆਦਿ ਹਾਜ਼ਰ ਸਨ।

# ਵਿਦਿਆਰਥੀਆਂ ਨੇ 'ਵਰਸਿਟੀ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂਅ ਕੀਤਾ ਰੋਸ਼ਨ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼, ਲੋਹਾਰਾਂ ਦੇ ਵਿਦਿਆਰਥੀਆਂ ਨੇ ਨਵੰਬਰ 2025 ਵਿੱਚ ਕਰਵਾਈਆਂ ਗਈਆਂ ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਇੱਕ ਵਾਰ ਫਿਰ ਆਪਣੀ ਅਕਾਦਮਿਕ ਕਾਬਲੀਅਤ ਦਾ ਪ੍ਰਮਾਣ ਦਿੱਤਾ ਹੈ। ਵੱਖ-ਵੱਖ ਕੋਰਸਾਂ ਦੇ ਵਿਦਿਆਰਥੀਆਂ ਨੇ ਉੱਚ ਐੱਸ ਜੀ ਪੀ ਏ ਸਕੋਰ ਹਾਸਲ ਕੀਤੇ, ਜੋ ਉਨ੍ਹਾਂ ਦੀ ਮਿਹਨਤ ਅਤੇ ਸੰਸਥਾ ਦੀ ਅਕਾਦਮਿਕ ਉਤਕ੍ਰਿਸ਼ਟਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ।ਮੈਡੀਕਲ ਸਾਇੰਸਿਜ਼ ਵਿਭਾਗ ਨੇ ਵੱਖ-ਵੱਖ ਕੋਰਸਾਂ ਅਤੇ ਸਮੈਸਟਰਾਂ ਵਿੱਚ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਦਰਜ ਕੀਤੀਆਂ। ਬੀ.ਐੱਸਸੀ. (ਆਨਰਜ਼) ਮਾਈਕ੍ਰੋਬਾਇਓਲੋਜੀ ਪਹਿਲੇ ਸਮੈਸਟਰ ਵਿੱਚ ਸਹਿਜਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅਰਸ਼ਦੀਪ ਕੌਰ (8.85) ਅਤੇ ਤੇਜਸਵੀ (8.12) ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ ਐੱਸ ਸੀ (ਆਨਰਜ਼) ਮਾਈਕ੍ਰੋਬਾਇਓਲੋਜੀ ਤੀਜੇ ਸਮੈਸਟਰ ਵਿੱਚ ਭਾਵਿਕਾ ਨੇ ਪਹਿਲਾ ਸਥਾਨ ਹਾਸਲ ਕੀਤਾ, ਜਿਸ ਤੋਂ ਬਾਅਦ ਭਾਵਲੀਨ (9.14) ਅਤੇ ਜੌਇਸ (9.00) ਰਹੇ। ਬੀ.ਐੱਸਸੀ. ਮੈਡੀਕਲ ਲੈਬ ਸਾਇੰਸਿਜ਼ ਪਹਿਲੇ ਸਮੈਸਟਰ ਵਿੱਚ ਰਾਜਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਜਸਦੀਪ ਕੌਰ (8.72) ਅਤੇ ਲਵਲੀਨ ਚੌਹਾਨ (8.64) ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ ਐੱਸ ਸੀ (ਐਚ) ਨਿਊਟ੍ਰਿਸ਼ਨ ਅਤੇ ਡਾਇਟੀਟਿਕਸ ਪੰਜਵੇਂ ਸਮੈਸਟਰ ਵਿੱਚ ਕਸ਼ਿਸ਼ ਅਤੇ ਕਿਰਨ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ। ਬੀ ਐੱਸ ਸੀ ਮੈਡੀਕਲ ਲੈਬ ਸਾਇੰਸਿਜ਼ ਪੰਜਵੇਂ ਸਮੈਸਟਰ ਵਿੱਚ ਚਾਹਤ ਅਤੇ ਨੀਲਮ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ



ਕੀਤਾ, ਜਦਕਿ ਕਾਜਲ ਅਤੇ ਮੁਸਕਾਨ (8.84) ਦੂਜੇ ਸਥਾਨ 'ਤੇ ਰਹੇ ਅਤੇ ਡੌਲੀ (8.79) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ ਐੱਸ ਸੀ ਮੈਡੀਕਲ ਲੈਬ ਸਾਇੰਸਿਜ਼ ਤੀਜੇ ਸਮੈਸਟਰ ਵਿੱਚ ਹਰਨਾਮ ਅਤੇ ਕ੍ਰਿਪਾ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਨਿਧੀ (8.33) ਅਤੇ ਲਕਸ਼ਮੀ ਲਵ (8.14) ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਤ ਵਿੱਚ, ਬੀ ਐੱਸ ਸੀ (ਐਚ) ਨਿਊਟ੍ਰਿਸ਼ਨ ਅਤੇ ਡਾਇਟੀਟਿਕਸ ਤੀਜੇ ਸਮੈਸਟਰ ਵਿੱਚ ਸਿਮਰਨਜੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਆਈ.ਟੀ. ਵਿਭਾਗ ਨੇ ਵੀ ਸ਼ਾਨਦਾਰ ਨਤੀਜੇ ਪ੍ਰਾਪਤ ਕੀਤੇ ਹਨ। ਬੈਚਲਰ ਆਫ ਕੰਪਿਊਟਰ ਐਪਲੀਕੇਸ਼ਨਜ਼ ਤੀਜੇ ਸੈਮਿਸਟਰ ਵਿੱਚ ਪਾਵਨੀ (9.52) ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਕਾਰਤਿਕੇ ਜੈਨ ਅਤੇ ਕੋਮਲਪ੍ਰੀਤ ਕੌਰ (9.35) ਦੂਜੇ ਅਤੇ ਸ਼ਿਵਮ (9.00) ਤੀਜੇ ਸਥਾਨ 'ਤੇ ਰਹੇ। ਬੀ.ਸੀ.ਏ. ਪੰਜਵੇਂ ਸੈਮਿਸਟਰ ਵਿੱਚ ਅਵਨੀਤ ਕੌਰ, ਕਿਰਣ ਅਤੇ ਮਨਪ੍ਰੀਤ ਕੌਰ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਇਸ ਤੋਂ ਬਾਅਦ ਸਿਲਕੀ ਅਤੇ ਸੁਮਨਦੀਪ ਕੌਰ (9.17) ਦੂਜੇ ਅਤੇ ਮੁਸਕਾਨ (9.04) ਤੀਜੇ ਸਥਾਨ 'ਤੇ ਰਹੇ। ਮਾਸਟਰ ਆਫ ਕੰਪਿਊਟਰ ਐਪਲੀਕੇਸ਼ਨਜ਼ ਪਹਿਲੇ ਸੈਮਿਸਟਰ ਵਿੱਚ ਗੁਰਨੀਤ ਕੌਰ ਅਤੇ ਜਸ਼ਨਪ੍ਰੀਤ ਕੌਰ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਮਨੀਸ਼ਾ (8.58) ਦੂਜੇ ਅਤੇ ਚੰਦਨ ਕੁਮਾਰ (8.29) ਤੀਜੇ ਸਥਾਨ 'ਤੇ ਰਹੇ। ਬੀ.ਵੋਕ ਵੈੱਬ ਟੈਕਨੋਲੋਜੀ ਐਂਡ ਮਲਟੀਮੀਡੀਆ ਪਹਿਲੇ ਸੈਮਿਸਟਰ ਵਿੱਚ ਲਕਸ਼ਮੀ ਚੌਰਾਸੀਆ ਅਤੇ ਮੁਸਕਾਨ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਹਰਮਨ ਸਿੰਘ (9.18) ਦੂਜੇ ਅਤੇ ਗੁਰਲੀਨ ਸਿੰਘ ਤੇ ਨਵਰਾਜ ਸਿੰਘ (9.00) ਤੀਜੇ ਸਥਾਨ 'ਤੇ ਰਹੇ। ਐੱਮ ਸੀ ਏ. ਤੀਜੇ ਸੈਮਿਸਟਰ ਵਿੱਚ ਹਰਸ਼ਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਡੇਜ਼ੀ ਅਤੇ ਏਕਤਾ (8.29) ਦੂਜੇ ਅਤੇ ਆਕਾਸ਼ ਕੁਮਾਰ (8.14) ਤੀਜੇ ਸਥਾਨ 'ਤੇ ਰਹੇ। ਇਸੇ ਤਰ੍ਹਾਂ ਬੀ ਸੀ ਏ ਪਹਿਲੇ ਸੈਮਿਸਟਰ ਵਿੱਚ ਗੁਰਕੀਰਤ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ, ਅਮਨਜੋਤ ਕੌਰ (7.77) ਦੂਜੇ ਅਤੇ ਪ੍ਰਿੰਸ ਪੌਲ ਤੇ ਤਨਵੀਰ ਕੌਰ (7.73) ਤੀਜੇ ਸਥਾਨ 'ਤੇ ਰਹੇ।

# ਸਰਕਾਰੀ ਪ੍ਰਾਇਮਰੀ ਸਕੂਲ ਈਦਾ ਵਿਖੇ ਸਾਲਾਨਾ ਸਮਾਰੋਹ

**ਨਕੋਦਰ (ਮਨਜੀਤ ਮਾਨ)** ਸਰਕਾਰੀ ਪ੍ਰਾਇਮਰੀ ਸਕੂਲ ਈਦਾ ਵਿਖੇ ਸਕੂਲ ਮੁਖੀ ਸਟੇਟ ਐਵਾਰਡੀ ਸਰਦਾਰ ਕੇਵਲ ਸਿੰਘ ਹੁੰਦਲ ਦੀ ਅਗਵਾਈ ਹੇਠ ਬੱਚਿਆਂ ਦੀਆਂ ਮਾਣਮੱਤੀਆਂ ਪ੍ਰਾਪਤੀਆਂ ਦਾ ਸਨਮਾਨ ਕਰਨ ਲਈ ਸਲਾਨਾ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਬੱਚਿਆਂ ਨੇ ਰੰਗਾ ਰੰਗ ਸੱਭਿਆਚਾਰਕ ਪ੍ਰੋਗਰਾਮ ਤੇ ਸਮਾਜ ਵਿੱਚ ਵੱਖ ਵੱਖ ਕੁਰੀਤੀਆਂ ਸਬੰਧੀ ਨਾਟਕ ਪੇਸ਼ ਕੀਤੇ। ਇਸ ਮੌਕੇ ਮੁੱਖ ਮਹਿਮਾਨ ਦੇ ਤੌਰ ਤੇ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਹਰਜਿੰਦਰ ਕੌਰ ਨੇ



ਉਪ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਮਨੀਸ਼ ਕੁਮਾਰ ਸ਼ਰਮਾ ਅਤੇ ਬਲਾਕ ਸਿੱਖਿਆ ਅਫਸਰ ਸ੍ਰੀ ਬੀ ਕੇ ਮਹਿਮੀ ਨਾਲ ਸ਼ਿਰਕਤ ਕੀਤੀ। ਸਟੇਜ ਸਕੱਤਰ ਦੀ ਭੂਮਿਕਾ ਪਰਮਿੰਦਰ ਕੌਰ ਮੈਥ ਮਿਸਟ੍ਰੈਸ ਸ ਹ ਸ ਖੀਵਾ ਤੇ ਗਿਰੀਸ਼ ਅਨੇਜਾ ਨੇ ਸਾਂਝੇ ਤੌਰ ਤੇ ਨਿਭਾਈ। ਇਸ ਸਮਾਗਮ ਦੀਆਂ ਤਿਆਰੀਆਂ ਵਿੱਚ ਗੁਲਸ਼ਨ ਕੁਮਾਰ, ਸ਼ਵੇਤਾ ਰਾਣੀ, ਰਜਨੀ ਬਾਲਾ, ਮਨਦੀਪ ਕੌਰ ਤੇ ਮਨਪ੍ਰੀਤ ਕੌਰ ਦਾ ਅਹਿਮ ਯੋਗਦਾਨ ਰਿਹਾ। ਇਸ ਮੌਕੇ ਸਕੂਲ ਮੁਖੀ। ਇਸ ਮੌਕੇ ਮਨਦੀਪ ਕੌਰ ਅੰਗਰੇਜ਼ੀ ਮਿਸਟ੍ਰੈਸ, ਕਮਲਜੀਤ ਮੁੱਖ ਅਧਿਆਪਕ ਸਹਸ ਖੀਵਾ, ਸ਼ਿਵ ਕੁਮਾਰ, ਅਜਮੇਰ ਸਿੰਘ, ਬਾਵਾ ਸਿੰਘ ਸ਼ੋਭਿਤ ਭਗਤ,ਸਕੂਲ ਕੁੱਕ ਸੁਮਨ ਕੁਮਾਰੀ, ਪਰਮਜੀਤ,ਅਮਿਤ ਕੁਮਾਰ, ਕਸ਼ਮੀਰੀ ਲਾਲ, ਹਰਜਿੰਦਰ ਪਾਲ, ਰਜਿੰਦਰ ਸਿਆਲ, ਬਲਜੀਤ ਕੌਰ, ਮੀਨਾਕਸ਼ੀ, ਜਸਵੰਤ ਕੌਰ, ਜਸਵਿੰਦਰ ਕੌਰ, ਰਵਿੰਦਰ ਕੰਗ, ਅਮਨਦੀਪ, ਸੰਜੀਵ ਜੋਸ਼ੀ, ਰਮੇਸ਼ ਕੁਮਾਰ, ਜਗਜੀਤ ਸਿੰਘ, ਮਨਜਿੰਦਰ ਕੁਮਾਰ ਆਦਿ ਅਧਿਆਪਕ ਹਾਜ਼ਰ ਸਨ। ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਮਨਜੀਤ ਸਿੰਘ ਕਲੇਰ ਯੂ ਕੇ, ਨਿਰਮਲ ਸਿੰਘ ਢਿੱਲੋਂ ਯੂ ਕੇ, ਅਮਰਜੀਤ ਸਿੰਘ ਈਦਾ ਸੂਬਾ ਪ੍ਰਧਾਨ ਸ਼੍ਰੋਮਣੀ ਰੰਗਰੇਟਾ ਦਲ, ਹਰਨੇਕ ਸਿੰਘ, ਮੋਹਣ ਸਿੰਘ ਸੀਨੀਅਰ ਅਕਾਲੀ ਆਗੂ, ਗੁਰਦੀਪ ਸਿੰਘ ਬੱਲ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਸਰਪੰਚ ਗੁਰਮੇਲ ਸਿੰਘ, ਅੰਮ੍ਰਿਤਪਾਲ ਵੜੈਚ, ਤਜਿੰਦਰ ਸਿੰਘ ਬਖਸ਼ੀ ਰਾਮ ਪੰਚ ਐੱਸ ਐੱਮ ਸੀ ਚੇਅਰਮੈਨ ਗੀਨਾ ਚੇਅਰਮੈਨ ਬੇਵੀ ਉੱਪ ਚੇਅਰਮੈਨ, ਭੁਪਿੰਦਰ ਸਿੰਘ ਹੁੰਦਲ, ਨਰਿੰਦਰ ਸਿੰਘ ਹੁੰਦਲ, ਤਰਲੋਚਨ ਸਿੰਘ ਫਤਿਹਪੁਰ, ਲਖਬੀਰ ਹੁੰਦਲ, ਪ੍ਰੇਮ ਹੁੰਦਲ, ਹਰਵਿੰਦਰ ਹੁੰਦਲ, ਬੰਟੀ ਹੁੰਦਲ ਆਦਿ ਹਾਜ਼ਰ ਸਨ।

# ਸਿੱਖਿਆ ਕੋਆਰਡੀਨੇਟਰ ਨੇ ਮੈਗਾ ਪੀ ਟੀ ਐਮ 'ਚ ਹਿੱਸਾ ਲਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਿੱਖਿਆ ਵਿਭਾਗ ਪੰਜਾਬ ਦੀ ਮੈਗਾ ਮਾਪੇ ਅਧਿਆਪਕ ਮਿਲਣੀ ਤਹਿਤ ਹਲਕਾ ਨਕੋਦਰ ਦੇ ਵੱਖ-ਵੱਖ ਸਕੂਲਾਂ ਵਿੱਚ ਪਹੁੰਚਣ ਤੇ ਹਲਕਾ ਸਿੱਖਿਆ ਕੋਆਰਡੀਨੇਟਰ ਨਕੋਦਰ ਅਮਰਜੀਤ ਸਿੰਘ ਦਾ ਵੱਖ -ਵੱਖ ਸਕੂਲ ਮੁੱਖੀਆਂ ਅਤੇ ਮਾਪਿਆਂ ਵੱਲੋਂ



ਬਹੁਤ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਹਨਾਂ ਨਾਲ ਸਿੱਖਿਆ ਕ੍ਰਾਂਤੀ ਵਿਚ ਕੰਮ ਕਰਦੇ ਮੈਂਬਰ ਸਾਹਿਬਾਨ ਡਾ. ਸਰਬਜੀਤ ਸਹੋਤਾ, ਰਮੇਸ਼ ਸੋਂਧੀ ਕੌਂਸਲਰ ਨਕੋਦਰ ਤੇ ਡਾ. ਮਦਨ ਗਿੱਲ ਨੇ ਵੀ ਸ਼ਿਰਕਤ ਕੀਤੀ। ਅਮਰਜੀਤ ਸਿੰਘ ਹਲਕਾ ਕੋਆਰਡੀਨੇਟਰ ਐਜੂਕੇਸ਼ਨ ਨੇ ਪੰਜਾਬ ਸਰਕਾਰ ਵਲੋਂ ਸਿੱਖਿਆ ਦੇ ਖੇਤਰ ਵਿਚ ਕੀਤੇ ਜਾ ਰਹੇ ਵੱਡਮੁੱਲੇ ਕਾਰਜਾਂ ਜਿਨਾਂ ਵਿਚ ਫ੍ਰੀ ਵਰਦੀਆਂ, ਫ੍ਰੀ ਕਿਤਾਬਾਂ, ਫ੍ਰੀ ਭੋਜਨ ਕਿੱਤਾ ਮੁੱਖੀ ਸਿੱਖਿਆ, ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਲਈ ਕੋਚਿੰਗ ਕਲਾਸ , ਮੈਡੀਕਲ ਚੈੱਕਅਪ, ਪੋਸਟ ਮੈਟ੍ਰਿਕ ਸਕਾਲਰਸ਼ਿਪ, ਘੱਟ ਗਿਣਤੀਆਂ ਨੂੰ ਦਿੱਤਾ ਜਾਣ ਵਾਲਾ ਵਜ਼ੀਫ਼ਾ ਅਤੇ ਅਨੇਕਾਂ ਹੋਰ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਅਗਲੀਆਂ ਜਮਾਤਾਂ ਵਿੱਚ ਜਾਣ ਤੇ ਸ਼ੁਭ ਕਾਮਨਾਵਾਂ ਵੀ ਦਿੱਤੀਆਂ ਅਤੇ ਪਹਿਲੇ, ਦੂਜੇ ,ਤੀਜੇ ਦਰਜੇ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮਾਂ ਦੀ ਵੰਡ ਵੀ ਕੀਤੀ ਗਈ।

# ਭਾਰਤ ਵਿਕਾਸ ਪ੍ਰੀਸ਼ਦ ਬਲਾਚੌਰ ਦੀ ਨਵੀਂ ਟੀਮ ਦਾ ਗਠਨ, ਰਨਦੀਪ ਕੌਸ਼ਲ ਬਣੇ ਪ੍ਰਧਾਨ

**ਬਲਾਚੌਰ, (ਜਸਵਿੰਦਰ ਬੈਂਸ)**- ਭਾਰਤ ਵਿਕਾਸ ਪਰਿਸ਼ਦ ਸ਼ਾਖਾ ਬਲਾਚੌਰ ਦੀ ਇੱਕ ਅਹਿਮ ਮੀਟਿੰਗ ਸਥਾਨਕ ਹੋਟ ਐਂਡ ਸਪਾਈਸੀ ਹੋਟਲ ਵਿਖੇ ਸੰਪੰਨ ਹੋਈ। ਇਸ ਮੀਟਿੰਗ ਵਿੱਚ ਆਉਣ ਵਾਲੇ ਦੋ ਸਾਲਾਂ ਦੇ ਕਾਰਜਕਾਲ ਲਈ ਨਵੀਂ ਕਾਰਜਕਾਰਨੀ ਟੀਮ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ। ਮੀਟਿੰਗ ਦੌਰਾਨ ਮੈਂਬਰਾਂ ਨੇ ਪਿਛਲੇ ਸਮੇਂ ਵਿੱਚ ਕੀਤੇ ਗਏ ਸਮਾਜ ਸੇਵੀ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਭਵਿੱਖ ਵਿੱਚ ਸਮਾਜਿਕ ਸਰੋਕਾਰਾਂ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਨਵੀਂ ਟੀਮ ਵਿੱਚ ਹੇਠ ਲਿਖੇ ਅਹੁਦੇਦਾਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ: ਪੈਟਰਨ: ਐਡਵੋਕੇਟ ਪੁਸ਼ਪ ਰਾਣਾ, ਪ੍ਰਧਾਨ: ਰਨਦੀਪ ਕੌਸ਼ਲ, ਉਪ ਪ੍ਰਧਾਨ: ਹਰਵਿੰਦਰ ਪਾਲ ਸਿੰਘ, ਜਨਰਲ ਸਕੱਤਰ: ਸੁਨੀਲ ਸ਼ਰਮਾ, ਜੁਆਇੰਟ ਸਕੱਤਰ: ਪੁਸ਼ਪਾ ਵਿਆਸ, ਖਜਾਨਚੀ: ਅਸ਼ਵਨੀ ਬਾਗੜੀ, ?ਉਪ ਖਜਾਨਚੀ: ਮਿਥਲੇਸ਼ ਸੋਨੀ, ਪ੍ਰੈਸ ਸਕੱਤਰ: ਦੀਦਾਰ ਸਿੰਘ, ਪਰਿਸ਼ਦ ਦੇ ਪੰਜ ਮੂਲ ਸੂਤਰਾਂ ਦੇ ਇੰਚਾਰਜ, ਪਰਿਸ਼ਦ ਦੇ ਪੰਜ ਮੂਲ ਉਦੇਸ਼ਾਂ ਨੂੰ ਅੱਗੇ ਵਧਾਉਣ ਲਈ ਵਿਸ਼ੇਸ਼ ਨਿਯੁਕਤੀਆਂ ਕੀਤੀਆਂ ਗਈਆਂ: । ਸੰਪਰਕ: ਗਗਨਦੀਪ ਸਿੰਘ, ਸਹਿਯੋਗ: ਕੈਪਟਨ ਭਗਤ ਰਾਮ, ਸੰਸਕਾਰ: ਰਾਣਾ ਸੁਭਾਸ਼ ਚੰਦ, ?ਸੇਵਾ: ਵਿਸ਼ਾਲ ਰਾਣਾ ਅਤੇ ਸੁਰਿੰਦਰ ਪਨੇਸਰ, ਸਮਰਪਣ: ਪਰਮਜੀਤ ਸਿੰਘ ਅਤੇ ਸੂਬੇਦਾਰ ਯਸ਼ਪਾਲ ਸਿੰਘ, ਵਿਸ਼ੇਸ਼ ਪ੍ਰੋਜੈਕਟ ਅਤੇ ਵਿੰਗ ਇੰਚਾਰਜ, ਮਹਿਲਾ ਪ੍ਰਮੁੱਖ: ਮੈਡਮ ਅਰੁਣਾ ਪਾਠਕ ?ਵਾਤਾਵਰਣ: ਵਿਜੇ ਰਾਣਾ, ਭਾਰਤ ਕੋ ਜਾਨੋ ਪ੍ਰੋਗਰਾਮ: ਹਰਵਿੰਦਰ ਪਾਲ ਸਿੰਘ ਅਤੇ ਅਰਵਿੰਦ ਖਟਾਨਾ, ?ਗੁਰੂ ਬੰਦਨ ਛਾਤਰ ਅਭਿਨੰਦਨ: ਸੁਨੀਲ ਸ਼ਰਮਾ ਅਤੇ ਪੰਕਜ ਸਿਆਲ, ਨੈਸ਼ਨਲ ਗਰੁੱਪ ਸੌਂਗ ਕੰਪੀਟੀਸ਼ਨ: ਮੈਡਮ ਪੁਸ਼ਪਾ ਵਿਆਸ ਬਲੱਡ ਡੋਨੇਸ਼ਨ ਕੈਂਪ: ਡਾਕਟਰ ਸਤਨਾਮ ਪਨੇਸਰ ਤੇ ਡਾਕਟਰ ਸੁਨੀਲ ਪਾਠਕ। ਇਸ ਮੌਕੇ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ, ਜਿਨ੍ਹਾਂ ਵਿੱਚ ਚੰਦਰੇਸ਼ ਸ਼ੋਰੀ, ਲਲਿਤ ਕੌਸ਼ਲ, ਰਚਨਾ ਅਨੰਦ, ਅਮਿਤ ਰਾਣਾ (ਮੰਗਾ) ਅਸ਼ੀਸ਼ ਗੁਲਾਟੀ, ਭੰਵਰ ਰਾਣਾ, ਭੁਪਿੰਦਰ ਸਿੰਘ, ਰਿਟਾਇਰਡ ਬ੍ਰਿਗੇਡੀਅਰ ਰਾਜਕੁਮਾਰ, ਦਵਿੰਦਰ ਕੁਮਾਰ, ਡਾਕਟਰ ਰੇਸ਼ਮ ਮਹਿਮੀ, ਹਰੀਸ਼ ਰਾਣਾ, ਜਗਦੀਪ



ਰਾਣਾ, ਜਗਦੀਸ਼ ਕਪਿਲ, ਜੰਗ ਪਰਮਿੰਦਰ ਸਿੰਘ, ਜਸਵੀਰ ਪਾਲ ਸਿੰਘ, ਰਕੇਸ਼ ਰਾਣਾ, ਰਿਟਾਇਰਡ ਲੈਕਚਰਾਰ ਕ੍ਰਿਸ਼ਨ ਸਿੰਘ, ਮਾਸਟਰ ਸੰਦੀਪ ਸਿੰਘ, ਲਾਲ ਟੇਲਰ, ਰਾਜੇਸ਼ਵਰ ਜਸਵਾਲ, ਮੋਹਨ ਅਗਨੀਹੋਤਰੀ, ਨਰਿੰਦਰ ਨਾਥ ਸੂਦਨ, ਨਿਤਿਨ ਜੈਨ, ਉਪਿੰਦਰ ਸਿੰਘ ਯੂਐਸਏ, ਪੰਕਜ ਸਿਆਲ, ਡਾਕਟਰ ਪਰਮਜੀਤ ਕੋਹਲੀ, ਮਾਸਟਰ ਰਕੇਸ਼ ਕੁਮਾਰ, ਰਸ਼ਪਾਲ ਸਿੰਘ, ਰੋਹਿਤ ਬਾਦਲ, ਪੁਸ਼ਪਿੰਦਰ ਰਾਣਾ, ਸੰਦੀਪ ਰਾਣਾ (ਸਨੀ) ਟੇਕਰਾਮ, ਵਰਿੰਦਰ ਭਾਰਦਵਾਜ, ਡਾ. ਅਯੁੱਧਿਆ ਪ੍ਰਸ਼ਾਦ, ਮਨੀਸ਼ ਰਾਣਾ, ਐਡਵੋਕੇਟ ਉਮਾ ਸ਼ੰਕਰ, ਵਿਜੇ ਭਾਟੀਆ, ਜਵਾਹਰ ਕੁਮਾਰ ਅਤੇ ਸਤਵਿੰਦਰ ਸਿੰਘ ਸ਼ਾਮਲ ਸਨ। ਨਵੀਂ ਚੁਣੀ ਗਈ ਟੀਮ ਨੇ ਵਿਸ਼ਵਾਸ ਦਿਵਾਇਆ ਕਿ ਉਹ ਆਉਣ ਵਾਲੇ ਸਮੇਂ ਵਿੱਚ ਸਮਾਜ ਭਲਾਈ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਛੱਡਣਗੇ।

# ਪੈਟਰੋਲ ਪੰਪਾਂ ਤੇ ਗੈਸ ਏਜੰਸੀਆਂ 'ਤੇ ਲੋੜੀਂਦੀ ਮਾਤਰਾ 'ਚ ਭੰਡਾਰ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਜਲੰਧਰ ਵਿਖੇ ਸਥਿਤ 280 ਦੇ ਕਰੀਬ ਪੈਟਰੋਲ ਪੰਪਾਂ ਅਤੇ ਗੈਸ ਏਜੰਸੀਆਂ 'ਤੇ



ਡੀਜ਼ਲ, ਪੈਟਰੋਲ ਅਤੇ ਲੋੜੀਂਦੀ ਮਾਤਰਾ ਵਿੱਚ ਗੈਸ ਦੀ ਲਗਾਤਾਰ ਸਪਲਾਈ ਜਾਰੀ ਹੈ। ਉਨ੍ਹਾਂ ਦੱਸਿਆ ਕਿ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਪੈਟਰੋਲ ਅਤੇ ਗੈਸ ਏਜੰਸੀਆਂ ਨਾਲ ਲਗਾਤਾਰ ਨਿਯਮਤ ਤੌਰ 'ਤੇ ਰਾਬਤਾ ਕਾਇਮ ਰੱਖਿਆ ਜਾ ਰਿਹਾ ਹੈ ਅਤੇ ਜ਼ਿਲ੍ਹੇ ਵਿੱਚ ਪੈਟਰੋਲ , ਡੀਜ਼ਲ ਤੇ ਗੈਸ ਦੀ ਕੋਈ ਕਮੀ ਨਹੀਂ ਪਾਈ ਜਾ ਰਹੀ।ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵਲੋਂ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਜਾਰੀ ਹਦਾਇਤਾਂ ਤਹਿਤ ਕਮਰਸ਼ੀਅਲ ਸਪਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਸਿੱਖਿਆ ਤੇ ਸਿਹਤ ਸੰਸਥਾਵਾਂ ਨੂੰ ਪਹਿਲ ਦੇ ਅਧਾਰ 'ਤੇ ਗੈਸ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਹੋਟਲਾਂ ਅਤੇ ਰੈਸਟੋਰੈਂਟਾਂ ਨੂੰ ਤੇ ਵਿਆਹਾਂ ਦੇ ਮੌਕਿਆਂ 'ਤੇ ਗੈਸ ਸਪਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 460 ਕਿਲੋ ਲੀਟਰ ਪੈਟਰੋਲ ਤੇ 600 ਕਿਲੋ ਲੀਟਰ ਡੀਜ਼ਲ ਦੀ ਰੋਜ਼ਾਨਾ ਵਰਤੋਂ ਹੁੰਦੀ ਹੈ ਅਤੇ ਇਸ ਲਈ ਲੋੜੀਂਦੀ ਮਾਤਰਾ ਵਿੱਚ ਸਪਲਾਈ ਪਹੁੰਚ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੀ ਦਿਨੀ ਜੋ ਪੈਟਰੋਲ ਪੰਪਾਂ ਉੱਤੇ ਲੰਮੀਆਂ-ਲੰਮੀਆਂ ਲਾਈਨਾਂ ਦੇਖੀਆਂ ਗਈਆਂ ਸਨ, ਉਹ ਸਿਰਫ ਅਫਵਾਹਾਂ ਕਾਰਨ ਸਨ।

# ਜਵਾਹਰ ਨਵੋਦਿਆ ਵਿਦਿਆਲਿਆ ਲਈ ਚੁਣੇ ਗਏ ਬੱਚਿਆਂ ਦਾ ਸਨਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਸਿੱਖਿਆ ਅਫਸਰ ਹਰਜਿੰਦਰ ਕੌਰ (ਐਲੀਮੈਂਟਰੀ ਸਿੱਖਿਆ) ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਅਮਨਦੀਪ ਸ਼ਰਮਾ ਉੱਪ-ਜਿਲ੍ਹਾ ਸਿੱਖਿਆ ਅਫਸਰ ਅਤੇ ਚਰਨਜੀਤ ਸਿੱਧੂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦੀ ਯੋਗ ਅਗਵਾਈ ਅਤੇ ਸੰਜੀਵ ਵਸ਼ਿਸ਼ਟ ਬਲਾਕ ਨੋਡਲ ਅਫਸਰ ਦੀ ਦੇਖ ਰੇਖ ਵਿੱਚ ਬਲਾਕ ਮਾਹਿਲਪੁਰ-2 ਦੇ ਵਿਦਿਆਰਥੀਆਂ ਨੇ ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਛੇਵੀਂ ਜਮਾਤ ਲਈ ਟੈਸਟ ਦਿੱਤਾ ਸੀ। ਇਸ ਟੈਸਟ ਵਿੱਚ ਚੁਣੇ ਗਏ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਜਿਨ੍ਹਾਂ ਵਿੱਚ ਸਰਕਾਰੀ ਐਲੀਮੈਂਟਰੀ



ਸਕੂਲ ਬਾੜੀਆਂ ਕਲਾਂ (ਲੜਕੇ) ਦੇ ਤਿੰਨ ਬੱਚੇ ਇਸ਼ਿਤਾ, ਸਲੋਮੀ ਅਤੇ ਹਰਜੋਤ ਢਾਂਡਾ ਤੇ ਸਰਕਾਰੀ ਐਲੀਮੈਂਟਰੀ ਸਕੂਲ ਨੰਗਲ ਖੁਰਦ ਦੇ ਵਿਦਿਆਰਥੀ ਗੁਰਸ਼ਾਨ ਘੇੜਾ ਨੇ ਇਹ ਪ੍ਰੀਖਿਆ ਪਾਸ ਕੀਤੀ।ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੈੱਡ ਟੀਚਰ ਪੰਕਜ ਵਰਮਾ, ਸਤਪਾਲ, ਰਣਜੀਤ ਕੁਮਾਰ, ਮਨਪ੍ਰੀਤ ਸ਼ਰਮਾ ਅਤੇ ਪਰਮਜੀਤ ਸਿੰਘ ਹਾਜ਼ਰ ਸਨ।

# ਮਨੁੱਖੀ ਅਧਿਕਾਰ ਕਾਰਕੁਨ ਲਿੰਗਾਰਾਜ ਆਜ਼ਾਦ ਤੇ ਸੁਰੇਸ਼ ਸੰਗਰਾਮ ਨੂੰ ਰਿਹਾਅ ਕੀਤਾ ਜਾਵੇ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**- ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾਈ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ .ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ ਪਾਲ ਨੇ ਓੜੀਸਾ ਪੁਲਿਸ ਵੱਲੋਂ ਪ੍ਰਮੁੱਖ ਮਨੁੱਖੀ ਅਧਿਕਾਰ ਕਾਰਕੁਨ ਲਿੰਗਾਰਾਜ ਆਜ਼ਾਦ ਅਤੇ ਸੁਰੇਸ਼ ਸੰਗਰਾਮ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਸਮਾਜਵਾਦੀ ਜਨ ਪਰਿਸ਼ਦ ਦੇ ਆਗੂ ਲਿੰਗਾਰਾਜ, ਨਿਆਮਗਿਰੀ ਸੁਰੱਖਿਆ ਸਮਿਤੀ ਅਤੇ ਮਾਂ ਮਾਟੀ ਮਾਲੀ ਸੁਰੱਖਿਆ ਮੰਚ ਵਰਗੇ ਲੋਕ ਅੰਦੋਲਨਾਂ ਨਾਲ ਜੁੜੇ ਰਹੇ ਹਨ। ਉਨ੍ਹਾਂ ਨੇ ਅਨੁਸੂਚਿਤ ਖੇਤਰਾਂ ਵਿੱਚ ਗ਼ੈਰਕਾਨੂੰਨੀ ਅਮਲ ਰਾਹੀਂ ਆਦਿਵਾਸੀ ਜ਼ਮੀਨਾਂ ਐਕਵਾਇਰ ਕੀਤੇ ਜਾਣ ਅਤੇ ਮਾਇਨਿੰਗ ਪ੍ਰੋਜੈਕਟ ਥੋਪਣ ਦੇ ਖ਼ਿਲਾਫ਼ ਲਗਾਤਾਰ ਆਵਾਜ਼ ਉਠਾਈ ਹੈ। ਉਹ ਸੰਵਿਧਾਨ ਦੀ ਪੰਜਵੀਂ ਅਨੁਸੂਚੀ, ਪੇਸਾ ਕਾਨੂੰਨ (ਅਨੁਸੂਚਿਤ ਖੇਤਰਾਂ ਤੱਕ ਪੰਚਾਇਤ ਵਿਸਥਾਰ ਐਕਟ 1996) ਅਤੇ ਫਾਰੈਸਟ ਰਾਈਟਸ ਐਕਟ 2006 ਦੇ ਤਹਿਤ ਆਦਿਵਾਸੀ ਭਾਈਚਾਰਿਆਂ ਦੇ ਅਧਿਕਾਰਾਂ ਦੀ ਰੱਖਿਆ ਲਈ ਲਗਾਤਾਰ ਜੂਝ ਰਹੇ ਹਨ। ਇਹ ਵਿਸ਼ੇਸ਼ ਕਾਨੂੰਨ ਗ੍ਰਾਮ ਸਭਾ ਦੀ ਸੁਤੰਤਰ, ਅਗਾਊਂ ਅਤੇ ਸਪਸ਼ਟ ਜਾਣਕਾਰੀ ਤਹਿਤ ਸਹਿਮਤੀ ਤੋਂ ਬਿਨਾਂ ਕੋਈ ਵੀ ਜ਼ਮੀਨ ਐਕਵਾਇਰ ਕਰਨ ਜਾਂ ਖਣਨ ਕੰਮਾਂ ਲਈ ਵਰਤਣ ਦੀ ਮਨਾਹੀ ਕਰਦੇ ਹਨ।ਆਦਿਵਾਸੀ ਭਾਈਚਾਰੇ ਦੇ ਜੋ ਆਗੂ, ਕਾਰਕੁਨ ਅਤੇ ਜਨਤਕ ਸੰਗਠਨ ਇਸ ਵਿਰੁੱਧ ਆਵਾਜ਼ ਉਠਾਉਂਦੇ ਹਨ, ਉਨ੍ਹਾਂ ਨੂੰ ਝੂਠੇ ਕੇਸਾਂ, ਗ੍ਰਿਫ਼ਤਾਰੀਆਂ, ਜੇਲਬੰਦੀ, ਨਿਗਰਾਨੀ ਅਤੇ ਧਮਕੀਆਂ ਰਾਹੀਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਲਿੰਗਰਾਜ ਆਜ਼ਾਦ ਅਤੇ ਸੁਰੇਸ਼ ਸੰਗਰਾਮ ਨੂੰ ਤੁਰੰਤ ਬਿਨਾਂ ਸ਼ਰਤ ਰਿਹਾ ਕੀਤਾ ਜਾਵੇ।



# ਸ੍ਰੀ ਰਾਮ ਨੌਮੀ ਦੇ ਸੰਬੰਧ 'ਚ ਖੀਰ ਦਾ ਲੰਗਰ ਲਗਾਇਆ



**ਦਸੂਹਾ (ਕਰਨੈਲ ਮਾਂਗਟ)**- ਭਾਰਤੀਆ ਮਜ਼ਦੂਰ ਸੰਘ ਵੱਲੋ ਸਿਨੇਮਾ ਚੌਂਕ ਦਸੂਹਾ ਮਜ਼ਦੂਰ ਸੰਘ ਦੇ ਦਫਤਰ ਵਿਖੇ ਸ੍ਰੀ ਰਾਮ ਨੌਮੀ ਦੇ ਸੰਬੰਧ ਵਿੱਚ ਖੀਰ ਦਾ ਲੰਗਰ ਭਾਰਤੀਆ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਵਿਜੇ ਕੁਮਾਰ ਸ਼ਰਮਾ ਅਤੇ ਮਜ਼ਦੂਰ ਨੇਤਾ ਬਚਨੋ ਦੇਵੀ ਦੀ ਮੁੱਖ ਅਗਵਾਈ ਹੇਠ ਲਗਾਇਆ ਗਿਆ। ਇਸ ਮੌਕੇ ਤੇ ਗਿਆਨੀ ਪ੍ਰੀਤਮ ਸਿੰਘ ਤੇ ਸੋਹਣ ਸਿੰਘ ਬੰਗਾਲੀਪੁਰ ਵੱਲੋਂ ਅਰਦਾਸ ਕੀਤੀ ਗਈ ਤੇ ਖੀਰ ਦੇ ਲੰਗਰ ਦੀ ਆਰੰਭਤਾ ਕੀਤੀ ਗਈ। ਨਰਾਇਣ ਦਾਸ ਸਾਬਕਾ ਸੁਪਰਡੈਂਟ , ਬੇਅੰਤ ਸਿੰਘ, ਜੱਸੀ, ਮਨਦੀਪ ਸਿੰਘ, ਠਾਕੁਰ ਸੁਰਿੰਦਰ ਸਿੰਘ , ਬਾਬਾ ਬੋਹੜ, ਨੰਬਰਦਾਰ ਭੁੱਲਾ ਰਾਮ ਤੇਜੀ ਲਮੀਨ, ਮਨਜੀਤ ਸਿੰਘ, ਸੁੱਚਾ ਸਿੰਘ ,ਅਸ਼ੋਕ ਕੁਮਾਰ ਅਤੇ ਹੋਰ ਹਾਜ਼ਰ ਸਨ। ਭਾਰਤੀਆ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਸੰਘਰਸ਼ੀ ਯੋਧੇ ਕਾਮਰੇਡ ਵਿਜੇ ਕੁਮਾਰ ਸ਼ਰਮਾ ਵੱਲੋਂ ਬਾਬਾ ਬੋਹੜ ਤੇ ਕਮਲੇਸ਼ਵਰ ਵਾਲਮੀਕੀ ਐਜੂਕੇਸ਼ਨਲ ਟਰਸਟ ਦੇ ਜਿਲਾ ਪ੍ਰਧਾਨ ਨੰਬਰਦਾਰ ਭੁੱਲਾ ਰਾਮ ਤੇਜ਼ੀ ਲਮੀਨ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ 'ਤੇ ਕਾਮਰੇਡ ਵਿਜੇ ਕੁਮਾਰ ਸ਼ਰਮਾ ਤੇ ਬਚਨੋ ਦੇਵੀ ਨੇ ਸਭ ਦਾ ਧੰਨਵਾਦ ਕੀਤਾ।

# ਬਾਬਾ ਬਾਲਕ ਨਾਥ ਦੇ ਚਾਲੇ ਦੇ ਸੰਬੰਧ 'ਚ ਸ਼ੋਭਾ ਯਾਤਰਾ ਕੱਢੀ

**ਬਲਾਚੌਰ (ਜਸਵਿੰਦਰ ਬੈਂਸ)**- ਪ੍ਰਾਚੀਨ ਸਿੱਧ ਯੋਗੀ ਬਾਬਾ ਬਾਲਕ ਨਾਥ ਜੀ ਮੰਦਿਰ, ਮੈਹਿੰਦੀਪੁਰ ਵਿਖੇ ਚੇਤ ਦੇ ਨਰਾਤਿਆਂ ਵਿੱਚ ਆਏ ਬਾਬਾ ਜੀ ਦੇ ਪਵਿੱਤਰ ਚਾਲੇ ਨੂੰ ਸਮਰਪਿਤ 13ਵੀਂ ਵਿਸ਼ਾਲ ਸ਼ੋਭਾ ਯਾਤਰਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਕੱਢੀ ਗਈ। ਇਹ ਸ਼ੋਭਾ ਯਾਤਰਾ ਮੈਹਿੰਦੀਪੁਰ ਤੋਂ ਸ਼ੁਰੂ ਹੋ ਕੇ ਗੜ੍ਹਸ਼ੰਕਰ ਰੋਡ, ਭੱਦੀ ਰੋਡ, ਦਾਣਾ ਮੰਡੀ ਅਤੇ ਗਹੁਣ ਰੋਡ ਤੋਂ ਹੁੰਦੀ ਹੋਈ ਵਾਪਸ ਬਾਬਾ ਬਾਲਕ ਨਾਥ ਮੰਦਿਰ ਵਿਖੇ ਪਹੁੰਚ ਕੇ ਸੰਪੰਨ ਹੋਈ। ਸਮਾਗਮ ਦੀ ਸ਼ੁਰੂਆਤ ਸਵੇਰੇ ਝੰਡਾ ਚੜ੍ਹਾਉਣ ਦੀ ਰਸਮ ਨਾਲ ਹੋਈ, ਜੋ ਕਿ ਜ਼ਿਲ੍ਹਾ ਕਾਂਗਰਸ ਪ੍ਰਧਾਨ ਅਜੇ ਮੰਗੂਪੁਰ ਅਤੇ ਰਾਣਾ ਰਣਦੀਪ ਸਿੰਘ ਕੌਸ਼ਲ ਵੱਲੋਂ ਸਾਂਝੇ ਤੌਰ 'ਤੇ ਅਦਾ ਕੀਤੀ ਗਈ। ਸ਼ੋਭਾ ਯਾਤਰਾ ਦੀ ਆਰੰਭਤਾ ਨਗਰ ਕੌਂਸਲ ਪ੍ਰਧਾਨ ਸੁਨੀਲ ਕੌਸ਼ਲ ਲਾਡੀ ਰਾਣਾ ਤੇ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਸਮੂਹ ਕੌਂਸਲਰ ਸ਼ਾਮਿਲ ਹੋਏ। ਯਾਤਰਾ ਦੌਰਾਨ ਸੁਰਿੰਦਰ ਕੁਮਾਰ ਸ਼ਹਿਨਸ਼ਾਹ ਅਤੇ ਪ੍ਰੇਮ ਲਤਾ ਦੀ ਅਗਵਾਈ ਵਿੱਚ ਬਾਬਾ ਜੀ ਦੇ ਜੀਵਨ ਨਾਲ ਸਬੰਧਤ ਬਹੁਤ ਹੀ ਸੁੰਦਰ ਅਤੇ ਮਨਮੋਹਕ ਝਾਕੀਆਂ ਸਜਾਈਆਂ ਗਈਆਂ, ਜੋ ਖਿੱਚ ਦਾ ਕੇਂਦਰ ਰਹੀਆਂ। ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਸੰਗਤਾਂ ਵੱਲੋਂ ਸ਼ੋਭਾ ਯਾਤਰਾ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ



ਚਾਹ-ਪਕੌੜਿਆਂ ਦੇ ਅਤੁੱਟ ਲੰਗਰ ਲਗਾਏ ਗਏ। ਇਸ ਮੌਕੇ ਕਮੇਟੀ ਮੈਂਬਰ ਅਸ਼ੋਕ ਰਾਣਾ, ਕਰਣ ਰਾਣਾ, ਸ਼ਾਮ ਸ਼ਰਮਾ, ਮੋਹਣ ਵਰਮਾ, ਅਵਤਾਰ ਸਿੰਘ, ਸਤਪਾਲ ਪਾਲਾ, ਪੱਪੀ, ਰਾਮ ਲੁਭਾਇਆ ਕੁਲਬੁਮ, ਜੋਗਾ ਰਾਮ ਮੰਢਾਲੀ, ਉਮੇਧ ਸਿੰਘ ਪੁਰੋਹਿਤ, ਅਮਰੀਕ ਸਿੰਘ, ਸ਼ਵੀ, ਪ੍ਰੇਮ ਲਤਾ, ਕਸ਼ਮੀਰ ਕੌਰ, ਕੁਲਦੀਪ ਸਿੰਘ ਭਾਊ, ਸਤਨਾਮ ਗਹੀਰ, ਕੌਂਸਲਰ ਪਰਵਿੰਦਰ ਪੰਮਾ, ਬਲਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਨਤਮਸਤਕ ਹੋਈਆਂ।

# ਖ਼ੂਨਦਾਨ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐੱਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ



ਜਾ ਰਹੀ ਹੈ। ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਸਹਿਯੋਗ ਨਾਲ ਗਰੀਬ ਦਾ ਮੂੰਹ,ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵਲੋਂ ਗੁਰਦੁਆਰਾ ਨੈਕੀ ਸਾਹਿਬ ਪਿੰਡ ਪੰਜੋੜਾ 44 ਵਾਂ ਸਵੈ ਇੱਛਕ ਖੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਬਲੱਡ ਬੈਂਕ ਹੁਸ਼ਿਆਰਪੁਰ ਦੀ ਟੀਮ ਨੂੰ 35 ਸਵੈ ਇੱਛਕ ਬੀਬੀਆਂ ਅਤੇ ਭਾਈਆਂ ਖੂਨਦਾਨ ਕੀਤਾ। ਇਸ ਮੌਕੇ ਗੁਰੂ ਘਰ ਵਜ਼ੀਰ ਉਂਕਾਰ ਸਿੰਘ, ਬਾਬਾ ਜਸਪਾਲ ਸਿੰਘ ਪੰਜੋੜਾ, ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਬਲਜੀਤ ਸਿੰਘ ਬਿੱਲਾ ਅਜਨੋਹਾ, ਬਰਿੰਦਰ ਸਿੰਘ ਬਿੰਦਰ ਪੰਜੋੜ, ਰਣਜੀਤ ਕੁਮਾਰ, ਸੁਮੀਤ ਪਾਲ ਸਿੰਘ, ਮਨਪ੍ਰੀਤ ਸਿੰਘ ਅਜਨੋਹਾ, ਸੁਰਜੀਤ ਸਿੰਘ ਪੰਜੋਲੀ, ਅਮਰਜੀਤ ਸਿੰਘ ਕਾਕਾ, ਸ਼ਾਮ ਲਾਲ ਭਾਮ, ਹਰਮੀਤ ਸਿੰਘ ਪੰਡੋਰੀ ਨਿਜਰਾਂ, ਪਰਮਜੀਤ ਕੌਰ, ਪ੍ਰੇਮ ਕੁਮਾਰ ਈਸਪੁਰ, ਸਤਨਾਮ ਸਿੰਘ ਮਖਸੂਸਪੁਰ, ਰੇਸ਼ਮ ਸਿੰਘ ਪੰਜੋੜ, ਰਣਜੀਤ ਕੌਰ, ਹਰਜਿੰਦਰ ਕੌਰ, ਗੁਰਮੇਜ ਕੌਰ ਆਦਿ ਹਾਜ਼ਰ ਸਨ।

# ਲਾਲੀ ਬਾਜਵਾ ਨੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਸ਼ਹਿਰੀ ਜਥੇਬੰਦੀ ਦਾ ਕੀਤਾ ਐਲਾਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੀ ਜ਼ਿਲ੍ਹਾ ਹੁਸ਼ਿਆਰਪੁਰ ਸ਼ਹਿਰੀ ਜੱਥੇਬੰਦੀ ਦਾ ਐਲਾਨ ਹੁਸ਼ਿਆਰਪੁਰ ਵਿਖੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਕੌਮੀ ਸੀਨੀਅਰ ਮੀਤ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਹੁਸ਼ਿਆਰਪੁਰ ਵਿੱਚ ਮਜ਼ਬੂਤ ਕਰਨ ਲਈ ਹਰੇਕ ਵਰਗ ਦੇ ਮੇਹਨਤੀ ਅਤੇ ਲੰਬੇ ਸਮੇਂ ਤੋਂ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਵਰਕਰਾਂ ਨੂੰ ਵੱਧ ਤੋਂ ਵੱਧ ਨੁਮਾਇੰਦਗੀ ਦਿੱਤੀ ਗਈ ਹੈ ਤੇ ਇਸ ਤੋਂ ਇਲਾਵਾ ਜ਼ਿਲ੍ਹਾ ਜੱਥੇਬੰਦੀ ਵਿੱਚ ਸੀਨੀਅਰ ਆਗੂਆਂ ਤੇ ਨੌਜਵਾਨਾਂ ਨੂੰ ਬਣਦਾ ਸਨਮਾਨ ਦਿੱਤਾ ਗਿਆ ਹੈ।ਸ਼੍ਰੋਮਣੀ ਅਕਾਲੀ ਦਲ ਸ਼ਹਿਰੀ ਜਿਲ੍ਹਾ ਜਥੇਬੰਦੀ ਵਿੱਚ ਸਰਪ੍ਰਸਤ ਵਜੋਂ ਤਜਿੰਦਰ ਸਿੰਘ ਸੋਢੀ, ਇੰਦਰਜੀਤ ਸਿੰਘ ਸੱਚਦੇਵਾ, ਸੁਰਿੰਦਰ ਸਿੰਘ ਪ੍ਰਦੇਸੀ, ਜਰਨੈਲ ਸਿੰਘ ਗੜ੍ਹਸ਼ੰਕਰ, ਜੋਰਾਵਰ ਸਿੰਘ ਚੌਹਾਨ ਦੀ ਨਿਯੁਕਤੀ ਕੀਤੀ ਗਈ ਹੈ ।ਸੀਨੀਅਰ ਮੀਤ ਪ੍ਰਧਾਨ ਵਜੋਂ ਪ੍ਰੇਮ ਸਿੰਘ ਪਿੱਪਲਾਂਵਾਲਾ, ਸੁਖਵਿੰਦਰ ਸਿੰਘ ਰਿਆੜ, ਸੰਜੀਵ ਦੁਆ, ਮੁਕੇਸ਼ ਕੁਮਾਰ ਹਰਿਆਣਾ, ਵਿਕਰਮਜੀਤ ਸਿੰਘ ਕਲਸੀ, ਰੂਪ ਲਾਲ ਥਾਪਰ, ਸੰਤੋਖ ਸਿੰਘ ਔਜਲਾ, ਨਰਿੰਦਰ ਸਿੰਘ, ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ, ਸਤਵਿੰਦਰ ਸਿੰਘ ਆਹਲੂਵਾਲੀਆ, ਰਣਧੀਰ ਸਿੰਘ ਭਾਰਜ, ਰਵਿੰਦਰ ਪਾਲ ਸਿੰਘ ਮਿੰਟੂ ਸੈਣੀ, ਰਣਜੀਤ ਸਿੰਘ ਬਹਾਦਰਪੁਰ, ਬਲਰਾਜ ਸਿੰਘ ਚੌਹਾਨ, ਕੁਲਦੀਪ ਸਿੰਘ ਬੱਬੂ, ਪਰਮਜੀਤ ਸਿੰਘ ਕਲਿਆਣ, ਬਰਜਿੰਦਰਜੀਤ ਸਿੰਘ ਸਿਟੀ ਲਾਈਟ, ਗੁਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਬੈਂਸ, ਹਰਜਿੰਦਰ ਸਿੰਘ ਮੰਡ, ਦਵਿੰਦਰ ਸਿੰਘ ਕਾਹਲੋਂ, ਗੁਰਬਖਸ਼ ਸਿੰਘ ਰਹਿਲ, ਸਵਰਨ ਸਿੰਘ ਜੋਸ਼, ਹਰਭਜਨ ਸਿੰਘ ਸਿੱਧੂ, ਗੁਰਪਾਲ ਸਿੰਘ ਟਾਂਡਾ, ਹਰਪ੍ਰੀਤ ਸਿੰਘ ਹੈਪੀ, ਬਲਵੀਰ ਸਿੰਘ ਸੈਣੀ, ਜਗਦੀਪ ਸਿੰਘ, ਖੁਸ਼ਵੰਤ ਸਿੰਘ ਰਾਜਾ ਬੈਂਸ, ਹਰਿੰਦਰ ਸਿੰਘ ਸੈਣੀ, ਤਜਿੰਦਰ ਸਿੰਘ ਤੇਜੀ, ਜਪਿੰਦਰ ਸਿੰਘ ਅਟਵਾਲ, ਗੁਰਪ੍ਰੀਤ ਸਿੰਘ ਕੋਹਲੀ, ਬੀਬੀ ਮਨਜੀਤ ਕੌਰ, ਮਨਿੰਦਰ ਪਾਲ ਸਿੰਘ ਬੇਦੀ, ਹਰਭਜਨ ਸਿੰਘ ਧਾਲੀਵਾਲ, ਮਦਨ ਲਾਲ ਭਾਟੀਆ, ਅਵਤਾਰ ਸਿੰਘ ਲਾਇਲ ਦੀ ਨਿਯੁਕਤੀ ਕੀਤੀ ਗਈ ਹੈ। ਲਾਲੀ ਬਾਜਵਾ ਨੇ ਅੱਗੇ ਦੱਸਿਆ ਕਿ

## ● ਬਰਿੰਦਰ ਪਰਮਾਰ ਸਕੱਤਰ ਜਨਰਲ, ਸਰਬਜੀਤ ਸਿੰਘ ਬਡਵਾਲ ਜਨਰਲ ਸਕੱਤਰ ਨਿਯੁਕਤ



ਸਕੱਤਰ ਜਨਰਲ ਵਜੋਂ ਬਰਿੰਦਰ ਸਿੰਘ ਪਰਮਾਰ ਦੀ ਨਿਯੁਕਤੀ ਕੀਤੀ ਗਈ ਹੈ। ਜਨਰਲ ਸਕੱਤਰ ਵਜੋਂ ਹਿਤੇਸ਼ ਪਰਾਸ਼ਰ, ਪਰਮਿੰਦਰ ਸਿੰਘ ਲਵਲੀ, ਮਨਦੀਪ ਸਿੰਘ ਜਸਵਾਲ, ਭੁਪਿੰਦਰਜੀਤ ਸਿੰਘ ਹੁਸ਼ਿਆਰਪੁਰ, ਲਖਬੀਰ ਸਿੰਘ ਭਾਰਜ, ਤਰਲੋਕ ਸਿੰਘ ਦਸ਼ਮੇਸ਼ ਨਗਰ, ਸਤਨਾਮ ਸਿੰਘ ਟਾਂਡਾ, ਪਰਮਜੀਤ ਸਿੰਘ, ਇੰਜ. ਦੀਵਾਨ ਸਿੰਘ, ਜਗਦੇਵ ਸਿੰਘ ਢਿੱਲੋਂ, ਸੁਖਵਿੰਦਰ ਸਿੰਘ ਸੁੱਖੀ, ਸੁਖਜੀਤ ਸਿੰਘ ਪ੍ਰਮਾਰ, ਜਸਕਰਨ ਸਿੰਘ ਜੱਸੀ, ਹਰਜੀਤ ਸਿੰਘ ਸੇਠੀ,ਦਵਿੰਦਰ ਸਿੰਘ ਸੀਹਰਾ, ਪ੍ਰਿੰਸੀਪਲ ਰੁਪਿੰਦਰਜੀਤ ਸਿੰਘ, ਜੋਰਾਵਰ ਸਿੰਘ, ਸੰਦੀਪ ਸ਼ਰਮਾ, ਜਤਿੰਦਰ ਸਿੰਘ ਬੇਦੀ, ਦਲਜੀਤ ਸਿੰਘ ਬਾਠ, ਕੈਪਟਨ ਹਰਮੇਲ ਸਿੰਘ, ਆਦੇਸ਼ ਗੁਪਤਾ, ਅੰਮ੍ਰਿਤਪਾਲ ਸਿੰਘ ਖੇੜਾ, ਮੱਖਣ ਸਿੰਘ ਸੁਭਾਸ਼ ਨਗਰ, ਅਮਰਜੀਤ ਸਿੰਘ ਸਹੋਤਾ, ਐਡਵੋਕੇਟ ਰਮਨਪ੍ਰੀਤ ਸਿੰਘ ਰਿਆਤ, ਮਨਦੀਪ ਸਿੰਘ ਗੜ੍ਹਸ਼ੰਕਰ, ਸਰਬਜੀਤ ਸਿੰਘ ਬਡਵਾਲ, ਨਰਿੰਦਰ ਪਾਲ ਸਿੰਘ ਲੱਕੀ ਦੀ ਨਿਯੁਕਤੀ ਕੀਤੀ ਗਈ ਹੈ। ਮੀਤ ਪ੍ਰਧਾਨ ਵਜੋਂ ਜਤਿੰਦਰ ਸਿੰਘ ਗੀਹਲ, ਧਰਮਿੰਦਰ ਕੁਮਾਰ ਬਿੱਲਾ, ਵਰਿੰਦਰ ਕੁਮਾਰ ਭੀਮ ਨਗਰ, ਮਦਨ ਲਾਲ ਲੋਈ, ਕੁਲਬੀਰ ਸਿੰਘ ਰੇਲਵੇ ਮੰਡੀ, ਬਲਜਿੰਦਰ ਸਿੰਘ, ਬਲਜੀਤ ਸਿੰਘ, ਰੋਹਿਤ ਅਗਰਵਾਲ, ਹਰਜੋਤ ਪ੍ਰੀਤ ਸਿੰਘ, ਗੁਰਸ਼ਰਨ ਸਿੰਘ ਭੋਗਲ, ਰਵੀ ਰੇਹਲ, ਦਵਿੰਦਰ ਸਿੰਘ, ਹਰਵਿੰਦਰ ਸਿੰਘ ਨੰਬਰਦਾਰ, ਐਡ. ਸ਼ਰਨ ਸਿੰਘ ਢਿੱਲੋਂ, ਹਨੀ ਭਾਟੀਆ, ਸਤਿੰਦਰ ਸਿੰਘ ਸ਼ਿਵਾਲਕ ਇਨਕਲੇਵ, ਗੁਰਸ਼ਰਨ ਠਾਕੁਰ, ਨਰਿੰਦਰ ਪਾਲ ਸਿੰਘ ਲੱਕੀ, ਬਲਦੇਵ ਸਿੰਘ ਦਿਗਪਾਲ, ਜਸਵੰਤ ਸਿੰਘ ਸ਼ੈਟੀ, ਜਟਾ ਸ਼ੰਕਰ, ਰੋਹਨ ਭੱਟੀ, ਹੀਰਾ ਮੈਹਰਾ, ਕਿਸ਼ਨ ਸਿੰਘ ਨੰਬਰਦਾਰ, ਗੁਰਬਖਸ਼ ਠਾਕੁਰ, ਰਵੀ ਰਹਿਲ, ਅਸ਼ੋਕ ਕੁਮਾਰ, ਗੁਰਦੀਪ ਸਿੰਘ, ਮਾਨਿਕ ਗਰੋਵਰ, ਅਤੁਲ ਸ਼ਰਮਾ, ਜੋਰਾ ਸਿੰਘ, ਮੁਕੇਸ਼ ਸੂਰੀ ਦੀ ਨਿਯੁਕਤੀ ਕੀਤੀ ਗਈ ਹੈ। ਜੂਨੀਅਰ ਮੀਤ ਪ੍ਰਧਾਨ ਵਜੋਂ ਪ੍ਰਿਤਪਾਲ ਸਿੰਘ ਲਾਇਲ, ਮਨਦੀਪ ਸਿੰਘ ਸ਼ਿਵਾਲਿਕ, ਰਜਿੰਦਰ ਸਿੰਘ ਰੂਪ ਨਗਰ, ਮਹਿੰਦਰ ਸਿੰਘ ਹੀਰ, ਗਗਨ ਸਿੰਘ ਭੋਗਲ, ਬਲਵਿੰਦਰ ਸਿੰਘ ਘੁੰਮਣ, ਪੰਜਾਬ ਸਿੰਘ, ਰਾਜੇਸ਼ ਕੁਮਾਰ, ਮਨੂ, ਸੌਰਵ ਭਾਟੀਆ, ਰਿੰਕਲ ਬਾਂਸਲ, ਬਲਵਿੰਦਰ ਸਿੰਘ ਸਹੋਤਾ, ਮਹਿੰਦਰ ਸਿੰਘ, ਸੁਰਜੀਤ ਸਿੰਘ, ਸ਼ਰਨਦੀਪ ਮੱਲ, ਸੰਜੀਵ ਕੁਮਾਰ ਸੋਨੂ, ਹਰਦੀਪ ਸਿੰਘ ਪੁਰਹੀਰਾਂ, ਹਰਿੰਦਰ ਸਿੰਘ ਚਾਵਲਾ ਦੀ ਨਿਯੁਕਤੀ ਕੀਤੀ ਗਈ ਹੈ। ਸਕੱਤਰ ਵਜੋਂ ਮੁਕੇਸ਼ ਭੋਲਾ, ਗੁਰਦੀਪ ਸਿੰਘ, ਮੋਹਨ ਸਿੰਘ ਬਿਰਦੀ, ਬਲਦੇਵ ਸਿੰਘ, ਮਨਸਾ ਰਾਮ ਦੀ ਨਿਯੁਕਤੀ ਕੀਤੀ ਗਈ ਹੈ। ਦਫਤਰ ਇੰਚਾਰਜ ਦੀ ਜਿੰਮੇਵਾਰੀ ਜਪਿੰਦਰ ਪਾਲ ਸਿੰਘ ਅਟਵਾਲ ਨੂੰ ਸੌਂਪੀ ਗਈ ਹੈ। ਇਸ ਤਰ੍ਹਾਂ ਮੀਡੀਆ/ਆਈ.ਟੀ. ਇੰਚਾਰਜ ਵਜੋਂ ਗੁਰਪ੍ਰੀਤ ਸਿੰਘ ਕੋਹਲੀ, ਭੁਪਿੰਦਰਜੀਤ ਸਿੰਘ ਹੁਸ਼ਿਆਰਪੁਰੀ ਦੀ ਨਿਯੁਕਤੀ ਕੀਤੀ ਗਈ ਹੈ। ਮੁੱਖ ਬੁਲਾਰੇ/ ਕਾਨੂੰਨੀ ਸਲਾਹਕਾਰ ਐਡਵੋਕੇਟ ਪੁਨੀਤਇੰਦਰ ਸਿੰਘ ਕੰਗ, ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ, ਐਡਵੋਕੇਟ ਸੂਰਜ ਸਿੰਘ ਬਾਗਪੁਰ, ਐਡਵੋਕੇਟ ਸੁਖਜਿੰਦਰ ਸਿੰਘ ਹੋਣਗੇ। ਲਾਲੀ ਬਾਜਵਾ ਨੇ ਦੱਸਿਆ ਕਿ ਖਜ਼ਾਨਚੀ ਸਤਪਾਲ ਸਿੰਘ ਭੁਲਾਣਾ ਹੋਣਗੇ।ਇਸੇ ਤਰ੍ਹਾਂ ਅਕਾਲੀ ਦਲ ਜਿਲ੍ਹਾ ਹੁਸ਼ਿਆਰਪੁਰ ਸ਼ਹਿਰੀ ਦੀ ਜੱਥੇਬੰਦੀ ਦੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ ਹੈ, ਜਿਸ ਅਨੁਸਾਰ ਮੁਕੇਰੀਆਂ ਸ਼ਹਿਰੀ ਪ੍ਰਧਾਨ ਗੁਰਜਿੰਦਰ ਸਿੰਘ ਚੱਕ, ਦਸੂਹਾ ਸ਼ਹਿਰੀ ਜਸਵਿੰਦਰ ਸਿੰਘ ਕਾਲਰਾ, ਹਰਿਆਣਾ ਸ਼ਹਿਰੀ ਵਰਿੰਦਰ ਸਿੰਘ ਗਿੱਲ, ਟਾਂਡਾ ਸ਼ਹਿਰੀ ਨਿਰਮਲ ਸਿੰਘ ਤੁੱਲੀ, ਗੜ੍ਹਦੀਵਾਲਾ ਸ਼ਹਿਰੀ ਵਰਿੰਦਰ ਗੋਇਲ, ਮਾਹਿਲਪੁਰ ਸ਼ਹਿਰੀ ਅਮਨਦੀਪ ਸਿੰਘ ਬੈਂਸ, ਗੜ੍ਹਸ਼ੰਕਰ ਸ਼ਹਿਰੀ ਸੁਰਿੰਦਰਪਾਲ ਸਿੰਘ ਨਿਯੁਕਤ ਕੀਤੇ ਗਏ ਹਨ।ਅਸਲਾਮਾਬਾਦ ਤੋਂ ਰਵਿੰਦਰਪਾਲ ਸਿੰਘ ਸੈਣੀ, ਪੁਰਹੀਰਾਂ ਤੋਂ ਰਜਿੰਦਰ ਸਿੰਘ, ਨਿਊ ਸਬਜ਼ੀ ਮੰਡੀ ਤੋਂ ਬਰਜਿੰਦਰ ਸਿੰਘ ਸਿਟੀ ਲਾਈਟ, ਪ੍ਰਭਾਤ ਚੌਕ ਤੋਂ ਰੂਪ ਲਾਲ ਥਾਪਰ, ਬਸੀ ਖਵਾਜੂ ਤੋਂ ਕੌਸ਼ਿਕ ਅਰੋੜਾ, ਨਲੋਈਆ ਤੋਂ ਤਜਿੰਦਰ ਸਿੰਘ ਤੇਜੀ, ਬੰਜਰ ਬਾਗ ਤੋਂ ਪਰਮਿੰਦਰ ਸਿੰਘ ਲਵਲੀ, ਬਹਾਦਰਪੁਰ ਤੋਂ ਹਰਭਜਨ ਸਿੰਘ ਵਧਾਵਨ, ਪ੍ਰੇਮਗੜ੍ਹ ਤੋਂ ਰਣਧੀਰ ਸਿੰਘ ਭਾਰਜ, ਫਤਹਿਗੜ੍ਹ ਤੋਂ ਭੁਪਿੰਦਰਜੀਤ ਸਿੰਘ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

# ਮਜਾਰਾ ਦੇ ਨੌਜਵਾਨ ਦਾ ਅੰਤਮ ਸੰਸਕਾਰ

**ਭਲਾਣ (ਹਰਭਜਨ ਢਿੱਲੋਂ)** ਪੰਜਾਬ ਦੀ ਸਰਹੱਦ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਊਨਾ ਵਿੱਚ ਪੈਂਦੇ ਪਿੰਡ ਮਜਾਰਾ ਦਾ ਨੌਜਵਾਨ ਦੁਬਈ ਵਿੱਚ ਹਲਾਕ ਹੋ ਗਿਆ। ਇਸ ਮੌਕੇ ਪਰਿਵਾਰਕ ਮੈਂਬਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਹਿਮਾਚਲ ਪ੍ਰਦੇਸ਼ ਦੇ ਪਿੰਡ ਮਜਾਰਾ ਦਾ ਨੌਜਵਾਨ ਜਸਵਿੰਦਰ ਸਿੰਘ ਉਰਫ ਸ਼ਾਮੀ ਤਿੰਨ ਮਹੀਨੇ ਪਹਿਲਾਂ ਰੁਜ਼ਗਾਰ ਲਈ ਬਾਹਰਲੇ ਦੇਸ਼ ਦੁਬਈ ਗਿਆ ਹੋਇਆ ਸੀ, ਉਥੇ ਉਹ ਟਰਾਲਾ ਚਲਾਉਂਦਾ ਸੀ। ਗੱਡੀ ਵਿੱਚ ਆਈ ਖ਼ਰਾਬੀ ਕਾਰਨ ਉਨ੍ਹਾਂ ਨੂੰ ਅਪਣਾ ਟਰਾਲਾ ਰੋਕਣਾ ਪਿਆ। ਇਸ ਦੌਰਾਨ ਹੋਏ ਡਰੋਨ ਹਮਲੇ ਕਾਰਨ ਉਸ ਨੂੰ ਆਪਣੀ ਜਾਨ ਗੁਆਉਣੀ ਪਈ। ਦੁਬਈ ਤੋਂ ਉਸ ਦੀ ਲਾਸ਼ ਪਹੁੰਚਣ ਤੇ ਪਿੰਡ ਤੇ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ। ਉਨ੍ਹਾਂ ਦਾ ਅੰਤਿਮ ਸੰਸਕਾਰ ਬਹੁਤ ਹੀ ਗਮਗੀਨ ਮਾਹੌਲ ਵਿੱਚ ਹਜ਼ਾਰਾਂ ਸੇਜ਼ਲ ਅੱਖਾਂ ਨਾਲ ਮੌਜੋਵਾਲ ਦੇ ਸ਼ਮਸ਼ਾਨ ਘਾਟ ਵਿਚ ਕੀਤਾ ਗਿਆ। ਉਹ ਆਪਣੇ ਪਿੱਛੇ ਆਪਣੀ ਬਿਰਧ ਮਾਤਾ, ਪਤਨੀ, ਬੇਟਾ ਅਤੇ ਬੇਟੀ ਛੱਡ ਗਏ ਹਨ।



## ਧਾਰਮਿਕ ਪ੍ਰੀਖਿਆ 'ਚ ਨਨਕਾਣਾ ਸਾਹਿਬ ਦੇ ਵਿਦਿਆਰਥੀਆਂ ਜਿੱਤੇ ਇਨਾਮ



**ਸਮਰਾਲਾ (ਸੁਰਜੀਤ ਸਿੰਘ)**-ਪਿਛਲੇ ਸਮੇਂ ਦੌਰਾਨ ਗੁਰੂ ਨਾਨਕ ਮਲਟੀਵਰਸਿਟੀ ਲੁਧਿਆਣਾ ਤੇ ਐਜੂਕੇਟ ਪੰਜਾਬ ਪ੍ਰੋਜੈਕਟ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਵਸ ਅਤੇ ਰੰਗਰੇਟਾ ਗੁਰੂ ਕਾ ਬੇਟਾ ਦਿਵਸ ਨੂੰ ਮਨਾਉਂਦੇ ਹੋਏ ਗੁਰਮਤਿ ਮੁਕਾਬਲਾ ਪੰਜਾਬ ਲੈਵਲ 'ਤੇ ਕਰਵਾਇਆ ਗਿਆ, ਜਿਸ ਵਿੱਚ ਨਨਕਾਣਾ ਸਾਹਿਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਮਪੁਰ ਦੇ ਵਿਦਿਆਰਥੀਆਂ ਵੱਲੋਂ ਪੰਜਾਬ ਪੱਧਰ 'ਤੇ ਪਹਿਲਾ ਤੇ ਦੂਸਰਾ ਸਥਾਨ ਪ੍ਰਾਪਤ ਕੀਤਾ।ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪ੍ਰੀਖਿਆ ਤਿੰਨ ਪੜਾਅ ਵਿੱਚ ਲਈ ਗਈ ਸੀ ਤੇ ਪਹਿਲੇ ਦੋਨੋਂ ਪੜਾਅ ਪਾਰ ਕਰਨ ਵਾਲੇ ਵਿਦਿਆਰਥੀ ਹੀ ਤੀਸਰੇ ਪੜਾਅ ਦੀ ਪ੍ਰੀਖਿਆ ਦੇ ਸਕਦੇ ਸਨ।ਸਕੂਲ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਹਰਲੀਨ ਕੌਰ ਨੇ ਤਿੰਨੋਂ ਲੈਵਲ ਪਾਸ ਕਰ ਕੇ ਪਹਿਲਾ ਸਥਾਨ ਹਾਸਲ ਕਰਕੇ ਇਨਾਮ ਵਜੋਂ ਲੈਪਟਾਪ ਪ੍ਰਾਪਤ ਕੀਤਾ।ਸਕੂਲ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਪ੍ਰਭਦੀਪ ਕੌਰ ਤੇ ਪੰਜਵੀਂ ਜਮਾਤ ਦੀ ਵਿਦਿਆਰਥਣ ਰਿਸਮੀਤ ਕੌਰ ਨੇ ਨਗਦ ਇਨਾਮ ਤੋਂ ਇਲਾਵਾ ਘੜੀਆਂ, ਸਰਟੀਫਿਕੇਟ ਤੇ ਟਰਾਫੀਆਂ ਪ੍ਰਾਪਤ ਕੀਤੀਆਂ।ਵਿਦਿਆਰਥੀਆਂ ਦੀ ਇਹ ਪ੍ਰਾਪਤੀ ਸਕੂਲ ਦੇ ਅਧਿਆਪਕ ਗੁਰਮੀਤ ਕੌਰ ਤੇ ਦੀਪਿੰਦਰ ਕੌਰ ਦੀ ਯੋਗ ਅਗਵਾਈ ਤੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਹੀ ਸੰਭਵ ਹੋ ਸਕੀ ਹੈ।ਸਕੂਲ ਦੇ ਪ੍ਰਿੰਸੀਪਲ ਜਸਵਿੰਦਰ ਸਿੰਘ ਤੇ ਗੁਰੂ ਨਾਨਕ ਮਲਟੀਵਰਸਿਟੀ ਤੋਂ ਯੂਥ ਕੌਂਸਲ ਹਰਜੀਤ ਸਿੰਘ ਬੇਗੋਵਾਲ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਅੱਗੇ ਤੋਂ ਵੀ ਅਜਿਹੀਆਂ ਪ੍ਰਾਪਤੀਆਂ ਲਈ ਪ੍ਰੇਰਿਤ ਕੀਤਾ।

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦਾ ਨਤੀਜਾ ਸ਼ਾਨਦਾਰ



**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵੱਲੋਂ ਵਿੱਦਿਅਕ ਵਰ੍ਹੇ 2025-26 ਦਾ ਨਤੀਜਾ ਘੋਸ਼ਿਤ ਕੀਤਾ ਗਿਆ।ਸਾਰੀਆਂ ਹੀ ਕਲਾਸਾਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਇਸ ਮੌਕੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਾਰੇ ਹੀ ਵਿਦਿਆਰਥੀਆਂ, ਸਟਾਫ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ।ਇਸ ਮੌਕੇ ਵੱਖ-ਵੱਖ ਕਲਾਸਾਂ ਵਿੱਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਕਲਾਸ ਯੂ.ਕੇ.ਜੀ. ਦੀ ਗ੍ਰੈਜੂਏਸ਼ਨ ਸੈਰੇਮਨੀ ਵੀ ਕੀਤੀ ਗਈ।ਵਿੱਦਿਅਕ ਸੈਸ਼ਨ 2025-26 ਦੌਰਾਨ ਕਰਵਾਈਆਂ ਗਈਆਂ ਵੱਖ-ਵੱਖ ਗਤੀਵਿਧੀਆਂ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਉਚੇਚੇ ਤੌਰ 'ਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਨਤੀਜਾ ਲੈਣ ਆਏ ਮਾਪਿਆਂ ਦੀ ਖੁਸ਼ੀ ਚਿਹਰੇ 'ਤੇ ਸਾਫ ਝਲਕਦੀ ਦਿਖਾਈ ਦੇ ਰਹੀ ਸੀ।ਇਸ ਮੌਕੇ ਪਹੁੰਚੇ ਮਾਪਿਆਂ ਨੇ ਸਕੂਲ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਰਵਾਈਆਂ ਜਾਂਦੀਆਂ ਵੱਖ-ਵੱਖ ਗਤੀਵਿਧੀਆਂ ਦੀ ਖੂਬ ਸ਼ਲਾਘਾ ਕੀਤੀ।

## ਚੰਗੇ ਨੰਬਰ ਲੈ ਕੇ ਪਾਸ ਹੋਣ ਵਾਲੇ ਬੱਚਿਆਂ ਦਾ ਕੀਤਾ ਸਨਮਾਨ



**ਸੰਗਾਲਾ (ਪੇਧਨੀ)**-ਸਰਕਾਰੀ ਮਿਡਲ ਸਕੂਲ ਮਨਵਾਲਾ ਵਿਖੇ ਪੰਜਾਬ ਸਰਕਾਰ ਤੇ ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਦੀਆਂ ਹਦਾਇਤਾਂ ਅਨੁਸਾਰ ਮੈਗਾ ਪੀਟੀਐੱਮ ਦਾ ਅਯੋਜਨ ਕੀਤਾ ਗਿਆ, ਜਿਸ ਵਿੱਚ ਐੱਸ ਸੀ ਐੱਮ ਕਮੇਟੀ ਦੇ ਮੈਂਬਰ, ਵਿਦਿਆਰਥੀਆਂ ਦੇ ਮਾਪੇ ਤੇ ਪੰਚਾਇਤ ਮੈਂਬਰਾਂ ਨੇ ਭਾਗ ਲਿਆ। ਇਸ ਮੌਕੇ ਸਕੂਲ ਇੰਚਾਰਜ ਪਰਮਵੀਰ ਸ਼ਰਮਾ ਤੇ ਬਾਕੀ ਸਮੂਹ ਸਕੂਲ ਸਟਾਫ ਮੈਂਬਰਾਂ ਨੇ ਚੰਗੇ ਨੰਬਰ ਲੈ ਕੇ ਪਾਸ ਹੋਣ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ।ਇਸ ਮੌਕੇ ਵਸੀਮ ਅਕਰਮ, ਜਸਪ੍ਰੀਤ ਕੌਰ, ਮੀਨਾਕਸ਼ੀ ਰਾਣੀ, ਮਨਜੀਤ ਕੌਰ ਹਾਜ਼ਰ ਸਨ।

## ਵਧੀਆ ਕਾਰਗੁਜ਼ਾਰੀ ਵਾਲੇ ਵਿਦਿਆਰਥੀ ਕੀਤੇ ਸਨਮਾਨਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਰਕਾਰੀ ਪ੍ਰਾਇਮਰੀ ਸਕੂਲ ਗੁਲਾਬੇਵਾਲਾ ਦੇ ਸੈਸ਼ਨ 2025-26 ਵਿੱਚ ਵਧੀਆ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸੈਂਟਰ ਹੈੱਡ ਟੀਚਰ ਪਰਗਟ ਸਿੰਘ ਜੰਬਰ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਪਹਿਲਾਂ ਸਮਾਗਮ ਵਿੱਚ ਵਿਦਿਆਰਥੀਆਂ ਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਵਿਦਿਆਰਥੀਆਂ ਨੂੰ ਹਰ ਰੋਜ਼ ਸਕੂਲ ਆਉਣ ਲਈ ਪ੍ਰੇਰਿਤ ਕੀਤਾ ਗਿਆ।ਸਿੱਖਿਆ ਵਿਭਾਗ ਵਿੱਚ ਚੱਲ ਰਹੇ ਪ੍ਰਾਜੈਕਟਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਸਰਕਾਰੀ ਸਕੂਲ ਵਿੱਚ ਦਾਖਲ ਕਰਵਾਉਣ ਦੀ ਅਪੀਲ ਕੀਤੀ ਗਈ।ਇਨਾਮ ਵੰਡ ਸਮਾਰੋਹ ਨੂੰ ਸਫਲ ਬਣਾਉਣ ਲਈ ਜਸਵਿੰਦਰ ਸਿੰਘ, ਸੁਨੀਲ ਕੁਮਾਰ ਨਾਰੰਗ, ਸੁਖਜਿੰਦਰ ਸਿੰਘ, ਭੋਲਾ ਸਿੰਘ, ਜਸਵਿੰਦਰ ਕੌਰ, ਗੁਰਪ੍ਰੀਤ ਸਿੰਘ, ਸੁਖਪ੍ਰੀਤ ਕੌਰ, ਚਰਨਜੀਤ ਕੌਰ, ਐੱਸ ਐੱਮ ਸੀ ਮੈਂਬਰ ਗੁਰਪ੍ਰੀਤ ਸਿੰਘ ਤੇ ਜਸਪ੍ਰੀਤ ਸਿੰਘ ਵੱਲੋਂ ਬਣਦਾ ਯੋਗਦਾਨ ਪਾਇਆ ਗਿਆ।ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਅਪਣੀ ਅਮਿੱਟ ਛਾਪ ਛੱਡ ਗਿਆ।

## ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਵਿਸ਼ਵ ਰੰਗਮੰਚ ਦਿਵਸ ਮਨਾਇਆ ਗਿਆ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਪੋਸਟ-ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਵਿਸ਼ਵ ਰੰਗਮੰਚ ਦਿਵਸ ਮਨਾਇਆ ਗਿਆ।ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ. ਸੋਮਪਾਲ ਹੀਰਾ ਨੇ ਵਿਦਿਆਰਥੀਆਂ ਨੂੰ ਰੰਗਮੰਚ ਦੇ ਇਤਿਹਾਸ ਤੇ ਮਹੱਤਵ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ।ਵਿਦਿਆਰਥੀਆਂ ਨੂੰ ਰੰਗਮੰਚ ਨਾਲ਼ ਜੋੜਦਿਆਂ ਡਾ. ਸੋਮਪਾਲ ਨੇ ਨਾਟਕ ਭਾਸ਼ਾ ਵਹਿੰਦਾ ਦਰਿਆ ਦੇ ਕੁਝ ਦ੍ਰਿਸ਼ਾਂ ਦੀ ਪੇਸ਼ਕਾਰੀ ਕਰਕੇ ਵਿਖਾਈ ਤੇ ਅਦਾਕਾਰੀ ਦੇ ਮੂਲ ਨੁਕਤੇ ਸਾਂਝੇ ਕੀਤੇ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਉਚੇਚੇ ਤੌਰ 'ਤੇ ਸ਼ਿਰਕਤ ਕਰਦਿਆਂ ਪੰਜਾਬੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਸਾਹਿਤਕ ਸਰਗਰਮੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਆ।ਅੰਤ ਵਿੱਚ ਡਾ. ਗੁਰਪ੍ਰੀਤ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਗਤੀਵਿਧੀ ਦੇ ਆਯੋਜਨ ਵਿੱਚ ਡਾ. ਸੋਮਪਾਲ ਹੀਰਾ, ਡਾ. ਗੁਰਪ੍ਰੀਤ ਸਿੰਘ ਤੇ ਪ੍ਰੋ. ਹਰਪ੍ਰੀਤ ਕੌਰ ਕਾਹਲੋਂ ਨੇ ਯੋਗਦਾਨ ਪਾਇਆ।ਇਸ ਮੌਕੇ ਡਾ. ਮਨੋਜ ਕੁਮਾਰ ਚੌਧਰੀ ਤੇ ਪ੍ਰੋ. ਨਵਨੀਤ ਕੌਰ ਹਾਜ਼ਰ ਸਨ। ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਤ ਪ੍ਰਾਧਿਆਪਕਾਂ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

## ਨਵੀਂ ਅਨਾਜ ਮੰਡੀ 'ਚ ਵਪਾਰੀਆਂ ਦੀਆਂ ਸੁਣੀਆਂ ਮੁਸ਼ਕਲਾਂ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਤੇ ਪ੍ਰਭਾਵਸ਼ਾਲੀ ਹੱਲ ਲਈ ਨਵੀਂ ਅਨਾਜ ਮੰਡੀ ਧੂਰੀ ਵਿਖੇ ਪੰਜਾਬ ਟਰੇਡ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਦੀ ਅਗਵਾਈ ਹੇਠ ਵਪਾਰੀਆਂ ਨਾਲ ਨੁੱਕੜ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਇਸੇ ਉਦੇਸ਼ ਨਾਲ ਇਹ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਵਪਾਰੀਆਂ ਨੂੰ ਦਰਪੇਸ਼ ਸਥਾਨਕ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੌਜੂਦਗੀ ਨਾਲ ਬਹੁਤੇ ਮਸਲੇ ਤੁਰੰਤ ਹੀ ਨਿਪਟਾਏ ਗਏ।ਇਸ ਮੌਕੇ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਤਿੰਦਰ ਸਿੰਘ ਸੋਨੀ ਮੰਡੇਰ, ਮੈਂਬਰ ਬਸੰਤ ਲਾਲ ਕਾਂਝਲਾ, ਜਸਵੀਰ ਸਿੰਘ, ਦੀਪਕ ਵਰਮਾ, ਕੁਲਦੀਪ ਸਿੰਘ, ਬਿਲਾਲ ਖਾਨ, ਅਮਨ ਖਾਨ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

## ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਮੈਡੀਕਲ ਕੈਂਪ ਤੇ ਲੈਬ ਦਾ ਉਦਘਾਟਨ

### ਸਰਾਵਾਂ ਬੋਦਲਾਂ ਹਸਪਤਾਲ 'ਚ ਸਿਹਤ ਸਹੂਲਤਾਂ ਦਾ ਵਿਸਥਾਰ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ 28 ਮਾਰਚ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸ਼ੇਖੂ/ਪੂਜਾ/ਜਸਵੰਤ ਗਿੱਲ)**-ਲੰਬੀ ਹਲਕੇ ਦੇ ਪਿੰਡ ਸਰਾਵਾਂ ਬੋਦਲਾਂ ਵਿਖੇ ਸਥਿਤ ਸੀ.ਐੱਚ.ਸੀ. ਹਸਪਤਾਲ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ।ਇਸ ਮੌਕੇ ਕੈਬਿਨੇਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਮੈਡੀਕਲ ਕੈਂਪ ਤੇ ਨਵੀਂ ਲੈਬ ਦਾ ਉਦਘਾਟਨ ਕੀਤਾ ਗਿਆ।ਕੈਬਨਿਟ ਮੰਤਰੀ ਸ੍ਰ. ਖੁੱਡੀਆਂ ਨੇ ਦੱਸਿਆ ਕਿ ਹਸਪਤਾਲ ਵਿੱਚ ਨਵੀਂ ਐਕਸ-ਰੇ ਮਸ਼ੀਨ ਵੀ ਲਿਆਂਦੀ ਗਈ ਹੈ, ਜਿਸ ਨਾਲ ਮਰੀਜ਼ਾਂ ਨੂੰ ਤੁਰੰਤ ਤੇ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।ਉਨ੍ਹਾਂ ਕਿਹਾ ਕਿ ਇਹ ਹਸਪਤਾਲ 25 ਬਿਸਤਰਿਆਂ ਦੀ ਸਮਰੱਥਾ ਵਾਲਾ ਹੈ, ਜੋ ਇਲਾਕੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਿਹਤ ਅਤੇ ਸਿੱਖਿਆ ਖੇਤਰ ਵਿੱਚ ਸੁਧਾਰ ਲਿਆਉਣਾ ਹੈ।ਇਸਦੇ ਨਾਲ-ਨਾਲ ਸਰਕਾਰ ਵੱਲੋਂ ਹੋਰ ਖੇਤਰਾਂ ਵਿੱਚ ਵੀ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਗਏ ਹਨ।ਸੜਕਾਂ ਦੀ ਨਿਰਮਾਣ ਕਾਰਜ ਤੇਜ਼ੀ ਨਾਲ ਜਾਰੀ ਹੈ ਤੇ ਸੜਕ ਸੁਰੱਖਿਆ ਫੋਰਸ ਦੀ ਸਥਾਪਨਾ ਕੀਤੀ ਗਈ ਹੈ।]

ਇਸ ਤੋਂ ਇਲਾਵਾ ਸ. ਖੁੱਡੀਆਂ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਅੰਤ ਵਿੱਚ, ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਤਰੱਕੀ ਜਾਰੀ ਰਹੇਗੀ।ਇਸ ਮੌਕੇ ਡਾ. ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ, ਡਾ. ਸਿੰਪਲ ਕੁਮਾਰ ਐਸ.ਐਮ.ਓ ਆਲਮਵਾਲਾ, ਡਾ. ਅੰਮ੍ਰਿਤਪਾਲ ਕੌਰ ਐਸ.ਐਮ.ਓ ਸਰਾਂਵਾ ਬੋਦਲਾਂ, ਡਾ. ਰਾਜਿੰਦਰ ਕੁਮਾਰ ਐਸ.ਐਮ.ਓ ਮਲੋਟ, ਕਰਮਜੀਤ ਸਰਾਵਾਂ, ਸੋਨੂ ਸੰਧੂ ਸਰਾਵਾਂ, ਸੁੱਖਾ ਗੁਰੂਸਰ, ਪਾਲਾ ਬੁਰਜਾਂ, ਮੋਹਨ ਸਿੰਘ ਕੱਟਿਆਂਵਾਲੀ, ਬਲਜਿੰਦਰ ਕੱਟਿਆਂਵਾਲੀ, ਅਨੋਖ ਸਿੰਘ ਸਰਪੰਚ ਕਬਰਵਾਲਾ, ਨਿਰਮਲ ਸਿੰਘ ਕਬਰਵਾਲਾ, ਰਸ਼ਪਾਲ ਸਰਪੰਚ ਗੁਰੂਸਰ, ਸਤਨਾਮ ਸਰਪੰਚ ਸਰਾਵਾਂ ਬੋਦਲਾ, ਪੀ ਏ ਗੁਰਬਾਜ ਖੁੱਡਿਆਂ, ਮੀਡੀਆ ਐਡਵਾਈਜ਼ਰ ਮੋਹਿਤ ਸੋਨੀ ਤੋਂ ਇਲਾਵਾ ਪਤਵੰਤੇ ਹਾਜ਼ਰ ਸਨ।

## ਮੁੱਖ ਮੰਤਰੀ ਕੈਂਪਸ ਦਫ਼ਤਰ ਨੇੜੇ ਨਵੇਂ 'ਆਮ ਆਦਮੀ ਕਲੀਨਿਕ' ਦਾ ਉਦਘਾਟਨ

### ਲੋਕਾਂ ਨੂੰ ਘਰਾਂ ਦੇ ਨੇੜੇ ਮਿਲ ਰਿਹੈ ਮੁਫ਼ਤ ਇਲਾਜ : ਘੁੱਲੀ, ਚੱਠਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਅੱਜ ਸੂਬੇ ਭਰ ਵਿੱਚ 109 ਨਵੇਂ 'ਆਮ ਆਦਮੀ ਕਲੀਨਿਕ' ਲੋਕ ਅਰਪਣ ਕੀਤੇ ਗਏ।ਇਸੇ ਲੜੀ ਤਹਿਤ ਧੂਰੀ ਦੇ ਵਾਰਡ ਨੰਬਰ 5 ਵਿੱਚ ਸਥਿਤ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਬਿਲਕੁਲ ਨਜ਼ਦੀਕ ਇੱਕ ਆਧੁਨਿਕ ਮੁਹੱਲਾ ਕਲੀਨਿਕ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਆਲ ਇੰਡੀਆ ਐੱਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਵਿੱਚ ਅੱਜ ਸੱਚਮੁੱਚ 'ਸਿਹਤ ਕ੍ਰਾਂਤੀ' ਦਾ ਆਗਾਜ਼ ਹੋ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਅੱਜ ਦੇ ਨਵੇਂ ਕਲੀਨਿਕਾਂ ਦੇ ਖੁੱਲ੍ਹਣ ਨਾਲ ਸੂਬੇ ਵਿੱਚ ਕੁੱਲ ਮੁਹੱਲਾ ਕਲੀਨਿਕਾਂ ਦੀ ਗਿਣਤੀ 850 ਤੋਂ ਪਾਰ ਹੋ ਕੇ ਲਗਭਗ 990 ਤੱਕ ਪਹੁੰਚ ਗਈ ਹੈ।ਇਹ ਮਾਨ ਸਰਕਾਰ ਦੀ ਲੋਕ-ਪੱਖੀ ਸੋਚ ਦਾ ਨਤੀਜਾ ਹੈ ਕਿ ਅੱਜ ਗਰੀਬ ਤੇ ਮੱਧ ਵਰਗੀ ਪਰਿਵਾਰਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਮਿਆਰੀ ਇਲਾਜ, ਮੁਫ਼ਤ ਦਵਾਈਆਂ ਤੇ ਟੈਸਟਾਂ ਦੀ ਸਹੂਲਤ ਮਿਲ ਰਹੀ ਹੈ।ਇਸ ਮੌਕੇ ਐਡਵੋਕੇਟ ਹੈਪੀ ਗਰਗ, ਸਮਾਲ ਇੰਡਸਟਰੀਜ਼ ਪੰਜਾਬ ਦੇ ਡਾਇਰੈਕਟਰ ਅਨਿਲ ਮਿੱਤਲ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਜਸਪਾਲ ਸਿੰਘ ਭੁੱਲਰ, ਭੁਪਿੰਦਰ ਸਿੰਘ ਕੌਂਸਲਰ, ਅਸ਼ਵਨੀ ਧੀਰ, ਹਰਪ੍ਰੀਤ ਗਿੱਲ ਵੀਰਭਾਨ ਤੇ ਸੁਖਪਾਲ ਸਿੰਘ ਪਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।ਇਸ ਤੋਂ ਇਲਾਵਾ ਸਿਹਤ ਵਿਭਾਗ ਵੱਲੋਂ ਐੱਸ.ਐੱਮ.ਓ. ਸੰਜੀਵ ਅਰੋੜਾ, ਡਾ. ਸ਼ਮੀਮ ਜੇਹਰਾ, ਡਾ. ਰਿਮੀਸ਼ਾ ਅਤੇ ਹੋਰ ਸਟਾਫ਼ ਮੈਂਬਰਾਂ ਨੇ ਨਵੇਂ ਬਣੇ ਕਲੀਨਿਕ ਦੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

## ਫੌਜ ਨੇ ਪ੍ਰਚਾਰ ਵੈਨ ਰਾਹੀਂ ਭਰਤੀ ਜਾਗਰੂਕਤਾ ਅਭਿਆਨ ਚਲਾਇਆ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਭਾਰਤੀ ਫੌਜ ਵਿੱਚ ਭਰਤੀ ਹੋਣ ਦੇ ਚਾਹਵਾਨ ਨੌਜਵਾਨਾਂ ਦੇ ਲਈ ਭਾਰਤੀ ਸੈਨਾ ਨੇ ਇੱਕ ਜਾਗਰੂਕਤਾ ਅਭਿਆਨ ਦੀ ਸ਼ੁਰੂਆਤ ਕੀਤੀ ਹੈ, ਜਿਸ ਦੇ ਤਹਿਤ ਇੱਕ ਪ੍ਰਚਾਰ ਗੱਡੀ ਚੱਲ ਕੇ ਫਾਜ਼ਿਲਕਾ ਵਿਖੇ ਪਹੁੰਚੀ।ਇਸ ਮੌਕੇ ਸਰਕਾਰੀ ਐੱਮ ਆਰ ਕਾਲਜ ਫਾਜ਼ਿਲਕਾ ਤੇ ਸਰਕਾਰੀ ਆਈ ਟੀ ਆਈ ਫਾਜ਼ਿਲਕਾ ਵਿੱਚ ਵਿਦਿਆਰਥੀਆਂ ਲਈ ਲੈਕਚਰ ਕੀਤੇ ਗਏ।ਇਸ ਦੌਰਾਨ ਭਾਰਤੀ ਫੌਜ ਭਰਤੀ ਦਫ਼ਤਰ ਫਿਰੋਜ਼ਪੁਰ ਤੋਂ ਆਏ ਹਵਲਦਾਰ ਅਰੁਣ ਵੱਲੋਂ ਵਿਦਿਆਰਥੀਆਂ ਨੂੰ ਅਗਨੀਵੀਰ ਸਕੀਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਉਨ੍ਹਾਂ ਭਰਤੀ ਪ੍ਰਕਿਰਿਆ, ਯੋਗਤਾ ਤੇ ਅਗਨੀਵੀਰ ਯੋਜਨਾ ਦੇ ਫਾਇਦੇ ਵੀ ਸਮਝਾਏ।ਇਸ ਦੌਰਾਨ ਪ੍ਰਚਾਰ ਗੱਡੀ ਦੇ ਵੀਡੀਓ ਮਾਧਿਅਮ ਰਾਹੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ।ਇਸ ਤੋਂ ਇਲਾਵਾ, ਉਨ੍ਹਾਂ ਨੇ ਸੈਨਾ ਵਿੱਚ ਅਫਸਰ ਬਣਨ ਦੇ ਮੌਕਿਆਂ, ਜੂਨੀਅਰ ਕਮਿਸ਼ਨਡ ਅਫਸਰ ਤੇ ਹੋਰ ਅਸਾਮੀਆਂ ਬਾਰੇ ਵੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ।ਇਹ ਪ੍ਰੋਗਰਾਮ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਫਾਜ਼ਿਲਕਾ ਵੱਲੋਂ ਆਯੋਜਿਤ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਸੈਨਾ ਵਿੱਚ ਕਰੀਅਰ ਬਣਾਉਣ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ ਸਰਕਾਰੀ ਆਈਟੀਆਈ ਫਾਜ਼ਿਲਕਾ ਦੇ ਪ੍ਰਿੰਸੀਪਲ ਰਾਜਿੰਦਰ ਸਿੰਘ, ਸਰਕਾਰੀ ਐੱਮ ਆਰ ਕਾਲਜ ਦੇ ਪ੍ਰਿੰਸੀਪਲ ਗੁਰਮਿੰਦਰ ਕੌਰ, ਆਈ ਟੀ ਆਈ ਤੋਂ ਗੁਰਜੰਟ ਸਿੰਘ ਤੇ ਜਸਵਿੰਦਰ ਸਿੰਘ ਅਤੇ ਮੈਡਮ ਮਮਤਾ ਗਰੋਵਰ ਸਰਕਾਰੀ ਐੱਮ ਆਰ ਕਾਲਜ ਤੋਂ ਇਲਾਵਾ ਵਿਦਿਆਰਥੀ ਮੌਜੂਦ ਸਨ।

## ਸੀਨੀਅਰ ਸਿਟੀਜ਼ਨ ਕੌਂਸਲ ਮੋਗਾ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜਨ ਕੌਂਸਲ (ਰਿਟਾਇਰਡ ਕਰਮਚਾਰੀ) ਮੋਗਾ ਦੀ ਜਨਰਲ ਮਹੀਨਾਵਾਰ ਮੀਟਿੰਗ ਫੈਡਰੇਸ਼ਨ ਦੇ ਸੀਨੀਅਰ ਉਪ ਪ੍ਰਧਾਨ, ਫਾਊਂਡਰ ਮੈਂਬਰ ਤੇ ਕੌਂਸਲ ਪ੍ਰਧਾਨ ਸਰਦਾਰੀ ਲਾਲ ਕਾਮਰਾ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਦਰਬਾਰ ਸਿੰਘ ਗਿੱਲ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਅੱਜ ਦਾ ਡਿਜੀਟਲ ਯੁਗ ਇਕ ਗੰਭੀਰ ਸਮਾਜਿਕ ਤੇ ਕਾਨੂੰਨੀ ਚੁਣੌਤੀ ਹੈ, ਤੇਜੀ ਨਾਲ ਵਧਦੀ ਤਰੱਕੀ ਨੇ ਜਿਥੇ ਜਿੰਦਗੀ ਨੂੰ ਸੁਖਾਲਾ ਬਣਾਇਆ ਹੈ, ਉਥੇ ਇਸ ਨੇ ਸਾਇਬਰ ਘਟਨਾਵਾਂ ਨੂੰ ਨਵੇਂ 2 ਰੂਪਾਂ ਵਿਚ ਜਨਮ ਦਿਤਾ ਹੈ ਅਤੇ ਇਸ ਦੀ ਲਪੇਟ ਵਿੱਚ ਜ਼ਿਆਦਾਤਰ ਬਜ਼ੁਰਗਾਂ ਦਾ ਆਉਣਾ ਚਿੰਤਾ ਦਾ ਵਿਸ਼ਾ ਹੈ, ਜਿਸ ਨਾਲ ਉਹ ਆਰਥਿਕ, ਮਾਨਸਿਕ ਤੇ ਜਾਣਕਾਰੀ ਦੀ ਚੋਰੀ ਹੋਣ ਦਾ ਸਾਹਮਨਾ ਕਰ ਰਹੇ ਹਨ।ਵਧੇਰੇ ਪੜੇ ਲਿਖੇ ਸਰਕਾਰੀ, ਗੈਰ ਸਰਕਾਰੀ ਅਧਿਕਾਰੀ ਤੇ ਪੈਨਸ਼ਨਰ ਵੀ ਇਸ ਅਪਰਾਧ ਦੇ ਸ਼ਿਕਾਰ ਹੋ ਰਹੇ ਹਨ। ਗਿੱਲ ਨੇ ਕਿਹਾ ਕਿ ਅਜਿਹੇ ਸੰਕਟ ਦੀ ਸਥਿਤੀ ਵਿੱਚ ਰਾਸ਼ਟਰੀ ਹੈਲਪ ਲਾਈਨ ਨੰ:1930 'ਤੇ ਅਤੇ ਵੈਬਸਾਈਟ 'ਤੇ ਸ਼ਿਕਾਇਤ ਤੁਰੰਤ ਦਰਜ ਕਰਵਾਈ ਜਾਵੇ।ਉਨ੍ਹਾਂ ਆਖਿਆ ਕਿ ਕਿ ਸੰਯੁਕਤ ਪਰਿਵਾਰ ਦੇ ਮੈਂਬਰ ਬਜੁਰਗਾਂ ਦੇ ਜੀਵਨ ਦੇ ਤਜਰਬੇ ਤੋਂ ਸੇਧ ਲੈਕੇ ਅਪਣੇ ਭਵਿੱਖ ਨੂੰ ਨਵੀਂ ਉਚਾਈ ਦੇ ਸਕਦੇ ਹਨ ਤੇ ਉਸਦੇ ਇਵਜ ਵਿੱਚ ਉਹਨਾਂ ਦੀ ਮੋਬਾਈਲ/ ਕੰਪਿਊਟਰ ਤੇ ਸੀਮਿਤ ਮਦਦ ਕਰ ਸਕਦੇ ਹਨ ਤਾਂ ਜੋ ਬਜੁਰਗ ਵੀ ਸਮੇਂ ਦੇ ਹਾਨੀ ਬਣੇ ਰਹਿਣ ਕਿਉਂ ਬਹੁਤੇ ਘਰਾਂ ਵਿੱਚ ਬਚਿਆਂ ਵਲੋਂ ਬਜੁਰਗਾਂ ਨੂੰ ਨੈਟ ਸਬੰਧੀ ਜਾਣਕਾਰੀ ਦੇਣ ਤੋਂ ਗੁਰੇਜ਼ ਹੀ ਕੀਤਾ ਜਾਂਦਾ ਹੈ।ਮੀਟਿੰਗ ਵਿੱਚ ਹਰਭਜਨ ਸਿੰਘ, ਸੁਖਚੈਨ ਸਿੰਘ ਤੇ ਪ੍ਰੇਮ ਕੁਮਾਰ ਨੇ ਗੀਤ ਤੇ ਗਜ਼ਲ ਸੁਣਾ ਕੇ ਮਾਹੌਲ ਨੂੰ ਰੰਗੀਨ ਬਣਾ ਦਿੱਤਾ।ਮੰਚ ਸੰਚਾਲਨ ਦੀ ਭੂਮਿਕਾ ਵਿਜੇ ਸ਼ਰਮਾ ਨੇ ਨਿਭਾਈ।ਮਾਰਚ ਮਹੀਨੇ ਵਿਚ ਜਨਮੇ ਸੁਰੇਸ਼ ਕੁਮਾਰ ਦਾ ਜਨਮ ਦਿਨ ਮਨਾ ਕੇ ਉਨ੍ਹਾਂ ਦੀ ਲੰਮੀ ਉਮਰ ਤੇ ਤੰਦਰੁਸਤੀ ਦੀ ਦੂਆ ਕੀਤੀ ਗਈ।ਮੀਟਿੰਗ ਵਿੱਚ ਗੁਰਚਰਨ ਸਿੰਘ ਸੁਪਰਡੈਂਟ, ਇਕਬਾਲ ਸਿੰਘ ਲੋਹਾਮ, ਹੀਰਾ ਲਾਲ ਬਾਂਸਲ, ਜਗਦੀਪ ਸਿੰਘ ਢਿੱਲੋਂ, ਅਮਰ ਸਿੰਘ ਵਿਰਦੀ, ਜੋਗਿੰਦਰ ਸਿੰਘ ਸੰਘਾ, ਗਿਆਨ ਸਿੰਘ, ਜਸਵੀਰ ਸਿੰਘ, ਸੁਰਿੰਦਰ ਸਿੰਘ, ਪ੍ਰਸ਼ੋਤਮ ਲਾਲ ਸ਼ਰਮਾ, ਲਾਲ ਚੰਦ ਅਰੋੜਾ, ਸੁਰਿੰਦਰ ਸਿੰਘ ਸਰਾਂ, ਅਮਰ ਸਿੰਘ ਸੁਪਰਡੈਂਟ, ਰਾਜਿੰਦਰ ਸਿੰਘ ਲੋਹਾਮ ਤੋਂ ਇਲਾਵਾ ਹੋਰ ਵੀ ਹਾਜ਼ਰ ਹੋਏ।

## ਨਿਹਾਲੂਵਾਲ ਵਿਖੇ ਸ਼ਹੀਦਾਂ ਦੀ ਯਾਦ 'ਚ ਅੱਖਾਂ ਦਾ ਕੈਂਪ ਲਗਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਯਾਦ ਨੂੰ ਸਮਰਪਤ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਪਿੰਡ ਨਿਹਾਲੂਵਾਲ ਵਿਖੇ ਲਗਾਇਆ ਗਿਆ, ਜਿਸ ਦਾ ਉਦਘਾਟਨ ਬੀਬੀ ਕੁਲਵੰਤ ਕੌਰ ਨੇ ਕੀਤਾ।ਮੁੱਖ ਮਹਿਮਾਨ ਵਜੋਂ ਕੋਆਰਡੀਨੇਟਰ ਗੁਰਮੇਲ ਸਿੰਘ ਮੌੜ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ।ਆਗੂ ਮੌੜ ਨੇ ਕਿਹਾ ਕਿ ਅਜਿਹੇ ਮੁਫ਼ਤ ਚੈੱਕਅਪ ਕੈਂਪ ਸਮੂਹ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ ਨੂੰ ਹਰ ਇੱਕ ਪਿੰਡ 'ਚ ਲਗਾਉਣੇ ਚਾਹੀਦੇ ਹਨ, ਤਾਂ ਕਿ ਲੋੜਵੰਦ ਪਰਿਵਾਰ ਸਹੂਲਤਾਂ ਦਾ ਲਾਭ ਲੈ ਸਕਣ।ਇਸ ਮੌਕੇ ਅੱਖਾਂ ਮਾਹਿਰ ਡਾਕਟਰ ਤਰਲੋਕੀ ਨਾਥ ਦੀ ਸਹਿਯੋਗੀ ਟੀਮ ਨੇ 200 ਮਰੀਜ਼ਾਂ ਦਾ ਚੈੱਕਅਪ ਕੀਤਾ।ਲੋੜਵੰਦ ਮਰੀਜ਼ਾਂ ਨੂੰ ਲੈਂਜ ਪਾਉਣ ਲਈ ਰੈਫਰ ਕੀਤਾ ਗਿਆ।ਇਸ ਮੌਕੇ ਡਾ: ਸਵਰਨਜੀਤ ਸ਼ਰਮਾ, ਡਾ: ਸੁਖਵਿੰਦਰ ਸਿੰਘ, ਜਗਤਾਰ ਸਿੰਘ ਚਹਿਲ, ਜਗਰੂਪ ਸਿੰਘ, ਭੋਲਾ ਸਿੰਘ, ਕੁਲਵਿੰਦਰ ਸਿੰਘ, ਡਾਕਟਰ ਅਮਰਜੀਤ ਸਿੰਘ ਤੇ ਗੁਰਦੁਆਰਾ ਬੇਗਮਪੁਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਹਾਜ਼ਰ ਸਨ।

## ਵਿਸ਼ਵਕਰਮਾ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਕੈਂਪ ਦਾ ਸਫਲ ਆਯੋਜਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਵਿਸ਼ਕਰਮਾ ਗੁਰਦੁਆਰਾ ਸਾਹਿਬ ਵਿਚ ਬੀਬੀ ਗੁਰਮੀਤ ਕੌਰ ਦੀ ਅਗਵਾਈ ਹੇਠ ਤਿੰਨ ਦਿਨਾਂ ਦਾ ਮੁਫ਼ਤ ਗੁਰਮਤਿ ਕੋਰਸ ਕੈਂਪ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ।ਬਾਬਾਣੀਆ ਕਹਾਣੀ ਪੁਤ ਸਪੁਤ ਕਰੇਨਿ ਦੇ ਮੰਤਵ ਨੂੰ ਧਿਆਨ ਵਿਚ ਰੱਖਦਿਆਂ ਲਗਾਏ ਗਏ ਇਸ ਕੈਂਪ ਵਿਚ 100 ਤੋਂ ਵੱਧ ਬੱਚਿਆਂ ਨੇ ਭਾਗ ਲਿਆ।ਕੈਂਪ ਦੌਰਾਨ ਬੱਚਿਆਂ ਨੂੰ ਸਿੱਖ ਧਰਮ ਦੇ ਮੂਲ ਸਿਧਾਂਤਾਂ ਨਾਲ ਜਾਣੂ ਕਰਵਾਇਆ ਗਿਆ।ਉਨ੍ਹਾਂ ਨੂੰ ਦਸ ਗੁਰੂ ਸਾਹਿਬਾਨ ਦੇ ਜੀਵਨ, ਗੁਰੂ ਸਾਹਿਬ ਦੀ ਬਾਣੀ ਤੇ ਉਪਦੇਸ਼ਾਂ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ। ਬੱਚਿਆਂ ਨੂੰ ਸਿੱਖ ਇਤਿਹਾਸ, ਨੈਤਿਕ ਮੁੱਲਾਂ ਤੇ ਸਹੀ ਜੀਵਨ ਜੀਊਣ ਦੇ ਤਰੀਕਿਆਂ ਬਾਰੇ ਵੀ ਪ੍ਰੇਰਿਤ ਕੀਤਾ ਗਿਆ, ਜਿਸ ਨਾਲ ਉਹ ਆਪਣੇ ਜੀਵਨ ਵਿੱਚ ਚੰਗੀਆਂ ਆਦਤਾਂ ਅਪਣਾਉਣ ਲਈ ਪ੍ਰੇਰਿਤ ਹੋਣ।ਕੈਂਪ ਦੇ ਅਖੀਰਲੇ ਦਿਨ ਬੱਚਿਆਂ ਦੀ ਜਾਣਕਾਰੀ ਦੀ ਜਾਂਚ ਲਈ ਲਿਖਤੀ ਪ੍ਰੀਖਿਆ ਵੀ ਕਰਵਾਈ ਗਈ।ਪ੍ਰਦਰਸ਼ਨ ਦੇ ਆਧਾਰ 'ਤੇ ਹਰ ਉਮਰ ਵਰਗ ਦੇ ਬੱਚਿਆਂ ਨੂੰ ਪਹਿਲਾ, ਦੂਜਾ ਤੇ ਤੀਜਾ ਇਨਾਮ ਦਿੱਤਾ ਗਿਆ।ਇਸ ਤੋਂ ਇਲਾਵਾ ਹਰ ਬੱਚੇ ਨੂੰ ਹੌਸਲਾ ਅਫ਼ਜ਼ਾਈ ਲਈ ਇਨਾਮ ਦੇ ਕੇ ਉਨ੍ਹਾਂ ਦੀ ਹਿੰਮਤ ਵਧਾਈ ਗਈ।ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਕਈ ਸੇਵਾਦਾਰਾਂ ਤੇ ਸੰਗਤਾਂ ਨੇ ਆਪਣਾ ਯੋਗਦਾਨ ਦਿੱਤਾ।ਖਾਸ ਤੌਰ 'ਤੇ ਬੀਬੀ ਜਸਵਿੰਦਰ ਕੌਰ (ਸਾਬਕਾ ਪ੍ਰਧਾਨ), ਸੰਗੀਤਾ ਰਾਣੀ ਗਰਗ, ਮਨਪ੍ਰੀਤ ਕੌਰ, ਰੇਖਾ ਰਾਣੀ, ਆਸਾ ਰਾਣੀ, ਮਹਿੰਦਰ ਕੌਰ, ਨਰਿੰਦਰ ਕੌਰ, ਕੁਲਵਿੰਦਰ ਕੌਰ, ਮੋਨੂ, ਕਮਲਪ੍ਰੀਤ ਕੌਰ, ਰਾਜਕਮਲ ਸਿੰਘ, ਅਰਮਾਨ ਸਿੰਘ ਤੇ ਬਲਵਿੰਦਰ ਸਿੰਘ ਗ੍ਰੀਨ ਵਾਲੇ (ਸਰਪ੍ਰਸਤ) ਨੇ ਪੁਰਜੋਰ ਸਹਿਯੋਗ ਦਿੱਤਾ।ਇਸ ਮੌਕੇ ਮੋਗਾ ਤੋਂ ਸਿੱਖ ਮਿਸ਼ਨਰੀ ਕਾਲਜ ਮੋਗਾ ਸਰਕਲ ਦੇ ਚਰਨਜੀਤ ਸਿੰਘ ਤੇ ਉਨ੍ਹਾਂ ਦੇ ਸਾਥੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਤੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਪ੍ਰੇਰਿਤ ਕੀਤਾ।ਅਖੀਰ ਵਿੱਚ ਗੁਰਦੁਆਰਾ ਸਾਹਿਬ ਵਿਖੇ ਸਾਂਝੇ ਲੰਗਰ ਦੀ ਸੇਵਾ ਨਾਲ ਪ੍ਰੋਗਰਾਮ ਦਾ ਸਮਾਪਨ ਕੀਤਾ ਗਿਆ।ਪ੍ਰਬੰਧਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਨੀਂਹ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

## ਸਰਕਾਰੀ ਸਕੂਲ ਗੋਬਿੰਦਪੁਰਾ ਵਿਖੇ ਮੈਗਾ ਮਾਪੇ-ਅਧਿਆਪਕ ਮਿਲਣੀ

### ਇੰਟਰਐਕਟਿਵ ਪੈਨਲਾਂ ਦਾ ਉਦਘਾਟਨ ਤੇ ਵਿਦਿਆਰਥੀਆਂ ਦਾ ਸਨਮਾਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ ਹੇਠ ਮੈਗਾ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮਿਲਣੀ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਹਿੱਸਾ ਲੈ ਕੇ ਆਪਣੇ ਬੱਚਿਆਂ ਦੀ ਸਿੱਖਿਆ ਸੰਬੰਧੀ ਜਾਣਕਾਰੀ ਪ੍ਰਾਪਤ ਕੀਤੀ। ਮਿਲਣੀ ਦੌਰਾਨ ਅਧਿਆਪਕਾਂ ਵੱਲੋਂ ਮਾਪਿਆਂ ਨਾਲ ਵਿਦਿਆਰਥੀਆਂ ਦੀਆਂ ਨਾਨ-ਬੋਰਡ ਜਮਾਤਾਂ ਦੇ ਸਾਲਾਨਾ ਨਤੀਜੇ, ਹੋਲਿਸਟਿਕ ਪ੍ਰੋਗਰੈਸ ਕਾਰਡ, ਹਾਜ਼ਰੀ ਤੇ ਐੱਸ ਐੱਮ ਐੱਸ ਅਲਰਟ ਪ੍ਰਣਾਲੀ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਲੜਕੀਆਂ ਦੇ ਐੱਚ. ਪੀ. ਵੀ. ਟੀਕਾਕਰਨ ਤੇ ਹੁਨਰ ਸਿੱਖਿਆ (ਵੋਕੇਸ਼ਨਲ ਐਜੂਕੇਸ਼ਨ) ਸਬੰਧੀ ਵੀ ਉਨ੍ਹਾਂ ਨੂੰ ਜਾਗਰੂਕ ਕੀਤਾ ਗਿਆ। ਸਕੂਲ ਦੇ ਮੀਡੀਆ ਇੰਚਾਰਜ ਡਾ. ਰਣਜੋਧ ਸਿੰਘ ਲੈਕਚਰਾਰ (ਅਰਥਸ਼ਾਸਤਰ) ਨੇ ਦੱਸਿਆ ਕਿ ਇਸ ਮੌਕੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਾਲਵਾ ਜ਼ੋਨ (ਪੱਛਮੀ) ਦੇ ਸਿੱਖਿਆ ਕੋਆਰਡੀਨੇਟਰ ਤੇ ਸਾਬਕਾ ਬੀ.ਪੀ.ਈ.ਓ. ਹਰਮੰਦਰ ਸਿੰਘ ਬਰਾੜ ਨੇ ਵਿਸ਼ੇਸ਼ ਤੌਰ 'ਤੇ 'ਪੰਜਾਬ ਸਿੱਖਿਆ ਕ੍ਰਾਂਤੀ' ਦੇ ਤਹਿਤ ਸਕੂਲ ਦਾ ਦੌਰਾ ਕਰਦਿਆਂ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਜਾਣਕਾਰੀ ਦਿੱਤੀ ਤੇ ਮਿਲਣੀ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਸ. ਬਰਾੜ ਵੱਲੋਂ ਸਕੂਲ ਵਿੱਚ ਸਿੱਖਿਆ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਨਵੀਂ ਤਕਨਾਲੋਜੀ ਨੂੰ ਪ੍ਰੋਤਸਾਹਤ ਕਰਦੇ ਹੋਏ ਦੋ ਇੰਟਰਐਕਟਿਵ ਪੈਨਲਾਂ ਦਾ ਉਦਘਾਟਨ ਵੀ ਕੀਤਾ ਗਿਆ। ਮਿਲਣੀ ਦੇ ਅੰਤ ਵਿੱਚ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਲੈਕ. ਮਨਜੋਤ ਕੌਰ, ਲੈਕ. ਗਲੋਰੀ, ਲੈਕ. ਚਮਕੌਰ ਸਿੰਘ, ਲੈਕ. ਸੁਖਵਿੰਦਰ ਕੌਰ, ਅਧਿਆਪਕ ਵਿਪਨ ਕੁਮਾਰ, ਜਸਵਿੰਦਰ ਸਿੰਘ, ਸੰਤੋਸ਼ ਕੁਮਾਰ, ਪਦਮਰਾਜ ਰਾਜ, ਰਾਜਪ੍ਰੀਤ ਕੌਰ ਤੇ ਗੁਰਸ਼ਰਨ ਕੌਰ ਸਮੇਤ ਸਮੂਹ ਸਟਾਫ ਨੇ ਸਫਲ ਰਹੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਅਜ਼ਾਦ ਕਿਸਾਨ ਮੋਰਚਾ ਪੰਜਾਬ ਵੱਲੋਂ ਅਹਿਮ ਮੀਟਿੰਗ ਪਹਿਲੀ ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਅਜ਼ਾਦ ਕਿਸਾਨ ਮੋਰਚਾ ਪੰਜਾਬ (ਏ ਕੇ ਐੱਮ) ਫੋਰਮ ਵੱਲੋਂ 1 ਅਪ੍ਰੈਲ ਨੂੰ ਮੋਗਾ ਦੇ ਨਛੱਤਰ ਸਿੰਘ ਹਾਲ ਵਿੱਚ ਸਵੇਰੇ 10 ਵਜੇ ਅਹਿਮ ਮੀਟਿੰਗ ਬੁਲਾਈ ਗਈ ਹੈ।ਇਸ ਮੀਟਿੰਗ ਵਿੱਚ ਕਿਸਾਨੀ ਨਾਲ ਜੁੜੇ ਮੁੱਖ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਤੇ ਅਗਲੇ ਸੰਘਰਸ਼ ਦੀ ਰਣਨੀਤੀ ਤੈਅ ਕੀਤੀ ਜਾਵੇਗੀ। ਇਸ ਬਾਰੇ ਜਾਣਕਾਰੀ ਦਿੰਦਿਆਂ ਅਜ਼ਾਦ ਕਿਸਾਨ ਮੋਰਚੇ ਦੇ ਮੈਂਬਰਾਂ ਸੁੱਖ ਗਿੱਲ ਮੋਗਾ, ਸਤਨਾਮ ਸਿੰਘ ਸੰਧੂ ਤੇ ਜਸਬੀਰ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਮੀਟਿੰਗ ਦੌਰਾਨ ਪੰਜਾਬ ਵਿੱਚ ਖਸ-ਖਸ ਦੀ ਖੇਤੀ ਨੂੰ ਕਾਨੂੰਨੀ ਮਨਜ਼ੂਰੀ ਦੇਣ ਸਬੰਧੀ ਡਿਪਟੀ ਕਮਿਸ਼ਨਰ ਮੋਗਾ ਨੂੰ ਕੇਂਦਰ ਸਰਕਾਰ ਦੇ ਨਾਮ ਇੱਕ ਮੰਗ ਪੱਤਰ ਵੀ ਸੌਂਪਿਆ ਜਾਵੇਗਾ।ਮੋਰਚੇ ਦੇ ਪ੍ਰਤੀਨਿਧੀਆਂ ਨੇ ਦੱਸਿਆ ਕਿ ਕਈ ਪੀੜਤ ਪਰਵਾਰਾਂ ਨੂੰ ਅਜੇ ਤੱਕ ਹੜ੍ਹਾਂ ਦੇ ਨੁਕਸਾਨ ਦਾ ਪੂਰਾ ਮੁਆਵਜ਼ਾ ਨਹੀਂ ਮਿਲਿਆ, ਜਿਸ ਕਾਰਨ ਉਨ੍ਹਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਿਸਾਨੀ ਮਸਲਿਆਂ ਦਾ ਜਲਦੀ ਹੱਲ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਰਾਹਤ ਮਿਲ ਸਕੇ।

## ਬਾਘਾ ਪੁਰਾਣਾ ਬਲਾਕ ਸਮਿਤੀ ਚੋਣਾਂ 'ਚ 'ਆਪ' ਦੀ ਜਿੱਤ, ਸਰਬਜੀਤ ਕੌਰ ਬਣੇ ਚੇਅਰਮੈਨ

### ਹਾਈ ਕੋਰਟ ਦੇ ਆਬਜ਼ਰਵਰ ਦੀ ਨਿਗਰਾਨੀ ਹੇਠ ਸ਼ਾਂਤੀਪੂਰਨ ਤਰੀਕੇ ਨਾਲ ਮੁਕੰਮਲ ਹੋਈ ਚੋਣ



**ਮੋਗਾ (ਇਕਬਾਲ ਸਿੰਘ ਖਹਿਰਾ)**-ਬਾਘਾ ਪੁਰਾਣਾ ਬਲਾਕ ਸੰਮਤੀ ਦੇ ਚੇਅਰਮੈਨ ਤੇ ਉਪ ਚੇਅਰਮੈਨ ਦੀ ਚੋਣ, ਜੋ 17 ਮਾਰਚ ਨੂੰ ਬਾਘਾ ਪੁਰਾਣਾ ਵਿਖੇ ਹੋਈ ਸੀ, ਉਸ 'ਤੇ ਅਕਾਲੀ ਦਲ ਦੇ ਜੇਤੂ ਮੈਂਬਰਾਂ ਵੱਲੋਂ ਸਵਾਲ ਚੁੱਕੇ ਗਏ ਸਨ ਅਤੇ ਉਸ ਦੀ ਰਿਟ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਵਿੱਚ ਪਾਈ ਗਈ ਸੀ, ਜਿਸ 'ਤੇ ਅਦਾਲਤ ਵੱਲੋਂ 28 ਮਾਰਚ ਨੂੰ ਇਹ ਚੋਣਾਂ ਮੁੜ ਤੋਂ ਕਰਵਾਉਣ ਦਾ ਨਿਰਦੇਸ਼ ਜਾਰੀ ਕੀਤਾ ਸੀ।ਇਹ ਚੋਣ ਸ਼ਨੀਵਾਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਵਿਖੇ ਹਾਈਕੋਰਟ ਦੇ ਆਬਜ਼ਰਵਰ ਦੀ ਨਿਗਰਾਨੀ ਹੇਠ ਹੋਈ, ਜਿਸ ਵਿੱਚ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਜਿੱਤ ਦਰਜ ਕੀਤੀ ਹੈ।ਚੋਣ ਨਤੀਜਿਆਂ ਅਨੁਸਾਰ ਬਲਾਕ ਸੰਮਤੀ ਬਾਘਾ ਪੁਰਾਣਾ ਦੀ ਚੇਅਰਪਰਸਨ ਸਰਬਜੀਤ ਕੌਰ ਨੂੰ 14 ਵੋਟਾਂ ਮਿਲੀਆਂ, ਜਿਸ ਨਾਲ ਚੇਅਰਪਰਸਨ ਦਾ ਤਾਜ਼ ਉਸ ਦੇ ਸਿਰ ਸਜਿਆ।ਦੂਜੇ ਪਾਸੇ ਵਿਰੋਧੀ ਧਿਰ ਨੂੰ 12 ਵੋਟਾਂ ਪ੍ਰਾਪਤ ਹੋਈਆਂ ਅਤੇ ਵਾਈਸ ਚੇਅਰਪਰਸਨ ਵਜੋਂ ਚਰਨਜੀਤ ਕੌਰ ਲੰਗੇਆਣਾ ਦੀ ਚੋਣ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁਖਾ ਨੰਦ ਨੇ ਕਿਹਾ ਕਿ ਉਹ ਮਾਨਯੋਗ ਹਾਈਕੋਰਟ ਦੇ ਨਿਰਦੇਸ਼ਾਂ ਦਾ ਪਾਲਣ ਕਰਦੇ ਹੋਏ ਇਹ ਚੋਣ ਮੁੜ ਤੋਂ ਉਨ੍ਹਾਂ ਦੀ ਦੇਖ-ਰੇਖ ਹੇਠ ਹੋਈ ਹੈ, ਜਿਸ ਵਿੱਚ ਵੀ ਮੁੜ ਤੋਂ ਆਮ ਆਦਮੀ ਪਾਰਟੀ ਦੀ ਚੇਅਰਪਰਸਨ ਹੀ ਜੇਤੂ ਰਹੀ ਹੈ, ਜਦੋਂ ਕਿ ਉਨ੍ਹਾਂ 'ਤੇ ਪਹਿਲਾਂ ਵੀ ਵੱਡੀ ਗਿਣਤੀ ਵਿੱਚ ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਹਮਲਾ ਕੀਤਾ ਗਿਆ ਸੀ, ਉਨ੍ਹਾਂ ਨੇ ਨਾ ਤਾਂ ਪਹਿਲਾਂ ਤੇ ਨਾ ਹੋਣ ਕਿਸੇ ਤਰ੍ਹਾਂ ਦੀ ਕੋਈ ਧੱਕੇਸ਼ਾਹੀ ਕੀਤੀ ਸੀ, ਇਹ ਸਭ ਪ੍ਰਚਾਰ ਅਕਾਲੀ ਦਲ ਵੱਲੋਂ ਜਾਣ ਬੁੱਝ ਕੇ ਕਰਦਿਆਂ ਲੋਕਾਂ ਨੂੰ ਇਹ ਸੰਦੇਸ਼ ਦੇਣ ਦੀ ਨਾਕਾਮ ਕੋਸ਼ਿਸ਼ ਕੀਤੀ ਸੀ, ਜਿਸ ਦਾ ਅੱਜ ਮੁੜ ਤੋਂ ਚੇਅਰਪਰਸਨ ਆਮ ਆਦਮੀ ਪਾਰਟੀ ਦੀ ਸਰਬਜੀਤ ਕੌਰ ਨੂੰ ਚੁਣਿਆ ਗਿਆ ਹੈ। ਵਿਧਾਇਕ ਸੁੱਖਾ ਨੰਦ ਨੇ ਕਿਹਾ ਕਿ ਉਹ ਸਮੁੱਚੇ ਮੈਂਬਰਾਂ ਦਾ ਧੰਨਵਾਦ ਕਰਦੇ ਹਨ ਜਿਨਾਂ ਨੇ ਸਰਬਜੀਤ ਕੌਰ ਤੇ ਭਰੋਸਾ ਪ੍ਰਗਟ ਕੀਤਾ ਤੇ ਉਨ੍ਹਾਂ ਨੂੰ ਚੇਅਰਪਰਸਨ ਚੁਣਿਆ।ਅੰਤ ਵਿੱਚ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਤੇ ਇਹ ਜਿੱਤ ਲੋਕਾਂ ਦੇ ਭਰੋਸੇ ਦੀ ਜਿੱਤ ਹੈ।

## ਸਰਕਾਰੀ ਸਕੂਲ ਸੋਹਣਗੜ੍ਹ ਵਿਖੇ ਅਧਿਆਪਕ-ਮਾਪੇ ਮਿਲਣੀ ਕਰਵਾਈ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੋਹਣਗੜ੍ਹ ਵਿਖੇ ਅਧਿਆਪਕ-ਮਾਪੇ ਮਿਲਣੀ ਕਰਵਾਈ ਗਈ।ਇਸ ਵਿੱਚ ਛੇਵੀਂ, ਸੱਤਵੀਂ, ਨੌਵੀਂ ਤੇ ਗਿਆਰਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ ਕੀਤਾ ਗਿਆ।ਐਲਾਨੇ ਗਏ ਨਤੀਜੇ ਅਨੁਸਾਰ ਛੇਵੀਂ ਜਮਾਤ ਦੀ ਵਿਦਿਆਰਥਣ ਮਨਦੀਪ ਕੌਰ, ਸੱਤਵੀਂ ਵਿੱਚੋਂ ਅੰਗੂਰ ਆਲਮ, ਨੌਵੀਂ ਏ ਜਮਾਤ ਵਿੱਚੋਂ ਪਰਮਿੰਦਰ ਕੌਰ, ਨੌਵੀਂ ਬੀ ਵਿੱਚੋਂ ਅਨਮੋਲ ਕੌਰ ਤੇ ਗਿਆਰਵੀਂ ਜਮਾਤ ਵਿੱਚੋਂ ਸੁਨੀਤਾ ਕੌਰ ਨੇ ਆਪੋ-ਆਪਣੀ ਜਮਾਤ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਇਸ ਮੌਕੇ ਸਮੂਹ ਸਟਾਫ ਵੱਲੋਂ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਬੋਲਦਿਆਂ ਸਕੂਲ ਮੁਖੀ ਜਨਕ ਰਾਜ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਅਗਲੀਆਂ ਜਮਾਤਾਂ ਵਿੱਚ ਉਤਸ਼ਾਹ ਨਾਲ ਪੜ੍ਹਾਈ ਕਰਨ ਦੇ ਨਾਲ-ਨਾਲ ਹੋਰਨਾਂ ਖੇਤਰਾਂ ਵਿੱਚ ਵੀ ਅੱਗੇ ਆਉਣ ਲਈ ਕਿਹਾ।ਇਸ ਦੇ ਨਾਲ ਹੀ ਸਕੂਲ ਵਿੱਚ ਕਿਹੜੇ ਪੰਜਾਬ ਸਰਕਾਰ ਵੱਲੋਂ ਭੇਜੇ ਗਏ ਐੱਲ. ਈ. ਡੀ. ਪੈਨਲ ਇੰਸਟਾਲ ਕੀਤੇ ਗਏ, ਜਿਸ ਨੂੰ ਇਸ ਸਮੇਂ ਐੱਸ. ਐੱਮ. ਸੀ. ਕਮੇਟੀ ਮੈਂਬਰ ਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਅੱਖੀਂ ਦੇਖਿਆ ਤੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਮੂਹ ਸਟਾਫ ਤੇ ਐੱਸ. ਐੱਮ. ਸੀ. ਕਮੇਟੀ ਮੈਂਬਰ ਹਾਜ਼ਰ ਸਨ।

## ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਨੇ ਭਵਨ ਦੀ ਪਹਿਲੀ ਵਰ੍ਹੇਗੰਢ ਮਨਾਈ

**ਜਗਰਾਉਂ (ਅਮਿਤ ਖੰਨਾ)**

ਸੀਨੀਅਰ ਸਿਟੀਜਨ ਵੈੱਲਫੇਅਰ ਫੋਰਮ ਜਗਰਾਓਂ ਦੇ ਮੈਂਬਰਾਂ ਨੇ ਇੱਥੇ ਨਵੇਂ ਬਣੇ ਭਵਨ ਵਿਖੇ ਪ੍ਰਧਾਨ ਮਦਨ ਲਾਲ ਬਾਂਸਲ ਦੀ ਪ੍ਰਧਾਨਗੀ ਹੇਠ ਭਵਨ ਦੀ ਪਹਿਲੀ ਵਰ੍ਹੇਗੰਢ ਮਨਾਈ। ਇਸ ਪ੍ਰੋਗਰਾਮ ਵਿੱਚ ਸ਼੍ਰੀ ਕ੍ਰਿਸ਼ਨਾ ਜੌਵਾਲਾ ਪ੍ਰਸ਼ਾਦ ਰੈੱਡ ਕ੍ਰਾਸ ਸੋਸਾਇਟੀ ਦੇ ਸੱਕਤਰ ਸ. ਕੰਵਲਜੀਤ ਸਿੰਘ ਮੱਲਾ ਮੁੱਖ ਮਹਿਮਾਨ ਵਜੋਂ ਹਾਜ਼ਰ ਸਨ।



ਮੀਟਿੰਗ ਦੀ ਸ਼ੁਰੂਆਤ ਪ੍ਰਧਾਨ ਮਦਨ ਲਾਲ ਬਾਂਸਲ ਨੇ ਮੁੱਖ ਮਹਿਮਾਨ ਤੇ ਮੈਂਬਰਾਂ ਦਾ ਸੁਆਗਤ ਕਰਕੇ ਕੀਤੀ।ਮੰਚ ਦੀ ਭੂਮਿਕਾ ਨਭਾਉਂਦੇਂ ਹੋਏ ਸੱਕਤਰ ਸ਼ਸ਼ੀ ਭੂਸ਼ਣ ਜੈਨ ਨੇ ਰਾਸ਼ਟਰੀ ਗੀਤ ਨਾਲ ਕੀਤੀ।ਜ਼ਿਕਰਯੋਗ ਹੈ ਕਿ ਸੀਨੀਅਰ ਸਿਟੀਜਨ ਵੈੱਲਫੇਅਰ ਫੋਰਮ ਦੇ ਇਸ ਨਵੇਂ ਬਣੇ ਭਵਨ ਲਈ ਪਿਛਲੇ ਸਾਲ ਰੈੱਡ ਕ੍ਰਾਸ ਸੋਸਾਇਟੀ ਵੱਲੋਂ ਭਵਨ ਲਈ ਜਗ੍ਹਾ ਤੇ ਪੰਜ ਲੱਖ ਰੁਪੈ ਗਰਾਂਟ ਦਿੱਤੀ ਗਈ ਸੀ ਤੇ ਬਾਕੀ ਦੀ ਸਾਰੀ ਰਕਮ ਮੈਂਬਰਾਂ ਨੇ ਅਪਣੇ ਵੱਲੋਂ ਦਾਨ ਦੇ ਕੇ ਭਵਨ ਦਾ ਨਵੀਂਕਰਨ ਕੀਤਾ।ਪ੍ਰਧਾਨ ਮਦਨ ਲਾਲ ਬਾਂਸਲ, ਸੱਕਤਰ ਸ਼ਸ਼ੀ ਭੂਸ਼ਣ ਜੈਨ, ਵਿੱਤ ਸੱਕਤਰ ਅਰੁਣ ਕੁਮਾਰ ਸਿੰਗਲ ਤੇ ਫੋਰਮ ਦੇ ਅਹੁਦੇਦਾਰਾਂ ਨੇ ਮੁੱਖ ਮਹਿਮਾਨ ਸਰਦਾਰ ਕੰਵਲਜੀਤ ਸਿੰਘ ਮੱਲਾ ਨੂੰ ਸਿਰੋਪਾ ਭੇਟ ਕਰਕੇ ਸਨਮਾਨ ਕੀਤਾ।ਮੁੱਖ ਮਹਿਮਾਨ ਕੰਵਲਜੀਤ ਮੱਲਾ ਨੇ ਅਪਣੇ ਸੰਬੋਧਨ ਵਿਚ ਸੀਨੀਅਰ ਸਿਟੀਜਨ ਲਈ ਦਿੱਤੀ ਜਗ੍ਹਾ ਤੇ ਗਰਾਂਟ ਲਈ ਫ਼ਖ਼ਰ ਮਹਿਸੂਸ ਕੀਤਾ।ਫੋਰਮ ਦੇ ਹੋਂਦ ਵਿੱਚ ਆਉਣ ਤੋਂ ਲੈ ਕੇ ਹੁਣ ਤੱਕ ਫਾਉਂਡਰ ਮੈਂਬਰ ਤੇ ਫੋਰਮ ਦੇ ਸੰਵਿਧਾਨ ਦੇ ਚੇਅਰਮੈਨ ਸੀਨੀਅਰ ਐਡਵੋਕੇਟ ਸੰਤੋਖ ਸਿੰਘ ਦਿਓਲ ਨੇ ਫੋਰਮ ਦੀ ਗਤੀਵਿਧੀਆਂ ਬਾਰੇ ਚਾਨਣਾ ਪਾਇਆ।ਮੈਂਬਰ ਕੈਪਟਨ ਨਰੇਸ਼ ਵਰਮਾ, ਨਰੇਸ਼ ਝਾਂਜੀ, ਪੀ ਆਰ ਓ ਲਲਿਤ ਅੱਗਰਵਾਲ, ਮੈਂਬਰ ਜਗਦੀਸ਼ ਪਾਲ ਮਹਿਤਾ, ਰਿਟਾਇਰਡ ਡੀ ਵੀ ਓ ਵਰਿੰਦਰ ਸ਼ਰਮਾ ਤੇ ਰਾਜਿੰਦਰ ਕੁਮਾਰ ਗੋਇਲ ਨੇ ਇਸ ਮੌਕੇ ਗੀਤ ਸੁਣਾਏ।ਮਾਰਚ ਮਹੀਨੇ ਦੇ ਮੈਂਬਰਾਂ ਦੇ ਜਨਮ ਦਿਨ ਤੇ ਵਿਆਹ ਦੀ ਵਰ੍ਹੇਗੰਢ ਕੇਕ ਕੱਟ ਕੇ ਮਨਾਈ।ਗਰੀਨ ਪੰਜਾਬ ਮਿਸ਼ਨ ਟੀਮ ਦੇ ਪ੍ਰਧਾਨ ਮੈਂਬਰ ਕੇਵਲ ਮਲਹੋਤਰਾ ਤੇ ਰਿਟਾਇਰਡ ਪ੍ਰਿੰਸੀਪਲ ਕੈਪਟਨ ਨਰੇਸ਼ ਵਰਮਾ ਨੇ ਮੁੱਖ ਮਹਿਮਾਨ ਤੇ ਜਨਮ ਦਿਨ ਅਤੇ ਵਿਆਹ ਦੀ ਵਰ੍ਹੇਗੰਢ ਵਾਲੇ ਮੈਂਬਰਾਂ ਦਾ ਤੋਹਫ਼ੇ ਦੇ ਕੇ ਸਨਮਾਨ ਕੀਤਾ।ਸਟੇਜ ਦੀ ਭੂਮਿਕਾ ਸੱਕਤਰ ਸ਼ਸ਼ੀ ਭੂਸ਼ਣ ਜੈਨ ਨੇ ਬਖੂਬੀ ਨਿਭਾਈ।ਇਸ ਮੌਕੇ ਪ੍ਰਧਾਨ ਮਦਨ ਲਾਲ ਬਾਂਸਲ, ਸੱਕਤਰ ਸ਼ਸ਼ੀ ਭੂਸ਼ਣ ਜੈਨ, ਵਿੱਤ ਸੱਕਤਰ ਅਰੁਣ ਕੁਮਾਰ ਸਿੰਗਲ ਲਵਲੀ, ਮੀਤ ਪ੍ਰਧਾਨ ਅੰਮ੍ਰਿਤ ਲਾਲ ਗੋਇਲ, ਪ੍ਰੇਮ ਚੰਦ ਗਰਗ, ਲਲਿਤ ਅੱਗਰਵਾਲ, ਰਾਕੇਸ਼ ਜੈਨ, ਜਵਾਹਰ ਲਾਲ ਵਰਮਾ, ਮਹਿੰਦਰ ਸਿੰਘ ਜੱਸਲ, ਜਗਦੀਸ਼ ਪਾਲ ਮਹਿਤਾ, ਰਾਜਪਾਲ ਜੈਨ ਆਦਿ ਹਾਜ਼ਰ ਸਨ।

## ਵਾਹਗਾ ਸਰਹੱਦ ਖੋਲ੍ਹਣਾ ਸਮੇਂ ਦੀ ਮੁੱਖ ਲੋੜ : ਕਰਨੈਲ ਸਿੰਘ ਪੀਰ ਮੁਹੰਮਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਿੱਖ ਚਿੰਤਕ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਭਾਰਤ ਤੇ ਪਾਕਿਸਤਾਨ ਦਰਮਿਆਨ ਵਾਹਗਾ-ਅਟਾਰੀ ਸਰਹੱਦ ਰਾਹੀਂ ਵਪਾਰ ਅਤੇ ਆਵਾਜਾਈ ਨੂੰ ਮੁੜ ਪੂਰੀ ਤਰ੍ਹਾਂ ਬਹਾਲ ਕਰਨ ਦੀ ਪੁਰਜ਼ੋਰ ਵਕਾਲਤ ਕੀਤੀ ਹੈ।ਉਨ੍ਹਾਂ ਕਿਹਾ ਕਿ ਖਿੱਤੇ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਅਤੇ ਦੋਵਾਂ ਮੁਲਕਾਂ ਦੇ ਰਿਸ਼ਤਿਆਂ ਨੂੰ ਸਾਜਗਰ ਬਣਾਉਣ ਲਈ ਸਰਹੱਦਾਂ ਦਾ ਖੁੱਲ੍ਹਣਾ ਤੇ ਅਮਨ-ਸ਼ਾਂਤੀ ਦਾ ਕਾਇਮ ਹੋਣਾ ਬੇਹੱਦ ਲਾਜ਼ਮੀ ਹੈ।ਇੱਥੇ ਜਾਰੀ ਇੱਕ ਵਿਸਥਾਰਪੂਰਵਕ ਬਿਆਨ ਵਿੱਚ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਸਰਹੱਦਾਂ ਬੰਦ ਹੋਣ ਕਾਰਨ ਪੰਜਾਬ ਦੇ ਵਪਾਰੀਆਂ, ਕਿਸਾਨਾਂ ਅਤੇ ਮਜ਼ਦੂਰ ਵਰਗ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਜੇਕਰ ਵਾਹਗਾ ਬਾਰਡਰ ਰਾਹੀਂ ਵਪਾਰਕ ਗਤੀਵਿਧੀਆਂ ਸ਼ੁਰੂ ਹੁੰਦੀਆਂ ਹਨ, ਤਾਂ ਇਸ ਨਾਲ ਨਾ ਸਿਰਫ਼ ਅੰਮ੍ਰਿਤਸਰ ਸਗੋਂ ਪੂਰੇ ਉੱਤਰੀ ਭਾਰਤ ਦੀ ਆਰਥਿਕਤਾ ਨੂੰ ਨਵੀਂ ਦਿਸ਼ਾ ਮਿਲੇਗੀ।ਪੀਰ ਮੁਹੰਮਦ ਨੇ ਕਿਹਾ ਕਿ ਵਾਹਗਾ ਰਾਹੀਂ ਮੱਧ ਏਸ਼ੀਆਈ ਦੇਸ਼ਾਂ ਤੱਕ ਪਹੁੰਚ ਆਸਾਨ ਹੋ ਸਕਦੀ ਹੈ, ਜਿਸ ਨਾਲ ਪੰਜਾਬੀ ਕਿਸਾਨਾਂ ਦੀਆਂ ਫ਼ਸਲਾਂ ਤੇ ਸਥਾਨਕ ਉਤਪਾਦਾਂ ਨੂੰ ਵੱਡੀ ਮੰਡੀ ਮਿਲੇਗੀ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਰਹੱਦ ਸਿਰਫ਼ ਇੱਕ ਲਕੀਰ ਨਹੀਂ, ਸਗੋਂ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਅਤੇ ਸਾਂਝੇ ਸੱਭਿਆਚਾਰ ਨਾਲ ਜੁੜੀ ਹੋਈ ਹੈ।ਸਰਹੱਦ ਖੁੱਲ੍ਹਣ ਨਾਲ ਲੋਕਾਂ ਦਾ ਆਪਸੀ ਮੇਲ-ਜੋਲ ਵਧੇਗਾ, ਜੋ ਸ਼ਾਂਤੀ ਸਥਾਪਿਤ ਕਰਨ ਵਿੱਚ ਮਦਦਗਾਰ ਸਾਬਿਤ ਹੋਵੇਗਾ।ਅੰਤ ਵਿੱਚ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਅਤੇ ਪੰਜਾਬੀ ਭਾਈਚਾਰਾ ਹਮੇਸ਼ਾ ਹੀ 'ਸਰਬੱਤ ਦੇ ਭਲੇ' ਦੀ ਅਰਦਾਸ ਕਰਦਾ ਹੈ।ਅਮਨ-ਸ਼ਾਂਤੀ ਦਾ ਮਾਰਗ ਹੀ ਦੋਵਾਂ ਦੇਸ਼ਾਂ ਦੀ ਤਰੱਕੀ ਦਾ ਮਾਰਗ ਹੈ।ਉਨ੍ਹਾਂ ਉਮੀਦ ਜਤਾਈ ਕਿ ਦੋਵੇਂ ਸਰਕਾਰਾਂ ਇਸ ਦਿਸ਼ਾ 'ਚ ਉਸਾਰੂ ਕਦਮ ਚੁੱਕਣਗੀਆਂ।

# ਦੋ ਮਸ਼ੀਨ ਗੰਨ ਤੇ ਖਾਲੀ ਮੈਗਜ਼ੀਨ ਬਰਾਮਦ



**ਅੰਮ੍ਰਿਤਸਰ/ਛੇਹਰਟਾ/ਖਾਸਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ/ਮਨੋਜ ਕੁਮਾਰ/ਸਸਪਾਲ ਸਿੰਘ)**-ਜ਼ਿਲ੍ਹਾ ਪੁਲਸ ਕਮਿਸ਼ਨਰੇਟ ਦੀ ਪੁਲਸ ਨੂੰ ਇੱਕ ਵੱਡੀ ਸਫਲਤਾ ਮਿਲੀ ਹੈ ।ਪੁਲਸ ਨੇ ਖ਼ਾਸ ਇੰਟੈਲੀਜੈਂਸ ਅਧਾਰਿਤ ਆਪਰੇਸ਼ਨ ਦੌਰਾਨ ਨਾਕਾਬੰਦੀ ਕਰਕੇ ਗੈਰ-ਕਾਨੂੰਨੀ ਹਥਿਆਰਾਂ ਦੀ ਵੱਡੀ ਖੇਪ ਨੂੰ ਨਾਕਾਮ ਕਰ ਦਿੱਤਾ ।ਇਸ ਕਾਰਵਾਈ ਦੌਰਾਨ ਪੁਲਸ ਨੇ ਦੋ 9 ਐਮਐਮ ਸਬ-ਮਸ਼ੀਨ ਗੰਨ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਕੀਤੀ, ਜੋ ਕਿ ਬਹੁਤ ਹੀ ਖ਼ਤਰਨਾਕ ਅਤੇ ਆਟੋਮੈਟਿਕ ਫਾਇਰਿੰਗ ਸਮਰੱਥਾ ਵਾਲੇ ਹਥਿਆਰ ਹਨ ।ਪੁਲਸ ਅਨੁਸਾਰ ਇਹ ਹਥਿਆਰ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਭਾਰਤੀ ਸਰਹੱਦ ਵਿੱਚ ਭੇਜੇ ਗਏ ਸਨ ਤਾਂ ਜੋ ਇਨ੍ਹਾਂ ਨੂੰ ਗੈਂਗਸਟਰਾਂ ਅਤੇ ਅਪਰਾਧਿਕ ਤੱਤਾਂ ਤੱਕ ਪਹੁੰਚਾਇਆ ਜਾ ਸਕੇ।ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਸ ਮਾਮਲੇ ਦੇ ਤਾਰ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਨਾਲ ਜੁੜਦੇ ਹਨ, ਜੋ ਇਸ ਵੇਲੇ ਯੂਰਪ ਵਿੱਚ ਬੈਠ ਕੇ ਆਪਣਾ ਨੈੱਟਵਰਕ ਚਲਾ ਰਿਹਾ ਹੈ।ਉਸਦਾ ਇੱਕ ਸਾਥੀ ਹੈਰੀ ਵੀ ਇਸ ਗੈਂਗ ਨਾਲ ਜੁੜਿਆ ਹੋਇਆ ਦੱਸਿਆ ਜਾ ਰਿਹਾ ਹੈ, ਜਿਸਦੀ ਪੂਰੀ ਪਛਾਣ ਹਾਲੇ ਕੀਤੀ ਜਾ ਰਹੀ ਹੈ।ਇਹ ਗੈਂਗ ਪਹਿਲਾਂ ਵੀ ਕਤਲ, ਐਕਸਟੋਰਸ਼ਨ ਅਤੇ ਹੋਰ ਸੰਗਠਿਤ ਅਪਰਾਧਾਂ ਵਿੱਚ ਸ਼ਾਮਲ ਰਹਿ ਚੁੱਕਾ ਹੈ।ਜ਼ਿਲ੍ਹਾ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਕਾਰਵਾਈ ਗੁਰੂ ਕੀ ਵਡਾਲੀ ਇਲਾਕੇ ਦੇ ਨੇੜੇ ਕੀਤੀ ਗਈ, ਜਿੱਥੇ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਕੁਝ ਸ਼ੱਕੀ ਵਿਅਕਤੀ ਘੁੰਮ ਰਹੇ ਹਨ।ਨਾਕਾਬੰਦੀ ਦੌਰਾਨ ਮੋਟਰਸਾਈਕਲ ਤੇ ਸਵਾਰ ਦੋ ਨੌਜਵਾਨਾਂ ਨੇ ਪੁਲਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕੀਤੀ ਅਤੇ ਇਸ ਦੌਰਾਨ ਉਨ੍ਹਾਂ ਦਾ ਬੈਗ ਥੱਲੇ ਡਿੱਗ ਗਿਆ, ਜਿਸ ਵਿੱਚੋਂ ਇਹ ਹਥਿਆਰ ਬਰਾਮਦ ਹੋਏ।ਪੁਲਸ ਵੱਲੋਂ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ ਅਤੇ ਸੀਸੀਟੀਵੀ ਫੁਟੇਜ ਦੇ ਆਧਾਰ ’ਤੇ ਉਨ੍ਹਾਂ ਦੀ ਪਛਾਣ ਕੀਤੀ ਜਾ ਰਹੀ ਹੈ।ਇਸ ਮਾਮਲੇ ਵਿੱਚ ਥਾਣਾ ਛੇਹਰਟਾ ਵਿੱਚ ਆਰਮਜ਼ ਐਕਟ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ।ਪੁਲਸ ਪੂਰੇ ਨੈੱਟਵਰਕ ਨੂੰ ਬੇਨਕਾਬ ਕਰਨ ਲਈ ਜਾਂਚ ਕਰ ਰਹੀ ਹੈ।

## ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਦਾ ਨਤੀਜਾ ਰਿਹਾ ਸ਼ਾਨਦਾਰ




**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵੱਲੋਂ ਨਾਨ-ਬੋਰਡ ਜਮਾਤਾਂ ਦੇ ਸਾਲਾਨਾ ਨਤੀਜੇ ਐਲਾਨੇ ਗਏ। ਗਿਆਰ੍ਹਵੀਂ (+1) ਜਮਾਤ ਤੱਕ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਜਾਣਕਾਰੀ ਦਿੰਦਿਆ ਸਕੂਲ ਪ੍ਰਿੰਸੀਪਲ ਮੈਡਮ ਨਵਜੋਤੀ ਨੇ ਕਿਹਾ ਕਿ ਨਰਸਰੀ ਤੋਂ ਲੈ ਕੇ ਗਿਆਰ੍ਹਵੀਂ ਜਮਾਤ ਤੱਕ ਦੇ ਲਗਭਗ ਸਾਰੇ ਵਿਦਿਆਰਥੀ ਉੱਚੇ ਗ੍ਰੇਡਾਂ ਨਾਲ ਪਾਸ ਹੋਏ।ਚੰਗੇ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ।ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੇ ਇਸ ਸ਼ਾਨਦਾਰ ਸਫਲਤਾ ਦੀ ਖ਼ੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਇਨ੍ਹਾਂ ਨਤੀਜਿਆਂ ਦਾ ਪੂਰਾ ਸਿਹਰਾ ਸਕੂਲ ਦੇ ਮਿਹਨਤੀ ਅਤੇ ਤਜਰਬੇਕਾਰ ਸਟਾਫ਼ ਨੂੰ ਜਾਂਦਾ ਹੈ।ਵਰਨਣਯੋਗ ਹੈ ਕਿ ਮਾਤਾ ਸਾਹਿਬ ਕੌਰ ਮਾਡਰਨ ਸਕੂਲ ਭਰੋਵਾਲ ਇਲਾਕੇ ਵਿੱਚ ਆਧੁਨਿਕ ਤਕਨੀਕਾਂ ਅਤੇ ਨਵੀਨਤਮ ਸਿੱਖਿਆ ਪ੍ਰਣਾਲੀ ਲਈ ਜਾਣਿਆ ਜਾਂਦਾ ਹੈ।ਸਕੂਲ ਵਿੱਚ ਬੱਚਿਆਂ ਨੂੰ ਸਿਰਫ਼ ਕਿਤਾਬੀ ਗਿਆਨ ਹੀ ਨਹੀਂ, ਸਗੋਂ ਨੈਤਿਕ ਕਦਰਾਂ-ਕੀਮਤਾਂ, ਧਾਰਮਿਕ ਸਿੱਖਿਆ, ਖੇਡਾਂ ਅਤੇ ਤਕਨੀਕੀ ਮੁਹਾਰਤ ਵੀ ਦਿੱਤੀ ਜਾਂਦੀ ਹੈ। ਇਸ ਮੌਕੇ ਮਾਪਿਆਂ ਨੇ ਵੀ ਸਕੂਲ ਦੇ ਅਨੁਸ਼ਾਸਨ ਅਤੇ ਪੜ੍ਹਾਈ ਦੇ ਮਿਆਰ ਦੀ ਸ਼ਲਾਘਾ ਕੀਤੀ। ਇਸ ਮੌਕੇ ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਡਾਇਰੈਕਟਰ ਤਜਿੰਦਰ ਸਿੰਘ, ਸੈਕਟਰੀ ਬਨਵੀਰ ਸਿੰਘ, ਕਮੇਟੀ ਮੈਂਬਰ ਸੰਗੀਤ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਬਲਾਕ ਸੰਮਤੀ ਦੋਰਾਂਗਲਾ ’ਤੇ ਕਾਂਗਰਸ ਦਾ ਕਬਜ਼ਾ

## * ਬਲਬੀਰ ਚੰਦ ਬਣੇ ਚੇਅਰਮੈਨ ਤੇ ਗੁਰਮੀਤ ਕੌਰ ਨੂੰ ਮਿਲੀ ਵਾਈਸ ਚੇਅਰਪਰਸਨ ਦੀ ਕੁਰਸੀ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**-ਹਲਕਾ ਦੀਨਾਨਗਰ ਅੰਦਰ ਸੱਤਾਧਾਰੀ ਪਾਰਟੀ ਨੂੰ ਜ਼ੋਰਦਾਰ ਝੱਟਕਾ ਦਿੰਦਿਆਂ ਕਾਂਗਰਸੀ ਵਿਧਾਇਕਾ ਅਰੁਣਾ ਚੌਧਰੀ ਬਲਾਕ ਦੋਰਾਂਗਲਾ ਵਿੱਚ ਆਪਣੀ ਪਾਰਟੀ ਦਾ ਚੇਅਰਮੈਨ ਤੇ ਵਾਈਸ ਚੇਅਰਪਰਸਨ ਬਣਾਉਣ ਵਿੱਚ ਸਫ਼ਲ ਰਹੇ ਹਨ।ਹਾਲਾਂਕਿ ਦੀਨਾਨਗਰ ਬਲਾਕ ਦੀ ਚੋਣ ਇੱਕ ਵਾਰ ਮੁੜ ਸਿਆਸੀ ਤੰਗਦਿਲੀ ਦਾ ਸ਼ਿਕਾਰ ਹੋਈ ਅਤੇ ਮੀਟਿੰਗ ਵਿੱਚ ‘ਆਪ’ ਦੇ ਮੈਂਬਰਾਂ ਦੀ ਗ਼ੈਰ-ਹਾਜ਼ਰੀ ਕਾਰਨ 16 ਮੈਂਬਰਾਂ ਦਾ ਕੋਰਮ ਪੂਰਾ ਨਾ ਹੋਣ ’ਤੇ ਇਹ ਚੋਣ ਅਗਲੀ ਤਾਰੀਖ਼ ਲਈ ਮੁਲਤਵੀ ਕਰ ਦਿੱਤੀ ਗਈ।ਦੋਰਾਂਗਲਾ ਬਲਾਕ ’ਚ ਕਾਂਗਰਸ ਨੇ 15 ਵਿੱਚੋਂ 11 ਜ਼ੋਨ ਜਿੱਤ ਕੇ ਸਪੱਸ਼ਟ ਬਹੁਮਤ ਹਾਸਲ ਕੀਤਾ ਅਤੇ ਇਸ ਚੋਣ ਮੀਟਿੰਗ ਵਿੱਚ ਕੋਰਮ ਦੀ ਅੜਚਣ ਨਾ ਪੈਣ ਕਾਰਨ ਅਖ਼ੀਰ ਕਾਂਗਰਸ ਦੇ ਬਲਬੀਰ ਚੰਦ ਬਲਾਕ ਸੰਮਤੀ ਦੋਰਾਂਗਲਾ ਦੇ ਨਵੇਂ ਚੇਅਰਮੈਨ ਚੁਣੇ ਗਏ ਜਦਕਿ ਮੈਡਮ ਗੁਰਮੀਤ ਕੌਰ ਨੂੰ ਵਾਈਸ ਚੇਅਰਪਰਸਨ ਦਾ ਅਹੁਦਾ ਮਿਲਿਆ ਹੈ।ਇਸ ਕਾਮਯਾਬੀ ’ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਵਿਧਾਇਕਾ ਅਰੁਣਾ ਚੌਧਰੀ ਨੇ ਕਿਹਾ ਕਿ ਇਹ ਸੱਚ ਦੀ ਜਿੱਤ ਹੈ ਅਤੇ ਇਸਦੇ ਲਈ ਉਹ ਮਾਣਯੋਗ ਹਾਈਕੋਰਟ ਦੇ ਧੰਨਵਾਦੀ ਹਨ, ਜਿਨ੍ਹਾਂ ਦੇ ਹੁਕਮਾਂ ਤੋਂ ਬਾਅਦ ਇਹ ਚੋਣ ਪ੍ਰਕਿਰਿਆ ਸਿਰੇ ਚੜ੍ਹੀ ਹੈ।

ਅਰੁਣਾ ਚੌਧਰੀ ਨੇ ਕਿਹਾ ਕਿ ਭਾਵੇਂ ਵਿਰੋਧੀ ਅਜੇ ਵੀ ਚਾਲਾਂ ਖੇਡ ਰਹੇ ਹਨ ਪਰ ਅਗਲੀ ਤਾਰੀਖ਼ ’ਚ ਬਲਾਕ ਦੀਨਾਨਗਰ ਦੀ ਚੇਅਰਮੈਨੀ ਤੇ ਉਪ ਚੇਅਰਮੈਨੀ ’ਤੇ ਵੀ ਕਾਂਗਰਸ ਦਾ ਹੀ ਕਬਜ਼ਾ ਹੋਵੇਗਾ।ਇਸ ਮੌਕੇ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਨਵ-ਨਿਯੁਕਤ ਚੇਅਰਮੈਨ ਤੇ ਵਾਈਸ ਚੇਅਰਪਰਸਨ ਨੂੰ ਮਿਲੀ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਇਹ ਦੋਨੋਂ ਅਹੁਦੇਦਾਰ ਬਾਕੀ ਮੈਂਬਰਾਂ ਨੂੰ ਨਾਲ ਲੈ ਕੇ ਲੋਕਾਂ ਦੀਆਂ ਉਮੀਦਾਂ ਮੁਤਾਬਕ ਕੰਮ ਕਰਨਗੇ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਨੀਟੂ ਚੌਹਾਨ, ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਵਰਿੰਦਰ ਸਿੰਘ ਨੌਸ਼ਹਿਰਾ, ਮਨੀਸ਼ ਕਪੂਰ ਗਾਂਧੀਆਂ, ਸਰਪੰਚ ਰਾਜਿੰਦਰ ਸਿੰਘ ਰਾਜੂ, ਹੀਰਾ ਲਾਲ ਪੱਖੋਵਾਲ, ਕੁਲਦੀਪ ਸਿੰਘ ਮੱਟਮ, ਰਾਜਿੰਦਰ ਸਿੰਘ ਕਾਹਲੋਂ ਧਮਰਾਈ, ਸੁਭਾਸ਼ ਮੇਘੀਆਂ, ਯਾਦਵਿੰਦਰ ਸਿੰਘ ਘੁੰਮਣ, ਕਪਿਲ ਦੋਦਵਾਂ, ਹਰਜਿੰਦਰ ਸਿੰਘ ਗਵਾਲੀਆ, ਪ੍ਰਦੀਪ ਕੁਮਾਰ ਠਾਕੁਰ, ਲਖਵਿੰਦਰ ਸਿੰਘ ਦੋਰਾਂਗਲਾ, ਅੰਮ੍ਰਿਤ ਸੰਧੂ, ਸਰਪੰਚ ਰੂਪ ਲਾਲ, ਸ਼ਾਮ ਸੁੰਦਰ ਲੱਕੀ, ਰਾਜ ਰਾਣੀ, ਜਗਰੂਪ ਰੰਧਾਵਾ, ਜਸਵੀਰ ਸਿੰਘ ਕਠਿਆਲੀ, ਮਨਦੀਪ ਸਿੰਘ ਵਾਲੀਆ, ਸੰਨੀ ਲਖਨਪਾਲ, ਅਰਵਿੰਦ ਭਾਵੜਾ, ਵਿਸ਼ਵਾਮਿੱਤਰ ਅਤੇ ਬਲਦੇਵ ਸੁਲਤਾਨੀ ਤੋਂ ਇਲਾਵਾ ਪਾਰਟੀ ਦੇ ਜੇਤੂ ਸੰਮਤੀ ਮੈਂਬਰ ਹਾਜ਼ਰ ਸਨ।

## 5ਵੀਂ ਜਮਾਤ ਦਾ ਦਿਲਗਜ ਸਿੰਘ ਸਕੂਲ ’ਚੋਂ ਅੱਵਲ ਰਿਹਾ

**ਜੈਂਤੀਪੁਰ (ਸੁਖਬੀਰ ਸਿੱਧੂ)**-ਪੰਜਾਬ ਸਿੱਖਿਆ ਵਿਭਾਗ ਵੱਲੋਂ ਸੈਸ਼ਨ 2025-26 ਲਈ 5ਵੀਂ ਜਮਾਤ ਦੇ ਸਾਲਾਨਾ ਐਲਾਨੇ ਨਤੀਜਿਆਂ ਵਿਚ ਦਿਲਰਾਜ ਸਿੰਘ ਪੁੱਤਰ ਰਣਜੀਤ ਸਿੰਘ ਸਰਕਾਰੀ ਐਲੀਮੈਂਟਰੀ ਸਕੂਲ ਕੋਟਲੀ ਢੋਲੇ ਸ਼ਾਹ ਨੇ ਪਹਿਲਾ ਸਥਾਨ ਹਾਸਿਲ ਕੀਤਾ।ਪਹਿਲੇ, ਦੂਸਰੇ ਤੇ ਤੀਸਰੇ ਸਥਾਨ ’ਤੇ ਆਉਣ ਵਾਲੇ ਬੱਚਿਆਂ ਦੀ ਸ਼ਾਨਦਾਰ ਸਫਲਤਾ ਲਈ ਉਨ੍ਹਾਂ ਨੂੰ ਮੁੱਖ ਅਧਿਆਪਕਾ ਬਲਜਿੰਦਰ ਕੌਰ ਨੇ ਹੋਰ ਤਰੱਕੀਆਂ ਕਰਨ ਲਈ ਹੱਲਾਸ਼ੇਰੀ ਦਿੱਤੀ। ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਸਫਲਤਾ ਦਾ ਸਿਹਰਾ ਸਕੂਲ ਦੇ ਸਟਾਫ਼ ਅਤੇ ਬੱਚਿਆਂ ਦੇ ਮਾਪਿਆਂ ਨੂੰ ਜਾਂਦਾ ਹੈ।ਇਸ ਪ੍ਰੀਖਿਆ ’ਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਕੂਲਾਂ ਵਿਚ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਰਸ਼ਪਾਲ ਕੌਰ, ਨਵਿੰਦਰ ਕੌਰ ਤੇ ਮਾਪੇ ਹਾਜ਼ਰ ਸਨ।



## ਕਣਕ ਖਰੀਦਣ ਲਈ ਪ੍ਰਬੰਧ ਹੁਣ ਤੋਂ ਹੀ ਪੂਰੇ:ਸੀਮਾ ਸੋਢੀ

**ਅਟਾਰੀ (ਸਤਬੀਰ ਭੀਲ)**-ਪੰਜਾਬ ਅੰਦਰ ਹਾਲੇ ਕਣਕ ਦਾ ਸੀਜ਼ਨ ਭਾਵੇਂ ਦੇਰੀ ਨਾਲ ਸ਼ੁਰੂ ਹੋਵੇਗਾ ਪਰ ਪੰਜਾਬ ਸਰਕਾਰ ਨੇ ਕਣਕ ਖਰੀਦਣ ਦਾ ਪੂਰਾ ਪ੍ਰਬੰਧ ਹੁਣ ਤੋਂ ਹੀ ਕਰ ਲਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਅਟਾਰੀ ਦੀ ਚੇਅਰਪਰਸਨ ਸੀਮਾ ਸੋਢੀ ਨੇ ਮਾਰਕੀਟ ਕਮੇਟੀ ਅਟਾਰੀ ਦੇ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਦੀ ਸਰਕਾਰ ਕਿਸਾਨਾਂ ਲਈ ਦਿਨ-ਰਾਤ ਇੱਕ ਕਰ ਰਹੀ ਹੈ। ਕਿਸਾਨ ਦੀ ਕਣਕ ਦਾ ਇੱਕ ਇੱਕ ਦਾਣਾ ਖਰੀਦਿਆ ਜਾਵੇਗਾ। ਮੰਡੀ ’ਚ ਕਿਸਾਨਾਂ ਦੀ ਹਰ ਸੁਖ ਸਹੂਲਤ ਦਾ ਧਿਆਨ ਰੱਖਿਆ ਜਾਵੇਗਾ। ਪਿਛਲੀਆਂ ਸਰਕਾਰਾਂ ਵੇਲੇ ਦਾਣਾ ਮੰਡੀਆਂ ’ਚ ਹੁੰਦੀ ਕਿਸਾਨਾਂ ਦੀ ਖੱਜਲ-ਖੁਆਰੀ ਤੋਂ ਬਚਾਉਣ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਯਤਨਸ਼ੀਲ ਹੈ ਜਿਸਦੀ ਮਿਸਾਲ ਕਿਸਾਨ ਭਰਾਵਾਂ ਨੇ ਪਿਛਲੇ ਚਾਰ ਸਾਲਾਂ ’ਚ ਦੇਖ ਹੀ ਲਈ ਹੈ। ਇਸ ਮੌਕੇ ਮਾਰਕੀਟ ਕਮੇਟੀ ਅਟਾਰੀ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



## ਕੰਜਕ ਦੀ ਪੂਜਾ ਵਾਂਗ ਹਰ ਰੋਜ਼ ਗਊ ਸੇਵਾ ਕਰੋ : ਅਨੀਤਾ ਸ਼ਰਮਾ

**ਅੰਮ੍ਰਿਤਸਰ, (ਜਗਦੀਸ਼ ਕਮਲੇਸ਼)**- ਦੁਰਗਾ ਅਸ਼ਟਮੀ ਦੇ ਸ਼ੁਭ ਦਿਹਾੜੇ ਤੇ ਸਨਾਤਨ ਧਰਮ ਸੁਰੱਖਿਆ ਪ੍ਰੀਸ਼ਦ ਦੀ ਰਾਸ਼ਟਰੀ ਸਰਪ੍ਰਸਤ ਅਨੀਤਾ ਸ਼ਰਮਾ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਉਹ ਹਰ ਰੋਜ਼ ਕੰਜਕ ਵਾਂਗ ਦੁਰਗਾ ਮਾਤਾ ਸਮੇਤ ਸਾਰੇ ਦੇਵਤਿਆਂ ਨੂੰ ਪਾਲਨ ਵਾਲੀਆਂ ਗਊਆਂ ਦੀ ਸੇਵਾ ਕਰਨ।ਆਪਣੇ ਘਰ ਵਿੱਚ ਬਣੀ ਪਹਿਲੀ ਰੋਟੀ, ਹਰਾ ਚਾਰਾ ਅਤੇ ਨਜ਼ਦੀਕੀ ਗਊਸ਼ਾਲਾ ਤੋਂ ਪਾਣੀ ਦੇ ਕੇ, ਦੁਰਗਾ ਅਸ਼ਟਮੀ ਦੇ ਕੰਨਿਆ ਪੂਜਨ ਵਾਂਗ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕਰੋ। ਇਸ ਮੌਕੇ ਸੰਗਠਨ ਦੇ ਰਾਸ਼ਟਰੀ ਪ੍ਰਧਾਨ ਗਊਸੇਵਕ ਪੰਡਿਤ ਅਵਨ ਪਰਾਸ਼ਰ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਹ ਸਮਝਣਾ ਚਾਹੀਦਾ ਹੈ ਅਤੇ ਇਸ ਲਈ ਉਤਸ਼ਾਹਿਤ ਕੀਤਾ ਜਾਵੇਗਾ।ਸਿਰਫ਼ ਇੱਕ ਗਊ ਸੇਵਕ ਦੀ ਆਤਮਾ ਹੀ ਵੈਤਰਣੀ ਨਦੀ ਪਾਰ ਕਰ ਸਕਦੀ ਹੈ।ਸਾਡੀਆਂ ਸਾਰੀਆਂ ਪ੍ਰਾਰਥਨਾਵਾਂ, ਜਪ, ਤਪੱਸਿਆ, ਬਲੀਦਾਨ ਅਤੇ ਦਾਨ ਵਿਅਰਥ ਹਨ ਜੇਕਰ ਇੱਕ ਵੀ ਗਾਂ ਅਤੇ ਨੰਦੀ ਮਹਾਰਾਜ ਸੜਕ ’ਤੇ ਹਨ।



## ਸਮਾਜ ਪ੍ਰਤੀ ਇੱਕ ਨਾਗਰਿਕ ਦੇ ਕਰਤੱਵਾਂ ਸੰਬੰਧੀ ਜਾਗਰੂਕਤਾ ਸੈਮੀਨਾਰ

**ਧਾਰੀਵਾਲ, (ਮਨਦੀਪ ਵਿੱਕੀ)**-ਸਥਾਨਕ ਹਿੰਦੂ ਕੰਨਿਆ ਮਹਾਂ ਵਿਦਿਆਲਾ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰ. ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਕਾਲਜ ਵਿੱਚ ਸਮਾਜ ਪ੍ਰਤੀ ਇੱਕ ਨਾਗਰਿਕ ਦੇ ਕਰਤੱਵਾਂ ਸਬੰਧੀ ਜਾਗਰੂਕਤਾ ਸੈਮੀਨਾਰ ਦਾ ਅਯੋਜਨ ਕੀਤਾ ਗਿਆ। ਸੈਮੀਨਾਰ ਦੇ ਮੁੱਖ ਵਕਤਾ ਵਿਭਾਗ ਪ੍ਰਚਾਰਕ ਜੋਗਿੰਦਰ ਸਨ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਜੋਗਿੰਦਰ ਨੇ ਆਪਣੇ ਦੇਸ਼ ਦੀ ਪ੍ਰਗਤੀ ਲਈ ਪੰਜ ਨੁਕਤਿਆਂ ਨੂੰ ਬਿਆਨ ਕੀਤਾ ਜਿਨ੍ਹਾਂ ਵਿੱਚੋਂ ਸਭ ਤੋਂ ਪਹਿਲਾਂ ਸਾਂਝੇ ਪਰਿਵਾਰ ਦੀ ਸਮਾਜ ਵਿੱਚ ਮਹੱਤਤਾ ਸਬੰਧੀ ਭੂਮਿਕਾ, ਦੂਸਰਾ ਸਮਾਜ ਵਿੱਚ ਜਾਤੀ ਭੇਦਭਾਵ ਨੂੰ ਖਤਮ ਕਰਨਾ, ਤੀਸਰਾ ਆਪਣੇ ਵਾਤਾਵਰਣ ਨੂੰ ਸਾਫ ਸੁਥਰਾ ਬਣਾਉਣਾ ਜਿਵੇਂ ਕਿ ਪਾਣੀ ਦਾ ਦੁਰ ਉਪਯੋਗ ਨਹੀਂ ਕਰਨਾ ਅਤੇ ਵੱਧ ਤੋਂ ਵੱਧ ਦਰੱਖਤ ਲਗਾਉਣੇ, ਚੌਥਾ ਸਵਦੇਸੀ ਵਸਤੂਆਂ ਦਾ ਇਸਤੇਮਾਲ ਕਰਨਾ, ਸਵਦੇਸ਼ੀ ਤੋਂ ਭਾਵ ਆਪਣੇ ਦੇਸ਼ ਦੀਆਂ ਬਣੀਆਂ ਵਸਤੂਆਂ ਦਾ ਇਸਤੇਮਾਲ ਕਰਨਾ, ਪੰਜਵਾਂ ਨਾਗਰਿਕ ਅਧਿਕਾਰਾਂ ਦੇ ਨਾਲ ਨਾਲ ਨਾਗਰਿਕ ਕਰਤੱਵਾਂ ਸਬੰਧੀ ਸੁਚੇਤ ਹੋਣਾ। ਉਨ੍ਹਾਂ ਦੱਸਿਆ ਕਿ ਜੇਕਰ ਅਸੀਂ ਆਪਣੀ ਜ਼ਿੰਦਗੀ ਵਿੱਚ ਇਨ੍ਹਾਂ ਪੰਜਾਂ ਨੁਕਤਿਆਂ ਨੂੰ ਅਪਣਾਉਂਦੇ ਹਾਂ ਤਾਂ ਅਸੀਂ ਆਪਣੇ ਦੇਸ਼ ਦੀ ਤਰੱਕੀ ਵਿੱਚ ਹਿੱਸਾ ਪਾ ਸਕਦੇ ਹਾਂ। ਅੰਤ ਵਿੱਚ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਇਸ ਸੈਮੀਨਾਰ ਦੌਰਾਨ ਦੱਸੇ ਗਏ ਸਾਰੇ ਵਿਚਾਰਾਂ ਨੂੰ ਵਿਦਿਆਰਥੀ ਆਪਣੀ ਜ਼ਿੰਦਗੀ ਵਿੱਚ ਜ਼ਰੂਰ ਅਪਨਾਉਣਗੇ। ਇਸ ਦੌਰਾਨ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।




## ਯਾਦਗਾਰੀ ਹੋ ਨਿੱਬੜੀ ਸਰਕਾਰੀ ਸਕੂਲਾਂ ਦੀ ਮੈਗਾ ਮਾਪੇ-ਅਧਿਆਪਕ ਮਿਲਣੀ : ਬਾਠ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਦੇ ਸਮੂਹ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿਚ ਆਯੋਜਿਤ ਕੀਤੀ ਗਈ ਮੈਗਾ ਮਾਪੇ-ਅਧਿਆਪਕ ਮਿਲਣੀ ਬੇਹੱਦ ਸਫਲ ਅਤੇ ਯਾਦਗਾਰੀ ਹੋ ਨਿੱਬੜੀ।ਇਸ ਮਿਲਣੀ ਦੌਰਾਨ ਜਿਥੇ ਸਕੂਲਾਂ ਵਿਚ ਮੇਲੇ ਵਰਗਾ ਮਾਹੌਲ ਦੇਖਣ ਨੂੰ ਮਿਲਿਆ, ਉਥੇ ਹੀ ਸਾਲਾਨਾ ਨਤੀਜਿਆਂ ਦੇ ਐਲਾਨ ਤੋਂ ਬਾਅਦ ਵਿਦਿਆਰਥੀਆਂ ਅਤੇ ਮਾਪਿਆਂ ਦੇ ਚਿਹਰਿਆਂ ’ਤੇ ਖ਼ੁਸ਼ੀ ਦੀ ਲਹਿਰ ਦੌੜ ਗਈ।ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸਤਨਾਮ ਸਿੰਘ ਬਾਠ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲਹੁਕਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਵਲਟੋਹਾ ਸਕੂਲਾਂ ਦਾ ਦੌਰਾ ਕਰਨ ਉਪਰੰਤ ਦੱਸਿਆ ਕਿ ਪਹਿਲੀ ਤੋਂ ਗਿਆਰ੍ਹਵੀਂ ਜਮਾਤ (ਨਾਨ-ਬੋਰਡ) ਦੇ ਸਾਲਾਨਾ ਨਤੀਜਿਆਂ ਦਾ ਐਲਾਨ ਕੀਤਾ ਗਿਆ।ਅਧਿਆਪਕਾਂ ਵੱਲੋਂ ਮਾਪਿਆਂ ਨੂੰ ਬੱਚਿਆਂ ਦੇ ਹੋਲਿਸਟਿਕ ਰਿਪੋਰਟ ਕਾਰਡ ਸੌਂਪੇ ਗਏ, ਜਿਸ ਵਿਚ ਬੱਚੇ ਦੀ ਸਾਲ ਭਰ ਦੀਆਂ ਵਿੱਦਿਅਕ ਅਤੇ ਸਹਿ-ਵਿੱਦਿਅਕ ਗਤੀਵਿਧੀਆਂ ਦਾ ਪੂਰਾ ਵੇਰਵਾ ਦਿੱਤਾ ਗਿਆ ਸੀ।ਮਾਪਿਆਂ ਨੇ ਆਪਣੇ ਬੱਚਿਆਂ ਦੀ ਪ੍ਰਗਤੀ ਦੇਖ ਕੇ ਤਸੱਲੀ ਪ੍ਰਗਟਾਈ।ਮਿਲਣੀ ਦੌਰਾਨ ਮਾਪਿਆਂ ਨਾਲ ਕਈ ਅਹਿਮ ਨੁਕਤਿਆਂ ਤੇ ਵਿਚਾਰ-ਵਟਾਂਦਰਾ ਕੀਤਾ ਗਿਆ।1 ਅਪ੍ਰੈਲ ਤੋਂ ਸ਼ੁਰੂ ਹੋ ਰਹੇ ਨਵੇਂ ਵਿੱਦਿਅਕ ਸੈਸ਼ਨ ਲਈ ਦਾਖ਼ਲੇ ਅਤੇ ਨਿਯਮਤ ਹਾਜ਼ਰੀ ਲਈ ਪ੍ਰੇਰਿਤ ਕੀਤਾ ਗਿਆ।ਬੱਚਿਆਂ ਦੀ ਗੈਰ-ਹਾਜ਼ਰੀ ਸਬੰਧੀ ਮਾਪਿਆਂ ਨੂੰ ਮਿਲਣ ਵਾਲੇ ਆਟੋਮੈਟਿਕ ਐੱਸ.ਐੱਮ.ਐੱਸ ਸਿਸਟਮ ਬਾਰੇ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ 14 ਸਾਲ ਤੱਕ ਦੀਆਂ ਲੜਕੀਆਂ ਲਈ ਐੱਚਪੀਵੀ ਟੀਕਾਕਰਨ ਅਤੇ ਦਸਵੀਂ ਦੇ ਵਿਦਿਆਰਥੀਆਂ ਲਈ ਹੁਨਰ ਸਿੱਖਿਆ ਬਾਰੇ ਵਿਸ਼ੇਸ਼ ਜਾਗਰੂਕਤਾ ਸੈਸ਼ਨ ਲਗਾਏ ਗਏ।ਬਾਠ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਡਾ ਮੁੱਖ ਉਦੇਸ਼ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਮਾਪਿਆਂ ਨਾਲ ਸਾਂਝਾ ਕਰਕੇ ਉਨ੍ਹਾਂ ਨੂੰ ਸਕੂਲ ਦਾ ਅਹਿਮ ਹਿੱਸਾ ਬਣਾਉਣਾ ਹੈ।

## 2027 ’ਚ ਤਲਬੀਰ ਗਿੱਲ ਦੀ ਜਿੱਤ ਪੱਕੀ : ਜਗਦੀਸ਼ ਸਿੰਘ ਸ਼ਹਿਜ਼ਾਦਾ



**ਚਵਿੰਡਾ ਦੇਵੀ (ਖ਼ੁਸ਼ਹਾਲ ਸੁੰਦਰ)**-ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਮਜੀਠੇ ਹਲਕੇ ਦੇ ਹਰੇਕ ਵਰਗ ਦਾ ਵਿਕਾਸ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਹਰੇਕ ਵਾਅਦੇ ਨੂੰ ਪੂਰਾ ਕੀਤਾ ਹੈ ਅਤੇ ਪੰਜਾਬ ਦੀ ਸੱਤਾ ਆਪ ਸਰਕਾਰ ਦੇ ਹੱਥਾਂ ਵਿੱਚ ਆਉਣ ਨਾਲ ਪੰਜਾਬ ਵਿੱਚ ਵਿਕਾਸ ਦੀ ਹਨੇਰੀ ਆ ਗਈ। ਸਿੱਖਿਆ ਹੋਵੇ ਜਾਂ ਸਿਹਤ, ਸਰਕਾਰ ਹਰ ਮੋਰਚੇ ’ਤੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀ ਹੈ ਅਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਵੀ ਲੋਕ ਫਾਇਦਾ ਲੈਣ ਲੱਗ ਪਏ ਹਨ।

ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਮਜੀਠਾ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਹਲਕੇ ’ਚ ਸੜਕਾਂ ਨੂੰ ਬਿਹਤਰ ਬਣਾਉਣ ਲਈ ਧੰਨਵਾਦ ਕੀਤਾ, ਜਿਸ ਨਾਲ ਲੋਕਾਂ ਦੀ ਯਾਤਰਾ ਆਸਾਨ, ਸੁਰੱਖਿਅਤ ਅਤੇ ਸਮਾ ਬਚਿਆ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਲੋਕ ਹਿੱਤ ਕਾਰਜਾਂ ਸਦਕਾ 2027 ਦੀਆਂ ਚੋਣਾਂ ਵਿੱਚ ਵੀ ਆਪ ਦੀ ਸਰਕਾਰ ਬਣੇਗੀ ਅਤੇ ਤਲਬੀਰ ਸਿੰਘ ਗਿੱਲ ਹਲਕੇ ਮਜੀਠੇ ਦੀ ਵਾਗਡੋਰ ਸੰਭਾਲਣਗੇ।

## ਸ਼ਹੀਦ ਅੰਗਰੇਜ਼ ਸਿੰਘ ਬਾਕੀਪੁਰ ਨੂੰ ਸ਼ਰਧਾ ਦੇ ਫੁੱਲ ਭੇਟ



**ਪੱਟੀ (ਬਲਦੇਵ ਸਿੰਘ ਸੰਧੂ)**-ਮਾਨਾਵਾਲਾ ਰੇਲਵੇ ਸਟੇਸ਼ਨ ਤੇ ਕਿਸਾਨੀ ਸੰਘਰਸ਼ ਦੌਰਾਨ ਕਿਸਾਨ ਆਗੂ ਅੰਗਰੇਜ਼ ਸਿੰਘ ਬਾਕੀਪੁਰ ਪੁਲਸ ਵੱਲੋਂ ਕੀਤੀ ਫਾਇਰਿੰਗ ਦੌਰਾਨ ਗੋਲੀ ਲੱਗਣ ਕਾਰਨ ਸ਼ਹੀਦ ਹੋ ਗਿਆ ਸੀ।ਅੰਗਰੇਜ਼ ਸਿੰਘ ਬਾਕੀਪੁਰ ਦੀ ਸਲਾਨਾ ਬਰਸੀ ਡੇਰਾ ਸਾਹਿਬ ਲੁਹਾਰ ਵਿਖੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟਬੁੱਢਾ ਵੱਲੋਂ ਮਨਾਈ ਗਈ ਜਿਸ ਦੀ ਅਗਵਾਈ ਸਾਹਿਬ ਸਿੰਘ, ਦਲਜੀਤ ਸਿੰਘ ਵਿਰਕ, ਮੰਗਲ ਸਿੰਘ ਰਾਮਪੁਰਾ, ਕਾਵਲ ਸਿੰਘ, ਸੁਖਵੰਤ ਸਿੰਘ ਦੁਬਲੀ, ਕਰਨੈਲ ਸਿੰਘ, ਮੰਗਲ ਸਿੰਘ, ਰਨਜੀਤ ਸਿੰਘ, ਪਰਗਟ ਸਿੰਘ ਪਰਿੰਗੜੀ, ਮਨਜੀਤ ਸਿੰਘ ਤਰਮਾਲਾ, ਹਰਜੀਤ ਸਿੰਘ, ਬੁੱਧ ਸਿੰਘ ਰੂੜੀ ਵਾਲਾ, ਅੰਗਰੇਜ਼ ਸਿੰਘ ਬੂਟੇਵਾਲਾ ਆਦਿ ਨੇ ਕੀਤੀ। ਸੂਬੇ ਭਰ ਤੋਂ ਆਏ ਕਿਸਾਨ ਆਗੂਆਂ ਸੂਬਾ ਪ੍ਰਧਾਨ ਇੰਦਰਜੀਤ ਸਿੰਘ, ਸੁਖਦੇਵ ਸਿੰਘ ਮੰਡ, ਰਣਜੀਤ ਸਿੰਘ, ਗੁਰਭੇਜ ਸਿੰਘ ਸੋਨੂੰ, ਕਾਰਜ ਸਿੰਘ, ਸੁੱਚਾ ਸਿੰਘ, ਸਾਹਿਬ ਸਿੰਘ ਸਭਰਾ, ਸੂਬਾ ਪ੍ਰਧਾਨ ਲਖਵਿੰਦਰ ਸਿੰਘ, ਸੂਬਾ ਪ੍ਰਧਾਨ ਸੁਖਜੀਤ ਸਿੰਘ ਹਰਦੋ ਝੰਡੇ, ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਭੰਗੂ ਨੇ ਸ਼ਹੀਦ ਬਾਕੀਪੁਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼ਹੀਦੀ ਦਿਹਾੜੇ ਦੇ ਵੱਡੇ ਇਕੱਠ ’ਚ ਕਿਸਾਨ ਆਗ ਸਤਨਾਮ ਸਿੰਘ ਸੋਨੂ, ਗੁਰਬੀਰ ਸਿੰਘ ਭਾਊਵਾਲ, ਦੀਦਾਰ ਸਿੰਘ ਲਾਖਨਾ, ਛਿੰਦਰਪਾਲ ਸਿੰਘ ਰਸੂਲਪੁਰ, ਹਰਪਾਲ ਸਿੰਘ ਘਰਿਆਲਾ, ਨਿਰਮਲ ਸਿੰਘ ਜੀਰਾ, ਮਹਿਮਾ ਸਿੰਘ ਧਰਮਾਲਾ, ਕਾਰਜ ਸਿੰਘ ਸਭਰਾਂ, ਗੁਰਵਿੰਦਰ ਸਿੰਘ ਬਾਦਸ਼ਾਹਪੁਰ, ਪ੍ਰਗਟ ਸਿੰਘ, ਸਵਰਨ ਸਿੰਘ ਚਾਟੀਵਿੰਡ, ਬਲਦੇਵ ਸਿੰਘ ਮੋਗਾ, ਰੁਪਿੰਦਰ ਸਿੰਘ ਸੁਲਤਾਨਵਿੰਡ, ਜਸਵੰਤ ਸਿੰਘ ਪੱਖੋਕੇ, ਸੂਬਾ ਆਗੂ ਬਲੀ ਸਿੰਘ ਤਲਵੰਡੀ, ਆਤਮਾ ਸਿੰਘ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

## ਸਰਕਾਰੀ ਹਾਈ ਸਕੂਲ ਦੇਵੀਦਾਸਪੁਰਾ ਵਿਖੇ ਮਾਪੇ-ਅਧਿਆਪਕ ਮਿਲਣੀ




**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**:-ਸਰਕਾਰੀ ਹਾਈ ਸਕੂਲ ਦੇਵੀਦਾਸਪੁਰਾ ਵਿਖੇ ਮੁੱਖ ਅਧਿਆਪਕਾ ਮਨਦੀਪ ਕੌਰ ਦੀ ਅਗਵਾਈ ਹੇਠ ਵਿਦਿਆਰਥੀਆਂ ਦੇ ਸਾਲਾਨਾ ਨਤੀਜਿਆਂ ਨੂੰ ਮੁੱਖ ਰੱਖਦੇ ਹੋਏ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ।ਸਕੂਲ ਦੇ ਮੁੱਖ ਅਧਿਆਪਕਾ ਨੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਤੇ ਸਕੂਲ ਵਿੱਚ ਚਲ ਰਹੇ ਵਿਕਾਸ ਕਾਰਜਾਂ ਬਾਰੇ ਜਾਣੂ ਕਰਵਾਇਆ।ਇਸ ਮੌਕੇ ਅਨਦੀਪ ਸਿੰਘ ਸਮਾਜਿਕ ਸਿੱਖਿਆ ਮਾਸਟਰ ਵੱਲੋਂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ, ਕੈਰੀਅਰ ਐਂਡ ਗਾਈਡੈਂਸ, ਵਜ਼ੀਫੇ ਆਦਿ ਬਾਰੇ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ, ਸਮੂਹ ਸਟਾਫ, ਸਰਪੰਚ ਤੇ ਪੰਚਾਇਤ ਮੈਂਬਰ ਤੇ ਮੋਹਤਬਰ ਸੱਜਣਾਂ ਵੱਲੋਂ ਸਾਲਾਨਾ ਇਮਤਿਹਾਨਾਂ ਵਿੱਚ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬਲਜੀਤ ਕੌਰ ਸਰਪੰਚ, ਹਰਜਿੰਦਰ ਸਿੰਘ, ਹਰਵਿੰਦਰ ਸਿੰਘ ਜ਼ਿਲ੍ਹਾ ਸੈਕਟਰੀ, ਇੰਦਰਜੀਤ ਸਿੰਘ, ਸੁਖਦੇਵ ਸਿੰਘ, ਕੁਲਵਿੰਦਰ ਸਿੰਘ, ਗੁਰਪ੍ਰੀਤ ਕੌਰ, ਪਵਨਪ੍ਰੀਤ ਕੌਰ, ਮਨਪ੍ਰੀਤ ਕੌਰ, ਜਸਬੀਰ ਸਿੰਘ, ਦਲਜੀਤ ਸਿੰਘ ਆਦਿ ਹਾਜ਼ਰ ਸਨ।

## ਸੰਤ ਨਿਰੰਕਾਰੀ ਮਿਸ਼ਨ ਸ਼ਾਖਾ ਸਰਹਾਲੀ ਕਲਾਂ ਨੇ ਖ਼ੂਨਦਾਨ ਕੈਂਪ ਲਾਇਆ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਸੰਤ ਨਿਰੰਕਾਰੀ ਮਿਸ਼ਨ ਨੇ ਸਰਹਾਲੀ ਕਲਾਂ ਵਿਖੇ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ।ਮਿਸ਼ਨ ਦੇ ਸ਼ਰਧਾਲੂਆਂ, ਗੁਆਂਢੀ ਸ਼ਾਖਾਵਾਂ ਦੇ ਮੈਂਬਰਾਂ ਅਤੇ ਜਨਤਾ ਨੇ ਖ਼ੂਨਦਾਨ ਕਰਕੇ ਯੋਗਦਾਨ ਪਾਇਆ।ਇਸ ਮੌਕੇ ਕੋਆਰਡੀਨੇਟਰ ਭਾਈ ਸ਼ਾਮ ਸਿੰਘ ਨੇ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਸੱਚ ਦੇ ਗਿਆਨ ਰਾਹੀਂ ਸਮਾਜ ਨੂੰ ਅੰਧਵਿਸ਼ਵਾਸਾਂ ਅਤੇ ਬੁਰਾਈਆਂ ਤੋਂ ਮੁਕਤ ਕਰ ਰਹੇ ਹਨ।ਉਹ ਨਸ਼ਾ ਛੁਡਾਊ, ਸਾਦੇ ਵਿਆਹ ਅਤੇ ਨੌਜਵਾਨਾਂ ਨੂੰ ਸਾਕਾਰਾਤਮਕ ਸੋਚ ਨਾਲ ਜੋੜਨ ਵਰਗੀਆਂ ਲੋਕ ਭਲਾਈ ਮੁਹਿੰਮਾਂ ਰਾਹੀਂ ਮਨੁੱਖਤਾ ਨੂੰ ਪ੍ਰੇਰਿਤ ਕਰ ਰਹੇ ਹਨ।ਬਾਬਾ ਹਰਦੇਵ ਸਿੰਘ ਨੇ ਅਮਰ ਸੰਦੇਸ਼ ਦਿੱਤਾ ਸੀ ਕਿ ਖ਼ੂਨ ਨਾੜੀਆਂ ਵਿੱਚ ਵਹਿਣਾ ਚਾਹੀਦਾ, ਨਾਲੀਆਂ ਵਿੱਚ ਨਹੀਂ।ਇਹ ਸੰਦੇਸ਼ ਅੱਜ ਵੀ ਹਰ ਨਿਰੰਕਾਰੀ ਸ਼ਰਧਾਲੂ ਦੇ ਦਿਲ ਵਿੱਚ ਜ਼ਿੰਦਾ ਹੈ।ਇਸ ਖ਼ੂਨਦਾਨ ਕੈਂਪ ਵਿੱਚ ਪੱਟੀ ਸਿਵਲ ਹਸਪਤਾਲ, ਗੁਰੂ ਨਾਨਕ ਹਸਪਤਾਲ ਅੰਮ੍ਰਿਤਸਰ ਅਤੇ ਸਿਵਲ ਹਸਪਤਾਲ ਬਲੱਡ ਬੈਂਕ, ਤਰਨ ਤਾਰਨ ਦੀ ਮਾਹਿਰ ਟੀਮ ਨੇ 178 ਯੂਨਿਟ ਖ਼ੂਨ ਇਕੱਠਾ ਕੀਤਾ।ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸਿਰਫ਼ ਖ਼ੂਨਦਾਨ ਤੱਕ ਸੀਮਿਤ ਨਹੀਂ ਹੈ, ਸਗੋਂ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਦੇ ਦਇਆ, ਸੇਵਾ ਅਤੇ ਏਕਤਾ ਦੇ ਸੰਦੇਸ਼ ਨੂੰ ਅਮਲੀ ਰੂਪ ਦੇਣ ਲਈ ਇੱਕ ਜੀਵੰਤ ਮਾਧਿਅਮ ਹੈ।



## ਸਰਪੰਚ ਬਲਦੇਵ ਸਿੰਘ ਤੇ ਉਨ੍ਹਾਂ ਦੇ ਪੰਚਾਇਤ ਮੈਂਬਰਾਂ ਵੱਲੋਂ ਚੁੱਕੇ ਕਦਮਾਂ ਦੀ ਸ਼ਲਾਘਾ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਕਸਬਾ ਬਿਆਸ ਨਜ਼ਦੀਕ ਪੈਂਦੇ ਪਿੰਡ ਵਜ਼ੀਰ ਭੁੱਲਰ ਵਿੱਚ ਸਫ਼ਾਈ ਮੁਹਿੰਮ ਜੋ ਸਰਪੰਚ ਬਲਦੇਵ ਸਿੰਘ ਦੀ ਅਗਵਾਈ ਵਿੱਚ ਕੀਤੀ ਗਈ, ਵਿੱਚ ਉਨ੍ਹਾਂ ਦੇ ਨਾਲ ਉਨ੍ਹਾਂ ਦੇ ਮੈਂਬਰਾਂ ਨੇ ਵੀ ਮਿਲ ਕੇ ਪਿੰਡ ਵਿੱਚੋਂ ਕੂੜਾ ਕਰਕਟ ਚੁਕਾਇਆ। ਇਸ ਦੌਰਾਨ ਪਿੰਡ ਦੇ ਸਕੂਲ ਦੀ ਗਰਾਊਂਡ ਵਿੱਚ ਵੀ ਸਫ਼ਾਈ ਕਰਵਾਈ ਗਈ। ਪਿੰਡ ਵਿੱਚ 108 ਸਾਲਾਂ ਤੋਂ ਜੋ ਗਲੀ ਨਹੀਂ ਸੀ ਬਣੀ ਉਸ ਨੂੰ ਪਹਿਲ ਦੇ ਆਧਾਰ ’ਤੇ ਬਣਾਇਆ ਗਿਆ ਜਿਸ ਨਾਲ ਪਿੰਡ ਦੇ ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ।ਸਰਪੰਚ ਬਲਦੇਵ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਵਜ਼ੀਰ ਭੁੱਲਰ ਦਾ ਹਰ ਯੋਗ ਕੰਮ ਪਹਿਲ ਦੇ ਆਧਾਰ ’ਤੇ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਮੈਂਬਰ ਦਲਜੀਤ ਸਿੰਘ, ਮੈਂਬਰ ਦਿਲਬਾਗ ਸਿੰਘ, ਹਰਜੀਤ ਸਿੰਘ, ਬਲਬੀਰ ਸਿੰਘ, ਭੁਪਿੰਦਰ ਸਿੰਘ ਰੇਸ਼ਮ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਧਰਮਪੁਰਾ ਕਾਲੋਨੀ ’ਚ ਸ਼ਾਨਦਾਰ ਪਾਰਕ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਬਟਾਲਾ, (ਤਰਲੋਕ ਬੱਗਾ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਧਰਮਪੁਰਾ ਕਾਲੋਨੀ ਵਿਖੇ ਸ਼ਾਨਦਾਰ ਪਾਰਕ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਧਰਮਪੁਰਾ ਕਾਲੋਨੀ ਵਾਸੀਆਂ ਵੱਲੋਂ ਉਨ੍ਹਾਂ ਨੂੰ ਪਾਰਕ ਦੇ ਨਵੀਨੀਕਰਨ ਅਤੇ ਪਾਰਕ ਦੇ ਵਿਕਾਸ ਕਾਰਜ ਕਰਵਾਉਣ ਲਈ ਕਿਹਾ ਗਿਆ ਸੀ ਅਤੇ ਅੱਜ ਉਨ੍ਹਾਂ ਵੱਲੋਂ ਕਾਲੋਨੀ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਪਾਰਕ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ ਹੈ ਅਤੇ ਪਾਰਕ ਨੂੰ ਵਿਕਾਸ ਪੱਖੋਂ ਖ਼ੂਬਸੂਰਤ ਬਣਾਇਆ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਹਿਰ ਵਿੱਚ ਹੋਰ ਵੀ ਪਾਰਕਾਂ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ ਜਾਵੇਗੀ ਅਤੇ ਉਹ ਬਟਾਲਾ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਦਿਨ ਰਾਤ ਕੰਮ ਕਰ ਰਹੇ ਹਨ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਨ ਉਪਰੰਤ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ ਅਤੇ ਰੋਜ਼ਾਨਾ ਲੋਕ ਵੱਖ ਵੱਖ ਸੇਵਾਵਾਂ ਦਾ ਲਾਭ ਲੈ ਰਹੇ ਹਨ।ਇਸੇ ਤਰ੍ਹਾਂ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਤੇ ਲਾਈਟਾਂ ਲਗਾਈਆਂ ਗਈਆਂ ਹਨ।ਸ਼ਹਿਰ ਵਿੱਚ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ।ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਨਵੀਂ ਇਮਾਰਤ ਲੋਕਾਂ ਨੂੰ ਸਮਰਪਿਤ ਕੀਤਾ ਜਾ ਚੁੱਕੀ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਲੋਕਾਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਸ਼ੁਰੂ ਕੀਤਾ ਗਿਆ ਹੈ।

ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਅੰਮ੍ਰਿਤ ਕਲਸੀ, ਸੀਨੀਅਰ ਆਗੂ ਸੁਭਾਸ਼ ਮਹਿਤਾ, ਮਾਸਟਰ ਤਿਲਕ ਰਾਜ, ਵਿਜੇ ਤਰੇਹਨ, ਗੁਰਪ੍ਰੀਤ ਸਿੰਘ ਗਿੱਲ, ਹਨੀ ਚੌਹਾਨ, ਵਿੱਕੀ ਚੌਹਾਨ, ਵਰੁਣ ਸ਼ਰਮਾ, ਅਮਿਤ ਸੋਢੀ, ਪ੍ਰਦੀਪ ਕੁਮਾਰ ਸਮੇਤ ਕਾਲੋਨੀ ਵਾਸੀ ਮੌਜੂਦ ਸਨ।

## ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਹੋਈ ਅਹਿਮ ਮੀਟਿੰਗ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਪਵਿੱਤਰ ਅਸਥਾਨ ਗੁਰੂਦਵਾਰਾ ਖੱਡੀ ਸਾਹਿਬ ਜੋਧ ਹਾਲ ਵਿਖੇ ਹੋਈ।ਇਸ ਮੀਟਿੰਗ ਦੀ ਪ੍ਰਧਾਨਗੀ ਬਾਬਾ ਮੋਹਿੰਦਰ ਸਿੰਘ ਵੇਈਂਪੂਈਂ ਨੇ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਟਾਂਡਾ ਨੇ ਡੂੰਘੀ ਵਿਚਾਰ ਕਰਦਿਆਂ ਆਗੂਆਂ ਨੂੰ ਚਲ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਵਾਸਤੇ ਵਿਚਾਰ ਕੀਤਾ ਜਿਸ ਵਿਚ 6 ਅਪ੍ਰੈਲ ਨੂੰ ਐੱਸ ਕੇ ਐੱਮ ਪੰਜਾਬ ਵੱਲੋਂ ਸਾਰੇ ਪੰਜਾਬ ਦੇ ਡੀ. ਸੀ. ਦਫ਼ਤਰਾਂ ਦੇ ਦੇਣ ਵਾਲੇ ਧਰਨਿਆਂ ਵਿੱਚ ਪੂਰੀ ਤਾਕਤ ਨਾਲ ਸ਼ਾਮਲ ਹੋਣ ਲਈ ਕਿਹਾ।ਸ੍ਰੀ ਟਾਂਡਾ ਨੇ ਬੋਲਦਿਆ ਕਿ ਪੰਜਾਬ ਦੇ ਹਾਲਾਤ ਦਿਨ-ਬ-ਦਿਨ ਖਰਾਬ ਹੁੰਦੇ ਜਾ ਰਹੇ ਹਨ।

ਡਕੈਤੀਆਂ, ਫ਼ਿਰੌਤੀਆਂ, ਕਤਲ ਅਤੇ ਨਸ਼ੇ ਦੇ ਪ੍ਰਭਾਵ ਥੱਲੇ ਪੰਜਾਬ ਉੱਜੜ ਰਿਹਾ ਹੈ ਜਿਸ ਵੱਲ ਪੰਜਾਬ ਸਰਕਾਰ ਨੂੰ ਉਚੇਚਾ ਧਿਆਨ ਦੇਣ ਦੀ ਲੋੜ ਹੈ। ਇਸ ਮੌਕੇ ਦਲਬੀਰ ਸਿੰਘ ਵੇਦਾਦਪੁਰ, ਰਤਨ ਸਿੰਘ ਢੰਡ, ਕੈਪਟਨ ਭਗਵੰਤ ਸਿੰਘ, ਪਰਮਜੀਤ ਸਿੰਘ, ਜੱਸਾ ਸਿੰਘ, ਜਗਜੀਤ ਸਿੰਘ ਜੋਗੀ ਮੇਹਰਬਾਨਪੁਰ, ਸਰਪੰਚ ਨਿਰਵੈਲ ਸਿੰਘ ਸੁਖੇਵਾਲ, ਰਾਜਬੀਰ ਕੰਬੋਹ, ਦਿਲਬਾਗ ਸਿੰਘ ਬਾਣੀਆਂ, ਰਣਜੀਤ ਸਿੰਘ ਕੋਟਲੀ, ਕੇਹਰ ਸਿੰਘ ਮੁਗਾਲਚੱਕ, ਬਲਜਿੰਦਰ ਸਿੰਘ ਲੁੱਧਰ, ਮਨਦੀਪ ਸੋਹੀਆਂ, ਵਪਿੰਦਰ ਸਿੰਘ ਪਿੱਦੂ, ਗੁਰਲਾਲ ਸਿੰਘ ਲੇਈਆਂ, ਰਣਜੀਤ ਸਿੰਘ ਭੱਟਾ ਫਤਿਹਾਬਾਦ, ਦਿਲਬਾਗ ਸਿੰਘ ਠੱਠਗੜ੍ਹ, ਬਿਕਰਮਜੀਤ ਸਿੰਘ ਮੱਲਾ, ਬਚਿੱਤਰ ਸਿੰਘ ਕੰਮੋਕੇ, ਗੁਰਵਿੰਦਰ ਸਿੰਘ ਸੱਤੋਵਾਲ, ਅਤੇ ਗੁਰਜੀਤ ਸਿੰਘ ਬਾਣੀਆਂ ਆਦਿ ਹਾਜ਼ਰ ਸਨ।

# ਸੀਵਰੇਜ ਦੇ ਗੰਦੇ ਪਾਣੀ ਕਾਰਨ ਗੁਰਦੁਆਰਾ ਤੇ ਸਕੂਲ ਪ੍ਰਭਾਵਿਤ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਨ/ਰਣਬੀਰ ਸਿੰਘ ਗੋਲਨ)**-ਸੀਵਰੇਜ ਦਾ ਗੰਦਾ ਪਾਣੀ ਖਾਲੜਾ-ਹਰੀਕੇ ਮਾਰਗ ’ਤੇ ਜਮ੍ਹਾ ਹੋਣ ਕਾਰਨ ਇਤਿਹਾਸਕ ਨਗਰ ਪਹੂਵਿੰਡ ਦੇ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਤੇ ਸਰਕਾਰੀ ਐਲੀਮੈਂਟਰੀ ਸਕੂਲ ਦੋਨੋਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ।ਸੜਕ ’ਤੇ ਜਮ੍ਹਾ ਹੋਏ ਗੰਦੇ ਪਾਣੀ ਕਾਰਨ ਗੁਰਦੁਆਰਾ ਸਾਹਿਬ ਜਾਣ ਵਾਲੀਆਂ ਸੰਗਤਾਂ ਤੇ ਸਕੂਲ ਜਾਣ ਵਾਲੇ ਵਿਦਿਆਰਥੀਆਂ ਨੂੰ ਹਰ ਰੋਜ਼ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਗੱਲ ਇੱਥੇ ਹੀ ਨਹੀਂ ਮੁੱਕਦੀ, ਇਹ ਗੰਦਾ ਪਾਣੀ ਸੜਕ ’ਤੇ ਸਥਿਤ ਦੁਕਾਨਦਾਰਾਂ ਅਤੇ ਰਾਹਗੀਰਾਂ ਲਈ ਵੀ ਸਿਰਦਰਦ ਬਣਿਆ ਹੋਇਆ ਹੈ।ਸਕੂਲ ਦੇ ਵਿਦਿਆਰਥੀ ਤੇ ਦੁਕਾਨਾਂ ’ਤੇ ਸਾਮਾਨ ਖ਼ਰੀਦਣ ਜਾਣ ਵਾਲੇ ਲੋਕਾਂ ਨੂੰ ਗੰਦੇ ਪਾਣੀ ਕੋਲੋਂ ਲੰਘਣਾ ਪੈਂਦਾ ਹੈ।ਬਦਬੂ ਤੇ ਗੰਦੇ ਪਾਣੀ ਵਿੱਚ ਪਨਪਦੇ ਮੱਛਰ, ਮੱਖੀਆਂ ਤੇ ਹੋਰ ਜੀਵ ਸਕੂਲ ਦੇ ਵਿਦਿਆਰਥੀਆਂ ਤੇ ਆਸ-ਪਾਸ ਦੇ ਲੋਕਾਂ ਲਈ ਖ਼ਤਰਾ ਬਣ ਰਹੇ ਹਨ।ਪਾਣੀ ਜਮ੍ਹਾ ਹੋਣ ਕਾਰਨ ਸੜਕ ਵੀ ਟੁੱਟਣੀ ਸ਼ੁਰੂ ਹੋ ਗਈ ਹੈ ਤੇ ਉਹ ਦਿਨ ਦੂਰ ਨਹੀਂ ਜਦੋਂ ਇਹ ਸੜਕ ਵੱਡੇ-ਵੱਡੇ ਹਾਦਸਿਆਂ ਨੂੰ ਜਨਮ ਦੇਵੇਗੀ।ਨੈਸ਼ਨਲ ਹਾਈਵੇ ਦੇ ਅਜਿਹੇ ਹਾਲਾਤ ਜ਼ਿਲ੍ਹਾ ਪ੍ਰਸ਼ਾਸਨ ਦੀ ਕਾਰਗੁਜ਼ਾਰੀ ’ਤੇ ਵੱਡੇ ਸਵਾਲ ਖੜ੍ਹੇ ਕਰਦੇ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਲਾਕੇ ਦੇ ਸਮਾਜ ਸੇਵੀਆਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਨੇ ਸਰਕਾਰ ਅਤੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਇਸ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ, ਤਾਂ ਜੋ ਵਿਸ਼ਵ ਪ੍ਰਸਿੱਧ ਇਤਿਹਾਸਕ ਸਥਾਨ ਗੁਰਦੁਆਰਾ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਤੇ ਸਕੂਲ ਅੱਗੇ ਖੜ੍ਹੇ ਗੰਦੇ ਪਾਣੀ ਤੋਂ ਛੁਟਕਾਰਾ ਮਿਲ ਸਕੇ।

# 3 ਸਕੂਲ ਆਫ ਐਮੀਨੈਂਸ ’ਚ 9ਵੀਂ ਤੇ 11ਵੀਂ ਜਮਾਤ ’ਚ ਪ੍ਰੋਵੀਜ਼ਨਲ ਦਾਖਲੇ ਪਹਿਲੀ ਅਪ੍ਰੈਲ ਤੋਂ ਸ਼ੁਰੂ

## * ਫਾਈਨਲ ਦਾਖਲੇ ਲਈ ਪ੍ਰੋਵੀਜ਼ਨਲ ਦਾਖਲਾ ਅਤਿ ਜ਼ਰੂਰੀ



**ਧਾਰੀਵਾਲ, (ਮਨਦੀਪ ਵਿੱਕੀ)**-ਪੂਰੇ ਪੰਜਾਬ ਵਿੱਚ 118 ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਵਿੱਚ 9ਵੀਂ ਅਤੇ 11ਵੀਂ ਜਮਾਤ ਦੇ ਦਾਖਲੇ ਲਈ ਵਿਦਿਆਰਥੀਆਂ ਦੀ ਦਾਖਲਾ ਟੈਸਟ ਰਾਹੀਂ ਚੋਣ ਕੀਤੀ ਜਾਂਦੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫ਼ਸਰ ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਇਸ ਸਾਲ ਸਕੂਲ ਆਫ ਐਮੀਨੈਂਸ ਬਟਾਲਾ, ਗੁਰਦਾਸਪੁਰ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿੱਚ ਦਾਖਲੇ ਵਾਸਤੇ ਵਿਭਾਗ ਵੱਲੋਂ ਮਿਤੀ 1 ਮਾਰਚ 2026 ਨੂੰ ਪ੍ਰਵੇਸ਼ ਪ੍ਰੀਖਿਆ ਕੰਡਕਟ ਕਰਵਾਈ ਗਈ ਸੀ, ਜਿਸ ਦਾ ਰਿਜ਼ਲਟ ਐਲਾਨਿਆ ਜਾ ਚੁੱਕਾ। ਪਾਸ ਕਰ ਚੁੱਕੇ ਵਿਦਿਆਰਥੀਆਂ ਲਈ ਪ੍ਰੋਵੀਜ਼ਨਲ ਦਾਖਲੇ ਦੀ ਸ਼ੁਰੂਆਤ 01 ਅਪ੍ਰੈਲ 2026 ਤੋਂ ਪ੍ਰਵੇਸ਼ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਕੀਤੀ ਜਾ ਰਹੀ ਹੈ।ਇਹ ਵਿਦਿਆਰਥੀ ਪ੍ਰਵੇਸ਼ ਪ੍ਰੀਖਿਆ ਵਾਸਤੇ ਅਪਲਾਈ ਕਰਨ ਸਮੇਂ ਮੈਪ ਕੀਤੇ ਸਕੂਲ ਆਫ ਐਮੀਨੈਂਸ ਵਿੱਚ ਦਾਖਲਾ ਲੈਣ ਦੇ ਹੱਕਦਾਰ ਹੋਣਗੇ।ਇਸ ਵਿੱਚ ਸੱਭ ਤੋਂ ਪਹਿਲਾਂ ਐੱਸਓਈ ਸਕੂਲਾਂ ਵਿੱਚ 10ਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ 11ਵੀਂ ਜਮਾਤ ਵਿੱਚ ਪ੍ਰੋਵੀਜ਼ਨਲ ਦਾਖਲੇ ਵਿੱਚ ਪਹਿਲ ਦਿੱਤੀ ਜਾਵੇਗੀ ਅਤੇ ਇਹ ਵਿਦਿਆਰਥੀ 11ਵੀਂ ਵਾਸਤੇ ਆਪਣੀ ਮਨਪਸੰਦੀ ਦੇ ਸਟਰੀਮ ਦੀ ਚੋਣ ਕਰ ਸਕਦੇ ਹਨ। ਬਚਦੀਆਂ ਸੀਟਾਂ ਉਪਰ ਪ੍ਰਵੇਸ਼ ਪ੍ਰੀਖਿਆ ਵਿੱਚੋਂ ਕੁਆਲੀਫਾਈਡ ਵਿਦਿਆਰਥੀਆਂ ਨੂੰ ਪ੍ਰੋਵੀਜ਼ਨਲ ਤੌਰ ’ਤੇ ਦਾਖਲਾ ਦਿੱਤਾ ਜਾਵੇਗਾ।ਸ: ਪੁਰੇਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਤਿੰਨੇ ਸਕੂਲ ਆਫ ਐਮੀਨੈਂਸ ਵਿੱਚ 9ਵੀਂ ਜਮਾਤ ਲਈ 36 ਸੀਟਾਂ ਹਰੇਕ ਸਕੂਲ ਅਤੇ 11ਵੀਂ ਜਮਾਤ ਲਈ ਚਾਰ ਸਟਰੀਮ ਵਿੱਚ 32 ਵਿਦਿਆਰਥੀ ਪ੍ਰਤੀ ਸਟਰੀਮ (ਨਾਨ-ਮੈਡੀਕਲ, ਮੈਡੀਕਲ, ਆਰਟਸ ਤੇ ਕਾਮਰਸ) ਦੇ ਹਿਸਾਬ 128 ਸੀਟਾਂ ਹੋਣਗੀਆਂ।ਪ੍ਰੋਵੀਜ਼ਨਲ ਦਾਖਲਾ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਦੀ ਪ੍ਰਵੇਸ਼ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ, ਅੱਠਵੀ/ਦਸਵੀਂ ਪ੍ਰੀਖਿਆ ਦੇ ਨਤੀਜੇ ਪਾਸ ਹੋਣ ਉਪਰੰਤ ਅਤੇ ਐੱਸਓਈ ਸਕੂਲਾਂ ਵਿਚ ਸੀਟਾਂ ਦੀ ਉਪਲੱਬਤਾ ਹੋਣ ਦੀ ਸੂਰਤ ਵਿੱਚ ਦਾਖਲਾ ਫਾਈਨਲ ਮੰਨਿਆ ਜਾਵੇਗਾ।ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ) ਪਰਮਜੀਤ ਨੇ ਜ਼ਿਲ੍ਹੇ ਦੇ ਸਮੂਹ ਪ੍ਰਵੇਸ਼ ਪ੍ਰੀਖਿਆ ਪਾਸ ਕਰ ਚੁੱਕੇ ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀਆਂ ਨੂੰ ਮਿਤੀ 01 ਅਪ੍ਰੈਲ 2026 ਨੂੰ ਆਪਣੇ-ਆਪਣੇ ਮੈਪਡ ਸਕੂਲ ਆਫ ਐਮੀਨੈਂਸ ਵਿੱਚ ਜ਼ਰੂਰੀ ਦਸਤਾਵੇਜ਼ ਸਮੇਤ ਸੰਬੰਧਿਤ ਪ੍ਰਿੰਸੀਪਲ ਨੂੰ ਰਿਪੋਰਟ ਕਰਨ ਲਈ ਪਾਬੰਦ ਕੀਤਾ।ਕੇਵਲ ਪ੍ਰੋਵੀਜ਼ਨਲ ਤੌਰ ’ਤੇ ਦਾਖਲਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚੋਂ ਹੀ ਫਾਈਨਲ ਦਾਖਲੇ ਦੀ ਚੋਣ ਕੀਤੀ ਜਾਵੇਗੀ।ਸ: ਪੁਰੇਵਾਲ ਨੇ ਦੱਸਿਆ ਕਿ ਇਨ੍ਹਾਂ ਸਕੂਲਾਂ ਵਿੱਚ ਦਾਖਲਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਵਾਸਤੇ ਸਕੂਲ ਪੱਧਰ ’ਤੇ ਹੀ ਪੇਸ ਤਹਿਤ ਜੇਈਈ/ਨੀਟ ਅਤੇ ਕਲੈਟ ਆਦਿ ਟੈਸਟਾਂ ਲਈ ਮੁਫਤ ਕੋਚਿੰਗ ਦਿੱਤੀ ਜਾਵੇਗੀ ਅਤੇ ਹਰੇਕ ਵਿਦਿਆਰਥੀ ਨੂੰ 4000 ਰੁਪਏ ਕੀਮਤ ਦੀ ਮੁਫਤ ਯੂਨੀਫਾਰਮ ਅਤੇ ਬੱਸ ਸਹੂਲਤ ਵੀ ਮੁਫਤ ਮੁਹੱਈਆ ਕਰਵਾਈ ਜਾਵੇਗੀ।

ਹਰੇਕ ਸਾਲ ਵਿਦਿਆਰਥੀਆਂ ਲਈ ਐਕਸਪੋਜ਼ਰ ਵਿਜ਼ਟ ਦੇ ਨਾਲ-ਨਾਲ ਕੰਪੀਟੀਟਿਵ ਇਮਤਿਹਾਨਾਂ ਦੀ ਤਿਆਰੀ ਵਾਸਤੇ ਸਟੇਟ ਪੱਧਰ ਤੇ ਮੁਫ਼ਤ ਵਿੰਟਰ ਅਤੇ ਸਮਰ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ।ਪਿਛਲੇ ਸਾਲਾਂ ਦੌਰਾਨ ਇਨ੍ਹਾਂ ਸਕੂਲਾਂ ਦੇ ਕਈ ਵਿਦਿਆਰਥੀਆਂ ਨੇ ਜੇਈਈ/ਨੀਟ ਅਤੇ ਕਲੈਟ ਦੀ ਪ੍ਰੀਖਿਆ ਪਾਸ ਕਰਕੇ ਜ਼ਿਲ੍ਹੇ ਦੇ ਨਾਂਅ ਰੌਸ਼ਨ ਕੀਤਾ ਹੈ।ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਸਮੇਂ ਸਿਰ ਅਤੇ ਮਿੱਥੇ ਸਮੇਂ ’ਤੇ ਸਕੂਲ ਵਿਜ਼ਟ ਕਰਕੇ ਆਪਣੇ ਬੱਚਿਆਂ ਦਾ ਦਾਖਲਾ ਕਰਵਾਓ।

## ਮਾਸਟਰ ਖੇਤੀ ਸਟੋਰ ਚੋਹਲਾ ਸਾਹਿਬ ਵਿਖੇ ਚੋਰੀ




**ਚੋਹਲਾ ਸਾਹਿਬ (ਰਮਨ ਚੱਢਾ)**-ਆਏ ਦਿਨ ਹੋ ਰਹੀਆਂ ਚੋਰੀਆਂ ਅਤੇ ਲੁੱਟਾਂ-ਖੋਹਾਂ ਤੋਂ ਇਲਾਕਾ ਨਿਵਾਸੀ ਪ੍ਰੇਸ਼ਾਨ ਹਨ। ਇਸਦੀ ਤਾਜ਼ਾ ਮਿਸਾਲ ਬੀਤੀ ਰਾਤ ਮਾਸਟਰ ਖੇਤੀ ਸਟੋਰ ਚੋਹਲਾ ਸਾਹਿਬ ਵਿਖੇ ਚੋਰਾਂ ਵੱਲੋਂ ਬੜੇ ਦਲੇਰਾਨਾ ਢੰਗ ਨਾਲ ਕੀਤੀ ਚੋਰੀ ਤੋਂ ਮਿਲਦੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮਾਸਟਰ ਖੇਤੀ ਸਟੋਰ ਚੋਹਲਾ ਸਾਹਿਬ ਦੇ ਮਾਲਕ ਮਾਸਟਰ ਦਲਬੀਰ ਸਿੰਘ ਚੰਬਾ ਨੇ ਪੱਤਰਕਾਰਾਂ ਨੂੰ ਦਿੰਦੇ ਹੋਏ ਦੱਸਿਆ ਕਿ ਰੋਜ਼ਾਨਾ ਦੀ ਤਰ੍ਹਾਂ ਉਹ ਆਪਣੀ ਦੁਕਾਨ ਨੂੰ ਜਿੰਦਰਾ ਲਗਾ ਕੇ ਆਪਣੇ ਘਰ ਚਲੇ ਗਏ ਅਤੇ ਜਦ ਸਵੇਰ ਦੇ ਸਮੇਂ ਆਕੇ ਦੁਕਾਨ ਖੋਲ੍ਹਣ ਲੱਗੇ ਤਾਂ ਵੇਖਿਆ ਉਨ੍ਹਾਂ ਦੀ ਦੁਕਾਨ ਦੇ ਸ਼ਟਰ ਦਾ ਤਾਲਾ ਪਹਿਲਾਂ ਹੀ ਟੁੱਟਾ ਪਿਆ ਸੀ। ਜਦ ਉਨ੍ਹਾਂ ਅੰਦਰ ਜਾ ਕੇ ਵੇਖਿਆ ਤਾਂ ਅੰਦਰ ਸਾਮਾਨ ਖਿੱਲਰਿਆ ਪਿਆ ਸੀ ਅਤੇ ਦੁਕਾਨ ਵਿੱਚੋਂ 50 ਲੀਟਰ ਡੀਜ਼ਲ, ਇੱਕ ਐੱਲਸੀਡੀ ਅਤੇ ਗੱਲੇ ਵਿੱਚੋਂ ਨਗਦੀ ਚੋਰਾਂ ਵੱਲੋਂ ਚੋਰੀ ਕਰ ਲਈ ਗਈ ਸੀ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਲਿਖਤੀ ਰੂਪ ਵਿੱਚ ਇੱਕ ਦਰਖਾਸਤ ਪੁਲਸ ਥਾਣਾ ਚੋਹਲਾ ਸਾਹਿਬ ਵਿਖੇ ਦੇ ਦਿੱਤੀ। ਇਸ ਸਮੇਂ ਪੁਲਸ ਅਧਿਕਾਰੀ ਨਾਲ ਗੱਲਬਾਤ ਕਰਨ ਤੇ ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਕੈਮਰਿਆਂ ਰਾਹੀਂ ਪਤਾ ਲਗਾਇਆ ਜਾ ਰਿਹਾ ਹੈ।

# ਫਿਰੌਤੀ ਦੀ ਮੰਗ ਕਰਨ ਵਾਲੇ 3 ਗੁਰਗੇ ਹਥਿਆਰ ਸਮੇਤ ਗ੍ਰਿਫਤਾਰ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਗੌਰਵ ਤੂਰਾ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਪ੍ਰੈਸ ਨੂੰ ਦੱਸਿਆ ਕਿ ਕਪੂਰਥਲਾ ਪੁਲਸ ਵੱਲੋਂ ਔਰਗੇਨਾਈਜ ਕਰਾਈਮ ਦੇ ਖਿਲਾਫ ਵਿਸ਼ੇਸ਼ ਮੁਹਿਮ ਚਲਾਈ ਹੋਈ ਹੈ। ਇਸ ਮੁਹਿਮ ਤਹਿਤ ਕਪੂਰਥਲਾ ਪੁਲਸ ਵੱਲੋਂ ਧਮਕੀਆਂ ਦੇ ਕੇ ਫਿਰੌਤੀ ਦੀ ਮੰਗ ਕਰਨ ਅਤੇ ਫਾਇਰਿੰਗ ਕਰਨ ਵਾਲੇ ਗੈਂਗ ਦਾ ਪਰਦਾਫਾਸ਼ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ।ਐਸ.ਐਸ.ਪੀ ਕਪੂਰਥਲਾ ਨੇ ਦੱਸਿਆ ਕਿ 21 ਮਾਰਚ ਨੂੰ ਪਿੰਡ ਆਹਲੀ ਕਲਾਂ ਥਾਣਾ ਕਬੀਰਪੁਰ ਜ਼ਿਲ੍ਹਾ ਕਪੂਰਥਲਾ ਵਿਖੇ ਵਿਦੇਸ਼ੀ ਵਰਚੂਅਲ ਨੰਬਰ ਤੋਂ ਔਰਗੇਨਾਈਜ ਕ੍ਰਿਮਿਨਲ ਵੱਲੋਂ ਫੋਨ ਕਰਕੇ 50 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਗਈ ਸੀ ਅਤੇ ਫਿਰੌਤੀ ਨਾ ਦੇਣ 'ਤੇ 3 ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਫਾਇਰ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਇਨ੍ਹਾਂ ਦਾ ਪਿੱਛਾ ਕਰਕੇ ਤਰਨ ਤਾਰਨ ਤੋਂ ਅਪਰਾਧੀਆਂ ਨੂੰ ਲੋਕੇਟ ਕੀਤਾ ਅਤੇ ਇਹਨਾਂ ਦੀ ਲਗਾਤਾਰ ਸਰਵੇਲੈਂਸ ਕੀਤੀ ਗਈ ਤੇ ਸੀ.ਆਈ.ਏ ਕਪੂਰਥਲਾ ਥਾਣਾ ਕਬੀਰਪੁਰ ਟੈਕਨੀਕਲ ਸੈਲ ਕਪੂਰਥਲਾ ਅਤੇ ਜ਼ਿਲ੍ਹਾ ਤਰਨ ਤਾਰਨ ਦੀ ਪੁਲਸ ਦੀ ਮਦਦ ਨਾਲ ਤਿੰਨੋ ਗੁਰਗਿਆਂ ਨੂੰ ਕਾਬੂ ਕੀਤਾ। ਵਾਰਦਾਤ ਦੌਰਾਨ ਫਾਇਰ ਕਰਨ ਵਾਲਾ ਪਿਸਟਲ ਸਮੇਤ ਮੈਗਜ਼ੀਨ ਬ੍ਰਾਮਦ ਕੀਤਾ ਅਤੇ ਤਿੰਨੋ ਗੁਰਗਿਆਂ ਵੱਲੋਂ ਵਾਰਦਾਤ ਵਿੱਚ ਵਰਤਿਆ ਗਿਆ ਮੋਟਰਸਾਈਕਲ ਵੀ ਬ੍ਰਾਮਦ ਕੀਤਾ ਗਿਆ ਹੈ। ਇਸ ਸਬੰਧੀ ਡੂੰਘਾਈ ਨਾਲ ਤਫਤੀਸ਼ ਕਰਕੇ ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਫਿਰੌਤੀ ਮੰਗਣ ਵਾਲੇ ਸੰਗਠਿਤ ਅਪਰਾਧ ਨਾਲ ਜੁੜੇ ਤਿੰਨ ਗੁਰਗੇ ਅੰਮ੍ਰਿਤਪ੍ਰੀਤ ਸਿੰਘ ਵਾਸੀ ਖੇਡਾ ਥਾਣਾ ਸਰਹਾਲੀ ਜ਼ਿਲਾ ਤਰਨ ਤਾਰਨ, ਨਿਸ਼ਾ ਸਿੰਘ ਉਰਫ ਨਿਸ਼ਾਨ ਵਾਸੀ ਮੁਹੱਲਾ ਚੌਧਰੀ ਵਾਲਾ ਨੌਸ਼ਹਿਰਾ ਪੰਨੂਆ ਥਾਣਾ ਸਰਹਾਲੀ ਜ਼ਿਲ੍ਹਾ ਤਰਨ ਤਾਰਨ ਅਤੇ 1 ਜੁਵੀਨਾਈਲ ਨੂੰ ਗ੍ਰਿਫਤਾਰ ਕੀਤਾ ਹੈ। ਇਸ ਵਾਰਦਾਤ ਨੂੰ ਟਰੇਸ ਕਰਨ ਲਈ ਹਰਿੰਦਰ ਸਿੰਘ ਗਿੱਲ ਪੁਲਸ ਕਪਤਾਨ ਤਫਤੀਸ਼ ਕਪੂਰਥਲਾ, ਸੁਖਪਾਲ ਸਿੰਘ ਰੰਧਾਵਾ ਉਪ ਪੁਲਸ ਕਪਤਾਨ ਕਪੂਰਥਲਾ, ਧਰਿੰਦਰ ਵਰਮਾ ਸਹਾਇਕ ਪੁਲਸ ਕਪਤਾਨ ਸਬ-ਡਵੀਜ਼ਨ ਸੁਲਤਾਨਪੁਰ ਲੋਧੀ ਦੀ ਅਗਵਾਈ ਹੇਠ ਐਸ.ਆਈ ਰਮਨ ਕੁਮਾਰ ਇੰਚਾਰਜ ਸੀ.ਆਈ.ਏ ਕਪੂਰਥਲਾ, ਇੰਸਪੈਕਟਰ ਨਿਰਮਲ ਸਿੰਘ ਮੁੱਖ ਅਫਸਰ ਥਾਣਾ ਕਬੀਰਪੁਰ ਅਤੇ ਏ.ਐਸ.ਆਈ ਚਰਨਜੀਤ ਸਿੰਘ ਇੰਚਾਰਜ ਟੈਕਨੀਕਲ ਸੈਲ ਕਪੂਰਥਲਾ ਦੀ ਟੀਮ ਬਣਾਈ ਗਈ ਸੀ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਨੇ ਵਿਦੇਸ਼ ਵਿੱਚ ਬੈਠੇ ਔਰਗੇਨਾਈਜ ਸੰਗਠਨਾਂ ਦੇ ਕਹਿਣ 'ਤੇ ਗੇਟ 'ਤੇ ਫਾਇਰ ਕਰਨ ਦੀ ਕੋਸ਼ਿਸ਼ ਕੀਤੀ ਸੀ ਅਤੇ ਇਹਨਾਂ ਨੇ ਹੋਰ ਵੀ ਅਜਿਹੀਆਂ ਵਾਰਦਾਤਾਂ ਕਰਨੀਆਂ ਸਨ। ਨਿਸ਼ਾ ਸਿੰਘ ਉਰਫ ਨਿਸ਼ਾਨ ਖਿਲਾਫ ਪਹਿਲਾਂ ਵੀ 1 ਮੁਕੱਦਮਾ ਦਰਜ ਹੈ। ਇਹਨਾਂ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕਰਕੇ ਤਫਤੀਸ਼ ਕੀਤੀ ਜਾ ਰਹੀ ਹੈ ਜਿਸ ਨਾਲ ਹੋਰ ਵੀ ਕਈ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।



# ਗੈਂਗਸਟਰਵਾਦ ਖਿਲਾਫ਼ ਮੁਹਿੰਮ ਨੂੰ ਮਿਲ ਰਿਹਾ ਜਨਤਾ ਦਾ ਭਾਰੀ ਸਮਰਥਨ : ਬਲਤੇਜ ਪੰਨੂ

**ਚੰਡੀਗੜ੍ਹ**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਗੈਂਗਸਟਰਾਂ ਦੇ ਸਫ਼ਾਏ ਲਈ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਜਨਤਾ ਦਾ ਬੇਮਿਸਾਲ ਸਮਰਥਨ ਮਿਲ ਰਿਹਾ ਹੈ। ਪੰਨੂ ਨੇ ਦੱਸਿਆ ਕਿ ਗੈਂਗਸਟਰਾਂ ਖ਼ਿਲਾਫ਼ ਜਾਰੀ ਕੀਤੇ ਗਏ ਵਿਸ਼ੇਸ਼ ਹੈਲਪਲਾਈਨ ਨੰਬਰ 'ਤੇ ਪੰਜਾਬ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਅੱਗੇ ਆ ਕੇ ਪੁਲਸ ਦੀ ਮਦਦ ਕੀਤੀ ਹੈ। ਬਲਤੇਜ ਪੰਨੂ ਨੇ ਅੰਕੜੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਹੈਲਪਲਾਈਨ 'ਤੇ ਹੁਣ ਤੱਕ ਲਗਭਗ 590 ਲੋਕਾਂ ਨੇ ਆਪਣੀਆਂ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਦੀ ਪਹਿਲ ਸ਼ਿਕਾਇਤਕਰਤਾ ਦੀ ਸੁਰੱਖਿਆ ਹੈ, ਇਸ ਲਈ ਸੂਚਨਾ ਦੇਣ ਵਾਲੇ ਹਰ ਵਿਅਕਤੀ ਦਾ ਨਾਮ ਪੂਰੀ ਤਰ੍ਹਾਂ ਗੁਪਤ ਰੱਖਿਆ ਜਾ ਰਿਹਾ ਹੈ। ਪ੍ਰਾਪਤ ਸ਼ਿਕਾਇਤਾਂ ਵਿੱਚੋਂ 83 ਸ਼ਿਕਾਇਤਾਂ ਨਸ਼ਾ ਤਸਕਰੀ ਵਿਰੁੱਧ, 35 ਜਬਰਨ ਵਸੂਲੀ (ਫਿਰੌਤੀ), 43 ਗੈਂਗਸਟਰਾਂ ਨਾਲ ਸੰਬੰਧਤ ਅਤੇ 86 ਗੈਰ-ਕਾਨੂੰਨੀ ਹਥਿਆਰਾਂ ਵਿਰੁੱਧ ਦਰਜ ਕੀਤੀਆਂ ਗਈਆਂ ਹਨ। ਇਨ੍ਹਾਂ ਸ਼ਿਕਾਇਤਾਂ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਹੁਣ ਤੱਕ 63 ਗੰਭੀਰ ਮਾਮਲਿਆਂ ਵਿੱਚ ਐਫ ਆਈ ਆਰ ਦਰਜ ਕੀਤੀ ਜਾ ਚੁੱਕੀ ਹੈ।ਪੰਨੂ ਨੇ ਕਿਹਾ ਕਿ ਦਰਜ ਕੀਤੀਆਂ ਗਈਆਂ ਇਨ੍ਹਾਂ ਐਫ ਆਈ ਆਰਜ਼ ਵਿੱਚ ਵੱਖ-ਵੱਖ ਗੈਂਗਸਟਰਾਂ ਅਤੇ ਉਨ੍ਹਾਂ ਦੇ ਗੁਰਗਿਆਂ ਨੂੰ ਨਾਮਜ਼ਦ ਕੀਤਾ ਗਿਆ ਹੈ, ਜਿਸ ਨਾਲ ਉਨ੍ਹਾਂ ਦੇ ਨੈੱਟਵਰਕ ਦੀ ਕਮਰ ਟੁੱਟ ਗਈ ਹੈ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਗਿਣਤੀ ਵਿੱਚ ਲੋਕਾਂ ਦਾ ਨਿਡਰ ਹੋ ਕੇ ਸ਼ਿਕਾਇਤ ਦਰਜ ਕਰਵਾਉਣਾ ਇਹ ਦਰਸਾਉਂਦਾ ਹੈ ਕਿ ਪੰਜਾਬ ਦੀ ਜਨਤਾ ਨੂੰ ਐਂਟੀ-ਗੈਂਗਸਟਰ ਟਾਸਕ ਫੋਰਸ ਅਤੇ ਮਾਨ ਸਰਕਾਰ ਦੀ ਨੀਅਤ 'ਤੇ ਪੂਰਾ ਭਰੋਸਾ ਹੈ। ਕਈ ਹੋਰ ਸ਼ਿਕਾਇਤਾਂ 'ਤੇ ਅਜੇ ਡੂੰਘਾਈ ਨਾਲ ਜਾਂਚ ਚੱਲ ਰਹੀ ਹੈ, ਜਿਨ੍ਹਾਂ 'ਤੇ ਜਲਦੀ ਹੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸੂਬੇ ਨੂੰ ਅਪਰਾਧ ਮੁਕਤ ਅਤੇ ਸੁਰੱਖਿਅਤ ਬਣਾਉਣ ਦੀ ਇਹ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਵਿੱਚੋਂ ਗੈਂਗਸਟਰਵਾਦ ਦਾ ਸਫ਼ਾਇਆ ਨਹੀਂ ਹੋ ਜਾਂਦਾ।



# ਸਾਈਂ ਉਮਰੇ ਸ਼ਾਹ ਕਾਦਰੀ ਦਾ ਜਨਮ ਦਿਨ ਮਨਾਇਆ

**ਬੰਗਾ (ਅਵਤਾਰ ਕਲੇਰ)** ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਰੌਜਾ ਸ਼ਰੀਫ਼ ਮੰਢਾਲੀ ਵਿਖੇ ਮੌਜੂਦਾ ਗੱਦੀ ਸਾਈਂ ਉਮਰੇ ਸ਼ਾਹ ਕਾਦਰੀ ਦਾ ਜਨਮ ਦਿਨ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਫੱਕਰ ਸ਼ਾਹ ਦਾਦੂਵਾਲ, ਸਾਈਂ ਜੀਤ ਸ਼ਾਹ ਰੁੜਕਾਂ ਕਲਾਂ, ਬਾਬਾ ਰਜਿੰਦਰ ਸ਼ਾਹ ਜੰਮੂ, ਸਾਈਂ ਰਾਮੇ ਸ਼ਾਹ ਲੁਦਿਆਣੀ ਸ਼ਰੀਫ਼, ਬਾਬਾ ਸੋਨੂੰ ਮਿਆਣੀ,ਮਨੀ ਸਾਈਂ ਲੁਧਿਆਣਾ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਕੇਕ ਕੱਟ ਕੇ ਸਾਈਂ ਉਮਰੇ ਸ਼ਾਹ ਕਾਦਰੀ ਨੂੰ ਮੁਬਾਰਕਬਾਦ ਦਿੱਤੀ। ਕੁਲ ਲੋਕਾਈ ਦੇ ਭਲੇ ਲਈ ਦੁਆ ਕੀਤੀ ਗਈ। ਸਾਈਂ ਉਮਰੇ ਸ਼ਾਹ ਕਾਦਰੀ ਦੀ ਲੰਬੀ ਉਮਰ ਦੀ ਕਾਮਨਾ ਕੀਤੀ। ਦਰਬਾਰ ਤੇ ਪਹੁੰਚੀਆਂ ਸੰਗਤਾਂ ਵੱਲੋਂ ਸਾਈਆਂ ਦਾ ਅਸ਼ੀਰਵਾਦ ਲਿਆ। ਇਸ ਮੌਕੇ ਸੁਖਚੈਨ ਰਾਮ ਪਰਸੋਵਾਲ, ਬੀਬੀ ਸੀਤਾ ਦੇਵੀ,ਡਾ. ਸਤਨਾਮ ਪਰਸੋਵਾਲ, ਮੀਰਾਂ ਸ਼ਰਮਾ ਸਰਪੰਚ ਮੰਢਾਲੀ, ਮੁਹੰਮਦ ਆਸ਼ਿਕ ਨੀਲਾ,ਹੁਸਨ ਲਾਲ ਜੱਬੋਵਾਲ, ਰਜਿੰਦਰ ਥਾਪਰ ਲੁਧਿਆਣਾ,ਸੋਨੀ ਮੰਢਾਲੀ ,ਗੱਗੀ,ਹਨੀ, ਬਚਿੱਤਰ ਸਿੰਘ, ਚੰਨੀ ਖੋਥੜਾਂ, ਹਰਪ੍ਰੀਤ ਜੱਖੂ, ਸੋਨੂੰ ਜੱਸੋਮਜਾਰਾ, ਸੋਨੂੰ ਬਾਵਾ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।



# ਰੰਗਾਰੰਗ ਪ੍ਰੋਗਰਾਮ ਮੇਲਾ ਵਿਸਾਖੀ ਦਾ 13 ਨੂੰ

**ਨਕੋਦਰ (ਮਨਜੀਤ ਮਾਨ)** ਨਿਰਮਾਤਾ ਪੂਜਾ ਸੱਭਰਵਾਲ ਨੇ ਦਸਿਆ ਕਿ ਦੂਰਦਰਸ਼ਨ ਜਲੰਧਰ ਡੀ ਡੀ ਪੰਜਾਬੀ ਤੇ ਵਿਸਾਖੀ ਦੀ ਆਮਦ ਤੇ 13 ਅਪ੍ਰੈਲ 2026 ਰਾਤ 10 ਵਜੇ ਤੋ ਲੈਕੇ 11 ਵਜੇ ਤਕ ਰੰਗਾਂ ਰੰਗ ਪ੍ਰੋਗਰਾਮ ਮੇਲਾ ਵਿਸਾਖੀ ਦਾ ਪ੍ਰਸਾਰਿਤ ਹੋਵੇਗਾ । ਨਵਾਂ ਗੀਤ ਬਾਪੂ ਸੂਫ਼ੀ ਗਾਇਕਾ ਕੌਰ ਮਨੀਸ਼ਾ ਨੇ ਗਾਇਆ ਹੈ ਤੇ ਬੜੇ ਹੀ ਵਧੀਆ ਤਰੀਕੇ ਨਾਲ ਗੀਤਕਾਰ ਰਣਜੀਤ ਦਿਨਪੁਰੀ ਨੇ ਲਿਖਿਆ ਤੇ ਹਰੀ ਅਮਿਤ ਵਲੋ ਬੜਾ ਸੋਹਣਾ ਸੰਗੀਤ ਤਿਆਰ ਕੀਤਾ ਗਿਆ । ਸਾਹਿਲ ਚੌਹਾਨ ਵੱਲੋ ਗੀਤ ਦੀ ਤਰਜ਼ ਤਿਆਰ ਕੀਤੀ ਗਈ । ਗੀਤ ਦੇ ਨਿਰਦੇਸ਼ਕ ਹਨ ਅਮਰੀਕ ਮਾਈਕਲ । ਬਹੁਤ ਜਲਦੀ ਤੁਸੀ ਅਨੁਰਾਗ ਪ੍ਰੋਡਕਸ਼ਨ ਯੂਟਿਊਬ ਚੈਨਲ ਤੇ ਹੋਰ ਅਲਗ ਅਲਗ ਸੋਸ਼ਲ ਸਾਈਟਾਂ ਉੱਤੇ ਸੁਣੋਗੇ ਤੇ ਦੇਖੋਗੇ ।



# ਜਲੰਧਰ ਹਾਈਟਸ 2 ਨੇ ਪਹਿਲਾ ਲੀਗ ਮੈਚ ਜਿੱਤਿਆ




**ਜਲੰਧਰ (ਰਾਜੇਸ਼ ਥਾਪਾ)**- ਮੀਂਹ ਦੀਆਂ ਹਲਕੀ ਫੁਹਾਰਾਂ ਵੀ ਕ੍ਰਿਕਟ ਪ੍ਰੇਮੀਆਂ ਦੇ ਜੋਸ਼ ਨੂੰ ਘਟਾ ਨਾ ਸਕੀਆਂ ਤੇ ਏ ਜੀ ਆਈ ਵੀਕਲੀ ਕ੍ਰਿਕਟ ਲੀਗ ਦਾ ਮੈਚ ਜਲੰਧਰ ਹਾਈਟਸ 1, 66 ਫੁੱਟ ਰੋਡ ਦੇ ਟੀ ਬਲਾਕ ਕ੍ਰਿਕਟ ਗਰਾਊਂਡ ਵਿੱਚ ਸ਼ੁਰੂ ਹੋਇਆ। ਮੈਚ ਜਲੰਧਰ ਹਾਈਟਸ 2 ਅਤੇ ਜਲੰਧਰ ਹਾਈਟਸ 3 ਵਿਚਕਾਰ ਖੇਡਿਆ ਗਿਆ, ਜਿਸ ਵਿੱਚ ਜਲੰਧਰ ਹਾਈਟਸ 2 ਨੇ 5 ਰਨਾਂ ਨਾਲ ਜਿੱਤ ਦਰਜ ਕੀਤੀ। ਜਲੰਧਰ ਹਾਈਟਸ 2 ਨੇ 107 ਰਨ ਬਣਾਏ, ਜਦਕਿ ਜਲੰਧਰ ਹਾਈਟਸ 3 ਦੀ ਟੀਮ 102 ਰਨਾਂ ਤੱਕ ਹੀ ਪਹੁੰਚ ਸਕੀ।ਟਾਸ ਜਿੱਤ ਕੇ ਜਲੰਧਰ ਹਾਈਟਸ 2 ਨੇ ਪਹਿਲਾਂ ਬੱਲੇਬਾਜ਼ੀ ਕੀਤੀ। ਟੀਮ ਦੇ ਬੱਲੇਬਾਜ਼ ਬਲਬੀਰ ਨੇ ਸ਼ਾਨਦਾਰ ਖੇਡ ਦਿਖਾਉਂਦੇ ਹੋਏ 4 ਛੱਕਿਆਂ ਅਤੇ 5 ਚੌਕਿਆਂ ਦੀ ਮਦਦ ਨਾਲ 60 ਰਨ ਬਣਾਏ। ਹਰਪ੍ਰੀਤ ਪਾਲ ਨੇ 47 ਰਨਾਂ ਦਾ ਯੋਗਦਾਨ ਦਿੱਤਾ।107 ਰਨਾਂ ਦੇ ਲਕਸ਼ ਦਾ ਪਿੱਛਾ ਕਰਦੇ ਹੋਏ ਜਲੰਧਰ ਹਾਈਟਸ 3 ਦੀ ਟੀਮ 102 ਰਨ ਹੀ ਬਣਾ ਸਕੀ। ਟੀਮ ਵੱਲੋਂ ਮੋਂਟੂ ਨੇ 50 ਰਨ ਬਣਾਏ, ਜਦਕਿ ਦਿਆਮ ਨੇ 32 ਰਨ ਅਤੇ ਤਿਵਾਰੀ ਨੇ 20 ਰਨ ਜੋੜੇ।ਜਲੰਧਰ ਹਾਈਟਸ 2 ਦੇ ਜਸਤਰਨ ਨੇ 4 ਵਿਕਟਾਂ ਲੈ ਕੇ ਮੈਚ ਦਾ ਸਰਵੋਤਮ ਗੇਂਦਬਾਜ਼ ਬਣਿਆ, ਜਦਕਿ ਬਲਬੀਰ ਨੂੰ ਸਰਵੋਤਮ ਬੱਲੇਬਾਜ਼ ਐਲਾਨ ਕੀਤਾ ਗਿਆ।

# ਜ਼ਿਲ੍ਹੇ 'ਚ 280 ਪੈਟਰੋਲ ਪੰਪਾਂ ਤੇ ਗੈਸ ਏਜੰਸੀਆਂ 'ਤੇ ਪੈਟਰੋਲ, ਡੀਜ਼ਲ ਤੇ ਗੈਸ ਦੀ ਸਪਲਾਈ ਨਿਰਵਿਘਨ ਜਾਰੀ : ਵਧੀਕ ਡਿਪਟੀ ਕਮਿਸ਼ਨਰ

**ਜਲੰਧਰ (ਸ਼ੈਲੀ ਐਲਬਰਟ)**- ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਜਲੰਧਰ ਵਿਖੇ ਸਥਿਤ 280 ਦੇ ਕਰੀਬ ਪੈਟਰੋਲ ਪੰਪਾਂ ਅਤੇ ਗੈਸ ਏਜੰਸੀਆਂ 'ਤੇ ਡੀਜ਼ਲ, ਪੈਟਰੋਲ ਅਤੇ ਲੋੜੀਂਦੀ ਮਾਤਰਾ ਵਿੱਚ ਗੈਸ ਦੀ ਲਗਾਤਾਰ ਸਪਲਾਈ ਜਾਰੀ ਹੈ। ਉਨ੍ਹਾਂ ਦੱਸਿਆ ਕਿ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ।ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਪੈਟਰੋਲ ਅਤੇ ਗੈਸ ਏਜੰਸੀਆਂ ਨਾਲ ਲਗਾਤਾਰ ਨਿਯਮਤ ਤੌਰ 'ਤੇ ਰਾਬਤਾ ਕਾਇਮ ਰੱਖਿਆ ਜਾ ਰਿਹਾ ਹੈ ਅਤੇ ਜ਼ਿਲ੍ਹੇ ਵਿੱਚ ਪੈਟਰੋਲ , ਡੀਜ਼ਲ ਤੇ ਗੈਸ ਦੀ ਕੋਈ ਕਮੀ ਨਹੀਂ ਪਾਈ ਜਾ ਰਹੀ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵਲੋਂ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਜਾਰੀ ਹਦਾਇਤਾਂ ਤਹਿਤ ਕਮਰਸ਼ੀਅਲ ਸਪਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਸਿੱਖਿਆ ਤੇ ਸਿਹਤ ਸੰਸਥਾਵਾਂ ਨੂੰ ਪਹਿਲ ਦੇ ਅਧਾਰ 'ਤੇ ਗੈਸ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ।ਇਸ ਤੋਂ ਇਲਾਵਾ ਹੋਟਲਾਂ ਅਤੇ ਰੈਸਟੋਰੈਂਟਾਂ ਨੂੰ ਤੇ ਵਿਆਹਾਂ ਦੇ ਮੌਕਿਆਂ 'ਤੇ ਗੈਸ ਸਪਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਲੋੜੀਂਦੀ ਮਾਤਰਾ ਵਿੱਚ ਸਪਲਾਈ ਪਹੁੰਚ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੀ ਦਿਨੀ ਜੋ ਪੈਟਰੋਲ ਪੰਪਾਂ ਉੱਤੇ ਲੰਮੀਆਂ-ਲੰਮੀਆਂ ਲਾਈਨਾਂ ਦੇਖੀਆਂ ਗਈਆਂ ਸਨ, ਉਹ ਸਿਰਫ਼ ਅਫਵਾਹਾਂ ਕਾਰਨ ਸਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ 'ਤੇ ਯਕੀਨ ਨਾ ਕਰਨ ਅਤੇ ਘਬਰਾ ਕੇ ਖ਼ਰੀਦਦਾਰੀ ਕਰਨ ਤੋਂ ਗੁਰੇਜ਼ ਕਰਨ। ਉਨ੍ਹਾਂ ਜ਼ਿਲ੍ਹੇ ਦੇ ਪੰਪ ਐਸੋਸੀਏਸ਼ਨਾਂ ਨੂੰ ਵੀ ਅਪੀਲ ਕੀਤੀ ਕਿ ਲੋਕਾਂ ਨੂੰ ਕੇਵਲ ਵਾਹਨਾਂ ਵਿੱਚ ਹੀ ਪੈਟਰੋਲ ਤੇ ਡੀਜ਼ਲ ਭਰ ਕੇ ਦਿੱਤਾ ਜਾਵੇ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਵਾਹਨਾਂ ਵਿੱਚ ਲੋੜ ਤੋਂ ਵੱਧ ਪੈਟਰੋਲ ਤੇ ਡੀਜ਼ਲ ਨਾ ਭਰਵਾ ਕੇ ਰੱਖਿਆ ਜਾਵੇ। ਇਸ ਨਾਲ ਨਕਲੀ ਘਾਟ ਪੈਦਾ ਹੁੰਦੀ ਹੈ, ਜੋ ਪਰੇਸ਼ਾਨੀ ਦਾ ਕਾਰਨ ਬਣਦੀ ਹੈ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਛੁੱਟੀ ਵਾਲੇ ਦਿਨਾਂ ਵਿੱਚ ਵੀ ਸਾਰੀਆਂ ਏਜੰਸੀਆਂ ਨਾਲ ਰਾਬਤਾ ਕਾਇਮ ਰੱਖਕੇ ਜਾਇਜ਼ਾ ਲਿਆ ਜਾ ਰਿਹਾ ਹੈ। ਇਸ ਮੌਕੇ ਕੰਟਰੋਲਰ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਨਰਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪਹਿਲਾਂ ਹੀ ਜ਼ਰੂਰੀ ਵਸਤਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਜ਼ਰੂਰੀ ਸੇਵਾਵਾਂ ਪ੍ਰਬੰਧਨ ਕਾਨੂੰਨ ਨੂੰ ਲਾਗੂ ਕੀਤਾ ਜਾ ਚੁੱਕਾ ਹੈ। ਉਨ੍ਹਾਂ ਤਾੜਨਾ ਕੀਤੀ ਕਿ ਜ਼ਰੂਰੀ ਵਸਤਾਂ ਦੀ ਕਾਲਾਬਜ਼ਾਰੀ ਅਤੇ ਗੈਰ ਕਾਨੂੰਨੀ ਢੰਗ ਨਾਲ ਭੰਡਾਰ ਕਰਨ 'ਤੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਮਾਨ ਸਰਕਾਰ ਨੇ ਪੰਜਾਬ ਨਾਲ ਕੀਤੇ ਵਾਅਦੇ ਪੂਰੇ ਕੀਤੇ : ਬੀਬੀ ਕਾਕੜ

**ਮਹਿਤਪੁਰ (ਰਾਜਾ)**- ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਸਰਕਾਰ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ ਤੇ ਜੋ ਵੀ ਵਾਅਦੇ ਪੰਜਾਬੀਆਂ ਲਈ ਕੀਤੇ ਸਨ ਉਹ ਸਾਰੇ ਵਾਅਦੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੂਰੇ ਕੀਤੇ ਹਨ। ਇਹਨਾਂ ਵਾਅਦਿਆਂ ਤੋਂ ਪੰਜਾਬ ਵਾਸੀ ਪੂਰੀ ਤਰ੍ਹਾਂ ਸੰਤੁਸ਼ਟ ਵੀ ਹਨ। ਪੰਜਾਬ ਵਿੱਚ ਰਿਕਾਰਡ ਤੋੜ ਵਿਕਾਸ ਹੋਇਆ ਹੈ। ਇਹਨਾਂ ਉਪਰੋਕਤ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਬੀਬੀ ਰਣਜੀਤ ਕੌਰ ਕਾਕੜ ਡਾਇਰੈਕਟਰ ਇਨਫੋਟੈਕ ਪੰਜਾਬ ਤੇ ਵਾਈਸ ਪ੍ਰਧਾਨ ਮਹਿਲਾ ਵਿੰਗ ਪੰਜਾਬ ਨੇ ਇੱਕ ਵਿਸ਼ੇਸ਼ ਫੋਨ ਪ੍ਰੈਸ ਵਾਰਤਾ ਦੌਰਾਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮਹਿਲਾਵਾਂ ਦੇ ਸਨਮਾਨ ਵਿੱਚ ਇੱਕ ਹਜਾਰ ਰੁਪਏ ਹਰ ਮਹੀਨੇ ਤੇ ਐਸ ਸੀ. ਵਰਗ ਦੀਆਂ ਮਹਿਲਾਵਾਂ ਲਈ 1500 ਰੁਪਏ ਹਰ ਮਹੀਨੇ ਦੇਣ ਵਾਲੇ ਵਾਅਦੇ ਨੂੰ ਪੂਰਾ ਕਰਕੇ ਪੰਜਾਬ ਦੀਆਂ ਹਰ ਵਰਗ ਦੀਆਂ ਮਹਿਲਾਵਾਂ ਨੂੰ ਬਹੁਤ ਹੀ ਵੱਡੀ ਖੁਸ਼ੀ ਸਨਮਾਨ ਵਜੋਂ ਦਿੱਤੀ ਹੈ। ਪੰਜਾਬ ਵਾਸੀਆਂ ਦੇ ਘਰਾਂ ਦੇ 600 ਯੂਨਿਟ ਮੁਫਤ ਬਿਜਲੀ ਕਰਕੇ ਪੰਜਾਬੀਆਂ ਨੂੰ ਸਰਕਾਰ ਨੇ ਬਹੁਤ ਵੱਡੀ ਸਹੂਲਤ ਦਿੱਤੀ ਹੋਈ ਹੈ, ਆਪਣੇ ਬਜ਼ੁਰਗਾਂ ਦਾ ਸਨਮਾਨ ਕਰਦਿਆਂ ਸਰਕਾਰ ਨੇ ਤੀਰਥ ਸਥਾਨਾਂ ਲਈ ਮੁਫਤ ਯਾਤਰਾ ਪ੍ਰਦਾਨ ਕੀਤੀ ਹੋਈ ਹੈ, ਸਿਹਤ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ, 65 ਹਜ਼ਾਰ ਦੇ ਕਰੀਬ ਸਰਕਾਰੀ ਨੌਕਰੀਆਂ ਦਿੱਤੀਆਂ।



# ਐੱਲ ਪੀ ਯੂ ਨੇ ਕਿਊਆਰ ਵਰਲਡ 'ਵਰਸਿਟੀ ਰੈਂਕਿੰਗ 'ਚ ਆਪਣੀ ਗਲੋਬਲ ਅਕਾਦਮਿਕ ਸਾਖ ਨੂੰ ਵਧਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਕਿਊਆਰ ਵਰਲਡ ਯੂਨੀਵਰਸਿਟੀ ਰੈਂਕਿੰਗ 2026 (ਵਿਸ਼ਾ-ਵਾਰ) ਵਿੱਚ ਇੱਕ ਪ੍ਰਭਾਵਸ਼ਾਲੀ ਮੌਜੂਦਗੀ ਬਣਾਈ ਹੈ, ਜਿਸ ਨਾਲ ਭਾਰਤ ਵਿੱਚ ਮੋਹਰੀ ਬਹੁ-ਅਨੁਸ਼ਾਸਨੀ ਸੰਸਥਾਵਾਂ ਵਿੱਚੋਂ ਇੱਕ ਵਜੋਂ ਆਪਣੀ ਸਥਿਤੀ ਹੋਰ ਮਜ਼ਬੂਤ ਹੋਈ ਹੈ। ਮੁੱਖ ਖੇਤਰਾਂ ਵਿੱਚ ਬਿਹਤਰ ਰੈਂਕਿੰਗ ਅਤੇ ਉੱਭਰ ਰਹੇ ਵਿਸ਼ਾ ਖੇਤਰਾਂ ਵਿੱਚ ਆਪਣੀ ਪਹੁੰਚ ਨੂੰ ਵਧਾਉਣ ਦੇ ਨਾਲ, ਐੱਲ ਪੀ ਯੂ ਦਾ ਪ੍ਰਦਰਸ਼ਨ ਇੱਕ ਵਧ ਰਹੇ ਅਕਾਦਮਿਕ ਈਕੋਸਿਸਟਮ ਨੂੰ ਦਰਸਾਉਂਦਾ ਹੈ ਜੋ ਗਲੋਬਲ ਮਿਆਰਾਂ ਦੇ ਬਰਾਬਰ ਹੈ।2026 ਦੀ ਰੈਂਕਿੰਗ ਵਿੱਚ, ਐਲਪੀਯੂ ਨੇ ਵੱਖ-ਵੱਖ ਵਿਸ਼ਿਆਂ ਵਿੱਚ ਆਪਣੀ ਮਜ਼ਬੂਤ ਰਾਸ਼ਟਰੀ ਸਥਿਤੀ ਨੂੰ ਬਣਾਈ ਰੱਖਦੇ ਹੋਏ ਸਮੁੱਚੀ ਤਰੱਕੀ ਦਾ ਪ੍ਰਦਰਸ਼ਨ ਕੀਤਾ ਹੈ। ਜੀਵਨ ਵਿਗਿਆਨ ਤੇ ਮੈਡੀਸਨ ਵਿੱਚ, ਐੱਲ ਪੀ ਯੂ ਭਾਰਤ ਵਿੱਚ 5ਵੇਂ ਅਤੇ ਵਿਸ਼ਵ ਪੱਧਰ 'ਤੇ 451-500ਵੇਂ ਸਥਾਨ 'ਤੇ ਹੈ, ਜੋ ਸਿਹਤ ਅਤੇ ਜੀਵਨ ਵਿਗਿਆਨ ਦੇ ਖੇਤਰ ਵਿੱਚ ਮੋਹਰੀ ਸੰਸਥਾਵਾਂ ਵਿੱਚ ਆਪਣੀ ਮੌਜੂਦਗੀ ਨੂੰ ਹੋਰ ਮਜ਼ਬੂਤ ਕਰਦਾ ਹੈ। ਫਾਰਮੇਸੀ ਅਤੇ ਫਾਰਮਾਕੋਲੋਜੀ ਵਿੱਚ, ਐੱਲ ਪੀ ਯੂ ਭਾਰਤ ਵਿੱਚ 6ਵੇਂ ਅਤੇ ਵਿਸ਼ਵ ਪੱਧਰ 'ਤੇ 151-200ਵੇਂ ਸਥਾਨ 'ਤੇ ਹੈ, ਜਿਸਨੇ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ (ਏਮਜ਼) ਅਤੇ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ ਬੰਬੇ ਨੂੰ ਪਛਾੜ ਦਿੱਤਾ ਹੈ। ਖੇਤੀਬਾੜੀ ਅਤੇ ਜੰਗਲਾਤ ਵਿੱਚ, ਐੱਲ ਪੀ ਯੂ ਭਾਰਤ ਵਿੱਚ 9ਵੇਂ ਅਤੇ ਵਿਸ਼ਵ ਪੱਧਰ 'ਤੇ 351-400ਵੇਂ ਸਥਾਨ 'ਤੇ ਹੈ।



# ਸਰਕਾਰੀ ਸਮਾਰਟ ਸਕੂਲ ਫੇਸ 6 ਨੂੰ ਦਿੱਤੇ ਦੋ ਟੱਚ ਪੈਨਲ

**ਮੋਹਾਲੀ (ਗੁਰਜੀਤ ਬਿੱਲਾ)**- ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਵਿੱਚ ਸਿੱਖਿਆ ਦਾ ਪੱਧਰ ਉਤਾਂਹ ਚੁੱਕਣ ਲਈ ਲਗਾਤਾਰ ਯਤਨਸ਼ੀਲ ਹੈ, ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਏ ਜਾਣ ਦੇ ਲਈ ਉਹਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਵਿਦਿਆਰਥੀਆਂ ਦੇ ਲਈ ਸਕੂਲ ਦੇ ਵਿੱਚ ਢੁਕਵਾਂ ਵਾਤਾਵਰਨ ਮੁਹੱਈਆ ਕਰਵਾਏ ਜਾਣ ਲਈ ਸਰਕਾਰ ਦੀ ਤਰਫੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਇਹ ਗੱਲ ਸਾਬਕਾ ਕੌਂਸਲਰ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਰਜਿੰਦਰ ਪ੍ਰਸਾਦ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਸਾਬਕਾ ਕੌਂਸਲਰ ਰਜਿੰਦਰ ਪ੍ਰਸਾਦ ਸ਼ਰਮਾ ਸਰਕਾਰੀ ਸਮਾਰਟ ਸਕੂਲ ਫੇਸ -6 ਨੂੰ ਦੋ ਟੱਚ ਪੈਨਲ ਵਿਦਿਆਰਥੀਆਂ ਨੂੰ ਸਪੁਰਦ ਕੀਤੇ ਜਾਣ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਸਕੂਲ ਕੈਂਪਸ ਦੇ ਵਿੱਚ ਮਾਪੇ-ਅਧਿਆਪਕ ਮਿਲਣੀ ਪ੍ਰੋਗਰਾਮ ਦੇ ਤਹਿਤ ਸਰਕਾਰ ਵੱਲੋਂ ਦੋ ਟੱਚ ਪੈਨਲ ਮੁਹੱਈਆ ਕਰਵਾਏ ਗਏ ਹਨ। ਉਨ੍ਹਾ ਕਿਹਾ ਕਿ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਮੋਹਾਲੀ ਵਿਧਾਨ ਸਭਾ ਹਲਕੇ ਨਾਲ ਸੰਬੰਧਤ ਵੱਖ-ਵੱਖ ਸਕੂਲਾਂ ਨੂੰ ਪੰਜਾਬ ਟੱਚ 50 ਪੈਨਲ ਦਿੱਤੇ ਜਾ ਰਹੇ ਹਨ। ਲਿੰਕ ਸੜਕਾਂ ਦੀ ਮੁਰੰਮਤ ਦਾ ਕੰਮ ਵੱਡੇ ਪੱਧਰ 'ਤੇ ਚੱਲ ਰਿਹਾ ਹੈ, ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਇਸ ਮੌਕੇ ਉਹਨਾਂ ਕਿਹਾ ਕਿ ਹਲਕੇ ਦੇ ਲੋਕੀਂ ਵਿਧਾਇਕ ਕੁਲਵੰਤ ਸਿੰਘ ਹੋਰਾਂ ਨੂੰ ਮਿਲ ਕੇ ਲਗਾਤਾਰ ਉਹਨਾਂ ਦਾ ਧੰਨਵਾਦ ਕਰ ਰਹੇ ਹਨ। ਇਸ ਮੌਕੇ ਸ਼ੇਖਾ ਸ਼ਰਮਾ ਹੈਡ ਮਿਸਟਰਸ ਦੀ ਤਰਫੋਂ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਗਿਆ, ਜਦਕਿ ਸਰਕਾਰੀ ਪ੍ਰਾਇਮਰੀ ਸਕੂਲ ਦੇ ਮੁੱਖ ਅਧਿਆਪਕ ਹਰਪ੍ਰੀਤ ਸਿੰਘ ਸੋਢੀ ਵੱਲੋਂ ਵੀ ਸ਼ਰਮਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਜਸਮੀਤ ਸਿੰਘ ਭੱਟ, ਕ੍ਰਿਪਾਲ ਸਿੰਘ, ਹਰਮਨ ਸਿੰਘ, ਬਲਦੇਵ ਰਾਏ ਸ਼ਰਮਾ, ਗੁਲਜਾਰ ਸਿੰਘ, ਰਾਜ ਕੁਮਾਰ ਵੀ ਹਾਜ਼ਰ ਸਨ।




# ਨਾਗਰਿਕਾਂ ਨੂੰ ਇਕਜੁੱਟ ਹੋ ਕੇ ਜੰਗ ਦੀਆਂ ਸਥਿਤੀਆਂ ਦਾ ਸਾਹਮਣਾ ਕਰਨਾ ਪਵੇਗਾ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਈ ਦੇਸ਼ਾਂ ਵਿਚਾਲੇ ਚੱਲ ਰਹੀ ਜੰਗ ਦੀਆਂ ਸਥਿਤੀਆਂ ਤੋਂ ਜਾਣੂ ਕਰਵਾਉਂਦੇ ਹੋਏ ਦੇਸ਼ ਦੇ ਨਾਗਰਿਕਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੀ ਅਪੀਲ ਕੀਤੀ ਹੈ। ਅਜਿਹੇ ਔਖੇ ਸਮੇਂ ਵਿੱਚ ਵੀ ਵਿਰੋਧੀ ਪਾਰਟੀਆਂ ਲਗਾਤਾਰ ਅਫ਼ਵਾਹਾਂ ਅਤੇ ਝੂਠ ਫੈਲਾ ਰਹੀਆਂ ਹਨ। ਸਾਨੂੰ ਇਨ੍ਹਾਂ ਵੱਲ ਧਿਆਨ ਦੇਣ ਦੀ ਲੋੜ ਨਹੀਂ ਹੈ। ਦੇਸ਼ ਅਤੇ ਸੂਬੇ ਵਿੱਚ ਸਥਿਤੀ ਪੂਰੀ ਤਰ੍ਹਾਂ ਆਮ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਲੋਕਾਂ ਦੇ ਘਰਾਂ ਵਿੱਚ ਲਾਕਡਾਊਨ ਲੱਗਿਆ ਹੋਇਆ ਹੈ ਅਤੇ ਉਹ ਹੀ ਅਜਿਹੀਆਂ ਅਫ਼ਵਾਹਾਂ ਫੈਲਾ ਰਹੇ ਹਨ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਕੁਰੂਕਸ਼ੇਤਰ ਭਾਜਪਾ ਜ਼ਿਲ੍ਹਾ ਦਫ਼ਤਰ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਮਨ ਕੀ ਬਾਤ ਪ੍ਰੋਗਰਾਮ ਸੁਣਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ ਹਰਿਆਣਾ ਦੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਜ਼ਿਲ੍ਹਾ ਪ੍ਰਧਾਨ ਤਿਜੇਂਦਰ ਸਿੰਘ ਗੋਲਡੀ ਅਤੇ ਜ਼ਿਲ੍ਹਾ ਇੰਚਾਰਜ ਦੀਪਕ ਸ਼ਰਮਾ ਵੀ ਮੌਜੂਦ ਸਨ।

# ਸ਼੍ਰੋ ਅ ਦ ਪੁਨਰ ਸੁਰਜੀਤ ਦੀ ਕਾਨਫਰੰਸ ਸੰਬੰਧੀ ਤਿਆਰੀਆਂ ਮੁਕੰਮਲ : ਦਸੂਹਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ 31 ਮਾਰਚ ਨੂੰ ਟਾਂਡਾ ਵਿਖੇ ਹੋਣੀ ਵਾਲੀ ਵਿਸ਼ਾਲ ਕਾਨਫਰੰਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਅਦ ਪੁਨਰ ਸੁਰਜੀਤ ਦੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਮਨਜੀਤ ਸਿੰਘ ਦਸੂਹਾ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ । ਇਸ ਮੌਕੇ ਉਨ੍ਹਾਂ ਨਾਲ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇ ਸੀਨੀਅਰ ਪਾਰਟੀ ਆਗੂ ਸੁਖਵਿੰਦਰ ਸਿੰਘ ਮੂਨਕ ਵੀ ਹਾਜ਼ਰ ਸਨ । ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ 31 ਮਾਰਚ ਨੂੰ ਹੋਣ ਵਾਲੀ ਵਿਸ਼ਾਲ ਕਾਨਫਰੰਸ ਬੇਮਿਸਾਲ ਹੋਵੇਗੀ। ਇਸ ਵਿਸ਼ਾਲ ਕਾਨਫਰੰਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੂਬਾ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ ਤੇ ਸਮੁੱਚੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਪਾਰਟੀ ਦੀਆਂ ਨੀਤੀਆਂ ਤੋਂ ਪਾਰਟੀ ਆਗੂਆਂ, ਵਰਕਰਾਂ ਤੇ ਹਾਜ਼ਰ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਕਾਂਗਰਸ ਪਾਰਟੀ ਦੇ ਕਾਰਜਕਾਲ ਦੌਰਾਨ ਸੂਬੇ ਦੇ ਕੀਤੇ ਨੁਕਸਾਨ ਸਬੰਧੀ ਜਾਣੂ ਕਰਵਾਉਣਗੇ । ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵਿਚ ਸੂਬੇ ਦੇ ਹਾਲਾਤ ਦਿਨੋਂ ਦਿਨ ਵਿਗੜ ਰਹੇ ਹਨ ਤੇ ਪੰਜਾਬ ਵਿੱਚ ਸਰਕਾਰ ਨਾਂ ਦੀ ਕੋਈ ਚੀਜ਼ ਦਿਖਾਈ ਨਹੀਂ ਦੇ ਰਹੀ ।ਉਨ੍ਹਾਂ ਸੁਖਬੀਰ ਸਿੰਘ ਬਾਦਲ ਦੀ ਗੱਲ ਕਰਦਿਆਂ ਕਿਹਾ ਕਿ ਜਿਹੜੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਭਗੌੜੇ ਹੋਏ ਹਨ ਉਹ ਜਿੰਨੀਆਂ ਮਰਜ਼ੀ ਰੈਲੀਆਂ ਕਰ ਲੈਣ ਪੰਥ ਕਦੇ ਵੀ ਪ੍ਰਵਾਨ ਨਹੀ ਕਰੇਗਾ ।ਦਸੂਹਾ ਨੇ ਕਿਹਾ ਕਿ 31 ਮਾਰਚ ਦੀ ਵਿਸ਼ਾਲ ਕਾਨਫਰੰਸ ਸਬੰਧੀ ਵਰਕਰਾਂ ਤੇ ਆਗੂਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਇਹ ਕਾਨਫਰੰਸ ਰਿਕਾਰਡ ਤੋੜ ਹੋਵੇਗੀ।



# ਜਾਗਰਣ ਲਈ ਡੇਰਾਬੱਸੀ ਤੋਂ ਵੱਡੇ ਤ੍ਰਿਲੋਕਪੁਰ ਲਈ ਜੱਥਾ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਮੁਹੱਲਾ ਦਾਦਪੁਰਾ ਦੇ ਨਵਯੁਵਕ ਏਕਤਾ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਤਾ ਰਾਣੀ ਦੇ ਸ਼ਰਧਾਲੂਆਂ ਲਈ 26ਵੀਂ ਵਿਸ਼ਾਲ ਪੈਦਲ ਯਾਤਰਾ ਦਾ ਆਯੋਜਨ ਬੜੀ ਸ਼ਰਧਾ ਤੇ ਧੂਮਧਾਮ ਨਾਲ ਕੀਤਾ ਗਿਆ। ਕਲੱਬ ਵੱਲੋਂ ਉਲੀਕੇ ਗਏ ਪ੍ਰੋਗਰਾਮਾਂ ਤਹਿਤ ਡੇਰਾਬੱਸੀ ਤੋਂ ਵੱਡੇ ਤ੍ਰਿਲੋਕਪੁਰ ਤੱਕ ਜਾਣ ਵਾਲੀ ਇਸ ਯਾਤਰਾ ਵਿੱਚ ਸ਼ਰਧਾਲੂਆਂ ਨੇ ਭਾਗ ਲਿਆ। ?ਕਲੱਬ ਦੇ ਪ੍ਰਬੰਧਕਾਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਸਮਾਗਮਾਂ ਦੀ ਸ਼ੁਰੂਆਤ ਦੇ ਮੌਕੇ ਤੇ ਸ਼ਾਨਦਾਰ ਸ਼ੋਭਾ ਯਾਤਰਾ ਤੇ ਮਾਤਾ ਦੀ ਚੌਕੀ ਨਾਲ ਸ਼ੁਰੂ ਹੋਈ। ਇਸ ਉਪਰੰਤ 29 ਮਾਰਚ ਨੂੰ ਸਵੇਰੇ ਸ਼ਰਧਾਲੂਆਂ ਦਾ ਜੱਥਾ ਡੇਰਾਬੱਸੀ ਤੋਂ ਵੱਡੇ ਤ੍ਰਿਲੋਕਪੁਰ (ਹਿਮਾਚਲ ਪ੍ਰਦੇਸ਼) ਲਈ ਪੈਦਲ ਯਾਤਰਾ ਵਜੋਂ ਰਵਾਨਾ ਹੋਇਆ। ਯਾਤਰਾ ਦੀ ਸੰਪੂਰਨਤਾ 'ਤੇ 31 ਮਾਰਚ ਨੂੰ ਇੱਕ ਵਿਸ਼ਾਲ ਜਾਗਰਣ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਦਿਵਿਆ ਚੈਨਲ ਦੀ ਪ੍ਰਸਿੱਧ ਗਾਇਕਾ ਕੋਮਲ ਪੁਰੀ ਆਪਣੀਆਂ ਭੇਟਾਂ ਰਾਹੀਂ ਮਾਤਾ ਰਾਣੀ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ 1 ਅਪ੍ਰੈਲ ਨੂੰ ਅਤੁੱਟ ਵਿਸ਼ਾਲ ਭੰਡਾਰਾ ਵਰਤਾਇਆ ਜਾਵੇਗਾ।



# ਸਰਕਾਰੀ ਪ੍ਰਾਇਮਰੀ ਸਕੂਲ ਮੰਢਿਆਣੀ ਵਿਖੇ ਪ੍ਰੀ ਪ੍ਰਾਇਮਰੀ ਗ੍ਰੈਜੂਏਸ਼ਨ ਸੈਰੇਮਨੀ ਤੇ ਸਲਾਨਾ ਨਤੀਜਾ

**ਬਲਾਚੌਰ/ ਪੋਜੇਵਾਲ ( ਜਸਵਿੰਦਰ ਬੈਂਸ/ ਰਾਮ ਲਾਲ)**- ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਪ੍ਰਵੀਨ ਕੁਮਾਰੀ ਚੇਅਰਪਰਸਨ ਅਤੇ ਸੰਦੀਪ ਕੌਰ ਵਾਇਸ ਚੇਅਰਪਰਸਨ ਸ਼ਾਮਲ ਹੋਏ। ਦਲੀਪ ਕੁਮਾਰ ਮੁੱਖ ਅਧਿਆਪਕ ਵਲੋਂ ਸਮੂਹ ਮਾਪਿਆਂ ਅਤੇ ਬੱਚਿਆਂ ਨੂੰ ਜੀ ਆਇਆਂ ਆਖਿਆ। ਇਸ ਪ੍ਰੋਗਰਾਮ ਵਿੱਚ ਬੱਚਿਆਂ ਦਾ ਸਲਾਨਾ ਨਤੀਜਾ ਐਲਾਨਿਆ ਗਿਆ ਅਤੇ ਜਿਨ੍ਹਾ ਬੱਚਿਆਂ ਨੇ ਪੁਜੀਸ਼ਨਾਂ ਪ੍ਰਾਪਤ ਕੀਤੀਆਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਨਵੇਂ ਦਾਖਲੇ ਸੰਬੰਧੀ ਮਾਪਿਆਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਪ੍ਰੋਗਰਾਮ ਦਾ ਸੰਚਾਲਨ ਰੁਪਿੰਦਰ ਕੌਰ ਅਧਿਆਪਿਕਾ ਵਲੋਂ ਕੀਤਾ ਗਿਆ। ਉਨ੍ਹਾ ਮਾਪਿਆਂ ਨੂੰ ਪ੍ਰੀ ਪ੍ਰਾਇਮਰੀ ਬੱਚਿਆਂ ਦੇ ਸਿੱਖਿਆ ਸਿੱਖਣ ਸਮੱਗਰੀ ਬਾਰੇ ਚਾਨਣਾ ਪਾਇਆ। ਇਸ ਪ੍ਰੋਗਰਾਮ ਵਿੱਚ ਜਸਵਿੰਦਰ ਕੌਰ, ਨੀਲਮ ਰਾਣੀ, ਮਨਜੀਤ ਕੌਰ, ਕਮਲਜੀਤ ਕੌਰ , ਪਰਮਿੰਦਰ ਕੌਰ, ਅਸ਼ੋਕ ਕੁਮਾਰ, ਗੁਰਦੀਪ ਸਿੰਘ, ਰਾਮਪ੍ਰਕਾਸ਼, ਜਸਵਿੰਦਰ ਕੌਰ, ਰੇਖਾ, ਜੋਤੀ, ਪ੍ਰਵੀਨ ਕੁਮਾਰੀ, ਰੇਖਾ ਦੇਵੀ ਅਤੇ ਮਨੀ ਆਦਿ ਹਾਜ਼ਰ ਸਨ।



# ਜੰਗ ਕਿਸੇ ਮਸਲੇ ਦਾ ਹੱਲ ਨਹੀਂ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫੋਰਸ ਦੇ ਦੋਆਬਾ ਪ੍ਰਧਾਨ ਨੇਕੂ ਅਜਨੋਹਾਂ, ਜਿਲ੍ਹਾ ਪ੍ਰਧਾਨ ਹੈਪੀ ਫ਼ਤਿਹਗੜ੍ਹ ਅਤੇ ਸ਼ਹਿਰੀ ਪ੍ਰਧਾਨ ਪਵਨ ਕੁਮਾਰ ਬੱਧਣ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਸ ਵਕਤ ਅਮਰੀਕਾ, ਈਰਾਨ, ਇਰਾਕ, ਇਜ਼ਰਾਇਲ ਆਦਿ ਦੇਸ਼ਾਂ ਵਿੱਚ ਜੰਗ ਲੱਗੀ ਹੋਈ ਹੈ ਮਨੁੱਖ ਦੁਆਰਾ ਮਨੁੱਖ ਨੂੰ ਹਥਿਆਰਾਂ ਨਾਲ ਮਾਰਿਆ ਜਾ ਰਿਹਾ ਹੈ ਨਫ਼ਰਤ ਦੀ ਇਹ ਜੰਗ ਇਨਸਾਨ ਨੂੰ ਹੈਵਾਨੀਅਤ ਦੀਆਂ ਹੱਦਾਂ ਬੰਨ੍ਹੇ ਟਪਾ ਰਹੀ ਹੈ। ਪਰ ਇਸ ਸਭ ਕਾਸੇ ਦਾ ਸਿੱਟਾ ਸਿਰਫ ਤੇ ਸਿਰਫ ਸਿਫਰ ਹੈ। ਉਹਨਾਂ ਕਿਹਾ ਕਿ ਪ੍ਰਮਾਤਮਾ ਨੇ ਇਨਸਾਨ ਨੂੰ ਧਰਤੀ ਉੱਤੇ ਮੋਹ ਮੁਹੱਬਤ ਤੇ ਪਿਆਰ ਵੰਡਣ ਲਈ ਭੇਜਿਆ ਹੈ। ਉਹਨਾਂ ਕਿਹਾ ਕਿ ਨਫ਼ਰਤ ਇਨਸਾਨ ਨੂੰ ਮੁਕਾਉਂਦੀ ਹੈ ਤੇ ਮੁਹੱਬਤ ਜਿੰਦਗੀ ਨੂੰ ਸੋਹਣਾ ਬਣਾਉਂਦੀ ਹੈ। ਉਹਨਾ ਕਿਹਾ ਕਿ ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੈ। ਹਰ ਮਸਲਾ ਗੱਲਬਾਤ ਨਾਲ ਨਜਿੱਠਿਆ ਜਾ ਸਕਦਾ ਹੈ।



# ਪਾਵਰ ਆਫ ਮੈਨ ਵੈੱਲਫੇਅਰ ਸੁਸਾਇਟੀ ਵੱਲੋਂ ਬੇਟਾ ਬਚਾਓ ਅਭਿਆਨ ਸ਼ੁਰੂ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪਾਵਰ ਆਫ ਮੈਨ ਵੈਲਫੇਅਰ ਸੁਸਾਇਟੀ ਵੱਲੋਂ ਬੇਟਾ ਬਚਾਓ ਅਭਿਆਨ ਸ਼ੁਰੂ ਕੀਤੀ ਗਿਆ। ਇਸ ਲੜੀ ਦੇ ਤਹਿਤ ਕੀ ਬੇਟਾ ਸੁਰੱਖਿਅਤ ਹੈ? ਸਿਰਲੇਖ ਹੇਠ ਚੰਡੀਗੜ੍ਹ-ਲੁਧਿਆਣਾ ਪੁਰਾਣਾ ਬੱਸ ਸਟੈਂਡ ਮੋਰਿੰਡਾ ਵਿਖੇ ਇਕ ਜਨ-ਜਾਗਰੂਕਤਾ ਮੁਹਿੰਮ ਆਯੋਜਿਤ ਕੀਤੀ ਗਈ। ਇਹ ਮੁਹਿੰਮ ਸੰਸਥਾ ਦੇ ਪ੍ਰਧਾਨ ਅਨਮੋਲ ਡੰਗ ਦੀ ਅਗਵਾਈ ਅਤੇ ਕਮਲਜੀਤ ਕੌਰ ਦੀ ਲੀਡਰਸ਼ਿਪ ਹੇਠ ਕਰਵਾਈ ਗਈ। ਮੁਹਿੰਮ ਦੌਰਾਨ ਸੇਵਾਦਾਰਾਂ ਨੇ ਆਮ ਲੋਕਾਂ ਨਾਲ ਸਿੱਧਾ ਸੰਵਾਦ ਕਰਦੇ ਹੋਏ ਪੁਰਸ਼ਾਂ ਅਤੇ ਬੇਟਿਆਂ ਨਾਲ ਜੁੜੇ ਸਮਾਜਿਕ ਅਤੇ ਕਾਨੂੰਨੀ ਮਸਲਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਕਈ ਪੁਰਸ਼ ਅਤੇ ਨੌਜਵਾਨ ਵੱਖ-ਵੱਖ ਅਨਿਆਇਕ ਹਾਲਾਤ ਦਾ ਸਾਹਮਣਾ ਕਰ ਰਹੇ ਹਨ ਅਤੇ ਉਨ੍ਹਾਂ ਲਈ ਸਹੀ ਸਹਾਇਤਾ ਅਤੇ ਕਾਨੂੰਨੀ ਸੁਰੱਖਿਆ ਦੀ ਕਮੀ ਮਹਿਸੂਸ ਕੀਤੀ ਜਾ ਰਹੀ ਹੈ।ਸੇਵਾਦਾਰਾਂ ਵੱਲੋਂ ਖਾਸ ਤੌਰ 'ਤੇ ਮਾਨਸਿਕ ਦਬਾਅ ਕਾਰਨ ਵਧ ਰਹੇ ਆਤਮ ਹੱਤਿਆ ਦੇ ਮਾਮਲੇ, ਪਰਵਾਰਕ ਵਿਵਾਦਾਂ ਕਰਕੇ ਮਾਪਿਆਂ ਦਾ ਬੱਚਿਆਂ ਤੋਂ ਵੱਖ ਹੋਣਾ, ਕਾਨੂੰਨੀ ਪ੍ਰਕਿਰਿਆਵਾਂ ਵਿੱਚ ਪੁਰਸ਼ਾਂ ਦੇ ਮਸਲਿਆਂ ਦੀ ਅਣਦੇਖੀ ਅਤੇ ਜੇਲ੍ਹਾਂ ਵਿੱਚ ਬੰਦ ਪੁਰਸ਼ਾਂ ਦੀ ਚਿੰਤਾਜਨਕ ਸਥਿਤੀ ਵਰਗੇ ਮੁੱਦੇ ਉਠਾਏ ਗਏ। ਇਸ ਮੌਕੇ ਅਨਮੋਲ ਡੰਗ ਨੇ ਕਿਹਾ ਕਿ ਇਹ ਮੁਹਿੰਮ ਕਿਸੇ ਦੇ ਖ਼ਿਲਾਫ ਨਹੀਂ, ਸਗੋਂ ਸਮਾਜ ਵਿੱਚ ਸੰਤੁਲਨ ਅਤੇ ਨਿਆਂ ਬਣਾਈ ਰੱਖਣ ਲਈ ਇਕ ਯਤਨ ਹੈ। ਉਨ੍ਹਾਂ ਕਿਹਾ ਕਿ ਜਿਵੇਂ ਬੇਟੀਆਂ ਦੀ ਸੁਰੱਖਿਆ ਮਹੱਤਵਪੂਰਨ ਹੈ, ਉਸੇ ਤਰ੍ਹਾਂ ਬੇਟਿਆਂ ਦੀ ਸੁਰੱਖਿਆ, ਸਨਮਾਨ ਅਤੇ ਮਾਨਸਿਕ ਸਿਹਤ 'ਤੇ ਵੀ ਧਿਆਨ ਦੇਣਾ ਜ਼ਰੂਰੀ ਹੈ।ਕਮਲਜੀਤ ਕੌਰ ਨੇ ਕਿਹਾ ਕਿ ਸੰਸਥਾ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਮੁਹਿੰਮਾਂ ਜਾਰੀ ਰੱਖੀਆਂ ਜਾਣਗੀਆਂ ।ਇਸ ਜਾਗਰੂਕਤਾ ਮੁਹਿੰਮ ਨੂੰ ਪ੍ਰਵੀਨ ਕੁਮਾਰ, ਸ਼ੇਰ ਸਿੰਘ, ਨਿਰਮਲ ਪ੍ਰੀਤ ਸਿੰਘ, ਕੁਲਦੀਪ ਸਿੰਘ ਖੇੜੀ, ਰਾਜਿੰਦਰ ਸਿੰਘ ਰਾਜਾ ਅਤੇ ਨਿਰਪਾਲ ਸਿੰਘ ਮੰਡੇਰ ਵਾਈਸ ਚੇਅਰਮੈਨ ਬਲਾਕ ਸੰਮਤੀ ਖਰੜ) ਸਮੇਤ ਹੋਰ ਸਹਿਯੋਗੀਆਂ ਅਤੇ ਆਮ ਜਨਤਾ ਵੱਲੋਂ ਭਰਪੂਰ ਸਹਿਯੋਗ ਮਿਲਿਆ। ਇਸ ਮੌਕੇ ਸਿਟੀ ਥਾਣਾ ਮੋਰਿੰਡਾ ਦੇ ਐਸ ਐਚ ਓ ਗੁਰਮੁੱਖ ਸਿੰਘ ਵੀ ਹਾਜ਼ਰ ਸਨ।



# ਗੁਰਬਖਸ਼ ਸਿੰਘ ਖਾਲਸਾ ਨੂੰ ਮਿਲੀ ਵੱਡੀ ਜ਼ਿੰਮੇਵਾਰੀ

**ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਥਕ ਗਤੀਵਿਧੀਆਂ ਅਤੇ ਸਿੱਖੀ ਪ੍ਰਚਾਰ ਦੇ ਖੇਤਰ ਵਿੱਚ ਅਹਿਮ ਫੈਸਲਾ ਲੈਂਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪ੍ਰਮੁੱਖ ਪੰਥਕ ਸ਼ਖ਼ਸੀਅਤ ਗੁਰਬਖਸ਼ ਸਿੰਘ ਖਾਲਸਾ ਨੂੰ ਸ਼੍ਰੋਮਣੀ ਕਮੇਟੀ ਦਾ ਅਧਿਕਾਰਤ ਬੁਲਾਰਾ ਨਿਯੁਕਤ ਕੀਤਾ ਗਿਆ ਹੈ।ਗੁਰਬਖਸ਼ ਸਿੰਘ ਖਾਲਸਾ ਦਾ ਜੀਵਨ ਪੰਥਕ ਸੰਘਰਸ਼ਾਂ ਅਤੇ ਕੁਰਬਾਨੀਆਂ ਨਾਲ ਭਰਿਆ ਰਿਹਾ ਹੈ। ਪੰਥਕ ਹਿੱਤਾਂ ਦੀ ਰਾਖੀ ਕਰਦਿਆਂ ਉਹ ਪਿਛਲੇ ਸਮੇਂ ਦੌਰਾਨ ਕਾਫੀ ਸਮਾਂ ਜੇਲ੍ਹ ਵਿੱਚ ਵੀ ਰਹੇ ਅਤੇ ਲੰਬਾ ਸਮਾਂ ਰੂਪੋਸ਼ ਰਹਿ ਕੇ ਸਿੱਖ ਧਰਮ ਦੀ ਚੜ੍ਹਦੀ ਕਲਾ ਲਈ ਕਾਰਜ ਕੀਤੇ। ਉਹਨਾਂ ਵੱਲੋਂ ਸਿਰ-ਧੜ ਦੀ ਬਾਜ਼ੀ ਲਗਾ ਕੇ ਨਿਭਾਈਆਂ ਸੇਵਾਵਾਂ ਅਤੇ ਸਿੱਖੀ ਪ੍ਰਤੀ ਅਟੁੱਟ ਵਿਸ਼ਵਾਸ ਨੂੰ ਦੇਖਦਿਆਂ ਸ਼੍ਰੋਮਣੀ ਕਮੇਟੀ ਨੇ ਉਹਨਾਂ ਨੂੰ ਇਸ ਅਹਿਮ ਅਹੁਦੇ ਨਾਲ ਨਿਵਾਜਿਆ ਹੈ।ਇਸ ਨਿਯੁਕਤੀ ਨਾਲ ਨਵਾਂਸ਼ਹਿਰ ਅਤੇ ਬਲਾਚੌਰ ਇਲਾਕੇ ਦੇ ਸਿੱਖ ਹਲਕਿਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਨੇ ਖਾਲਸਾ ਦੀ ਨਿਯੁਕਤੀ ਨੂੰ ਯੋਗਤਾ ਦਾ ਸਨਮਾਨ ਦੱਸਿਆ ਹੈ। ਆਪਣੀ ਇਸ ਨਿਯੁਕਤੀ 'ਤੇ ਗੁਰਬਖਸ਼ ਸਿੰਘ ਖਾਲਸਾ ਨੇ ਸ਼੍ਰੋਮਣੀ ਕਮੇਟੀ ਦੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਦੀ ਯਾਤਰਾ ਕਰਵਾਈ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਖਾਨਪੁਰ ਦੇ 40 ਦੇ ਕਰੀਬ ਵਾਸੀਆਂ ਇਸ ਯੋਜਨਾ ਦਾ ਲਾਭ ਲੈਂਦੇ ਹੋਏ ਤਿੰਨ ਦਿਨਾਂ ਯਾਤਰਾ ਟੂਰ ਲਗਾਇਆ। ਹਲਕਾ ਪ੍ਰਧਾਨ ਸ਼ੁਭਾਮ ਘੁਮਿਆਲਾ ਤੇ ਸਰਪੰਚ ਜੀਵਨ ਕੁਮਾਰ ਚੰਦੇਲੀ, ਪ੍ਰਬੰਧਕ ਰਜਿੰਦਰ ਸਿੰਘ ਵਲੋਂ ਏ ਸੀ ਬੱਸ ਨੂੰ ਹਰੀ ਝੰਡੀ ਦੇਣ ਉਪਰੰਤ ਟੂਰ ਮੈਨੇਜਰ ਕੋਮਲ ਬੇਦੀ ਤੇ ਸਹਾਇਕ ਜੱਸੀ ਵੱਲੋਂ ਖਾਨਵਾਸੀਆਂ ਨੂੰ ਪਹਿਲੇ ਦਿਨ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਦਰਸ਼ਨ ਕਰਵਾਏ ਕਰਵਾਏ ਗਏ। ਵਧੀਆਂ ਹੋਟਲ ਵਿਖੇ ਠਹਿਰਨ ਉਪਰੰਤ ਯਾਤਰਾ ਦੇ ਦੂਸਰੇ ਦਿਨ ਜਲ੍ਹਿਆਂ ਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ ਦੀ ਯਾਤਰਾ, ਭਗਵਾਨ ਵਾਲਮੀਕੀ ਤੀਰਥ ਅਸਥਾਨ, ਪਨੋਰਮਾ, ਬਾਘਾ ਬਾਰਡਰ ਤੇ ਤੀਸਰੇ ਦਿਨ ਦੁਰਗਿਆਨਾ ਮੰਦਰ ਦੀ ਯਾਤਰਾ ਕਰਵਾਈ ਗਈ। ਇਸ ਮੌਕੇ ਰਾਮਜੀ, ਰਾਜੇਸ਼ ਕੁਮਾਰ, ਸੰਤੋਸ਼ ਕੁਮਾਰੀ ਪੰਚ, ਮੀਨਾ ਪੰਚ, ਜਸਵਿੰਦਰ ਕੌਰ, ਜਰਨੈਲ ਸਿੰਘ, ਕਾਜਲ, ਕਮਲਜੀਤ ਕੌਰ, ਬੋਬੀ ਖਾਨਪੁਰੀ, ਸੁਰਿੰਦਰ ਸ਼ਿੰਦਾ, ਪ੍ਰਿਆ, ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।



# ਸੜਕ ਰੋਕਣ ਨੂੰ ਲੈ ਕੇ ਬੀ ਡੀ ਪੀ ਓ ਦਫਤਰ ਵਿਖੇ ਰੋਸ ਪ੍ਰਦਰਸ਼ਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਜ਼ਦੀਕੀ ਪਿੰਡ ਸਹੇੜੀ ਦੀ ਗ੍ਰਾਮ ਪੰਚਾਇਤ ਵੱਲੋਂ ਪਿੰਡ ਸਹੇੜੀ ਦੇ ਮਾਤਾ ਗੁਜਰੀ ਚੌਂਕ ਤੋਂ ਲੈ ਕੇ ਪਿੰਡ ਨਥਮਲਪੁਰ ਤੱਕ ਜਾਣ ਵਾਲੀ ਸੜਕ ਦੇ ਨਿਰਮਾਣ ਕਾਰਜ ਦਾ ਕੰਮ ਬੀ ਡੀ ਪੀ ਓ ਮੋਰਿੰਡਾ ਵੱਲੋਂ ਰੁਕਵਾਉਣ ਉਪਰੰਤ ਪਿੰਡ ਸਹੇੜੀ ਦੀ ਸਰਪੰਚ ਜਸਵੀਰ ਕੌਰ ਅਤੇ ਦਰਜਨ ਤੋਂ ਵੱਧ ਪਿੰਡ ਵਾਸੀਆਂ ਵੱਲੋਂ ਇਕੱਠੇ ਹੋ ਕੇ ਬੀ ਡੀ ਪੀ ਓ ਮੋਰਿੰਡਾ ਨੂੰ ਇੱਕ ਮੰਗ ਪੱਤਰ ਦੇ ਕੇ ਸਰਕਾਰੀ ਦਬਾਅ ਅਧੀਨ ਨਿਰਮਾਣ ਕਾਰਜ ਰੋਕਣ ਸਬੰਧੀ ਇਤਰਾਜ਼ ਪ੍ਰਗਟ ਕੀਤਾ ਗਿਆ ਅਤੇ ਕੰਮ ਜਲਦ ਸ਼ੁਰੂ ਕਰਾਉਣ ਦੀ ਮੰਗ ਕੀਤੀ ਗਈ। ਜਦਕਿ ਬੀ ਡੀ ਪੀ ਓ ਹਰਕੀਤ ਸਿੰਘ ਨੇ ਉਪਰੋਕਤ ਦੋਸ਼ਾਂ ਨੂੰ ਰੱਦ ਕਰਦਿਆਂ ਕਿਹਾ ਕਿ ਸੜਕ ਦਾ ਲੈਵਲ ਪਿੰਡ ਦੀਆਂ ਬਾਕੀ ਗਲੀਆਂ ਨਾਲੋਂ ਉੱਚਾ ਹੋਣ ਕਾਰਨ ਕੰਮ ਰੋਕਿਆ ਗਿਆ ਹੈ ਅਤੇ ਤਕਨੀਕੀ ਰਿਪੋਰਟ ਮਿਲਣ ਉਪਰੰਤ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ।ਇਸ ਸਬੰਧੀ ਸਰਪੰਚ ਜਸਵੀਰ ਕੌਰ ਦੇ ਪਤੀ ਜਗਤਾਰ ਸਿੰਘ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਕੋਲ ਪਿਛਲੀ ਸਰਕਾਰ ਵੱਲੋਂ ਦਿੱਤੇ ਗਏ ਪੈਸੇ ਹੋਣ ਕਾਰਨ ਉਹਨਾਂ ਵੱਲੋਂ ਬੀ ਡੀ ਪੀ ਓ ਦੀ ਮਨਜ਼ੂਰੀ ਮਿਲਣ ਉਪਰੰਤ ਚਾਰ ਤੋਂ ਪੰਜ ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਪਿੰਡ ਸਹੇੜੀ ਦੇ ਮਾਤਾ ਗੁਜਰੀ ਚੌਂਕ ਤੋਂ ਲੈ ਕੇ ਪਿੰਡ ਨਥਮਲਪੁਰ ਤੱਕ ਸੜਕ ਦਾ ਕੰਮ ਸ਼ੁਰੂ ਕਰਵਾਇਆ ਗਿਆ ਸੀ ਜਿਸ ਸਬੰਧੀ ਪਿੰਡ ਦੇ ਹੀ ਕੁਝ ਵਿਅਕਤੀਆਂ ਵੱਲੋਂ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਦੀ ਸ਼ਹਿ 'ਤੇ ਸ਼ਿਕਾਇਤ ਕਰਕੇ ਇਹ ਕੰਮ ਬੰਦ ਕਰਵਾ ਦਿੱਤਾ ਗਿਆ ਜਦ ਕਿ ਪਿਛਲੇ ਡੇਢ ਮਹੀਨੇ ਤੋਂ ਬਣ ਰਹੀ ਇਸ ਸੜਕ 'ਤੇ ਮਿੱਟੀ ਪਾ ਕੇ ਗਟਕਾ ਪਾਉਣ ਉਪਰੰਤ ਪਾਈਪਾਂ ਆਦਿ ਪਾਈਆਂ ਜਾ ਚੁੱਕੀਆਂ ਹਨ ਅਤੇ ਸੜਕ ਨੂੰ ਨੀਵਾਂ ਕਰਨਾ ਸੰਭਵ ਨਹੀਂ ਹੈ । ਉਹਨਾਂ ਦੱਸਿਆ ਕਿ ਇਸ ਸੜਕ ਬਣਨ ਨਾਲ ਸ਼ਿਕਾਇਤ ਕਰਤਾਵਾਂ ਦੇ ਘਰਾਂ ਦੀ ਪਾਣੀ ਦੀ ਨਿਕਾਸੀ ਬਿਲਕੁਲ ਬੰਦ ਨਹੀਂ ਹੋਵੇਗੀ। ਉਹਨਾਂ ਇਹ ਵੀ ਦੱਸਿਆ ਕਿ ਇਸੇ ਸੜਕ ਤੇ ਆਲੇ ਦੁਆਲੇ ਹੋਰ ਵੀ ਪਿੰਡ ਵਾਸੀ ਰਹਿੰਦੇ ਹਨ ਜਿਨਾਂ ਨੂੰ ਇਸ ਸੜਕ ਦੇ ਨਿਰਮਾਣ ਦਾ ਕੋਈ ਇਤਰਾਜ਼ ਨਹੀਂ। ਜਗਤਾਰ ਸਿੰਘ ਨੇ ਦੋਸ਼ ਲਾਇਆ ਕਿ ਸਰਪੰਚ ਦੇ ਅਨੁਸੂਚਿਤ ਜਾਤੀ ਨਾਲ ਸੰਬੰਧਤ ਹੋਣ ਕਾਰਨ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਜਾਣਬੁੱਝ ਕੇ ਅੜਚਣਾਂ ਪਾਈਆਂ ਜਾ ਰਹੀਆਂ ਹਨ। ਜਗਤਾਰ ਸਿੰਘ ਨੇ ਦੱਸਿਆ ਕਿ ਵਿਭਾਗ ਦੇ ਜੂਨੀਅਰ ਇੰਜੀਨੀਅਰ ਵੱਲੋਂ ਪਿੰਡ ਵਿੱਚ ਚੱਲ ਰਹੇ ਕੰਮ ਦਾ ਕਦੇ ਨਿਰੀਖਣ ਨਹੀਂ ਕੀਤਾ ਗਿਆ। ਉਹਨਾਂ ਇਹ ਵੀ ਦੱਸਿਆ ਕਿ ਪੰਚਾਇਤੀ ਚੋਣਾਂ ਦੀ ਰੰਜਿਸ਼ ਕਾਰਨ ਪਿੰਡ ਦੇ ਵਿਕਾਸ ਕਾਰਜ ਰੁਕਵਾਏ ਜਾ ਰਹੇ ਹਨ ਜਦਕਿ ਇਸ ਤੋਂ ਪਹਿਲਾਂ ਵੀ ਇਨ੍ਹਾਂ ਹੀ ਵਿਅਕਤੀਆਂ ਵੱਲੋਂ ਪਿੰਡ ਵਿੱਚ ਟਰਾਂਸਫਾਰਮਰ ਰੱਖਣ ਦਾ ਵਿਰੋਧ ਕੀਤਾ ਗਿਆ ਸੀ ਜਿਹੜਾ ਕਿ ਛੇ ਮਹੀਨਿਆਂ ਬਾਅਦ ਵੀ ਉੱਥੇ ਹੀ ਰੱਖਿਆ ਗਿਆ ਜਿੱਥੇ ਪਿੰਡ ਵਾਸੀ ਚਾਹੁੰਦੇ ਸਨ। ਉਹਨਾਂ ਬੀ ਡੀ ਪੀ ਓ ਤੋਂ ਮੰਗ ਕੀਤੀ ਕਿ ਸੜਕ ਦੇ ਰੋਕੇ ਗਏ ਨਿਰਮਾਣ ਕਾਰਜ ਨੂੰ ਤੁਰੰਤ ਚਾਲੂ ਕਰਵਾਇਆ ਜਾਵੇ ਤਾਂ ਜੋ ਇਸ ਸੜਕ ਤੋਂ ਗੁਜਰਨ ਵਾਲੇ ਰਾਹਗੀਰਾਂ ਨੂੰ ਪਰੇਸ਼ਾਨੀ ਤੋਂ ਬਚਾਇਆ ਜਾ ਸਕੇ। ਇਸ ਮੌਕੇ ਸਰਪੰਚ ਜਸਬੀਰ ਕੌਰ, ਜਗਵਿੰਦਰ ਸਿੰਘ, ਜਸਪਾਲ ਕੌਰ, ਸਾਬਕਾ ਸਰਪੰਚ ਨਵਤੇਜ ਸਿੰਘ ਤੇਜੀ, ਸਾਬਕਾ ਬਲਾਕ ਸੰਮਤੀ ਮੈਂਬਰ ਬਲਵੀਰ ਸਿੰਘ ਸਹੇੜੀ, ਨਰੰਗ ਸਿੰਘ ਮਹਿੰਦਰ ਸਿੰਘ, ਹਰਬੰਸ ਕੌਰ, ਰਜਿੰਦਰ ਕੌਰ, ਮੋਹਨ ਸਿੰਘ ਆਦਿ ਪਿੰਡ ਵਾਸੀ ਹਾਜ਼ਰ ਸਨ।ਉਧਰ ਇਸ ਸਬੰਧੀ ਸੰਪਰਕ ਕਰਨ 'ਤੇ ਬੀ ਡੀ ਪੀ ਓ ਹਰਕੀਤ ਸਿੰਘ ਨੇ ਦੱਸਿਆ ਕਿ ਉਹਨਾਂ ਵੱਲੋਂ ਜੂਨੀਅਰ ਇੰਜੀਨੀਅਰ ਦੀ ਹਾਜ਼ਰੀ ਵਿੱਚ ਉਪਰੋਕਤ ਸੜਕ ਦਾ ਜਾਇਜ਼ਾ ਲਿਆ ਗਿਆ। ਜੂਨੀਅਰ ਇੰਜੀਨੀਅਰ ਨੇ ਦੱਸਿਆ ਕਿ ਇਹ ਸੜਕ ਦਾ ਲੈਵਲ ਪਿੰਡ ਦੀਆਂ ਦੂਜੀਆਂ ਗਲੀਆਂ ਦੇ ਲੈਵਲ ਤੋਂ ਉੱਚਾ ਹੈ ਜਿਸ ਕਾਰਨ ਪਾਣੀ ਦੀ ਨਿਕਾਸੀ ਦੀ ਸਮੱਸਿਆ ਪੈਦਾ ਹੋਵੇਗੀ। ਉਹਨਾਂ ਦੱਸਿਆ ਕਿ ਜੂਨੀਅਰ ਇੰਜੀਨੀਅਰ ਵੱਲੋਂ ਕੱਲ੍ਹ ਤੱਕ ਇਸ ਸਬੰਧੀ ਤਕਨੀਕੀ ਰਿਪੋਰਟ ਦੇ ਕੇ ਇਸ ਸੜਕ ਦਾ ਸਹੀ ਲੈਵਲ ਦੱਸਿਆ ਜਾਵੇਗਾ, ਜਿਸ ਅਨੁਸਾਰ ਨਿਰਮਾਣ ਕਾਰਜ ਸ਼ੁਰੂ ਕਰਵਾ ਦਿੱਤੇ ਜਾਣਗੇ।



# ਸੰਤ ਬਾਬਾ ਮਹਿੰਦਰ ਸਿੰਘ ਲੰਬਿਆਂ ਵਾਲਿਆਂ ਦਾ ਸਰੀਰ ਪੰਜ ਤੱਤਾਂ 'ਚ ਵਲੀਨ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਬੀਤੇ ਦਿਨ ਪਰਲੋਕ ਸਿਧਾਰ ਗਏ ਸ਼੍ਰੀਮਾਨ ਸੰਤ ਬਾਬਾ ਮਹਿੰਦਰ ਸਿੰਘ ਜੀ ਲੰਬਿਆਂ ਸਾਹਿਬ ਵਾਲਿਆਂ ਦਾ ਸਰੀਰ ਗੁਰਦੁਆਰਾ ਸੰਤ ਮੰਡਲ ਅੰਗੀਠਾ ਸਾਹਿਬ ਲੰਬਿਆਂ ਸਾਹਿਬ ਫੇਜ਼ 8 ਮੋਹਾਲੀ ਵਿਖੇ ਪੰਜ ਤੱਤਾਂ ਵਿਚ ਵਲੀਨ ਹੋਇਆ। ਇਸ ਮੌਕੇ ਉਹਨਾਂ ਦੇ ਉੱਤਰਾਅਧਿਕਾਰੀ ਸੰਤ ਬਾਬਾ ਅਮਰਾਓ ਸਿੰਘ ਲੰਬਿਆਂ ਸਾਹਿਬ ਵਾਲਿਆਂ ਨੇ ਚਿਖਾ ਦੇਣ ਦੀ ਰਸਮ ਅਦਾ ਕੀਤੀ।ਉਹਨਾ ਕਿਹਾ ਕਿ 30 ਮਾਰਚ ਨੂੰ ਫੁੱਲ ਚੁਗਣ ਅੰਗੀਠਾ ਸੰਭਾਲਣ ਦੀ ਰਸਮ 9 ਵਜੇ ਹੋਵੇਗੀ ਅਤੇ 4 ਅਪ੍ਰੈਲ ਨੂੰ ਅੰਤਿਮ ਅਰਦਾਸ ਅਤੇ ਭੋਗ ਪਾਏ ਜਾਣਗੇ। ਅੰਤਿਮ ਸੰਸਕਾਰ ਦੀ ਰਸਮ ਦੌਰਾਨ ਉਹਨਾਂ ਦੇ ਉੱਤਰਾਧਿਕਾਰੀ ਸੰਤ ਬਾਬਾ ਅਮਰਾਓ ਸਿੰਘ ਜੀ ਲੰਬਿਆਂ ਸਾਹਿਬ ਵਾਲਿਆਂ ਨੇ ਅਗਨ ਭੇਟ ਕਰਨ ਦੀ ਰਸਮ ਅਦਾ ਕੀਤੀ।ਇਸ ਮੌਕੇ ਦੇਸ਼ ਅਤੇ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਿਰਕਤ ਕੀਤੀ। ਵੱਖ-ਵੱਖ ਸੰਪਰਦਾਵਾਂ ਦੇ ਮਹਾਂਪੁਰਖ, ਧਾਰਮਿਕ ਆਗੂ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਸ਼ਰਧਾਂਜਲੀ ਭੇਟ ਕੀਤੀ। ਇਸ ਦੇ ਨਾਲ ਹੀ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੇਤਾਵਾਂ ਵੱਲੋਂ ਵੀ ਉਨ੍ਹਾਂ ਦੀ ਮਹਾਨ ਸੇਵਾਵਾਂ ਨੂੰ ਯਾਦ ਕਰਦੇ ਹੋਏ ਅੰਤਿਮ ਵਿਦਾਇਗੀ ਦਿੱਤੀ ਗਈ।ਬੁਲਾਰਿਆਂ ਕਿਹਾ ਕਿ ਸੰਤ ਬਾਬਾ ਮਹਿੰਦਰ ਸਿੰਘ ਨੇ ਆਪਣੇ ਜੀਵਨ ਦੌਰਾਨ ਧਾਰਮਿਕ ਪ੍ਰਚਾਰ, ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਅਨਮੋਲ ਯੋਗਦਾਨ ਪਾਇਆ। ਸਵੇਰੇ ਵਿਦਾਇਗੀ ਯਾਤਰਾ ਦੀ ਸ਼ੁਰੂਆਤ ਗੁਰਦੁਆਰਾ ਸੰਤ ਮੰਡਲ ਅੰਗੀਠਾ ਸਾਹਿਬ ਲੰਬਿਆਂ ਸਾਹਿਬ ਤੋਂ ਕੀਤੀ ਗਈ।ਇਹ ਵਿਦਾਇਗੀ ਯਾਤਰਾ ਵੱਖ-ਵੱਖ ਪ੍ਰਸਿੱਧ ਧਾਰਮਿਕ ਅਸਥਾਨਾਂ ਤੋਂ ਹੁੰਦੀ ਹੋਈ ਅੱਗੇ ਵਧੀ। ਯਾਤਰਾ ਗੁਰਦੁਆਰਾ ਸਿੰਘ ਸ਼ਹੀਦਾਂ ਢੱਕੀ ਸਾਹਿਬ, ਗੁਰਦੁਆਰਾ ਸਿੰਘ ਸ਼ਹੀਦਾਂ ਸੁਹਾਣਾ, ਗੁਰਦੁਆਰਾ ਧੰਨਾ ਭਗਤ ਅਤੇ ਗੁਰਦੁਆਰਾ ਅੰਬ ਸਾਹਿਬ ਫੇਜ਼-8 ਮੋਹਾਲੀ ਰਾਹੀਂ ਪੂਰੇ ਸ਼ਹਿਰ ਦੀ ਪਰਿਕਰਮਾ ਕਰਦੀ ਹੋਈ ਗੁਜ਼ਰੀ। ਵਿਦਾਇਗੀ ਯਾਤਰਾ ਆਖਿਰਕਾਰ ਗੁਰਦੁਆਰਾ ਸੰਤ ਮੰਡਲ ਅੰਗੀਠਾ ਸਾਹਿਬ ਵਿਖੇ ਪੁੱਜੀ, ਜਿੱਥੇ ਸੰਤ ਬਾਬਾ ਮਹਿੰਦਰ ਸਿੰਘ ਜੀ ਦੀ ਪਵਿੱਤਰ ਦੇਹ ਨੂੰ ਸੰਗਤਾਂ ਦੇ ਦਰਸ਼ਨਾਂ ਲਈ ਰੱਖਿਆ ਗਿਆ।ਦੁਪਹਿਰ 2 ਵਜੇ ਅੰਤਿਮ ਸੰਸਕਾਰ ਦੀ ਰਸਮ ਅਦਾ ਕੀਤੀ ਗਈ।ਇਸ ਅੰਤਿਮ ਸੰਸਕਾਰ ਵਿੱਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਿਰਕਤ ਕੀਤੀ। ਕਈ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਨੇ ਵੀ ਸੰਤ ਜੀ ਨੂੰ ਅੰਤਿਮ ਵਿਦਾਇਗੀ ਦਿੱਤੀ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਯਾਦ ਕੀਤਾ।



# ਸੂਬੇ 'ਚ ਸਿੱਖਿਆ, ਸਿਹਤ ਤੇ ਸੁਰੱਖਿਆ ਸਰਕਾਰ ਦੀ ਪ੍ਰਾਥਮਿਕਤਾ : ਬੇਦੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਕਿ ਸੂਬਾ ਸਰਕਾਰ ਹਰ ਨਾਗਰਿਕ ਨੂੰ ਸਿੱਖਿਆ, ਸਿਹਤ ਅਤੇ ਸੁਰੱਖਿਆ ਪ੍ਰਾਥਮਿਕਤਾ ਦੇ ਆਧਾਰ 'ਤੇ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਹਰਿਆਣਾ ਸਿੱਖਿਆ ਦੇ ਖੇਤਰ ਵਿੱਚ ਨਵੀਆਂ-ਨਵੀਆਂ ਪ੍ਰਾਪਤੀਆਂ ਹਾਸਲ ਕਰ ਰਿਹਾ ਹੈ।

ਸ੍ਰੀ ਬੇਦੀ ਐਤਵਾਰ ਨੂੰ ਰੇਵਾੜੀ ਦੇ ਜੈਨ ਪਬਲਿਕ ਸਕੂਲ ਦੇ 40ਵੇਂ ਸਥਾਪਨਾ ਦਿਵਸ 'ਤੇ ਆਯੋਜਿਤ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਬੋਲ ਰਹੇ ਸਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਰਕਾਰ ਦੇਸ਼ ਅਤੇ ਸੂਬੇ ਵਿੱਚ ਨਾਗਰਿਕਾਂ ਨੂੰ ਸਾਰੀਆਂ ਜ਼ਰੂਰੀ ਸਹੂਲਤਾਂ ਦੇਣ ਦੇ ਉਦੇਸ਼ ਨਾਲ ਕੰਮ ਕਰ ਰਹੀ ਹੈ।